ਸ਼ਨੀਵਾਰ, 2 ਦਸੰਬਰ, 2023
17 ਮੱਘਰ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 182

# ਨਵਾਂ ਜ਼ਮਾਨਾ

DAILY NAWAN ZAMANA • SATURDAY, 2 DECEMBER, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

## ਗੰਨੇ ਦਾ ਰੇਟ 11 ਰੁਪਏ ਵਧਾਇਆ

### ਸਾਰੀਆਂ ਮਿੱਲਾਂ ਅੱਜ ਤੋਂ ਨਵੇਂ ਰੇਟ ਮੁਤਾਬਕ ਚੱਲਣਗੀਆਂ : ਮੁੱਖ ਮੰਤਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਗੰਨਾ ਕਾਸ਼ਤਕਾਰਾਂ ਨੂੰ ਦੇਸ਼ ਭਰ ਵਿੱਚੋਂ ਸਭ ਤੋਂ ਵੱਧ ਸਟੇਟ ਐਗਰੀਡ ਪ੍ਰਾਈਸ (ਐੱਸ ਏ ਪੀ) ਮੁਹੱਈਆ ਕਰਨ ਦੇ ਰੁਝਾਨ ਨੂੰ ਜਾਰੀ ਰੱਖਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਗੰਨੇ ਦੇ ਐੱਸ ਏ ਪੀ. ਵਿੱਚ 11 ਰੁਪਏ ਦੇ ਵਾਧੇ ਦਾ ਐਲਾਨ ਕੀਤਾ, ਜਿਸ ਨਾਲ ਕਿਸਾਨਾਂ ਨੂੰ ਆਪਣੀ ਉਪਜ ਦਾ ਭਾਅ 391 ਰੁਪਏ ਪ੍ਰਤੀ ਕੁਇੰਟਲ ਮਿਲੇਗਾ। ਜਾਰੀ ਇਕ ਬਿਆਨ ਵਿੱਚ ਮੁੱਖ ਮੰਤਰੀ ਨੇ ਆਖਿਆ ਕਿ ਪੰਜਾਬ ਵਿੱਚ 11 ਰੁਪਏ ਨੂੰ ਸ਼ੁਭ ਸ਼ਗਨ ਮੰਨਿਆ ਜਾਂਦਾ ਹੈ, ਇਸ ਲਈ ਸਾਡੀ ਸਰਕਾਰ ਨੇ ਕਿਸਾਨਾਂ ਨੂੰ ਇਹ ਤੋਹਫਾ ਦੇਣ ਦਾ ਫੈਸਲਾ ਕੀਤਾ ਹੈ। ਉਨ੍ਹਾ ਕਿਹਾ ਕਿ ਪੰਜਾਬ ਦੇਸ਼ ਭਰ ਵਿੱਚੋਂ ਗੰਨੇ ਦਾ ਸਭ ਤੋਂ ਵੱਧ ਭਾਅ ਦੇ ਰਿਹਾ ਹੈ, ਜਿਸ ਨਾਲ ਕਿਸਾਨਾਂ ਨੂੰ ਵੱਡਾ ਲਾਭ ਮਿਲ ਰਿਹਾ ਹੈ। ਮਾਨ ਨੇ ਕਿਹਾ ਕਿ ਉਨ੍ਹਾ ਕਿਸਾਨਾਂ ਨਾਲ ਹਾਲ ਹੀ ਵਿੱਚ ਹੋਈ ਮੀਟਿੰਗ ਵਿੱਚ ਵਾਅਦਾ ਕੀਤਾ ਸੀ ਕਿ ਪੰਜਾਬ ਗੰਨੇ ਦੀ ਕੀਮਤ ਵਿੱਚ ਦੇਸ਼ ਭਰ ਵਿੱਚੋਂ ਮੋਹਰੀ ਰਹੇਗਾ ਅਤੇ ਅੱਜ ਇਹ ਵਾਅਦਾ ਪੂਰਾ ਹੋਇਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਗੰਨਾ ਕਾਸ਼ਤਕਾਰਾਂ ਨੂੰ ਭਾਅ ਦੇਣ ਵਿੱਚ ਹਮੇਸ਼ਾ ਪਹਿਲੇ ਨੰਬਰ ਉਤੇ ਰਹੀ ਹੈ ਅਤੇ ਹੁਣ ਵੀ ਇਹ ਰੁਝਾਨ ਜਾਰੀ ਰਹੇਗਾ। ਸੂਬਾ ਸਰਕਾਰ ਹੁਣ ਤੱਕ 380 ਰੁਪਏ ਪ੍ਰਤੀ ਕੁਇੰਟਲ ਐੱਸ ਏ ਪੀ ਦੇ ਰਹੀ ਸੀ, ਜਿਹੜਾ ਹਰਿਆਣਾ ਵੱਲੋਂ ਹਾਲ ਹੀ ਵਿੱਚ 386 ਰੁਪਏ ਪ੍ਰਤੀ ਕੁਇੰਟਲ ਭਾਅ ਦੇਣ ਦੇ ਐਲਾਨ ਤੱਕ ਸਭ ਤੋਂ ਵੱਧ ਸੀ। ਉਹਨਾ ਕਿਹਾ ਕਿ ਸੂਬਾ ਸਰਕਾਰ ਨੇ ਹੁਣ ਇਸ ਕੀਮਤ ਨੂੰ ਵਧਾਉਣ ਦਾ ਫੈਸਲਾ ਕੀਤਾ ਹੈ, ਜਿਸ ਨਾਲ ਪੰਜਾਬ ਦੇ ਕਿਸਾਨਾਂ ਨੂੰ ਬੇਹੱਦ ਲਾਭ ਮਿਲੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਕਿਸਾਨਾਂ, ਵਪਾਰੀਆਂ, ਪੱਛੜੇ ਵਰਗਾਂ, ਮੁਲਾਜ਼ਮਾਂ ਸਮੇਤ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਲਈ ਸਮਰਪਿਤ ਹੈ। ਆਉਣ ਵਾਲੇ ਦਿਨਾਂ ਵਿੱਚ ਸਮਾਜ ਦੇ ਦੂਜੇ ਵਰਗਾਂ ਲਈ ਵੀ ਚੰਗੀਆਂ ਖ਼ਬਰਾਂ ਆਉਣਗੀਆਂ, ਤਾਂ ਕਿ 'ਰੰਗਲਾ ਪੰਜਾਬ' ਬਣਾਉਣ ਦੇ ਸੁਪਨੇ ਨੂੰ ਸਾਕਾਰ ਕੀਤਾ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਲੋਕਾਂ ਦੇ ਪੈਸੇ ਦੀ ਤਰਕਸੰਗਤ ਵਰਤੋਂ ਯਕੀਨੀ ਬਣਾ ਰਹੀ ਹੈ ਅਤੇ ਪੰਜਾਬ ਵਿੱਚ ਕਈ ਲੋਕ-ਪੱਖੀ ਤੇ ਵਿਕਾਸ-ਮੁਖੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਭਲਕੇ 2 ਦਸੰਬਰ ਤੋਂ ਪੰਜਾਬ ਦੀਆਂ ਸਾਰੀਆਂ ਸਹਿਕਾਰੀ ਤੇ ਨਿੱਜੀ ਖੰਡ ਮਿੱਲਾਂ ਨਵੇਂ ਰੇਟ ਮੁਤਾਬਕ ਚੱਲਣਗੀਆਂ, ਤਾਂ ਕਿ ਕਿਸਾਨਾਂ ਨੂੰ ਪਹਿਲੇ ਦਿਨ ਤੋਂ ਲਾਭ ਯਕੀਨੀ ਬਣ ਸਕੇ।



## ਇਜ਼ਰਾਈਲ ਵੱਲੋਂ ਫਿਰ ਬੰਬਾਰੀ

**ਦੋਹਾ :** ਇਜ਼ਰਾਈਲ ਅਤੇ ਹਮਾਸ ਵਿਚਾਲੇ ਜੰਗਬੰਦੀ ਖਤਮ ਹੋ ਗਈ ਅਤੇ ਵਿਚੋਲਗੀ ਕਰਨ ਵਾਲੇ ਦੇਸ਼ ਕਤਰ ਨੇ ਇਸ ਦੇ ਵਿਸਥਾਰ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ, ਜਿਸ ਤੋਂ ਬਾਅਦ ਹਮਲੇ ਮੁੜ ਸ਼ੁਰੂ ਹੋ ਗਏ ਹਨ। ਇਜ਼ਰਾਈਲੀ ਫ਼ੌਜ ਨੇ ਕਿਹਾ ਕਿ ਜੰਗਬੰਦੀ ਖਤਮ ਹੋਣ 'ਤੇ ਉਸ ਨੇ ਹਮਾਸ ਦੇ ਟਿਕਾਣਿਆਂ 'ਤੇ ਮੁੜ ਹਵਾਈ ਹਮਲੇ ਸ਼ੁਰੂ ਕਰ ਦਿੱਤੇ ਹਨ। ਉਸ ਨੇ ਹਮਾਸ 'ਤੇ ਜੰਗਬੰਦੀ ਦੀ ਉਲੰਘਣਾ ਕਰਨ ਦਾ ਦੋਸ਼ ਲਗਾਇਆ।

## ਈ ਡੀ ਦਾ ਅਫਸਰ 20 ਲੱਖ ਰਿਸ਼ਵਤ ਲੈਂਦਾ ਕਾਬੂ

**ਚੇਨਈ :** ਤਾਮਿਲਨਾਡੂ ਪੁਲਸ ਨੇ ਈ ਡੀ ਦੇ ਸੀਨੀਅਰ ਅਫਸਰ ਅੰਕਿਤ ਤਿਵਾੜੀ ਨੂੰ 20 ਲੱਖ ਰੁਪਏ ਰਿਸ਼ਵਤ ਲੈਂਦਿਆਂ ਰੰਗੇ-ਹੱਥੀਂ ਗ੍ਰਿਫਤਾਰ ਕਰ ਲਿਆ। ਡਾਇਰੈਕਟੋਰੇਟ ਆਫ ਵਿਜੀਲੈਂਸ ਐਂਡ ਐਂਟੀ ਕੁਰੱਪਸ਼ਨ ਦੀ ਮਦੁਰਾਇ ਬਰਾਂਚ ਦੇ ਅਧਿਕਾਰੀਆਂ ਨੇ ਤਿਵਾੜੀ ਨੂੰ ਸ਼ੁੱਕਰਵਾਰ ਡਿੰਡੀਗੁਲ-ਮਦੁਰਾਇ ਹਾਈਵੇ ਤੋਂ ਫੜਿਆ। ਈ ਡੀ ਅੱਜਕੱਲ੍ਹ ਤਾਮਿਲਨਾਡੂ ਦੇ ਮੰਤਰੀਆਂ ਤੇ ਅਫਸਰਾਂ ਦੇ ਮਗਰ ਪਈ ਹੋਈ ਹੈ। ਸਵੇਰੇ ਕਰੀਬ 9 ਵਜੇ ਜਦੋਂ ਬੰਦੇ ਨੇ ਤਿਵਾੜੀ ਨੂੰ ਪੈਸੇ ਫੜਾਏ ਪੁਲਸ ਅਧਿਕਾਰੀਆਂ ਨੇ ਉਸ ਨੂੰ ਨੱਪ ਲਿਆ। ਤਿਵਾੜੀ ਨੇ ਬੰਦੇ ਵਿਰੁੱਧ ਪੈਂਡਿੰਗ ਇਕ ਕੇਸ ਵਿਚ ਬਚਾਉਣ ਲਈ ਪੈਸੇ ਮੰਗੇ ਸਨ। ਦਿੱਲੀ ਤੇ ਰਾਜਸਥਾਨ ਵਿਚ ਤਾਂ ਈ ਡੀ ਅਫਸਰ ਫੜਨ ਦੇ ਕੇਸ ਹੋਏ ਹਨ, ਪਰ ਦੱਖਣੀ ਭਾਰਤ ਵਿਚ ਈ ਡੀ ਅਫਸਰ ਨੂੰ ਫੜਨ ਦਾ ਇਹ ਪਹਿਲਾ ਮਾਮਲਾ ਹੈ।

## 48 ਸਕੂਲਾਂ 'ਚ ਬੰਬ ਦੀ ਧਮਕੀ




**ਬੇਂਗਲੁਰੂ :** ਇੱਥੋਂ ਦੇ ਘੱਟੋ-ਘੱਟ 48 ਪ੍ਰਾਈਵੇਟ ਸਕੂਲਾਂ ਨੂੰ ਸ਼ੁੱਕਰਵਾਰ ਸਵੇਰੇ ਈ-ਮੇਲ ਮਿਲੀ ਕਿ ਉਨ੍ਹਾਂ ਦੀਆਂ ਇਮਾਰਤਾਂ 'ਚ ਬੰਬ ਹਨ। ਇਹ ਈ-ਮੇਲ ਮਿਲਣ ਤੋਂ ਬਾਅਦ ਸਕੂਲ ਸਟਾਫ ਅਤੇ ਵਿਦਿਆਰਥੀਆਂ ਦੇ ਮਾਪੇ ਬੇਹੱਦ ਘਬਰਾ ਗਏ। ਸਕੂਲ ਪ੍ਰਬੰਧਕਾਂ ਨੇ ਤੁਰੰਤ ਪੁਲਸ ਨੂੰ ਸੂਚਿਤ ਕੀਤਾ। ਵਿਦਿਆਰਥੀਆਂ ਅਤੇ ਸਟਾਫ ਨੂੰ ਤੁਰੰਤ ਸਕੂਲ ਦੇ ਅਹਾਤੇ ਤੋਂ ਬਾਹਰ ਕੱਢ ਲਿਆ ਗਿਆ, ਪਰ ਕੋਈ ਸ਼ੱਕੀ ਵਸਤੂ ਨਹੀਂ ਮਿਲੀ।

## ਮਜੀਠੀਆ ਖਾਨਦਾਨ ਨੇ ਸਿੱਖਾਂ ਨੂੰ ਕਲੰਕ ਲੁਆਇਆ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਦੇ ਪੁਰਖਿਆਂ ਦੇ ਪੰਜਾਬ ਅਤੇ ਸਿੱਖ ਵਿਰੋਧੀ ਕਿਰਦਾਰ ਦਾ ਖ਼ੁਲਾਸਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਕਿਹਾ ਕਿ ਬਿਕਰਮ ਮਜੀਠੀਆ ਦੇ ਪੁਰਖਿਆਂ ਦੀ ਲਾਲਸਾ ਅਤੇ ਨਿੱਜਵਾਦ ਨੇ ਸਿੱਖਾਂ ਦੇ ਮੱਥੇ ਉਤੇ ਘੋੜਾ ਚੋਰ ਦਾ ਕਲੰਕ ਲਾਇਆ ਹੈ, ਜਿਸ ਕਰਕੇ ਇਹ ਮੁਆਫੀ ਦੇ ਵੀ ਲਾਇਕ ਨਹੀਂ ਹਨ।

ਇੱਥੇ ਮਿਊਂਸਿਪਲ ਭਵਨ ਵਿਖੇ ਨਿਯੁਕਤੀ ਪੱਤਰ ਵੰਡ ਸਮਾਰੋਹ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ 1957 ਵਿੱਚ ਭਾਰਤ ਵਿੱਚ ਚੋਣਾਂ ਹੋਈਆਂ ਤਾਂ ਉਸ ਮੌਕੇ ਜਵਾਹਰ ਲਾਲ ਨਹਿਰੂ ਪ੍ਰਧਾਨ ਮੰਤਰੀ ਬਣੇ। ਉਨ੍ਹਾ ਦੀ ਅਗਵਾਈ ਵਿੱਚ ਇਕ ਵਫਦ ਅਰਬ ਮੁਲਕਾਂ ਦੇ ਦੌਰੇ ਉਤੇ ਗਿਆ ਸੀ। ਇਸ ਵਫਦ ਵਿੱਚ ਬਿਕਰਮ ਸਿੰਘ ਮਜੀਠੀਆ ਦੇ ਪੁਰਖਿਆਂ ਵਿੱਚੋਂ ਤਤਕਾਲੀ



ਉਪ ਰੱਖਿਆ ਮੰਤਰੀ ਸੁਰਜੀਤ ਸਿੰਘ ਮਜੀਠੀਆ ਵੀ ਸ਼ਾਮਲ ਸਨ। ਉਨ੍ਹਾ ਕਿਹਾ ਕਿ ਅਰਬ ਮੁਲਕ ਦੇ ਇਕ ਰਾਜੇ ਨੇ ਭਾਰਤੀ ਫ਼ੌਜ ਲਈ ਯਾਦ ਵਜੋਂ ਅਰਬੀ ਨਸਲ ਦੇ ਸ਼ਾਨਦਾਰ ਘੋੜੇ ਤੋਹਫ਼ੇ ਵਿੱਚ ਦਿੱਤੇ ਸਨ। ਇਹ ਘੋੜੇ ਸਿਖਲਾਈ ਲਈ ਫ਼ੌਜ ਦੇ ਸਿਖਲਾਈ ਕੇਂਦਰ ਮੇਰਠ ਭੇਜੇ ਜਾਣੇ ਸਨ, ਜਿੱਥੇ ਫ਼ੌਜ ਵਿੱਚ ਸ਼ਾਮਲ ਜਾਨਵਰਾਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਜਾਂਦੀ ਹੈ। ਦੋ ਮਹੀਨੇ ਬਾਅਦ ਅਰਬੀ ਰਾਜੇ ਨੇ ਘੋੜਿਆਂ ਦੀ ਹਾਲਤ ਬਾਰੇ ਪਤਾ ਕੀਤਾ ਤਾਂ ਪਤਾ ਲੱਗਿਆ ਕਿ ਉਹ ਘੋੜੇ ਮੇਰਠ ਵਿੱਚ ਪੁੱਜੇ ਹੀ ਨਹੀਂ। ਇਸ ਤੋਂ ਬਾਅਦ ਰਾਜੇ ਨੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਕੋਲ ਨਾਰਾਜ਼ਗੀ ਜ਼ਾਹਰ ਕੀਤੀ।

ਮੁੱਖ ਮੰਤਰੀ ਨੇ ਦੱਸਿਆ ਕਿ ਇਸ ਮੰਦਭਾਗੀ ਘਟਨਾ ਨੂੰ ਲੈ ਕੇ ਨਹਿਰੂ ਨੇ ਤੁਰੰਤ ਸੁਰਜੀਤ ਸਿੰਘ ਮਜੀਠੀਆ ਦਾ ਅਸਤੀਫ਼ਾ ਲੈ ਲਿਆ ਸੀ। ਮੁੱਖ ਮੰਤਰੀ ਨੇ ਕਿਹਾ—ਇਸ ਘਟਨਾ ਨੇ ਸਿੱਖਾਂ ਦੇ ਸੱਚੇ-ਸੁੱਚੇ ਕਿਰਦਾਰ ਉਤੇ ਸਵਾਲ ਖੜ੍ਹੇ ਕੀਤੇ। ਇਹ ਬਹੁਤ ਦੁੱਖ ਦੀ ਗੱਲ ਹੈ ਕਿ ਅੱਜ ਵੀ ਜਦੋਂ ਕੋਈ ਦਸਤਾਰਧਾਰੀ ਸਿੱਖ ਮੇਰਠ ਦੇ ਸਿਖਲਾਈ ਕੇਂਦਰ ਵਿੱਚ ਜਾਂਦਾ ਹੈ ਤਾਂ ਉਸ ਨੂੰ ਘੋੜਾ ਚੋਰ ਦੇ ਨਜ਼ਰੀਏ ਨਾਲ ਦੇਖਿਆ ਜਾਂਦਾ ਹੈ। ਮਾਨ ਨੇ ਕਿਹਾ ਕਿ ਬਰਤਾਨਵੀ ਹਕੂਮਤ ਦਾ ਪਾਣੀ ਭਰਨ ਵਾਲੇ

● ਬਾਕੀ ਸਫ਼ਾ 2 'ਤੇ

## 9760 ਕਰੋੜ ਦੇ ਦੋ ਹਜ਼ਾਰ ਦੇ ਨੋਟ ਅਜੇ ਵੀ ਲੋਕਾਂ ਕੋਲ



**ਮੁੰਬਈ :** ਭਾਰਤੀ ਰਿਜ਼ਰਵ ਬੈਂਕ ਨੇ ਸ਼ੁੱਕਰਵਾਰ ਕਿਹਾ ਕਿ 2000 ਰੁਪਏ ਦੇ ਨੋਟਾਂ ਵਿੱਚੋਂ ਕਰੀਬ 97.26 ਫੀਸਦੀ ਵਾਪਸ ਆ ਗਏ ਹਨ, ਜਦਕਿ 9,760 ਕਰੋੜ ਰੁਪਏ ਦੇ ਅਜਿਹੇ ਨੋਟ ਹਾਲੇ ਵੀ ਲੋਕਾਂ ਕੋਲ ਹਨ। ਉਸ ਨੇ 19 ਮਈ ਨੂੰ 2000 ਰੁਪਏ ਦੇ ਨੋਟਾਂ ਨੂੰ ਵਾਪਸ ਲੈਣ ਦਾ ਐਲਾਨ ਕੀਤਾ ਸੀ। ਬੈਂਕ ਵੱਲੋਂ ਜਾਰੀ ਬਿਆਨ ਅਨੁਸਾਰ-19 ਮਈ 2023 ਨੂੰ 2000 ਰੁਪਏ ਦੇ ਨੋਟਾਂ ਦੀ ਕੁੱਲ ਕੀਮਤ 3.56 ਲੱਖ ਕਰੋੜ ਰੁਪਏ ਸੀ। ਇਹ 30 ਨਵੰਬਰ 2023 ਨੂੰ ਘਟ ਕੇ 9,760 ਕਰੋੜ ਰੁਪਏ ਰਹਿ ਗਈ।

## ਸਾਬਕਾ ਰੱਖਿਆ ਸਕੱਤਰ ਨਾਲ ਅਜੀਬ ਠੱਗੀ

**ਨੋਇਡਾ :** ਇੱਥੇ ਜੇ ਪੀ ਵਿਸ਼ ਟਾਊਨ ਸੁਸਾਇਟੀ 'ਚ ਰਹਿਣ ਵਾਲੇ ਲੱਦਾਖ ਦੇ ਸਾਬਕਾ ਉਪ ਰਾਜਪਾਲ ਅਤੇ ਸਾਬਕਾ ਰੱਖਿਆ ਸਕੱਤਰ ਰਾਧਾ ਕ੍ਰਿਸ਼ਨ ਮਾਥੁਰ ਦੇ ਬੈਂਕ ਖਾਤੇ 'ਚੋਂ ਸਾਈਬਰ ਠੱਗਾਂ ਨੇ 2,28,360 ਰੁਪਏ ਕਢਵਾ ਲਏ। ਮਾਥੁਰ ਦਾ ਕਹਿਣਾ ਹੈ ਕਿ ਧੋਖੇਬਾਜ਼ਾਂ ਨੇ ਨੈੱਟ ਬੈਂਕਿੰਗ ਰਾਹੀਂ ਉਨ੍ਹਾ ਦੇ ਖਾਤੇ ਵਿੱਚੋਂ ਪੈਸੇ ਕਢਵਾ ਲਏ ਕਿਉਂਕਿ ਉਨ੍ਹਾ ਨੇ ਨਾ ਤਾਂ ਕਿਸੇ ਨੂੰ ਆਪਣੇ ਬੈਂਕ ਖਾਤੇ ਬਾਰੇ ਜਾਣਕਾਰੀ ਦਿੱਤੀ ਅਤੇ ਨਾ ਹੀ ਓ ਟੀ ਪੀ ਨੰਬਰ ਸਾਂਝਾ ਕੀਤਾ। ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ।

## ਸਾਬਕਾ ਜਲ ਸੈਨਿਕਾਂ ਨੂੰ ਛੁਡਾਉਣ ਦੇ ਹਰ ਸੰਭਵ ਯਤਨ

**ਨਵੀਂ ਦਿੱਲੀ :** ਭਾਰਤੀ ਜਲ ਸੈਨਾ ਦੇ ਮੁਖੀ ਐਡਮਿਰਲ ਆਰ ਹਰੀ ਕੁਮਾਰ ਨੇ ਸ਼ੁੱਕਰਵਾਰ ਕਿਹਾ ਕਿ ਭਾਰਤ ਸਰਕਾਰ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ ਕਿ ਕਤਰ 'ਚ ਮੌਤ ਦੀ ਸਜ਼ਾ ਭੁਗਤ ਰਹੇ 8 ਸਾਬਕਾ ਜਲ ਸੈਨਿਕਾਂ ਨੂੰ ਵਾਪਸ ਲਿਆਂਦਾ ਜਾਵੇ। ਉਨ੍ਹਾ ਕਿਹਾ ਕਿ ਇਹ ਯਕੀਨੀ ਬਣਾਉਣ ਲਈ ਮਿਲ ਕੇ ਕੰਮ ਕੀਤਾ ਜਾ ਰਿਹਾ ਹੈ।

## ਗੁਰਦੁਆਰਾ ਪ੍ਰਬੰਧਕਾਂ ਨੇ ਭਾਰਤੀ ਰਾਜਦੂਤ ਤੋਂ ਮੁਆਫੀ ਮੰਗੀ

**ਵਾਸ਼ਿੰਗਟਨ :** ਅਮਰੀਕਾ ਵਿਚ 'ਲੌਂਗ ਆਈਲੈਂਡ ਗੁਰਦੁਆਰੇ' ਦੇ ਪ੍ਰਬੰਧਕਾਂ ਨੇ ਭਾਰਤੀ ਰਾਜਦੂਤ ਤਰਨਜੀਤ ਸਿੰਘ ਸੰਧੂ ਦੀ ਫੇਰੀ ਦੌਰਾਨ ਸੰਗਤ ਦੇ ਕੁਝ ਮੈਂਬਰਾਂ ਵੱਲੋਂ ਕੀਤੇ ਮਾੜੇ ਵਿਵਹਾਰ ਲਈ ਮੁਆਫੀ ਮੰਗੀ ਹੈ। ਗੁਰਦੁਆਰਾ ਗੁਰੂ ਨਾਨਕ ਦਰਬਾਰ ਦੀ ਪ੍ਰਬੰਧਕ ਕਮੇਟੀ ਨੇ 29 ਨਵੰਬਰ ਨੂੰ ਰਾਜਦੂਤ ਨੂੰ ਭੇਜੇ ਪੱਤਰ 'ਚ ਕਿਹਾ-ਅਸੀਂ ਕਿਸੇ ਵੀ ਅਸੁਵਿਧਾ ਲਈ ਮੁਆਫੀ ਚਾਹੁੰਦੇ ਹਾਂ ਅਤੇ ਤੁਹਾਡੀ ਅਗਲੀ ਫੇਰੀ 'ਚ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਾ ਹੋਣ ਨੂੰ ਯਕੀਨੀ ਬਣਾਉਣ ਦਾ ਵਾਅਦਾ ਕਰਦੇ ਹਾਂ।

## ਕਮਰਸ਼ੀਅਲ ਸਿਲੰਡਰ 21 ਰੁਪਏ ਮਹਿੰਗਾ

**ਨਵੀਂ ਦਿੱਲੀ :** ਅਸੰਬਲੀ ਚੋਣਾਂ ਖਤਮ ਹੋਣ ਤੋਂ ਬਾਅਦ ਸ਼ੁੱਕਰਵਾਰ ਹਵਾਈ ਜਹਾਜ਼ਾਂ ਦੇ ਤੇਲ (ਏ ਟੀ ਐੱਫ) ਦੀਆਂ ਕੀਮਤਾਂ ਵਿਚ 4.6 ਫੀਸਦੀ ਦੀ ਕਟੌਤੀ ਕੀਤੀ ਗਈ, ਜਦ ਕਿ ਵਪਾਰਕ ਵਰਤੋਂ ਵਾਲੇ 19 ਕਿਲੋ ਦੇ ਐੱਲ ਪੀ ਜੀ ਸਿਲੰਡਰ ਦੀ ਕੀਮਤ 'ਚ 21 ਰੁਪਏ ਦਾ ਵਾਧਾ ਕਰ ਦਿੱਤਾ ਗਿਆ। ਘਰੇਲੂ ਵਰਤੋਂ ਦੇ ਸਿਲੰਡਰ (14.2 ਕਿਲੋ) ਦੀ ਕੀਮਤ 903 ਰੁਪਏ 'ਤੇ ਬਰਕਰਾਰ ਰੱਖੀ ਗਈ ਹੈ। ਦਿੱਲੀ 'ਚ ਕਮਰਸ਼ੀਅਲ ਸਿਲੰਡਰ ਦੀ ਕੀਮਤ 1,775.50 ਰੁਪਏ ਤੋਂ ਵਧ ਕੇ 1,796.50 ਰੁਪਏ ਹੋ ਗਈ ਹੈ।

## ਬੈਂਕ 'ਚ 18.80 ਕਰੋੜ ਦਾ ਡਾਕਾ

**ਇੰਫਾਲ :** ਨਕਾਬਪੋਸ਼ ਹਥਿਆਰਬੰਦ ਲੁਟੇਰਿਆਂ ਨੇ ਮਨੀਪੁਰ ਦੇ ਉਖਰੂਲ ਜ਼ਿਲ੍ਹੇ ਵਿਚ ਸਰਕਾਰੀ ਬੈਂਕ 'ਚੋਂ 18.80 ਕਰੋੜ ਰੁਪਏ ਲੁੱਟ ਲਏ। ਪੰਜਾਬ ਨੈਸ਼ਨਲ ਬੈਂਕ ਦੀ ਇਹ ਸ਼ਾਖਾ ਉਖਰੂਲ ਜ਼ਿਲ੍ਹੇ ਲਈ 'ਕਰੰਸੀ ਚੈਸਟ' ਹੈ, ਜਿੱਥੇ ਭਾਰਤੀ ਰਿਜ਼ਰਵ ਬੈਂਕ ਵੱਲੋਂ ਹੋਰਨਾਂ ਬੈਂਕਾਂ ਅਤੇ ਏ ਟੀ ਐੱਮ ਲਈ ਨਕਦੀ ਸਟੋਰ ਕੀਤੀ ਜਾਂਦੀ ਹੈ। ਵੀਰਵਾਰ ਸ਼ਾਮ ਨੂੰ ਆਧੁਨਿਕ ਹਥਿਆਰਾਂ ਨਾਲ ਲੈਸ ਲੁਟੇਰੇ ਇੰਫਾਲ ਤੋਂ ਕਰੀਬ 80 ਕਿਲੋਮੀਟਰ ਦੂਰ ਉਖਰੂਲ ਕਸਬੇ 'ਚ ਬੈਂਕ 'ਚ ਪਹੁੰਚੇ। ਉਨ੍ਹਾਂ ਨੇ ਸੁਰੱਖਿਆ ਕਰਮੀਆਂ ਨੂੰ ਕਾਬੂ ਕੀਤਾ, ਬੈਂਕ ਮੁਲਾਜ਼ਮਾਂ ਨੂੰ ਧਮਕਾਇਆ ਅਤੇ ਬੰਦੂਕ ਦਿਖਾ ਕੇ ਸੀਨੀਅਰ ਮੁਲਾਜ਼ਮ ਤੋਂ ਸੇਫ ਖੁਲ੍ਹਵਾ ਕੇ ਪੈਸੇ ਕੱਢ ਲਏ। ਜਾਂਦੇ ਹੋਏ ਮੁਲਾਜ਼ਮਾਂ ਅਤੇ ਸੁਰੱਖਿਆ ਕਰਮੀਆਂ ਨੂੰ ਬੈਂਕ ਦੇ ਟਾਇਲਟ ਅੰਦਰ ਬੰਦ ਕਰ ਗਏ।

## ਨਾ ਡਵੀਜ਼ਨ ਤੇ ਨਾ ਡਿਸਟਿੰਕਸ਼ਨ

**ਨਵੀਂ ਦਿੱਲੀ :** ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀ ਬੀ ਐੱਸ ਈ) ਨੇ ਸ਼ੁੱਕਰਵਾਰ ਕਿਹਾ ਕਿ 10ਵੀਂ ਅਤੇ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿਚ ਕੋਈ ਡਵੀਜ਼ਨ ਜਾਂ ਡਿਸਟਿੰਕਸ਼ਨ (ਵਿਸ਼ੇਸ਼ ਯੋਗਤਾ) ਨਹੀਂ ਦਿੱਤੀ ਜਾਵੇਗੀ। ਬੋਰਡ ਦੇ ਪ੍ਰੀਖਿਆ ਕੰਟਰੋਲਰ ਸੰਯਮ ਭਾਰਦਵਾਜ ਨੇ ਕਿਹਾ-ਕੋਈ ਸਮੁੱਚੀ ਡਵੀਜ਼ਨ, ਡਿਸਟਿੰਕਸ਼ਨ ਜਾਂ ਕੁੱਲ ਅੰਕ ਨਹੀਂ ਦਿੱਤੇ ਜਾਣਗੇ। ਜੇ ਕਿਸੇ ਉਮੀਦਵਾਰ ਨੇ ਪੰਜ ਤੋਂ ਵੱਧ ਵਿਸ਼ਿਆਂ ਲਈ ਪ੍ਰੀਖਿਆ ਦਿੱਤੀ ਹੈ ਤਾਂ ਦਾਖਲਾ ਸੰਸਥਾ ਜਾਂ ਰੁਜ਼ਗਾਰਦਾਤਾ ਉਸ ਲਈ ਸਭ ਤੋਂ ਵਧੀਆ ਪੰਜ ਵਿਸ਼ਿਆਂ 'ਤੇ ਵਿਚਾਰ ਕਰਨ ਦਾ ਫੈਸਲਾ ਕਰ ਸਕਦਾ ਹੈ। ਬੋਰਡ ਅੰਕਾਂ ਦੀ ਪ੍ਰਤੀਸ਼ਤਤਾ ਦੀ ਗਣਨਾ ਨਹੀਂ ਕਰਦਾ, ਉਸ ਦਾ ਐਲਾਨ ਨਹੀਂ ਕਰਦਾ ਜਾਂ ਸੂਚਨਾ ਨਹੀਂ ਦਿੰਦਾ। ਜੇ ਉੱਚ ਸਿੱਖਿਆ ਜਾਂ ਰੁਜ਼ਗਾਰ ਲਈ ਅੰਕਾਂ ਦੀ ਪ੍ਰਤੀਸ਼ਤਤਾ ਜ਼ਰੂਰੀ ਹੈ ਤਾਂ ਗਣਨਾ ਦਾਖਲਾ ਦੇਣ ਵਾਲੀ ਸੰਸਥਾ ਜਾਂ ਰੁਜ਼ਗਾਰਦਾਤਾ ਵੱਲੋਂ ਕੀਤੀ ਜਾ ਸਕਦੀ ਹੈ।

## ਬੀ ਐੱਸ ਐੱਫ ਦੀਆਂ ਤਾਕਤਾਂ ਵਿਰੁੱਧ ਪੰਜਾਬ ਦੀ ਦਲੀਲ ਨਾਲ ਸੁਪਰੀਮ ਕੋਰਟ ਸਹਿਮਤ ਨਹੀਂ



**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਸ਼ੁੱਕਰਵਾਰ ਜ਼ੁਬਾਨੀ ਕਿਹਾ ਕਿ ਬੀ ਐੱਸ ਐੱਫ ਦਾ ਤਲਾਸ਼ੀ, ਜ਼ਬਤੀ ਅਤੇ ਗ੍ਰਿਫਤਾਰੀ ਦਾ ਅਧਿਕਾਰ ਖੇਤਰ 15 ਕਿਲੋਮੀਟਰ ਤੋਂ ਵਧਾ ਕੇ ਕੌਮਾਂਤਰੀ ਸਰਹੱਦ ਤੋਂ 50 ਕਿਲੋਮੀਟਰ ਕਰਨ ਦੇ ਕੇਂਦਰ ਦੇ ਫੈਸਲੇ ਨਾਲ ਪੰਜਾਬ ਪੁਲਸ ਦੀਆਂ ਸ਼ਕਤੀਆਂ ਨਹੀਂ ਖੋਹੀਆਂ ਗਈਆਂ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੇ ਪੰਜਾਬ ਸਰਕਾਰ ਦੀ 2021 ਦੀ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਇਹ ਟਿੱਪਣੀ ਕੀਤੀ। ਬੈਂਚ ਨੇ ਕੇਂਦਰ ਦੀ ਨੁਮਾਇੰਦਗੀ ਕਰ ਰਹੇ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਅਤੇ ਪੰਜਾਬ ਸਰਕਾਰ ਦੀ ਨੁਮਾਇੰਦਗੀ ਕਰ ਰਹੇ ਐਡਵੋਕੇਟ ਸਾਦਾਨ ਫਰਾਸਤ ਨੂੰ ਕਿਹਾ ਕਿ ਉਹ ਇਕੱਠੇ ਬੈਠ ਕੇ ਉਨ੍ਹਾਂ ਮੁੱਦਿਆਂ 'ਤੇ ਸਾਂਝੇ ਤੌਰ 'ਤੇ ਫੈਸਲਾ ਕਰਨ, ਜਿਨ੍ਹਾਂ 'ਤੇ ਬੈਂਚ ਨੇ ਫੈਸਲਾ ਕਰਨਾ ਹੈ। ਬੈਂਚ ਨੇ ਕਿਹਾ-ਦੋਵੇਂ ਧਿਰਾਂ ਆਪਸ 'ਚ ਵਿਚਾਰ-ਵਟਾਂਦਰਾ ਕਰਨ ਤਾਂ ਜੋ ਅਗਲੀ ਤਰੀਕ ਤੋਂ ਪਹਿਲਾਂ ਇਨ੍ਹਾਂ ਦਾ ਨਿਬੇੜਾ ਕੀਤਾ ਜਾ ਸਕੇ। ਬੈਂਚ ਨੇ ਕਿਹਾ ਕਿ ਪੰਜਾਬ ਦੇ ਐਡਵੋਕੇਟ ਜਨਰਲ ਇਸ ਮੀਟਿੰਗ 'ਚ ਹਿੱਸਾ ਲੈ ਸਕਦੇ ਹਨ।

## ਕਿਮ ਜੋਂਗ ਵੱਲੋਂ ਫੌਜਾਂ ਨੂੰ ਤਿਆਰ ਰਹਿਣ ਦਾ ਸੱਦਾ

**ਪਿਓਂਗਯਾਂਗ :** ਉੱਤਰੀ ਕੋਰੀਆ ਦੇ ਨੇਤਾ ਕਿਮ ਜੋਂਗ ਨੇ ਆਪਣੇ ਸੈਨਿਕਾਂ ਨੂੰ ਕਿਸੇ ਵੀ ਭੜਕਾਹਟ ਦੇ ਖਿਲਾਫ ਤਿਆਰ ਰਹਿਣ ਦਾ ਸੱਦਾ ਦਿੱਤਾ ਹੈ। ਇਸ ਤੋਂ ਪਹਿਲਾਂ ਕਿਮ ਜੋਂਗ ਨੇ ਦੱਖਣੀ ਕੋਰੀਆ ਨਾਲ ਲੱਗਦੀ ਆਪਣੀ ਸਰਹੱਦ 'ਤੇ ਮਜ਼ਬੂਤ ਹਥਿਆਰਬੰਦ ਬਲਾਂ ਅਤੇ ਨਵੇਂ ਹਥਿਆਰ ਤਾਇਨਾਤ ਕਰਨ ਦੀ ਸਹੁੰ ਖਾਧੀ ਸੀ ਅਤੇ ਹੁਣ ਉਨ੍ਹਾ ਦੁਸ਼ਮਣਾਂ ਦੀ ਕਿਸੇ ਵੀ ਭੜਕਾਹਟ ਦਾ ਜਵਾਬ ਦੇਣ ਲਈ ਫੌਜੀ ਤਿਆਰੀਆਂ ਦਾ ਸੱਦਾ ਦਿੱਤਾ ਹੈ। ਕਿਮ ਜੋਂਗ ਨੇ ਹਵਾਈ ਸੈਨਾ ਦੇ ਹੈੱਡਕੁਆਰਟਰ ਦਾ ਦੌਰਾ ਕੀਤਾ ਅਤੇ ਫੌਜ ਦੀ ਤਿਆਰੀ ਅਤੇ ਲੜਾਈ ਸਮਰੱਥਾ ਨੂੰ ਬਿਹਤਰ ਬਣਾਉਣ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਇਸ ਮੌਕੇ ਇਕ ਏਅਰ ਸ਼ੋਅ ਦਾ ਆਯੋਜਨ ਕੀਤਾ ਗਿਆ, ਜਿਸ 'ਚ ਲੜਾਕੂ ਜਹਾਜ਼ਾਂ ਨੇ ਆਪਣੇ ਲੜਾਕੂ ਹੁਨਰ ਦਾ ਪ੍ਰਦਰਸ਼ਨ ਕੀਤਾ।



ਉੱਤਰੀ ਕੋਰੀਆ ਨੇ ਪਿਛਲੇ ਹਫਤੇ ਆਪਣਾ ਪਹਿਲਾ ਜਾਸੂਸੀ ਉਪ ਗ੍ਰਹਿ ਸਫਲਤਾਪੂਰਵਕ ਲਾਂਚ ਕੀਤਾ ਸੀ। ਇਸ 'ਤੇ ਉੱਤਰੀ ਕੋਰੀਆ ਨੇ ਕਿਹਾ ਸੀ ਕਿ ਉਹ ਅਮਰੀਕੀ ਅਤੇ ਦੱਖਣੀ ਕੋਰੀਆ ਦੀਆਂ ਫੌਜੀ ਗਤੀਵਿਧੀਆਂ 'ਤੇ ਨਜ਼ਰ ਰੱਖਣ ਲਈ ਤਿਆਰ ਕੀਤਾ ਗਿਆ ਹੈ। ਇਸ ਦੇ ਨਾਲ ਹੀ ਅਮਰੀਕਾ ਅਤੇ ਉਸ ਦੇ ਸਹਿਯੋਗੀਆਂ ਨੇ ਇਸ ਲਾਂਚ ਦੀ ਸਖਤ ਨਿੰਦਾ ਕਰਦੇ ਹੋਏ ਇਸ ਨੂੰ ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਦੇ ਕਈ ਪ੍ਰਸਤਾਵਾਂ ਦੀ ਉਲੰਘਣਾ ਦੱਸਿਆ ਸੀ। ਉੱਤਰੀ ਕੋਰੀਆ ਨੇ ਇਸ ਨੂੰ ਸਵੈ-ਰੱਖਿਆ ਦੇ ਅਧਿਕਾਰ ਦਾ ਅਭਿਆਸ ਦੱਸਿਆ ਅਤੇ ਕਿਹਾ ਕਿ ਉਹ ਭਵਿੱਖ 'ਚ ਹੋਰ ਸੈਟੇਲਾਈਟ ਲਾਂਚ ਕਰੇਗਾ। ਦੱਖਣੀ ਕੋਰੀਆ ਨੇ ਸੈਟੇਲਾਈਟ ਲਾਂਚ ਦੇ ਜਵਾਬ 'ਚ ਇੱਕ ਅੰਤਰ-ਕੋਰੀਆਈ ਫੌਜੀ ਸਮਝੌਤੇ ਨੂੰ ਮੁਅੱਤਲ ਕਰ ਦਿੱਤਾ ਹੈ ਅਤੇ ਉੱਤਰੀ ਕੋਰੀਆ ਨਾਲ ਲੱਗਦੀ ਸਰਹੱਦ 'ਤੇ ਨਿਗਰਾਨੀ ਵਧਾ ਦਿੱਤੀ ਹੈ।

## ਪੰਜਾਬ ਤੇ ਹਰਿਆਣਾ 'ਚ ਪਰਾਲੀ ਸਾੜਨ ਦੇ ਕੇਸ ਘਟੇ

**ਨਵੀਂ ਦਿੱਲੀ :** ਪੰਜਾਬ ਅਤੇ ਹਰਿਆਣਾ ਵਿਚ ਪਿਛਲੇ ਸਾਲ ਦੇ ਮੁਕਾਬਲੇ ਇਸ ਸਾਲ ਪਰਾਲੀ ਸਾੜਨ ਦੇ ਮਾਮਲਿਆਂ ਵਿਚ ਕ੍ਰਮਵਾਰ 27 ਫੀਸਦੀ ਅਤੇ 37 ਫੀਸਦੀ ਦੀ ਕਮੀ ਆਈ ਹੈ।

ਕੇਂਦਰੀ ਵਾਤਾਵਰਣ ਮੰਤਰਾਲੇ ਨੇ ਦੱਸਿਆ ਕਿ 2020 'ਚ ਪੰਜਾਬ 'ਚ ਪਰਾਲੀ ਸਾੜਨ ਦੇ 83,002 ਮਾਮਲੇ ਦਰਜ ਕੀਤੇ ਗਏ। ਇਹ 2021 'ਚ 71,304 ਤੇ 2022 'ਚ 49,922 ਅਤੇ ਇਸ ਸਾਲ 36,663 ਰਹਿ ਗਏ। ਮਾਮਲਿਆਂ 'ਚ 27 ਫੀਸਦੀ ਦੀ ਕਮੀ ਆਈ ਹੈ। ਹਰਿਆਣਾ 'ਚ 2020 'ਚ 4,202 ਮਾਮਲੇ ਸਨ, ਪਰ 2021 'ਚ 6,987, 2022 'ਚ 3,661 ਅਤੇ ਇਸ ਸਾਲ 2,303 ਮਾਮਲੇ ਦਰਜ ਕੀਤੇ ਗਏ। ਮੰਤਰਾਲੇ ਨੇ ਕਿਹਾ ਕਿ ਇਸ ਤਰ੍ਹਾਂ ਪਿਛਲੇ ਸਾਲ ਦੇ ਮੁਕਾਬਲੇ ਇਸ ਸਾਲ 37 ਫੀਸਦੀ ਦੀ ਗਿਰਾਵਟ ਦਰਜ ਕੀਤੀ ਗਈ ਹੈ ਅਤੇ ਇਹ 2021 ਦੇ ਮੁਕਾਬਲੇ 67 ਫੀਸਦੀ ਅਤੇ 2020 ਦੇ ਮੁਕਾਬਲੇ 45 ਫੀਸਦੀ ਘੱਟ ਹੈ।

## ਹੱਡੀਆਂ ਤੋੜ ਦਿੱਤੀਆਂ, ਟਾਇਲਟ ਵੀ ਨਹੀਂ ਜਾਣ ਦਿੱਤਾ

### ਅਮਰੀਕਾ 'ਚ ਭਾਰਤੀ ਮੁੰਡੇ 'ਤੇ ਭਾਰਤੀਆਂ ਨੇ ਹੀ ਕੀਤਾ ਤਸ਼ੱਦਦ

**ਵਾਸ਼ਿੰਗਟਨ :** ਅਮਰੀਕਾ ਵਿਚ ਅਧਿਕਾਰੀਆਂ ਨੇ 20 ਸਾਲਾ ਉਸ ਭਾਰਤੀ ਵਿਦਿਆਰਥੀ ਨੂੰ ਛੁਡਵਾਇਆ ਹੈ, ਜਿਸ ਨੂੰ ਕਈ ਮਹੀਨਿਆਂ ਤੋਂ ਬੰਦੀ ਬਣਾ ਕੇ ਰੱਖਿਆ ਗਿਆ ਸੀ। ਇਸ ਦੌਰਾਨ ਉਸ ਨੂੰ ਬੇਰਹਿਮੀ ਨਾਲ ਕੁੱਟਿਆ ਗਿਆ ਸੀ ਅਤੇ ਕਈ ਵਾਰ ਟਾਇਲਟ ਵਿਚ ਜਾਣ ਦੀ ਇਜਾਜ਼ਤ ਵੀ ਨਹੀਂ ਦਿੱਤੀ ਗਈ ਸੀ। ਇਸ ਭਾਰਤੀ ਨੌਜਵਾਨ ਦੇ ਚਚੇਰੇ ਭਰਾ ਅਤੇ ਦੋ ਹੋਰਾਂ ਨੇ ਉਸ ਨਾਲ ਅਜਿਹਾ ਵਿਵਹਾਰ ਕੀਤਾ ਅਤੇ ਉਸ ਨੂੰ ਤਿੰਨ ਘਰਾਂ 'ਚ ਕੰਮ ਕਰਨ ਲਈ ਮਜਬੂਰ ਕੀਤਾ। ਇਸ ਘਟਨਾ ਨੂੰ ਪੂਰੀ ਤਰ੍ਹਾਂ ਅਣਮਨੁੱਖੀ ਕਰਾਰ ਦਿੱਤਾ ਗਿਆ ਹੈ। ਪੀੜਤ ਵਿਦਿਆਰਥੀ ਦੇ ਨਾਂਅ ਦਾ ਖੁਲਾਸਾ ਨਹੀਂ ਕੀਤਾ ਗਿਆ ਹੈ। ਉਸ ਨੇ ਕਈ ਮਹੀਨੇ ਅਮਰੀਕਾ ਦੇ ਮਿਸੂਰੀ ਸੂਬੇ 'ਚ ਤਿੰਨ ਘਰਾਂ 'ਚ ਬੰਦੀ ਬਣਾ ਕੇ ਬਿਤਾਏ।

ਪੁਲਸ ਨੇ ਸੇਂਟ ਚਾਰਲਸ ਕਾਊਂਟੀ ਦੇ ਘਰ 'ਤੇ ਛਾਪਾ ਮਾਰਿਆ ਅਤੇ ਵੈਂਕਟੇਸ਼ ਆਰ. ਸੱਤਾਰੂ, ਸਰਵਨ ਵਰਮਾ ਪੇਨੁਮੇਛਾ ਅਤੇ ਨਿਖਿਲ ਵਰਮਾ ਪੇਨੁਮੇਛਾ ਨੂੰ ਗ੍ਰਿਫਤਾਰ ਕੀਤਾ। ਉਨ੍ਹਾਂ ਦੇ ਖਿਲਾਫ ਮਨੁੱਖੀ ਤਸਕਰੀ, ਅਗਵਾ ਅਤੇ ਕੁੱਟਮਾਰ ਦੇ ਅਪਰਾਧਾਂ ਲਈ ਮਾਮਲਾ ਦਰਜ ਕੀਤਾ ਗਿਆ। ਸੁਚੇਤ ਨਾਗਰਿਕ ਨੇ ਪੁਲਸ ਨੂੰ ਫੋਨ ਕਰਕੇ ਸਥਿਤੀ ਬਾਰੇ ਜਾਣਕਾਰੀ ਦਿੱਤੀ, ਜਿਸ ਤੋਂ ਬਾਅਦ ਪੁਲਸ ਨੇ ਜਾਂਚ ਸ਼ੁਰੂ ਕੀਤੀ।

ਪੀੜਤ ਹੁਣ ਸੁਰੱਖਿਅਤ ਹੈ, ਪਰ ਕਈ ਹੱਡੀਆਂ ਟੁੱਟਣ ਕਾਰਨ ਉਸ ਦਾ ਇਲਾਜ ਕੀਤਾ ਜਾ ਰਿਹਾ ਹੈ। ਵਿਦਿਆਰਥੀ ਨੂੰ 7 ਮਹੀਨਿਆਂ ਤੋਂ ਵੱਧ ਸਮੇਂ ਤੱਕ ਬੇਸਮੈਂਟ 'ਚ ਬੰਦ ਰੱਖਿਆ ਗਿਆ ਅਤੇ ਉਸ ਨੂੰ ਟਾਇਲਟ ਦੀ ਸਹੂਲਤ ਵੀ ਨਹੀਂ ਦਿੱਤੀ ਗਈ। ਅਧਿਕਾਰੀ ਨੇ ਸੱਤਾਰੂ ਨੂੰ ਗਰੋਹ ਦਾ ਸਰਗਨਾ ਕਰਾਰ ਦਿੱਤਾ ਹੈ। ਉਸ 'ਤੇ ਮਨੁੱਖੀ ਤਸਕਰੀ ਦਾ ਵੀ ਦੋਸ਼ ਹੈ।

## ਭਾਰਤ ਦਾ ਫੈਸਲਾ ਚੰਗਾ ਤੇ ਢੁਕਵਾਂ : ਅਮਰੀਕਾ

**ਵਾਸ਼ਿੰਗਟਨ :** ਅਮਰੀਕਾ ਨੇ ਆਪਣੀ ਧਰਤੀ 'ਤੇ ਵੱਖਵਾਦੀ ਨੇਤਾ ਨੂੰ ਮਾਰਨ ਦੀ ਸਾਜ਼ਿਸ਼ ਵਿਚ ਭਾਰਤੀ ਅਧਿਕਾਰੀ ਦੀ ਸ਼ਮੂਲੀਅਤ ਦੇ ਦੋਸ਼ਾਂ ਦੀ ਜਾਂਚ ਦੇ ਭਾਰਤ ਦੇ ਐਲਾਨ ਨੂੰ 'ਚੰਗਾ ਅਤੇ ਢੁਕਵਾਂ' ਕਰਾਰ ਦਿੱਤਾ ਹੈ ਅਤੇ ਕਿਹਾ ਹੈ ਕਿ ਉਹ ਜਾਂਚ ਦੇ ਨਤੀਜਿਆਂ ਬਾਰੇ ਆਸ਼ਾਵਾਦੀ ਹੈ। ਅਮਰੀਕਾ 'ਚ ਸੰਘੀ ਵਕੀਲਾਂ ਨੇ ਦੋਸ਼ ਲਾਇਆ ਹੈ ਕਿ ਨਿਖਿਲ ਗੁਪਤਾ ਨੇ ਵੱਖਵਾਦੀ ਗੁਰਪਤਵੰਤ ਸਿੰਘ ਪਨੂੰ ਦੀ ਹੱਤਿਆ ਕਰਨ ਲਈ ਭਾਰਤੀ ਸਰਕਾਰੀ ਅਧਿਕਾਰੀ ਨਾਲ ਸਾਜ਼ਿਸ਼ ਰਚੀ ਸੀ, ਜੋ ਸਿਰੇ ਨਹੀਂ ਚੜ੍ਹੀ।

ਪਨੂੰ ਕੋਲ ਅਮਰੀਕਾ ਅਤੇ ਕੈਨੇਡਾ ਦੀ ਨਾਗਰਿਕਤਾ ਹੈ। ਭਾਰਤ ਨੇ ਅਮਰੀਕੀ ਧਰਤੀ 'ਤੇ ਵੱਖਵਾਦੀ ਦੀ ਹੱਤਿਆ ਦੀ ਸਾਜ਼ਿਸ਼ ਰਚਣ ਦੇ ਮੁਲਜ਼ਮ ਨਾਲ ਭਾਰਤੀ ਅਧਿਕਾਰੀ ਦੇ ਸੰਬੰਧ ਨੂੰ 'ਚਿੰਤਾ ਦਾ ਵਿਸ਼ਾ' ਦੱਸਿਆ ਹੈ।

## ਅੱਜ-ਨਾਮਾ

ਆਉਂਦੀ ਖਬਰ ਆ ਨਿੱਤ ਅਖਬਾਰ ਅੰਦਰ,
ਮਰ ਗਿਆ ਛੋਹਰ ਜਾਂ ਛੱਡਿਆ ਮਾਰ ਬੇਲੀ।
ਜਾਂ ਫਿਰ ਚੜ੍ਹ ਗਿਆ ਗੁੱਸਾ ਹੈ ਕਿਸੇ ਗੱਲੋਂ,
ਜਿਹੜਾ ਟੱਪ ਗਿਆ ਹੱਦਾਂ ਸਭ ਪਾਰ ਬੇਲੀ।
ਮਿਲਦੀ ਨੌਕਰੀ ਨਹੀਂ ਜਾਂ ਉਹ ਕੱਢ ਦਿੱਤਾ,
ਮਿਲਿਆ ਖੁੱਸ ਗਿਆ ਹੱਥੋਂ ਰੁਜ਼ਗਾਰ ਬੇਲੀ।
ਦਿੱਸਦੀ ਕਿਰਨ ਭਵਿੱਖ ਦੀ ਕੋਈ ਹੈ ਨਹੀਂ,
ਸਕਿਆ ਫਿਰ ਦੁੱਖ ਨਾ ਉਹ ਸਹਾਰ ਬੇਲੀ।
ਕਾਰਨ ਮੌਤ ਦਾ ਕੋਈ ਪਿਆ ਹੋਏ ਬੇਸ਼ੱਕ,
ਜਵਾਨੀ ਮਰਨ ਦੇ ਰਾਹ ਨਿੱਤ ਪਈ ਜਾਂਦੀ।
ਕਰਦਾ ਚਿੰਤਾ ਸਮਾਜ ਨਹੀਂ ਕੋਈ ਇਹਦੀ,
ਕੁਦਰਤ ਖਿੱਚ ਕੇ ਕਿੱਧਰ ਨੂੰ ਲਈ ਜਾਂਦੀ।

-ਤੀਸ ਮਾਰ ਖਾਂ

## ਪੰਜਾਬ ਜੀ ਐੱਸ ਟੀ ਬਿੱਲ 2023 ਲਿਆਵੇਗਾ ਵੱਡੇ ਬਦਲਾਅ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸ਼ੁੱਕਰਵਾਰ ਕਿਹਾ ਕਿ ਪੰਜਾਬ ਵਸਤਾਂ ਤੇ ਸੇਵਾਵਾਂ ਕਰ (ਸੋਧ) ਬਿੱਲ 2023 ਰਾਹੀਂ ਪੰਜਾਬ ਜੀ ਐੱਸ ਟੀ ਐਕਟ 2017 ਵਿੱਚ ਕੀਤੀਆਂ ਸੋਧਾਂ ਦਾ ਉਦੇਸ਼ ਕਾਰੋਬਾਰ ਕਰਨ ਵਿੱਚ ਅਸਾਨੀ ਅਤੇ ਕਰ ਪ੍ਰਣਾਲੀ ਨੂੰ ਸਰਲ ਬਣਾਉਣਾ ਹੈ। ਜਾਰੀ ਬਿਆਨ ਵਿੱਚ ਇਹ ਪ੍ਰਗਟਾਵਾ ਕਰਦਿਆਂ ਚੀਮਾ ਨੇ ਕਿਹਾ ਕਿ ਇਨ੍ਹਾਂ ਸੋਧਾਂ ਨੇ ਕੰਪੋਜ਼ੀਸ਼ਨ ਕਰਦਾਤਾਵਾਂ ਨੂੰ ਇਲੈਕਟ੍ਰਾਨਿਕ ਕਾਮਰਸ ਅਪਰੇਟਰਾਂ ਰਾਹੀਂ ਵਸਤੂਆਂ ਦੀ ਸਪਲਾਈ ਕਰਨ ਦੇ ਯੋਗ ਬਣਾਇਆ ਹੈ, ਜਿਸ ਨਾਲ ਛੋਟੇ ਕਰਦਾਤਾ ਈ-ਕਾਮਰਸ ਅਪਰੇਟਰਾਂ ਰਾਹੀਂ ਆਪਣੀਆਂ ਵਸਤਾਂ ਦੀ ਸਪਲਾਈ ਕਰ ਸਕਣਗੇ, ਜਿਸ ਦੇ ਨਤੀਜੇ ਵਜੋਂ ਬਾਜ਼ਾਰ ਵਿੱਚ ਉਨ੍ਹਾਂ ਦੀ ਪਹੁੰਚ ਵਿੱਚ ਵਾਧਾ ਹੋਵੇਗਾ। ਉਨ੍ਹਾ ਕਿਹਾ ਕਿ ਪਹਿਲਾਂ ਕੰਪੋਜ਼ੀਸ਼ਨ ਕਰਦਾਤਾ ਆਨਲਾਈਨ ਪਲੇਟਫਾਰਮ ਰਾਹੀਂ ਆਪਣੇ ਸਾਮਾਨ ਦੀ ਸਪਲਾਈ ਨਹੀਂ ਕਰ ਸਕਦੇ ਸਨ।

ਵਿੱਤ ਮੰਤਰੀ ਨੇ ਕਿਹਾ ਕਿ ਈ-ਕਾਮਰਸ ਅਪਰੇਟਰਾਂ ਰਾਹੀਂ ਵਸਤੂਆਂ ਦੀ ਸਪਲਾਈ ਕਰਨ ਵਾਲੇ ਸਪਲਾਇਰਾਂ ਦੀ ਰਜਿਸਟ੍ਰੇਸ਼ਨ ਲਈ ਥ੍ਰੈਸ਼ਹੋਲਡ ਸੀਮਾ ਤੱਕ ਲਾਜ਼ਮੀ ਰਜਿਸਟ੍ਰੇਸ਼ਨ ਦੀ ਸ਼ਰਤ ਹਟਾ ਦਿੱਤੀ ਗਈ ਹੈ, ਜਿਸ ਨਾਲ ਛੋਟੇ ਕਰਦਾਤਿਆਂ ਨੂੰ ਸਮਰੱਥ ਬਣਾਇਆ ਜਾ ਸਕੇਗਾ, ਜੋ ਪਹਿਲਾਂ ਆਨਲਾਈਨ ਰਿਟੇਲ ਪਲੇਟਫਾਰਮਾਂ ਤੱਕ ਪਹੁੰਚ ਤੋਂ ਵਾਂਝੇ ਰਹਿ ਗਏ ਸਨ, ਤਾਂ ਕਿ ਉਹ ਵੱਡੇ ਬਾਜ਼ਾਰ ਅਤੇ ਵੱਡੀ ਖਪਤਕਾਰਾਂ ਦੀ ਵੱਡੀ ਗਿਣਤੀ ਤੱਕ ਆਪਣੀ ਪਹੁੰਚ ਬਣਾ ਸਕਣ।

ਗੁਡਜ਼ ਐਂਡ ਸਰਵਿਸਿਜ਼ ਟੈਕਸ ਐਪੀਲੇਟ ਟ੍ਰਿਬਿਊਨਲ ਦੇ ਰਾਜ ਬੈਂਚਾਂ ਦਾ ਗਠਨ ਦਾ ਜ਼ਿਕਰ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਇਸ ਨਾਲ ਕਰਦਾਤਾਵਾਂ ਨੂੰ ਅਪੀਲ ਕਰਨ ਲਈ ਮੰਚ ਮਿਲੇਗਾ ਅਤੇ ਉੱਚ ਅਦਾਲਤਾਂ ਵਿੱਚ ਮਾਮਲਿਆਂ ਦਾ ਬੋਝ ਘਟੇਗਾ। ਉਨ੍ਹਾ ਕਿਹਾ ਕਿ ਰਾਜ ਨੇ ਕਰਦਾਤਾਵਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ 02 ਰਾਜ ਬੈਂਚਾਂ ਸਥਾਪਤ ਕਰਨ ਦਾ ਪ੍ਰਸਤਾਵ ਰੱਖਿਆ ਹੈ, ਜਿਸ ਨਾਲ ਕਰਦਾਤਾਵਾਂ ਨੂੰ ਸਮੇਂ ਸਿਰ ਨਿਆਂ ਅਤੇ ਵਿੱਤੀ ਰਾਹਤ ਮਿਲੇਗੀ।

ਵਿੱਤ ਮੰਤਰੀ ਨੇ ਕਿਹਾ ਕਿ ਕੁਝ ਅਪਰਾਧਾਂ, ਜਿਵੇਂ ਕਿ ਸਬੂਤਾਂ ਨੂੰ ਨਸ਼ਟ ਕਰਨਾ, ਕੋਈ ਵੀ ਜਾਣਕਾਰੀ ਦੇਣ

● ਬਾਕੀ ਸਫ਼ਾ 2 'ਤੇ

ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ (ਮੋਹਾਲੀ)
ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਅਤੇ ਬੁੱਢਾ ਦਲ ਦੇ ਸੱਤਵੇ ਜੱਥੇਦਾਰ ਧੰਨ ਧੰਨ ਅਮਰ ਸ਼ਹੀਦ ਬਾਬਾ ਹਨੂੰਮਾਨ ਸਿੰਘ ਜੀ ਦਾ



ਜਨਮ ਦਿਹਾੜਾ
3 ਦਸੰਬਰ (ਐਤਵਾਰ)
ਵਿਸ਼ਾਲ ਖੂਨਦਾਨ ਕੈਂਪ
ਸਵੇਰੇ 8 ਵਜੇ ਤੋਂ ਸ਼ਾਮ 6 ਵਜੇ ਤੱਕ
ਧਾਰਮਿਕ ਸਮਾਗਮ
ਸਵੇਰੇ 9:00 ਵਜੇ ਤੋਂ ਰਾਤ 11:00 ਵਜੇ ਤੱਕ



| ਗੁਰਮਤਿ ਵਿਚਾਰਾਂ | ਢਾਡੀ ਵਾਰਾਂ | ਆਰਤੀ ਕੀਰਤਨ | ਕੀਰਤਨ | ਗੁਰਮਤਿ ਵਿਚਾਰਾਂ | ਕੀਰਤਨ |
|---|---|---|---|---|---|
| ਸਿੰਘ ਸਾਹਿਬ ਗਿ: ਰਘਬੀਰ ਸਿੰਘ ਜੀ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ | ਨਕੋਦਰ ਵਾਲੀਆਂ ਬੀਬੀਆਂ ਅਤੇ ਬੀਬੀ ਦਲੇਰ ਕੌਰ ਖਾਲਸਾ ਇੰਟਰਨੈਸ਼ਨਲ ਪੰਥਕ ਢਾਡੀ ਜੱਥਾ | ਪ੍ਰਸਿੱਧ ਕੀਰਤਨੀ ਜੱਥਾ ਮੀਰੀ ਪੀਰੀ ਖਾਲਸਾ ਜੱਥਾ ਜਗਾਧਰੀ ਵਾਲੇ | ਹਜ਼ੂਰੀ ਰਾਗੀ ਜੱਥਾ ਭਾਈ ਸਤਨਾਮ ਸਿੰਘ ਜੀ ਸ੍ਰੀ ਦਰਬਾਰ ਸਾਹਿਬ ਜੀ, ਅੰਮ੍ਰਿਤਸਰ | ਧਰਮ ਪ੍ਰਚਾਰਕ ਭਾਈ ਪਿੰਦਰਪਾਲ ਸਿੰਘ ਜੀ ਲੁਧਿਆਣੇ ਵਾਲੇ | ਹਜ਼ੂਰੀ ਰਾਗੀ ਜੱਥਾ ਭਾਈ ਕਰਨੈਲ ਸਿੰਘ ਜੀ ਸ੍ਰੀ ਦਰਬਾਰ ਸਾਹਿਬ ਜੀ, ਅੰਮ੍ਰਿਤਸਰ |
| 10:00 ਤੋਂ 11:00 (ਸਵੇਰੇ) | 11:00 ਤੋਂ 12:30 (ਦੁਪਹਿਰ) | 06:30 ਤੋਂ 08:00 (ਰਾਤ) | 08:00 ਤੋਂ 09:00 (ਰਾਤ) | 09:00 ਤੋਂ 10:00 (ਰਾਤ) | 10:00 ਤੋਂ 11:00 (ਰਾਤ) |

ਇਸ ਅਸਥਾਨ ਤੇ ਧੰਨ ਧੰਨ ਅਮਰ ਸ਼ਹੀਦ ਬਾਬਾ ਹਨੂੰਮਾਨ ਸਿੰਘ ਜੀ ਨੇ ਦੇਸ਼ ਅਤੇ ਕੌਮ ਦੀ ਆਜ਼ਾਦੀ ਲਈ ਸੰਨ 1845 ਈ: ਵਿੱਚ ਅੰਗਰੇਜ਼ਾਂ ਨਾਲ ਲੜੀ ਗਈ ਮੁੱਦਕੀ ਅਤੇ ਫੇਰੂ ਦੀ ਜੰਗ ਵਿੱਚ ਹਜ਼ਾਰਾਂ ਸਿੰਘਾਂ ਸਮੇਤ ਸ਼ਹੀਦੀ ਪ੍ਰਾਪਤ ਕੀਤੀ ਹੋਈ ਹੈ।

CMYK

## ਇੰਦਰਾ ਕਾਂਗਰਸ ਭਵਨ ਵਿਖੇ ਖ਼ੂਨਦਾਨ ਕੈਂਪ



**ਬੁਢਲਾਡਾ (ਅਸ਼ੋਕ ਲਾਕੜਾ)**-ਕਾਂਗਰਸ ਪਾਰਟੀ ਪੰਜਾਬ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਜਨਮ ਦਿਨ ਮੌਕੇ ਡਾ. ਰਣਵੀਰ ਕੌਰ ਮੀਆਂ ਹਲਕਾ ਇੰਚਾਰਜ ਦੀ ਅਗਵਾਈ ਵਿੱਚ ਇੰਦਰਾ ਕਾਂਗਰਸ ਭਵਨ ਬੁਢਲਾਡਾ ਵਿਖੇ ਖੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸੇ ਦੌਰਾਨ ਕੇਕ ਕੱਟ ਕੇ ਇੱਕ-ਦੂਜੇ ਨਾਲ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ ਅਤੇ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਜਨਮ ਦਿਨ ਦੀ ਮੁਬਾਰਕਬਾਦ ਦਿੱਤੀ। ਡਾ. ਰਣਵੀਰ ਕੌਰ ਮੀਆਂ ਨੇ ਬੋਲਦਿਆਂ ਕਿਹਾ ਕਿ ਖੂਨਦਾਨ ਇੱਕ ਵੱਡੀ ਸੇਵਾ ਹੈ। ਦਾਨੀਆਂ ਵੱਲੋਂ ਦਿੱਤਾ ਖੂਨਦਾਨ ਲੋੜਵੰਦਾਂ, ਮਰੀਜਾਂ ਅਤੇ ਇਲਾਜ ਅਧੀਨ ਬੇਸਹਾਰਾ ਲੋਕਾਂ ਨੂੰ ਦੇਣ ਦੇ ਮਕਸਦ ਨਾਲ ਸਰਕਾਰੀ ਬਲੱਡ ਬੈਂਕ ਮਾਨਸਾ ਨੂੰ ਦਿੱਤਾ ਗਿਆ ਹੈ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਉਹ ਖੁਸ਼ੀਆਂ ਮੌਕੇ ਖੂਨਦਾਨ ਕੈਂਪ ਲਗਾਉਣਾ, ਪੌਦੇ ਲਗਾਉਣ ਜੋ ਕਿ ਇੱਕ ਮਹਾਨ ਕਾਰਜ ਹੈ। ਇਸ ਮੌਕੇ ਤਰਜੀਤ ਸਿੰਘ ਚਹਿਲ, ਸਰਪੰਚ ਸਰਬਜੀਤ ਸਿੰਘ ਮੀਆਂ, ਵਿਸ਼ਾਲ ਗੋਇਲ, ਜੋਨੀ ਚਾਹਤ, ਲਵਲੀ ਗਰਗ ਬੋੜਾਵਾਲੀਆ, ਕੌਂਸਲਰ ਨਰੇਸ਼ ਕੁਮਾਰ, ਮੁਨੀਸ਼ ਹੋਜਰੀ, ਲਛਮਣ ਸਿੰਘ ਗੰਢੂ ਕਲਾਂ, ਯਸ਼ਪਾਲ ਗਰਗ, ਵਿੱਕੀ ਬੋੜਾਵਾਲੀਆ, ਖੇਮ ਸਿੰਘ ਜਟਾਣਾ, ਜਸਕਰਨ ਸਿੰਘ ਤੋਂ ਇਲਾਵਾ ਹੋਰ ਵੀ ਮੌਜੂਦ ਸਨ।

## ਫ਼ੈਵੀਕੋਲ ਚੈਂਪੀਅਨ ਕਲੱਬ ਵੱਲੋਂ ਮੀਟਿੰਗ



**ਜਗਰਾਉ (ਅਮਿਤ ਖੰਨਾ)**-ਫ਼ੈਵੀਕੋਲ ਚੈਂਪੀਅਨ ਕਲੱਬ ਵੱਲੋਂ ਮੀਟਿੰਗ ਕੀਤੀ ਗਈ, ਜਿਸ 'ਚ ਫ਼ੈਵੀਕੋਲ ਕੰਪਨੀ ਦੇ ਮੈਨੇਜਰ ਵਿਨੈ ਸ਼ਰਮਾ ਬੀ ਡੀ ਸੀ ਸ਼ੁਬਮ ਪ੍ਰਿੰਸ ਅਰੋੜਾ ਪਰਮੋਟਰ ਵਿਕਰਮ ਪੀ ਆਰ ਓ ਅਮਨ ਵੱਲੋਂ ਜਗਰਾਓਂ ਵਿਖੇ ਪ੍ਰਿੰਸ ਜੂਸ ਬਾਰ ਦੇ ਬੇਨਕੇਟ ਹਾਲ ਵਿਖੇ ਮੀਟਿੰਗ ਕਾਰਵਾਈ ਗਈ, ਜਿਸ 'ਚ ਕੰਪਨੀ ਵੱਲੋਂ ਪ੍ਰਧਾਨ ਮੰਗਲ ਸਿੰਘ ਸਿੱਧੂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਪ੍ਰਧਾਨ ਮੰਗਲ ਸਿੰਘ ਸਿੱਧੂ, ਬਹਾਦੁਰ ਸਿੰਘ ਕਮਾਲਪੁਰਾ, ਸੁਰਿੰਦਰ ਸਿੰਘ ਮਠਾੜੂ, ਹਾਕਮ ਸਿੰਘ ਸੀਹਰਾ, ਜਸਪਾਲ ਸਿੰਘ ਕਲਿਆਣ, ਮਨਦੀਪ ਸਿੰਘ ਮਨੀ, ਸੁਖਦੇਵ ਸਿੰਘ ਘਟੋੜੇ, ਨਿਰਮਲ ਸਿੰਘ ਨੀਮਾ ਆਦਿ ਹਾਜ਼ਰ ਸਨ।

## ਖੇਤੀ ਸੰਬੰਧੀ ਤਕਨੀਕੀ ਜਾਣਕਾਰੀ ਦੇ ਅਦਾਨ-ਪ੍ਰਦਾਨ ਵਿਸ਼ੇ 'ਤੇ ਵਰਕਸ਼ਾਪ




**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜ ਅਤੇ ਤਕਨਾਲੋਜ਼ੀ (ਡੀਮਡ ਯੂਨੀਵਰਸਿਟੀ) ਵਿਖੇ ਇਲੈਕਟਰੀਕਲ ਅਤੇ ਇੰਸਟਰੂਮੈਂਟਸ ਵਿਭਾਗ ਵੱਲੋਂ ਵਿਭਾਗ ਦੀ ਮੁਖੀ ਡਾਕਟਰ ਸੁਰੀਤਾਂ ਮੈਣੀ ਦੀ ਅਗਵਾਈ ਅਤੇ ਪ੍ਰੋਗਰਾਮ ਦੇ ਕੋਆਰਡੀਨੇਟਰ ਡਾਕਟਰ ਅਸ਼ਵਨੀ ਅਗਰਵਾਲ ਦੀ ਦੇਖ ਰੇਖ 'ਚ ਵਰਕਸ਼ਾਪ ਦਾ ਆਯੋਜਨ ਸ਼ੁਰੂ ਹੋਇਆ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾਕਟਰ ਮਣੀ ਕਾਂਤ ਪਾਸਵਾਨ ਨੇ ਮੁਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਉਹਨਾਂ 'ਯੂ ਏ ਵੀ ਤਕਨੀਕਾਂ ਰਾਹੀਂ ਸਾਊਥ ਅਤੇ ਸਾਊਥ ਏਸ਼ੀਅਨ ਖਿੱਤੇ ਦੀਆਂ ਖੇਤੀ ਤਕਨੀਕਾਂ ਦੀ ਜਾਣਕਾਰੀ ਦੇ ਅਦਾਨ ਪ੍ਰਦਾਨ ਅਤੇ ਸਮਰੱਥਾ ਪੈਦਾ ਕਰਨ ਵਿਸ਼ੇ 'ਤੇ ਵਰਕਸ਼ਾਪ' ਨੂੰ ਕਿਸਾਨੀ ਅਤੇ ਏਸ਼ੀਅਨ ਮੁਲਕਾਂ ਲਈ ਬੇਹੱਦ ਲਾਹੇਵੰਦ ਦੱਸਿਆ। ਡਾਕਟਰ ਅਸ਼ਵਨੀ ਅਗਰਵਾਲ ਨੇ ਜਪਾਨ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਪ੍ਰੋਫੈਸਰ ਰਾਮ ਅਵਤਾਰ, ਡਾਇਰੈਕਟਰ ਗਲੋਬਲ ਲੈਂਡ ਪੋਗਰਾਮ ਜਪਾਨ ਅਤੇ ਉਹਨਾਂ ਦੀ ਮਾਹਿਰ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਡੀਨ (ਅਕਾਦਮਿਕ) ਡਾਕਟਰ ਜੇ ਐਸ ਢਿੱਲੋਂ, ਡੀਨ (ਖੋਜ) ਡਾਕਟਰ ਸੁਰਿੰਦਰ ਸਿੰਘ ਆਦਿ ਤੋਂ ਇਲਾਵਾ ਖੋਜ ਨਾਲ ਜੁੜੇ ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ।

## ਕਾਮਰੇਡ ਭਗਵਾਨ ਸਿੰਘ ਅਣਖੀ ਦੀ 6 ਨੂੰ ਬਰਸੀ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ



**ਰਾਜਪੁਰਾ (ਰਮੇਸ਼ ਕਟਾਰੀਆ)**-ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਅਤੇ ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਸਰਕਲ ਪਟਿਆਲਾ ਦੀ ਜਰਨਲ ਕੌਂਸਲ ਦੀ ਮੀਟਿੰਗ ਸਰਕਲ ਪਟਿਆਲਾ ਦੇ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ ਨੇ ਸ਼ਮੂਲੀਅਤ ਕੀਤੀ। ਮੀਟਿੰਗ 'ਚ 6 ਦਸੰਬਰ ਨੂੰ ਕਾਮਰੇਡ ਭਗਵਾਨ ਸਿੰਘ ਅਣਖੀ ਦੀ ਬਰਸੀ ਦੀਆਂ ਤਿਆਰੀਆਂ ਵਜੋਂ ਡਵੀਜਨਾਂ ਦੀ ਲੀਡਰਸ਼ਿਪ ਦੀਆਂ ਕਮੇਟੀਆ ਬਣਾ ਕੇ ਡਿਊਟੀਆਂ ਲਗਾਈਆਂ। ਇਸ ਮੌਕੇ ਬਲਬੀਰ ਸਿੰਘ, ਸੁਖਦੇਵ ਸਿੰਘ, ਕੁਲਦੀਪ ਸਿੰਘ, ਜਗਦੀਸ਼ ਸਿੰਘ, ਮਲਕੀਤ ਸਿੰਘ, ਮੱਘਰ ਸਿੰਘ, ਸਾਥੀ ਸ਼ਾਮ ਸੁੰਦਰ, ਅਮਰੀਕ ਸਿੰਘ ਅਤੇ ਹੋਰ ਆਗੂਆਂ ਨੇ ਵੱਧ ਚੜ੍ਹ ਕੇ ਸ਼ਮੂਲੀਅਤ ਕੀਤੀ ਅਤੇ ਵਿਸ਼ਵਾਸ਼ ਦਿਵਾਇਆ ਕਿ ਬਰਸੀ ਦੀਆਂ ਤਿਆਰੀਆਂ 'ਚ ਕੋਈ ਢਿੱਲ ਨਹੀਂ ਛੱਡੀ ਜਾਵੇਗੀ।

## ਜੋਤੀ ਫਾਊਂਡੇਸ਼ਨ ਨੇ ਅਲਪ ਦ੍ਰਿਸ਼ਟੀ ਵਾਲੇ ਬੱਚਿਆਂ ਨੂੰ ਵੰਡੀਆਂ ਐਨਕਾਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜੋਤੀ ਫਾਊਂਡੇਸ਼ਨ ਵਲੋਂ ਜ਼ਿਲ੍ਹਾ ਰੈਡ ਕਰਾਸ ਭਵਨ ਸ੍ਰੀ ਮੁਕਤਸਰ ਸਾਹਿਬ ਵਿਖੇ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਬੱਚਿਆ ਨੂੰ ਜਿਨ੍ਹਾਂ ਦੀ ਅੱਖਾਂ ਦੀ ਰੌਸ਼ਨੀ ਘੱਟ ਹੋਣ ਕਾਰਨ ਪੜ੍ਹਾਈ ਕਰਨ ਵਿੱਚ ਪ੍ਰੇਸ਼ਾਨੀ ਪੇਸ਼ ਆ ਰਹੀ, ਨੂੰ ਐਨਕਾਂ ਵੰਡੀਆਂ ਗਈਆਂ। ਇਸ ਸਮਾਗਮ ਦੀ ਪ੍ਰਧਾਨਗੀ ਡਾ. ਰੂਹੀ ਦੁੱਗ ਡਿਪਟੀ ਕਮਿਸਨਰ ਸ੍ਰੀ ਮੁਕਤਸਰ ਨੇ ਕੀਤੀ। ਡਾ. ਦੁੱਗ ਨੇ ਕਿਹਾ ਕਿ ਐਨਕਾਂ ਲਗਾਉਣਾ ਇੱਕ ਬਿਮਾਰੀ ਨਹੀਂ ਹੈ ਸਗੋਂ ਅੱਖਾਂ ਨੂੰ ਸਹਾਇਤਾ ਪ੍ਰਦਾਨ ਕਰਨਾ ਹੈ ਅਤੇ ਮੈਡੀਕਲ ਚੈੱਕਅਪ ਦੌਰਾਨ ਆਪਣਾ ਜ਼ਰੂਰ ਚੈੱਕਅਪ ਕਰਵਾਉਣਾ ਚਾਹੀਦਾ ਹੈ। ਅੱਖਾਂ 'ਤੇ ਜ਼ਰੂਰ ਐਨਕਾਂ ਲਗਾਉਣੀਆਂ ਚਾਹੀਦੀਆਂ ਹਨ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਮੇਂ 'ਤੇ ਆਪਣੇ ਬੱਚਿਆਂ ਦੀਆਂ ਅੱਖਾਂ ਜ਼ਰੂਰ ਚੈੱਕ ਕਰਵਾਉਣੀਆਂ ਚਾਹੀਦੀਆਂ ਹਨ ਤਾਂ ਜੋ ਉਨ੍ਹਾਂ ਨੂੰ ਪੜ੍ਹਾਈ ਦੌਰਾਨ ਕੋਈ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਜੋਤੀ ਫਾਊਂਡੇਸ਼ਨ ਵਲੋਂ ਸਮਾਜ ਭਲਾਈ ਦੇ ਕੰਮਾਂ ਵਿੱਚ ਪਾਏ ਜਾ ਰਹੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਰਾਜੀਵ ਛਾਬੜਾ ਜ਼ਿਲ੍ਹਾ ਸਿੱਖਿਆ ਅਫਸਰ, ਦਵਿੰਦਰ ਰਜੋਰੀਆ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ, ਜੋਤੀ ਫਾਊਂਡੇਸ਼ਨ ਦੇ ਟਰੱਸਟੀ ਅਜੀਤ ਸਿੰਘ ਬਰਾੜ ਵੀ ਮੌਜੂਦ ਸਨ। ਇਸ ਮੌਕੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਦੀਆਂ ਲੜਕੀਆਂ ਵਲੋਂ ਸ਼ਬਦ ਗਾਇਨ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਅਤੇ ਸੱਭਿਆਚਾਰਕ ਵੀ ਪ੍ਰੋਗਰਾਮ ਪੇਸ਼ ਕੀਤਾ ਗਿਆ।

## ਵਿਦਿਆਰਥੀਆਂ ਨੂੰ ਪਲੇਸਮੈਂਟ ਤੇ ਇੰਟਰਨਸ਼ਿਪ ਦੇ ਨਵੇਂ ਸੰਕਲਪਾਂ ਤੋਂ ਜਾਣੂ ਕਰਵਾਉਣ ਲਈ ਪ੍ਰੋਗਰਾਮ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਯਾਦਵਿੰਦਰਾ ਡਿਪਾਰਟਮੈਂਟ ਆਫ ਇੰਜੀਨੀਅਰਿੰਗ, ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ, ਤਲਵੰਡੀ ਸਾਬੋ ਦੇ ਪਲੇਸਮੈਂਟ ਕਲੱਬ ਨੇ 'ਹੋਪਿੰਗ ਮਾਈਂਡਜ਼, ਮੋਹਾਲੀ' ਦੇ ਸਹਿਯੋਗ ਨਾਲ ਬੀ ਟੈਕ ਅਤੇ ਐਮਸੀਏ ਕੋਰਸਾਂ ਦੇ ਫਾਈਨਲ ਅਤੇ ਪ੍ਰੀ ਫਾਈਨਲ ਸਾਲਾਂ ਦੇ ਵਿਦਿਆਰਥੀਆਂ ਦੇ ਹੁਨਰ ਨੂੰ ਨਿਖਾਰਨ ਲਈ ਇੱਕ ਮੌਕ ਪਲੇਸਮੈਂਟ-ਕਮ-ਇੰਟਰਨਸ਼ਿਪ ਡਰਾਈਵ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਰਾਹੀਂ ਅੰਤਮ ਸਾਲ ਦੇ ਵਿਦਿਆਰਥੀਆਂ ਲਈ ਇੰਟਰਨਸ਼ਿਪ ਅਤੇ ਪਲੇਸਮੈਂਟ ਦੇ ਮੌਕਿਆਂ ਦੇ ਨਵੇਂ ਸੰਕਲਪ ਤੋਂ ਜਾਣੂ ਕਰਵਾਇਆ ਗਿਆ। ਹੋਪਿੰਗ ਮਾਈਂਡਜ਼ ਦੇ ਹਰੀਸ਼ ਚਾਵਲਾ ਅਤੇ ਅਭਿਨਵ ਵੱਲੋਂ ਇਸ ਡਰਾਈਵ ਦੇ ਸੰਚਾਲਨ ਰਾਹੀਂ ਵਿਦਿਆਰਥੀਆਂ ਦੀ ਚੋਣ ਕੀਤੀ ਗਈ ਅਤੇ ਚੁਣੇ ਗਏ ਵਿਦਿਆਰਥੀਆਂ ਉਦੈ ਧੀਮਾਨ, ਅਰਸ਼ਪ੍ਰੀਤ ਕੌਰ, ਕੁਲਵਿੰਦਰ, ਅਭੀ ਗਰਗ ਅਤੇ ਰਜਤ ਸ਼ਰਮਾ ਨੂੰ ਉਨ੍ਹਾਂ ਦੀ ਪਸੰਦ ਅਨੁਸਾਰ ਡਾਟਾ ਸਾਇੰਸ, ਮਸ਼ੀਨ ਲਰਨਿੰਗ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਫੁੱਲ ਸਟੈਕ ਡਿਵੈਲਪਮੈਂਟ ਵਰਗੀਆਂ ਆਉਣ ਵਾਲੀਆਂ ਤਕਨੀਕਾਂ ਦੀ ਸਿਖਲਾਈ ਦਿੱਤੀ ਜਾਵੇਗੀ। ਇਸ ਸੈਸ਼ਨ ਨੂੰ ਕੈਂਪਸ ਡਾਇਰੈਕਟਰ ਪ੍ਰੋ: (ਡਾ.) ਕੰਵਲਜੀਤ ਸਿੰਘ ਨੇ ਵੀ ਸੰਬੋਧਨ ਕੀਤਾ ਅਤੇ ਉਨ੍ਹਾਂ ਨੇ ਵਿਦਿਆਰਥੀ ਦੀ ਸਫਲਤਾ ਲਈ ਮਿਆਰੀ ਸਿੱਖਿਆ ਅਤੇ ਮਿਆਰੀ ਸਿਖਲਾਈ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਵਿਭਾਗ ਦੇ ਮੁਖੀ ਡਾ. ਸਿੰਪਲ ਜਿੰਦਲ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਸਮੁੱਚੀ ਟੈਸਟਿੰਗ ਡਰਾਈਵ ਦੇ ਸਫਲਤਾਪੂਰਵਕ ਸੰਚਾਲਨ ਵਿੱਚ ਡਾ. ਬਲਰਾਜ ਸਿੰਘ ਬਰਾੜ, ਡਾ. ਮੀਨਾਕਸ਼ੀ, ਡਾ. ਗੁਰਵਿੰਦਰ ਕੌਰ ਅਤੇ ਡਾ. ਅਵਤਾਰ ਸਿੰਘ ਅਤੇ ਵਿਭਾਗ ਦੇ ਪਲੇਸਮੈਂਟ ਕਲੱਬ ਦੀ ਟੀਮ ਦੀ ਅਹਿਮ ਭੂਮਿਕਾ ਰਹੀ।

# ਹਾਕੀ 'ਚ ਫ਼ਿਰੋਜ਼ਪੁਰ ਦੇ ਦੋ ਖਿਡਾਰੀਆਂ ਨੇ ਜਿੱਤੇ ਸੋਨੇ ਦੇ ਮੈਡਲ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

13ਵੀਂ ਹਾਕੀ ਇੰਡੀਆ ਸੀਨੀਅਰ ਪੁਰਸ਼ ਨੈਸ਼ਨਲ ਚੈਂਪੀਅਨਸ਼ਿਪ 2023 ਵਿੱਚ ਸਰਹੱਦੀ ਜ਼ਿਲ੍ਹੇ ਦੇ ਦੋ ਨੌਜਵਾਨਾਂ ਨੇ ਸੋਨੇ ਦੇ ਮੈਡਲ ਜਿੱਤ ਕੇ ਜ਼ਿਲ੍ਹੇ ਦਾ ਪੂਰੇ ਦੇਸ਼ ਵਿੱਚ ਨਾਂ ਰੌਸ਼ਨ ਕੀਤਾ ਹੈ। ਹਾਕੀ ਫ਼ਿਰੋਜ਼ਪੁਰ ਦੇ ਮੁਖੀ ਡਾ. ਅਨਿਰੁਧ ਗੁਪਤਾ ਨੇ ਦੋਵਾਂ ਖਿਡਾਰੀਆਂ ਨੂੰ ਵਧਾਈ ਦਿੱਤੀ ਹੈ। ਚੇਨਈ, ਤਾਮਿਲਨਾਡੂ ਵਿਖੇ 17 ਤੋਂ 28 ਨਵੰਬਰ ਤੱਕ ਹੋਈ ਇਸ ਚੈਂਪੀਅਨਸ਼ਿਪ ਵਿੱਚ ਫਿਰੋਜ਼ਪੁਰ ਦੇ ਕੰਵਰਦੀਪ ਸਿੰਘ ਨੰਨੂ ਅਤੇ ਪਰਮਿੰਦਰ ਸਿੰਘ ਪਿੰਦੀ ਨੇ ਵੀ ਭਾਗ ਲਿਆ, ਜਿਸ ਵਿੱਚ ਦੋਵਾਂ ਖਿਡਾਰੀਆਂ ਨੇ ਵਧੀਆ ਪ੍ਰਦਰਸ਼ਨ ਕਰਦਿਆਂ ਸੋਨੇ ਦੇ ਮੈਡਲ ਜਿੱਤੇ। ਹਾਕੀ ਫ਼ਿਰੋਜ਼ਪੁਰ ਦੇ ਸਕੱਤਰ ਤੇ ਕੋਚ ਮਨਮੀਤ ਸਿੰਘ ਰੂਬਲ ਨੇ ਦੱਸਿਆ ਕਿ ਖਿਡਾਰੀਆਂ ਦੇ ਸਵਾਗਤ ਲਈ ਹਾਕੀ ਐਸਟਰੋਟਰਫ਼ ਸਟੇਡੀਅਮ ਵਿਖੇ ਇਕ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿਚ ਸੋਨੇ ਦੇ ਮੈਡਲ ਜਿੱਤਣ ਵਾਲੇ ਕੰਵਰਦੀਪ ਸਿੰਘ ਨੰਨੂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜਿੱਥੇ ਭਵਿੱਖ ਦੇ ਖਿਡਾਰੀਆਂ ਨੇ ਤਾੜੀਆਂ ਵਜਾ ਕੇ ਉਨ੍ਹਾਂ ਦਾ ਹੌਸਲਾ ਵਧਾਇਆ, ਉਥੇ ਹਾਕੀ ਫ਼ਿਰੋਜ਼ਪੁਰ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਹਾਰ ਪਾ ਕੇ ਅਤੇ ਗੁਲਦਸਤੇ ਦੇ ਕੇ ਵਧਾਈ ਦਿੱਤੀ। ਰੈੱਡ ਕਰਾਸ ਦੇ ਸਕੱਤਰ ਅਸ਼ੋਕ ਬਹਿਲ ਨੇ ਕਿਹਾ ਕਿ ਸ਼ੁਰੂ ਤੋਂ ਹੀ ਫਿਰੋਜ਼ਪੁਰ ਹਾਕੀ ਕਰਕੇ ਪੂਰੀ ਦੁਨੀਆ ਵਿਚ ਮਸ਼ਹੂਰ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਹੱਦੀ ਜ਼ਿਲ੍ਹੇ ਦੇ ਦੋ ਖਿਡਾਰੀਆਂ ਨੇ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਮੈਡਲ ਜਿੱਤਣਾ ਸਮੁੱਚੇ ਜ਼ਿਲ੍ਹੇ ਅਤੇ ਪੰਜਾਬੀਆਂ ਲਈ ਮਾਣ ਵਾਲੀ ਗੱਲ ਹੈ। ਕੰਵਰਦੀਪ ਸਿੰਘ ਨੰਨੂ ਨੇ ਦੱਸਿਆ ਕਿ ਪੰਜਾਬ ਦੀ ਟੀਮ ਦਾ ਸੈਮੀਫਾਈਨਲ ਮੈਚ ਕਰਨਾਟਕ ਦੀ ਟੀਮ ਨਾਲ ਹੋਇਆ ਅਤੇ ਬਾਅਦ ਵਿਚ ਉਸ ਨੇ ਹਰਿਆਣਾ ਨੂੰ ਹਰਾ ਕੇ ਫਾਈਨਲ ਵਿਚ ਪ੍ਰਵੇਸ਼ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਿਸ ਟੀਮ ਵਿੱਚ ਉਹ ਖੇਡ ਰਿਹਾ ਸੀ, ਉਸ ਵਿੱਚ ਅੰਤਰਰਾਸ਼ਟਰੀ ਖਿਡਾਰੀਆਂ ਤੋਂ ਇਲਾਵਾ ਭਾਰਤੀ ਟੀਮ ਦਾ ਕਪਤਾਨ ਵੀ ਸ਼ਾਮਲ ਸੀ। ਉਨ੍ਹਾਂ ਕਿਹਾ ਕਿ ਅਜਿਹੇ ਮਹਾਨ ਖਿਡਾਰੀਆਂ ਨਾਲ ਖੇਡਣਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ ਅਤੇ ਉਨ੍ਹਾਂ ਨੇ ਪੂਰੇ ਉਤਸ਼ਾਹ ਨਾਲ ਖੇਡਾਂ ਵਿੱਚ ਭਾਗ ਲੈ ਕੇ ਪੰਜਾਬ ਲਈ ਸੋਨੇ ਦਾ ਮੈਡਲ ਜਿੱਤਿਆ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਇੱਕ ਵਾਰ ਫਿਰ ਹਾਕੀ ਨੂੰ ਸੁਰਜੀਤ ਕਰਨ ਦੇ ਉਦੇਸ਼ ਨਾਲ ਮਿਸ਼ਨ ਹਾਕੀ ਦੀ ਸ਼ੁਰੂਆਤ ਵੀ ਕੀਤੀ ਗਈ ਹੈ, ਜਿਸ ਤਹਿਤ ਭਵਿੱਖ ਦੇ ਖਿਡਾਰੀਆਂ ਨੂੰ ਸਿਖਲਾਈ ਦੇ ਕੇ ਉਨ੍ਹਾਂ ਦੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਭਵਿੱਖ ਵਿੱਚ ਫ਼ਿਰੋਜ਼ਪੁਰ ਦੇ ਖਿਡਾਰੀਆਂ ਨੂੰ ਟੀਮ ਵਿੱਚ ਸ਼ਾਮਲ ਕੀਤਾ ਜਾ ਸਕੇ। ਸਟੇਡੀਅਮ ਵਿੱਚ ਅੰਤਰਰਾਸ਼ਟਰੀ ਖਿਡਾਰੀਆਂ ਨਵਸ਼ੇਰ ਸਿੰਘ, ਮਨਿੰਦਰ ਹਾਂਡਾ, ਗੁਰਪ੍ਰੀਤ ਸਿੰਘ, ਰਾਕੇਸ਼ ਕੁਮਾਰ, ਵਿਕਰਮਜੀਤ ਸਿੰਘ, ਤੈਰਾਕੀ ਕੋਚ ਗਗਨ ਮਾਤਾ, ਹੈਂਡਬਾਲ ਕੋਚ ਗੁਰਜੀਤ ਸਿੰਘ, ਵਿਕਰਮਾਦਿੱਤਿਆ ਸ਼ਰਮਾ, ਅਕਸ਼ੈ ਗਲਹੋਤਰਾ ਨੇ ਵਧਾਈ ਦਿੱਤੀ ਅਤੇ ਉਜਵਲ ਭਵਿੱਖ ਦੀ ਕਾਮਨਾ ਕੀਤੀ।



## ਸ਼੍ਰੋਮਣੀ ਅਕਾਲੀ ਦਲ ਯੂਥ ਵੱਲੋਂ ਭਰਤੀ ਮੁਹਿੰਮ ਸ਼ੁਰੂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਨੂੰ ਹੇਠਲੇ ਪੱਧਰ ਤੋਂ ਹੋਰ ਮਜ਼ਬੂਤ ਬਣਾਉਣ ਲਈ ਬਹੁਤ ਹੀ ਯੋਜਨਾਬੱਧ ਤਰੀਕੇ ਨਾਲ ਮੁਹਿੰਮ ਵਿੱਢੀ ਗਈ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਹਲਕਾ ਇੰਚਾਰਜ ਜਥੇ: ਨਾਥ ਸਿੰਘ ਹਮੀਦੀ ਦੀ ਅਗਵਾਈ ਹੇਠ ਯੂਥ ਵਿੰਗ ਦੀ ਮੀਟਿੰਗ ਨੂੰ ਸੰਬੋਧਨ ਕਰਦਿਆ ਕੀਤਾ। ਉਨ੍ਹਾਂ ਕਿਹਾ ਸ਼੍ਰੋਮਣੀ ਅਕਾਲੀ ਦਲ ਦਾ ਹਰਿਆਵਲ ਦਸਤਾ ਨੌਜਵਾਨ ਵਰਗ ਨੂੰ ਅੱਗੇ ਲਿਆ ਕੇ ਵਿਸ਼ੇਸ਼ ਮਾਣ ਸਨਮਾਨ ਦਿੱਤਾ ਜਾਵੇਗਾ। ਪ੍ਰਧਾਨ ਝਿੰਜਰ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸਸ਼ਾ ਨਿਰਦੇਸ਼ਾਂ ਤਹਿਤ ਨੌਜਵਾਨ ਵਰਗ ਨੂੰ ਜਥੇਬੰਦਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਇਲਾਕਾ ਵਾਰ ਜਾਗਰੂਕਤਾ ਸੈਮੀਨਾਰ, ਕੈਂਪ ਲਗਵਾਏ ਜਾ ਰਹੇ ਹਨ। ਆਗਾਮੀ ਚੋਣਾਂ 'ਚ ਅਕਾਲੀ ਦਲ ਵਲੋਂ ਮਿਹਨਤੀ ਨੌਜਵਾਨਾਂ ਢੁੱਕਵਾਂ ਮਾਣ ਸਤਿਕਾਰ ਦੇ ਕੇ ਅਗਵਾਈ ਸੌਂਪੀ ਜਾ ਰਹੀ ਹੈ। ਪਿੰਡ ਪਿੰਡ ਯੂਥ ਵਿੰਗ ਦੀਆਂ ਨਵੀਆਂ ਇਕਾਈਆਂ ਦਾ ਗਠਨ ਕਰਨ ਲਈ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ, ਹਲਕਾ ਇੰਚਾਰਜ, ਸਰਕਲ ਪ੍ਰਧਾਨਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਹਲਕਾ ਇੰਚਾਰਜ ਜਥੇ: ਨਾਥ ਸਿੰਘ ਹਮੀਦੀ, ਸਾਬਕਾ ਚੇਅਰਮੈਨ ਲਛਮਣ ਸਿੰਘ ਮੂੰਮ, ਸੀਨੀ: ਆਗੂ ਡਾ. ਸੁਖਵਿੰਦਰ ਸਿੰਘ ਨਿਹਾਲੂਵਾਲ, ਸਰਕਲ ਪ੍ਰਧਾਨ ਸੁਖਵਿੰਦਰ ਸਿੰਘ ਸੁੱਖਾ, ਸੁਖਬੀਰ ਸਿੰਘ ਸੇਖੀ, ਗੁਰਜੀਤ ਸਿੰਘ ਕਲਾਲਾ, ਅਮਨਦੀਪ ਸਿੰਘ ਠੀਕਰੀਵਾਲਾ, ਹਰਮਨਜੀਤ ਸਿੰਘ ਮਹਿਲ ਕਲਾਂ, ਅਰਸ਼ਦੀਪ ਸਿੰਘ ਢੀਂਡਸਾ ਨੇ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੀਆਂ ਇਕਾਈਆਂ ਹਲਕੇ ਦੇ ਹਰ ਪਿੰਡ 'ਚ ਕਾਇਮ ਕਰਕੇ ਮਿਹਨਤੀ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਦਾ ਵਿਸ਼ਵਾਸ ਦੁਆਇਆ। ਇਸ ਮੌਕੇ ਸੀਨੀ: ਯੂਥ ਆਗੂ ਪ੍ਰਭਜੋਤ ਸਿੰਘ ਧਾਲੀਵਾਲ, ਡਾ. ਦੀਪ ਮਲੇਰਕੋਟਲਾ, ਜੱਗਾ ਸਿੰਘ ਦੋਰਾਹਾ, ਜੋਧਾ ਸਿੰਘ ਠੀਕਰੀਵਾਲਾ, ਗੁਰਦੀਪ ਸਿੰਘ ਟਿਵਾਣਾ, ਹਰਬੰਸ ਸਿੰਘ ਠੀਕਰੀਵਾਲਾ, ਕਰਨਵੀਰ ਸਿੰਘ ਮਹਿਲ ਕਲਾਂ, ਬਾਬਾ ਸ਼ੇਰ ਸਿੰਘ, ਸਾਬਕਾ ਸਰਪੰਚ ਦਰਸ਼ਨ ਸਿੰਘ ਰਾਣੂ, ਬਚਿੱਤਰ ਸਿੰਘ ਧਾਲੀਵਾਲ ਆਦਿ ਹਾਜ਼ਰ ਸਨ।

## ਪ੍ਰੇਰਨਾਦਾਇਕ ਰਿਹਾ ਸਿਰਜਣਾ ਦੇ ਆਰ-ਪਾਰ ਸਮਾਗਮ : ਨਿਰੰਜਨ ਸਿੰਘ ਪ੍ਰੇਮੀ

**ਸਿਰਸਾ (ਸੁਰਿੰਦਰ ਪਾਲ ਸਿੰਘ)**

ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਅਤੇ ਪੰਜਾਬ ਸਾਹਿਤ ਅਕਾਦਮੀ ਚੰਡੀਗੜ੍ਹ ਵੱਲੋਂ ਸਾਂਝੇ ਯਤਨਾਂ ਨਾਲ ਮਹੀਨਾਵਾਰ ਆਨਲਾਈਨ ਪ੍ਰੋਗਰਾਮ ਸਿਰਜਣਾ ਦੇ ਆਰ ਪਾਰ ਸਾਹਿਤਕ ਸਾਂਝਾਂ ਦੇ ਫ਼ਾਊਂਡਰ ਰਮਿੰਦਰ ਰੰਮੀ ਅਤੇ ਪੰਜਾਬ ਸਾਹਿਤ ਅਕਾਦਮੀ ਦੇ ਪ੍ਰਧਾਨ ਡਾ. ਸਰਬਜੀਤ ਕੌਰ ਸੋਹਲ ਦੀ ਅਗਵਾਈ ਵਿੱਚ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ ਸਾਹਿਤ, ਮੀਡੀਆ ਅਤੇ ਪੱਤਰਕਾਰੀ ਨਾਲ ਸਬੰਧਤ ਸ਼ਖ਼ਸੀਅਤ ਡਾ. ਲਖਵਿੰਦਰ ਜੌਹਲ ਨਾਲ ਵਿਸ਼ੇਸ਼ ਰੂਬਰੂ ਕੀਤਾ ਗਿਆ। ਇਸ ਰੂਬਰੂ ਦਾ ਸੰਚਾਲਨ ਪ੍ਰੋ: ਕੁਲਜੀਤ ਕੌਰ ਨੇ ਕੀਤਾ।ਡਾ. ਜੌਹਲ ਨੇ ਆਪਣੇ ਪਰਵਾਰਕ ਪਿਛੋਕੜ ਉਪਰੰਤ ਦੱਸਿਆ ਕਿ ਉਨ੍ਹਾਂ ਦੇ ਵਿਦਿਅਕ ਜੀਵਨ ਵਿੱਚ ਡਾ. ਰਘਬੀਰ ਸਿਰਜਣਾ ਅਤੇ ਪ੍ਰਿੰਸੀਪਲ ਸੰਤ ਸਿੰਘ ਸੇਖੋਂ ਦਾ ਉਨ੍ਹਾ 'ਤੇ ਬਹੁਤ ਪ੍ਰਭਾਵ ਪਿਆ।ਐਮ ਏ ਕਰਨ ਉਪਰੰਤ ਉਹ ਪਹਿਲਾਂ ਨਵਾਂ ਜ਼ਮਾਨਾ ਵਿੱਚ ਕਾਰਜਸ਼ੀਲ ਰਹੇ ਜਿੱਥੇ ਸੁਰਜਣ ਜ਼ੀਰਵੀ ਤੋਂ ਉਨ੍ਹਾ ਬਹੁਤ ਕੁਝ ਸਿੱਖਿਆ। ਫੇਰ ਰੋਜ਼ਾਨਾ ਅਜੀਤ ਵਿੱਚ ਨੌਕਰੀ ਕਰਦਿਆਂ ਡਾ. ਸਾਧੂ ਸਿੰਘ ਹਮਦਰਦ ਤੋਂ ਉਹ ਬਹੁਤ ਪ੍ਰਭਾਵਿਤ ਹੋਏ। ਦੂਰਦਰਸ਼ਨ ਜਲੰਧਰ ਦੀ ਨੌਕਰੀ ਦੇ ਮੁਢਲੇ ਦਿਨਾਂ ਵਿੱਚ ਉਨ੍ਹਾਂ ਨੂੰ ਕੇ ਕੇ ਰੱਤੂ, ਹਰਜੀਤ ਸਿੰਘ ਵਰਗੀਆਂ ਸ਼ਖ਼ਸੀਅਤਾਂ ਨਾਲ ਕੰਮ ਕਰਨ ਦਾ ਅਤੇ ਸਿੱਖਣ ਦਾ ਮੌਕਾ ਮਿਲਿਆ।

ਉਨ੍ਹਾ ਆਪਣੇ ਕਾਰਜ ਕਾਲ ਦੌਰਾਨ ਬਤੌਰ ਪ੍ਰੋਡਿਊਸਰ ਬਹੁਤ ਸਾਰੇ ਪ੍ਰੋਗਰਾਮ ਪੰਜਾਬੀ ਭਾਸ਼ਾ ਦੇ ਵਿਕਾਸ ਸਬੰਧੀ ਕੀਤੇ। ਆਕਾਸ਼ਵਾਣੀ ਜਲੰਧਰ ਵਿਖੇ ਉਨ੍ਹਾਂ ਨੇ ਪੰਜਾਬੀ ਟੀ ਵੀ ਸੀਰੀਅਲਾਂ ਦਾ ਨਿਰਮਾਣ ਕੀਤਾ। ਉਨ੍ਹਾ ਆਪਣੀਆਂ ਬਹੁਤ ਸਾਰੀਆਂ ਕਾਵਿ ਪੁਸਤਕਾਂ ਦਾ ਜ਼ਿਕਰ ਕੀਤਾ। ਇਸ ਪ੍ਰੋਗਰਾਮ ਵਿੱਚ ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਦੇ ਸਰਪ੍ਰਸਤ ਸੁਰਜੀਤ ਕੌਰ, ਪਿਆਰਾ ਸਿੰਘ ਕੁੱਦੋਵਾਲ, ਪ੍ਰੋ ਜਾਗੀਰ ਸਿੰਘ ਕਾਹਲੋਂ, ਸੁਰਿੰਦਰ ਸੁੰਨੜ, ਰਮਿੰਦਰ ਰੰਮੀ, ਨਿਰੰਜਨ ਸਿੰਘ ਪ੍ਰੇਮੀ ਨੇ ਡਾ. ਜੌਹਲ ਵੱਲੋਂ ਆਪਣੇ ਜੀਵਨ ਸਬੰਧੀ ਦਿੱਤੀ ਜਾਣਕਾਰੀ ਨੂੰ ਦਰਸ਼ਕਾਂ ਲਈ ਅਨਮੋਲ ਦੱਸਿਆ। ਪ੍ਰੋਗਰਾਮ ਦੀ ਰਿਪੋਰਟ ਪ੍ਰੋ ਕੁਲਜੀਤ ਕੌਰ ਨੇ ਰਮਿੰਦਰ ਰੰਮੀ ਨੇ ਸਾਂਝੀ ਕੀਤੀ।

## ਅਬੁਲ ਖੁਰਾਣਾ ਤੋਂ 'ਵਿਕਸਿਤ ਭਾਰਤ ਸੰਕਲਪ ਯਾਤਰਾ ਵੈਨ' ਦੀ ਹੋਈ ਸ਼ੁਰੂਆਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾ. ਸੰਜੀਵ ਕੁਮਾਰ ਐੱਸਡੀਐੱਮ ਮਲੋਟ ਵੱਲੋਂ ਅੱਜ ਵਿਕਸਿਤ ਭਾਰਤ ਸੰਕਲਪ ਯਾਤਰਾ ਮੁਹਿੰਮ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਅਬੁਲ ਖੁਰਾਣਾ ਤੋਂ ਵੈਨ ਨੂੰ ਰਵਾਨਾ ਕੀਤਾ ਗਿਆ। ਉਨ੍ਹਾਂ ਦੱਸਿਆ ਇਹ ਵੈਨ ਦੂਰ-ਦੁਰਾਡੇ ਦੇ ਇਲਾਕਿਆਂ ਜਿੱਥੋਂ ਦੇ ਲੋਕ ਭਾਰਤ ਸਰਕਾਰ ਦੀਆਂ ਸਕੀਮਾਂ ਤੋਂ ਵਾਂਝੇ ਰਹਿ ਗਏ ਹਨ ਜਾਂ ਪੂਰੀ ਤਰ੍ਹਾਂ ਲਾਭ ਪ੍ਰਾਪਤ ਨਹੀਂ ਕਰ ਸਕੇ ਜਾਂ ਗਰੀਬ ਲੋਕ ਜੋ ਪੜ੍ਹਾਈ ਆਦਿ ਤੋਂ ਵਾਂਝੇ ਹਨ, ਨੂੰ ਜਾਗਰੂਕ ਕਰੇਗੀ ਤਾਂ ਜੋ ਉਨ੍ਹਾਂ ਲੋਕਾਂ ਨੂੰ ਇਨ੍ਹਾਂ ਸਕੀਮਾਂ ਦਾ ਲਾਭ ਪ੍ਰਾਪਤ ਹੋ ਸਕੇ। ਉਨ੍ਹਾਂ ਦੱਸਿਆ ਕਿ ਇਸ ਵੈਨ ਰਾਹੀਂ ਭਾਰਤ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਸਬੰਧੀ ਜਿਵੇਂ ਫਾਰਮ ਭਰਨ ਤੋਂ ਲੈ ਕੇ ਲਾਭ ਪ੍ਰਾਪਤ ਕਰਨ ਤੱਕ ਦੀ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਸਕਰੀਨ ਸ਼ਾਟ, ਫਿਲਮਾਂ, ਨਾਟਕਾਂ, ਸਕਿੱਟਾਂ, ਗੀਤਾਂ, ਬੋਲੀਆਂ, ਕਲਚਰਲ ਪ੍ਰੋਗਰਾਮਾਂ ਰਾਹੀਂ, ਲਿਟਰੇਚਰ, ਕਿਤਾਬ, ਪੜ੍ਹਨ ਸਮੱਗਰੀ ਆਦਿ ਵੰਡ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਰਾਕੇਸ਼ ਬਿਸ਼ਨੋਈ ਬੀਡੀਪੀਓ ਲੰਬੀ ਨੇ ਦੱਸਿਆ ਕਿ ਕਿ ਵਿਕਸਿਤ ਭਾਰਤ ਸੰਕਲਪ ਯਾਤਰਾ ਵੈਨ ਪਿੰਡ ਅਬੁੱਲ ਖੁਰਾਣਾ ਤੋਂ ਰਵਾਨਾ ਹੋ ਕੇ ਜ਼ਿਲ੍ਹੇ ਦੇ ਜ਼ਿਲ੍ਹੇ ਦੇ ਪਿੰਡਾਂ ਦਾ ਦੌਰਾ ਕਰ ਕੇ ਲੋਕਾਂ ਨੂੰ ਭਾਰਤ ਸਰਕਾਰ ਦੁਆਰਾ ਚਲਾਈਆਂ ਜਾ ਰਹੀਆਂ ਸਕੀਮਾਂ ਸਬੰਧੀ ਜਾਗਰੂਕ ਕਰੇਗੀ ਤਾਂ ਜੋ ਕੋਈ ਵੀ ਸਰਕਾਰ ਦੁਆਰਾ ਚੱਲ ਰਹੀਆਂ ਸਕੀਮਾਂ ਤੋਂ ਵਾਂਝਾ ਨਾ ਰਹੇ। ਇਸ ਪ੍ਰੋਗਰਾਮ ਦੌਰਾਨ ਜਿਲ੍ਹੇ ਦੇ ਵੱਖ-ਵੱਖ ਵਿਭਾਗਾਂ ਵੱਲੋਂ ਭਾਰਤ ਸਰਕਾਰ ਦੁਆਰਾ ਚਲਾਈਆਂ ਜਾ ਰਹੀਆਂ ਸਕੀਮਾਂ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਡਾ. ਗੁਰਮੇਲ ਸਿੰਘ ਸਹਾਇਕ ਪ੍ਰੋਫੈਸਰ ਕ੍ਰਿਸ਼ੀ ਵਿਗਿਆਨ ਕੇਂਦਰ ਸ੍ਰੀ ਮੁਕਤਸਰ ਸਾਹਿਬ ਨੇ ਵਿਕਸਿਤ ਭਾਰਤ ਸੰਕਲਪ ਯਾਤਰਾ ਤਹਿਤ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਅਤੇ ਮਿੱਟੀ ਦੀ ਪਰਖ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

## ਕਾਮਰੇਡ ਸ਼ਮਸ਼ੇਰ ਸ਼ੇਰੀ ਦੀ ਬਰਸੀ 'ਤੇ ਸ਼ਰਧਾਂਜਲੀ ਸਮਾਰੋਹ ਅੱਜ

**ਸੰਗਰੂਰ/ਲਹਿਰਾਗਾਗਾ (ਪ੍ਰਵੀਨ ਸਿੰਘ)**-ਲੋਕ ਸੰਗਰਾਮ ਮੋਰਚਾ ਦੇ ਪ੍ਰਧਾਨ ਤਾਰਾ ਸਿੰਘ ਮੋਗਾ ਅਤੇ ਜਨਰਲ ਸਕੱਤਰ ਸੁਖਮਿੰਦਰ ਸਿੰਘ ਨੇ ਦੱਸਿਆ ਕਿ ਕਮਿਊਨਿਸਟ ਇਨਕਲਾਬੀ ਲਹਿਰ ਦੀ ਉੱਘੀ ਆਗੂ ਸ਼ਖ਼ਸੀਅਤ ਅਤੇ ਸੀ.ਪੀ.ਆਈ. ਮਾਓਵਾਦੀ ਦੇ ਪੋਲਿਟ ਬਿਊਰੋ ਮੈਂਬਰ ਮਰਹੂਮ ਕਾਮਰੇਡ ਸ਼ਮਸ਼ੇਰ ਸਿੰਘ ਸ਼ੇਰੀ ਦੀ ਬਰਸੀ ਮੌਕੇ 2 ਦਸੰਬਰ (ਸ਼ਨੀਵਾਰ) ਨੂੰ ਲਹਿਰਾਗਾਗਾ ਦੇ ਨਜ਼ਦੀਕੀ ਪਿੰਡ ਖੋਖਰ ਕਲਾਂ ਵਿਖੇ ਕ੍ਰਾਂਤੀਕਾਰੀ ਜਥੇਬੰਦੀਆਂ ਅਤੇ ਕਮਿਊਨਿਸਟ ਲਹਿਰ ਦੇ ਹਮਦਰਦਾਂ ਦੇ ਸਹਿਯੋਗ ਨਾਲ ਸ਼ਰਧਾਂਜਲੀ ਸਮਾਰੋਹ ਆਯੋਜਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਲਾਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਵਿੱਚ ਨੁੱਕੜ ਮੀਟਿੰਗਾਂ ਤੇ ਵਿਸ਼ਾਲ ਮੀਟਿੰਗਾਂ ਆਯੋਜਿਤ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸ਼ਰਧਾਂਜਲੀ ਸਮਾਰੋਹ ਵਿੱਚ ਦੇਸ਼ ਅਤੇ ਪੰਜਾਬ ਦੇ ਵੱਖ-ਵੱਖ ਕੋਨਿਆਂ ਤੋਂ ਕਮਿਊਨਿਸਟ ਲਹਿਰ ਦੇ ਕਾਰਕੁੰਨਾਂ, ਸਮਰਥਕਾਂ ਦੇ ਪਹੁੰਚਣ ਦੀ ਸੰਭਾਵਨਾ ਹੈ। ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਸਾਰੀ ਰੂਪ-ਰੇਖਾ ਤੇ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਇਸ ਸਮਾਗਮ ਵਿੱਚ ਪਹੁੰਚ ਕੇ ਆਪਣੇ ਮਰਹੂਮ ਆਗੂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ। ਇਸ ਸਮੇਂ ਜਗਜੀਤ ਸਿੰਘ ਭੁਟਾਲ, ਲਛਮਣ ਸਿੰਘ ਅਲੀਸ਼ੇਰ, ਰਘਵੀਰ ਸਿੰਘ ਭੁਟਾਲ, ਬਲਵਿੰਦਰ ਸਿੰਘ ਜਲੂਰ, ਨਰਿੰਦਰ ਸ਼ਰਮਾ ਲਹਿਰਾਗਾਗਾ, ਰਾਜ ਸਿੰਘ ਖੋਖਰ, ਭਰਪੂਰ ਸਿੰਘ ਖੋਖਰ, ਬਹਾਦਰ ਸਿੰਘ ਖੋਖਰ ਆਦਿ ਤੋਂ ਇਲਾਵਾ ਹੋਰ ਲੋਕ ਪੱਖੀ ਵਿਚਾਰਾਂ ਨਾਲ ਸਬੰਧਤ ਆਗੂ ਵੀ ਹਾਜ਼ਰ ਸਨ।

# ਮਨਿਸਟੀਰੀਅਲ ਕਾਮਿਆਂ ਨੇ ਸਰਕਾਰ ਦਾ ਘੜੇ ਭੰਨ ਕੇ ਕੀਤਾ ਪਿੱਟ-ਸਿਆਪਾ



**ਮਾਨਸਾ (ਪਮਾਰ)**-ਪੀ ਐਸ ਐਮ ਐਸ ਯੂ ਦੇ ਸੱਦੇ 'ਤੇ ਜ਼ਿਲ੍ਹਾ ਮਾਨਸਾ ਦੇ ਸਮੂਹ ਦਫਤਰਾਂ ਦੇ ਮਨਿਸਟਰੀਅਲ ਕਾਮਿਆਂ ਵੱਲੋਂ ਚੱਲ ਰਹੀ ਕਲਮ ਛੋੜ ਹੜਤਾਲ ਅੱਜ 24 ਵੇਂ ਦਿਨ ਵੀ ਜਾਰੀ ਰਹੀ ਅਤੇ ਮੁਕੰਮਲ ਹੜਤਾਲ ਕਰਕੇ ਕਲਮ ਛੋੜ, ਕੰਪਿਊਟਰ ਬੰਦ ਅਤੇ ਆਨਲਾਈਨ ਕੰਮ ਬੰਦ ਕਰਦੇ ਹੋਏ ਸਰਕਾਰੀ ਕੰਮਕਾਜ ਠੱਪ ਬੁਰੀ ਤਰ੍ਹਾਂ ਠੱਪ ਰਿਹਾ। ਸਰਕਾਰ ਵੱਲੋਂ ਇੰਨੇ ਦਿਨਾਂ ਤੋਂ ਚੱਲ ਰਹੀ ਹੜਤਾਲ ਦਾ ਕੋਈ ਨੋਟਿਸ ਨਾ ਲੈਣ ਕਾਰਨ ਗੁੱਸੇ ਅਤੇ ਰੋਹ ਵਿੱਚ ਆਏ ਮੁਲਾਜਮਾਂ ਵੱਲੋਂ ਅੱਜ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮਾਨਸਾ ਦੇ ਦਫਤਰ ਅੱਗੇ ਸਰਕਾਰ ਦੇ ਝੂਠੇ ਲਾਰਿਆਂ ਨਾਲ ਭਰੇ ਘੜੇ ਭੰਨ ਕੇ ਰੋਸ ਮੁਜ਼ਾਹਰਾ ਕਰਕੇ ਸਰਕਾਰ ਦਾ ਪਿੱਟ ਸਿਆਪਾ ਕੀਤਾ ਅਤੇ ਜਬਰਦਸਤ ਨਾਅਰੇਬਾਜ਼ੀ ਵੀ ਕੀਤੀ ਗਈ। ਇਸ ਮੌਕੇ ਸ੍ਰੀ ਜਗਸੀਰ ਸਿੰਘ ਖਾਲਸਾ, ਸਾਬਕਾ ਪ੍ਰਧਾਨ ਪੀ.ਐਸ.ਐਮ.ਐਸ.ਯੂ. ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਹੜਤਾਲ ਪੰਜਾਬ ਸਰਕਾਰ ਦੇ ਮੁਲਾਜਮਾਂ ਜੋ ਕਿ ਜਨਵਰੀ 2004 ਤੋਂ ਬਾਅਦ ਭਰਤੀ ਹੋਏ ਹਨ ਉਨ੍ਹਾਂ ਕਰਮਚਾਰੀਆਂ ਦੀਆਂ ਸਾਲ 1972 ਦੇ ਰੂਲਾਂ ਅਨੁਸਾਰ ਪੁਰਾਣੀ ਪੈਨਸ਼ਨ ਹੂਬਹੂ ਲਾਗੂ ਕਰਨ, ਏ ਸੀ ਪੀ ਸਕੀਮ ਦੀ ਬਹਾਲੀ ਕਰਨ, ਕੇਂਦਰੀ ਪੈਟਰਨ 'ਤੇ ਭਰਤੀ ਬੰਦ ਕਰਵਾਉਣਾ ਅਤੇ ਡੀ ਏ ਦੀਆਂ ਬਕਾਇਆ ਕਿਸ਼ਤਾਂ, ਛੇਵੇਂ ਪੇ ਕਮਿਸ਼ਨ ਦਾ ਬਕਾਇਆ ਜਾਰੀ ਕਰਵਾਉਣ ਲਈ ਇਹ ਹੜਤਾਲ ਕੀਤੀ ਜਾ ਰਹੀ ਹੈ। ਸੰਦੀਪ ਸਿੰਘ ਪ੍ਰਧਾਨ ਸਿਹਤ ਵਿਭਾਗ ਨੇ ਕਿਹਾ ਕਿ ਚੱਲ ਰਹੇ ਸੰਘਰਸ਼ ਨੂੰ ਕਮਜ਼ੋਰ ਕਰਨ ਅਤੇ ਜਥੇਬੰਦੀ ਦੇ ਆਗੂਆਂ ਨੂੰ ਡਰਾਉਣ ਧਮਕਾਉਣ ਲਈ ਪੀ.ਐਸ.ਐਮ.ਯੂ. ਸੂਬਾ ਵਿੱਤ ਸਕੱਤਰ ਦੀ ਬਦਲੀ ਸੰਗਰੂਰ ਤੋਂ ਅੰਮ੍ਰਿਤਸਰ ਵਿਖੇ ਕੀਤੀ ਗਈ ਹੈ। ਬੁਲਾਰਿਆਂ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਵੱਲੋਂ ਅਜੇ ਵੀ ਮਨਿਸਟਰੀਅਲ ਕਾਮਿਆਂ ਦੀ ਮੰਗਾਂ ਵੱਲ ਕੋਈ ਧਿਆਨ ਨਾ ਦਿੱਤਾ ਗਿਆ ਤਾਂ ਸੰਘਰਸ਼ ਨੂੰ ਆਉਣ ਵਾਲੇ ਦਿਨਾਂ ਵਿੱਚ ਹੋਰ ਤਿੱਖਾ ਕੀਤਾ ਜਾਵੇਗਾ ਅਤੇ ਲੋਕਾਂ ਦੀ ਹੋ ਰਹੀ ਖੱਜਲ ਖੁਆਰੀ ਦੀ ਜ਼ਿੰਮੇਵਾਰ ਸਰਕਾਰ ਹੋਵੇਗੀ। ਇਸ ਮੌਕੇ ਕੁਲਵਿੰਦਰ ਸਿੰਘ, ਜ਼ਿਲ੍ਹਾ ਉਦਯੋਗ ਕੇਂਦਰ, ਮਨਪ੍ਰੀਤ ਕੌਰ, ਸੀਨੀਅਰ ਮੀਤ ਪ੍ਰਧਾਨ, ਅਸ਼ੋਕ ਕੁਮਾਰ, ਡੀ.ਸੀ. ਦਫਤਰ, ਹਰਜੀਤ ਕੌਰ, ਪੀ.ਏ. ਸਟਾਫ, ਰਾਜਪਾਲ ਸਿੰਘ, ਜਨਰਲ ਸਕੱਤਰ ਪੀ.ਐਸ.ਐਮ.ਯੂ, ਬੂਟਾ ਸਿੰਘ ਚਹਿਲ ਖੇਤੀਬਾੜੀ ਵਿਭਾਗ, ਸੁਖਵਿੰਦਰ ਸਿੰਘ, ਵਾਟਰ ਸਪਲਾਈ ਵਿਭਾਗ, ਵਰਿੰਦਰ ਕੁਮਾਰ, ਵਣ ਵਿਭਾਗ, ਗੀਤਾ ਗੁਪਤਾ, ਸ਼ੈਲੀ ਰਾਣੀ, ਲਕਸ਼ਵੀਰ ਸਿੰਘ, ਮਨਦੀਪ ਸਿੰਘ, ਸਿਹਤ ਵਿਭਾਗ, ਰਾਜ ਕੁਮਾਰ ਰੰਗਾ, ਭਰਾਤਰੀ ਜਥੇਬੰਦੀ ਅਤੇ ਹੋਰ ਵਿਭਾਗਾਂ ਦੇ ਮਨਿਸਟਰੀਅਲ ਸਾਥੀ ਵੀ ਹਾਜ਼ਰ ਹਨ।

**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਸਟੇਟ ਮਨਿਸਟ੍ਰੀਅਲ ਸਰਵਿਸਿਜ਼ ਯੂਨੀਅਨ ਪੰਜਾਬ ਦੇ ਸੱਦੇ ਅਨੁਸਾਰ ਜ਼ਿਲ੍ਹੇ ਦੇ ਦਫ਼ਤਰੀ ਬਾਬੂਆਂ ਵੱਲੋਂ ਲਗਾਤਾਰ 23ਵੇਂ ਦਿਨ ਕਲਮ ਛੋੜ, ਕੰਪਿਊਟਰ ਬੰਦ ਹੜਤਾਲ ਕਰ ਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਵਿਚ ਸਥਿਤ ਜ਼ਿਲ੍ਹਾ ਖਜ਼ਾਨਾ ਦਫ਼ਤਰ ਮੋਗਾ ਦੇ ਦਫ਼ਤਰ ਅੱਗੇ ਦਰੀਆਂ ਵਿਛਾ ਕੇ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ। ਇਸ ਮੋਰਚੇ ਦੀ ਅਗਵਾਈ ਕਰਦੇ ਹੋਏ ਆਗੂਆਂ ਨੇ ਦੱਸਿਆ ਕਿ ਸਾਡੀ ਹੜਤਾਲ 24ਵੇਂ ਦਿਨ ਵਿਚ ਦਾਖ਼ਲ ਹੋ ਚੁੱਕੀ ਹੈ, ਪਰ ਪੰਜਾਬ ਸਰਕਾਰ ਸਾਡੀਆਂ ਮੰਗਾਂ ਮੰਨਣ ਨੂੰ ਤਿਆਰ ਨਹੀਂ ਹੈ। ਅੱਜ ਦੀ ਇਸ ਰੋਸ ਰੈਲੀ ਵਿਚ ਆਈ ਟੀ ਆਈ ਇੰਪਲਾਈਜ਼ ਯੂਨੀਅਨ ਪੰਜਾਬ ਦੇ ਸਾਥੀ ਵੱਡੀ ਗਿਣਤੀ ਵਿਚ ਸ਼ਾਮਲ ਹੋਏ, ਜਿਸ ਨੂੰ ਸੰਬੋਧਨ ਕਰਦੇ ਹੋਏ ਸਾਥੀ ਨਿਰਮਲ ਸਿੰਘ ਦੇ ਦੱਸਿਆ ਕਿ ਸਾਡੀ ਜਥੇਬੰਦੀ ਤੁਹਾਡੇ ਇਸ ਸੰਘਰਸ਼ ਦਾ ਪੂਰਾ ਸਮਰਥਨ ਕਰੇਗੀ। ਸਰਕਾਰ ਕੱਚੇ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਪੱਕਾ ਕਰੇ ਅਤੇ ਵਿਭਾਗੀ ਮੰਗਾਂ ਅਤੇ ਹੋਰ ਰਹਿੰਦੀਆਂ ਮੰਗਾਂ 'ਤੇ ਪੈਨਲ ਮੀਟਿੰਗ ਦੇ ਕੇ ਮੰਗਾਂ ਦਾ ਨਿਪਟਾਰਾ ਕਰੇ। ਇਸ ਰੋਸ ਰੈਲੀ ਵਿਚ ਕੁਲਦੀਪ ਸਿੰਘ ਜ਼ਿਲ੍ਹਾ ਪ੍ਰਧਾਨ, ਕਮਲਦੀਪ ਸਿੰਘ, ਜੁਗਰਾਜ ਸਿੰਘ, ਰੂਪ ਸਿੰਘ ਪੀਡਬਲਯੂਡੀ, ਕਮਲਪ੍ਰੀਤ ਸਿੰਘ, ਜਸਵਿੰਦਰ ਸਿੰਘ, ਸੰਦੀਪ ਕੁਮਾਰ, ਖਜ਼ਾਨਾ ਦਫ਼ਤਰ ਆਦਿ ਮੌਜੂਦ ਸਨ।

## ਬਾਬਾ ਸੇਵਾ ਸਿੰਘ ਗੁਰੂ ਕੀ ਬੇਰ ਸਾਹਿਬ ਵਾਲਿਆਂ ਦੀ ਬਰਸੀ ਅੱਜ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**

ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਸੰਤ ਬਾਬਾ ਸੇਵਾ ਸਿੰਘ ਅਤੇ ਭਾਈ ਗੁਰਮੇਜ ਸਿੰਘ ਦੀ ਸਾਲਾਨਾ ਬਰਸੀ ਹਰ ਸਾਲ ਦੀ ਤਰ੍ਹਾਂ ਐਤਕੀਂ ਵੀ ਸੰਗਤਾਂ ਵੱਲੋਂ ਅੱਜ 2 ਦਸੰਬਰ ਦਿਨ ਸ਼ਨੀਵਾਰ ਨੂੰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਮਨਾਈ ਜਾ ਰਹੀ ਹੈ, ਜਿਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੁਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਨੇ ਦੱਸਿਆ ਕਿ ਅੱਜ 2 ਦਸੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਉਘੇ ਰਾਗੀ, ਢਾਡੀ, ਕਥਾਵਾਚਕ ਅਤੇ ਕਵੀਸ਼ਰ ਗੁਰੂ ਜੱਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਪੰਥ ਦੀਆਂ ਸਿਰਮੌਰ ਹਸਤੀਆਂ ਧਾਰਮਿਕ ਅਤੇ ਸਿਆਸੀ ਆਗੂ ਸੰਤ ਬਾਬਾ ਸੇਵਾ ਸਿੰਘ ਅਤੇ ਭਾਈ ਗੁਰਮੇਜ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ।

## ਨਗਰ ਕੌਂਸਲ ਵਿਖੇ ਸਫਾਈ ਸੇਵਕਾਂ ਲਈ ਟਰੇਨਿੰਗ ਵਰਕਸ਼ਾਪ

ਅਮਲੋਹ, 1 ਦਸੰਬਰ (ਲਖਵੀਰ ਸਿੰਘ, ਹਰਚਰਨ ਉਪਲ)- ਨਗਰ ਕੌਂਸਲ ਅਮਲੋਹ ਵੱਲੋਂ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅੱਜ ਸਫਾਈ ਸੇਵਕਾਂ ਲਈ ਟਰੇਨਿੰਗ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਫਾਈ ਸੇਵਕਾਂ ਨੂੰ ਡੋਰ ਟੂ ਡੋਰ ਕੁਲੈਕਸ਼ਨ, ਸਿੰਗਲਯੂਜ਼ ਪਲਾਸਟਿਕ ਅਤੇ ਸ਼ਹਿਰ ਦੀ ਸਾਫ ਸਫਾਈ ਅਤੇ ਸਿਹਤ ਸਬੰਧੀ ਟਰੇਨਿੰਗ ਦਿੱਤੀ ਗਈ। ਇਸ ਮੌਕੇ ਸਫਾਈ ਸੇਵਕਾਂ ਨੂੰ ਸੇਫਟੀ ਕਿੱਟਾ ਵੀ ਵੰਡੀਆ ਗਾਈਆਂ। ਇਸ ਮੌਕੇ ਬਲਜਿੰਦਰ ਸਿੰਘ ਕਾਰਜ ਸਾਧਕ ਅਫ਼ਸਰ, ਪ੍ਰਿੰਸੀਪਲ ਨਰਿੰਦਰਜੀਤ ਕੌਰ, ਮਨੋਜ ਕੁਮਾਰ ਅਤੇ ਸਮੂਹ ਨਗਰ ਕੌਸਲ ਅਮਲੋਹ ਦਾ ਸਟਾਫ ਮੌਜੂਦ ਰਿਹਾ।

**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉੱਤਰ ਰੇਲਵੇ, ਫਿਰੋਜ਼ਪੁਰ, ਦੁਵਾਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਜਾਂਦੀ ਹੈ।

| | | |
|---|---|---|
| 1 | ਨੀਲਾਮੀ ਸੂਚੀ ਨੰ: | EAFZR-PnU23-20 |
| | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | 07.12.2023 ਨੂੰ 12:30 ਵਜੇ |
| ਕੰਮ ਦਾ ਨਾਮ | ਜਗਰਾਵ ਬਾਰਾਮੂਲਾ, ਫਿਰੋਜ਼ਪੁਰ ਕੈਂਟ, ਬਲਾਕ-2 ਲੁਧਿਆਣਾ ਅਤੇ ਢੰਡਾਰੀ ਕਲਾ ਰੇਲਵੇ ਸਟੇਸ਼ਨ ਉਤੇ ਪੇ ਐਂਡ ਯੂਜ ਪਖਾਨਿਆਂ ਦੇ ਸੰਚਾਲਨ ਅਤੇ ਰੱਖ-ਰੱਖਾਵ ਦੇ ਲਈ ਠੇਕੇ ਦਾ ਅਲਾਟਮੈਂਟ। | |
| 2 | ਨੀਲਾਮੀ ਸੂਚੀ ਨੰ: | EAFZR-PnU23-21 |
| | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | 13.12.2023 ਨੂੰ 12:30 ਵਜੇ |
| ਕੰਮ ਦਾ ਨਾਮ | ਸ੍ਰੀ ਮਾਤਾ ਵੈਸ਼ਣੋ ਦੇਵੀ ਕਟਰਾ ਰੇਲਵੇ ਸਟੇਸ਼ਨ ਉਤੇ ਪੇ ਐਂਡ ਯੂਜ ਪਖਾਨਿਆਂ ਦੇ ਸੰਚਾਲਨ ਅਤੇ ਰੱਖ-ਰੱਖਾਵ ਦੇ ਲਈ ਠੇਕੇ ਦਾ ਅਲਾਟਮੈਂਟ। | |

ਪੂਰੀ ਜਾਣਕਾਰੀ ਅਤੇ ਰਜਿਸਟਰੈਸ਼ਨ ਦੇ ਲਈ, ਕ੍ਰਿਪਾ ਰੇਲਵੇ ਵੇਬਸਾਈਟ www.ireps.gov.in ਉਤੇ ਜਾਏ। 3764/23

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ - ਚੌਥੀ, ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ **22.12.2023** ਵਕਤ **15.00** ਵਜੇ ਤਕ **www.ireps.gov.in** ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ **www.ireps.gov.in** ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ | ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲੀ | ਕੰਮ | ਦੋਹਰੀ ਬੋਲੀ ਪ੍ਰਣਾਲੀ | 30.11.2023 | 08.12.2023 | 22.12.2023/15:00 ਵਜੇ |

| ਨੰ: | ਟੈਂਡਰ ਨੰ: ਮਿਤੀ | ਟੈਂਡਰ ਦਾ ਵੇਰਵਾ | | | |
|---|---|---|---|---|---|
| 1 | 324-2023-24-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਅੰਮ੍ਰਿਤਸਰ ਦੇ ਤਹਿਤ ਅੰਮ੍ਰਿਤਸਰ-ਖੇਮਕਰਣ ਖੰਡ ਵਿਚ 5 ਨੰ: ਕਵਰ ਸ਼ੇਡ ਦਾ ਪ੍ਰਾਵਧਾਨ ਜੋ ਕਿ ਸੀਮਿਤ ਉਚਾਈ ਵਾਲੇ ਸਬਵੇ ਸੀ-26, ਸੀ-58, ਸੀ-73 ਅਤੇ ਬਯਾਸ-ਤਰਨ ਤਾਰਨ ਖੰਡ ਉਤੇ ਸੀ-2, ਸੀ-60 ਕੰਮ ਕਰਨ ਲਈ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 5,42,02,112.90/- | 4,21,000/- | 60 ਦਿਨ | 08 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ"। | | | |
| 2 | 325-2023-24-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਅੰਮ੍ਰਿਤਸਰ ਦੇ ਤਹਿਤ ਵੇਰਕਾ-ਡੇਰਾ ਬਾਬਾ ਨਾਨਕ ਸੈਕਸ਼ਨ ਵਿਚ 4 ਨੰ: ਕਵਰ ਸ਼ੇਡ ਦਾ ਪ੍ਰਾਵਧਾਨ ਜੋ ਕਿ ਸੀਮਿਤ ਉਚਾਈ ਵਾਲੇ ਸਬਵੇ ਸੀ-29, ਸੀ-52, ਸੀ-53 ਅਤੇ ਸੀ-60 ਕੰਮ ਕਰਨ ਲਈ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 4,33,61,685.36/- | 3,66,800/- | 60 ਦਿਨ | 08 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ"। | | | |
| 3 | 326-2023-24-ADEN-JUC | ਸਹਾਇਕ ਮੰਡਲ ਇੰਜੀਨਿਅਰ/ ਜਲੰਧਰ ਸ਼ਹਿਰ ਦੇ ਅਧੀਨ ਜਲੰਧਰ ਸ਼ਹਿਰ ਵਿਚ ਛੋਟੇ ਟ੍ਰੈਕ ਮਸ਼ੀਨ ਦਫਤਰ, ਕਾਰਯਸ਼ਾਲਾ ਅਤੇ ਸਰਕੁਲੇਟਿੰਗ ਏਰੀਯਾ ਖੇਤਰ ਦਾ ਵਿਸਤਾਰ ਅਤੇ ਭਾਰੀ ਮੁਰੰਮਤ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 39,99,925.28/- | 80,000/- | 60 ਦਿਨ | 06 ਮਹੀਨੇ |
| | | समान प्रकृति का कार्य – "लाग नहीं"। | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ।
2. ਹਿੰਦੀ ਵਿਚ ਕਿਸੀ ਵੀ ਗਲਤੀ ਲਈ ਅੰਗਰੇਜੀ ਵਰਜਨ ਦਾ ਅਵਲੋਕਨ ਕਰੋ, ਤੇ ਅੰਗਰੇਜੀ ਵਰਜਨ ਹੀ ਮਾਨਯ ਹੋਣਗੇ।
ਟੈਂਡਰ ਸੂਚਨਾ ਪੱਤਰ ਨੰ: 324 ਅਤੇ 325—2023—24—ADEN-II-ASR & 326-2023-24-ADEN-JUC Date: 30.11.2023 3787/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਇੰਡਿਯਨ ਬੈਂਕ — Indian Bank**
ਇਲਾਹਾਬਾਦ — ALLAHABAD

**ZONAL OFFICE: S.C.F. 88,URBAN ESTATE, PHASE 1, DUGRI, LUDHIANA.**
**EMAIL: zoludhiana@indianbank.co.in**

**ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਤਹਿਤ ਇੰਡੀਅਨ ਬੈਂਕ, ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ/ਗਰੰਟਰਾਂ ਨੂੰ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਸੱਦਾ ਦਿੰਦਿਆਂ ਹੇਠਾਂ ਦਰਸਾਈਆਂ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕੀਤੇ ਸਨ, ਕਿਉਂਕਿ ਸੰਬੰਧਤ ਪਾਰਟੀਆਂ ਰਕਮ ਵਾਪਸ ਮੋੜਨ 'ਚ ਅਸਫਲ ਰਹੀਆਂ ਹਨ, ਜਾਇਦਾਦ ਦੇ ਮਾਲਕ, ਸੰਬੰਧਤ ਪਾਰਟੀਆਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲਜ਼ ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ 'ਤੇ ਹੇਠਾਂ ਦਰਸਾਈ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ। ਸੰਬੰਧਤ ਪਾਰਟੀਆਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਇੰਡੀਅਨ ਬੈਂਕ ਲੁਧਿਆਣਾ ਦੀ ਹੇਠਾਂ ਦਰਸਾਈ ਕੁਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਸਮੇਤ ਵਸੂਲੀ ਹੇਠ ਹੋਵੇਗਾ, ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਬਰਾਂਚ / ਕਰਜ਼ਦਾਰ/ਗਰੰਟਰ/ ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| ਸ਼ਿਵਪੁਰੀ, ਲੁਧਿਆਣਾ<br>1. (ਕਰਜ਼ਦਾਰ) ਸ੍ਰੀ ਸਤੀਸ਼ ਕੁਮਾਰ, ਮਕਾਨ ਨੰ. 347/158 ਈ/3, ਵਾਰਡ ਨੰ. 25, ਨਿਊ ਕਰਤਾਰ ਨਗਰ, ਪੰਜਾਬੀ ਬਾਗ ਕਾਲੋਨੀ ਲੁਧਿਆਣਾ (2) (ਸਹਿ-ਕਰਜ਼ਦਾਰ) ਸ੍ਰੀਮਤੀ ਪ੍ਰੀਆ ਅਹੂਜਾ ਪਤਨੀ ਸਤੀਸ਼ ਕੁਮਾਰ, ਮਕਾਨ ਨੰ. 347/158 ਈ/3, ਵਾਰਡ ਨੰ. 25, ਨਿਊ ਕਰਤਾਰ ਨਗਰ, ਪੰਜਾਬੀ ਬਾਗ ਕਾਲੋਨੀ ਲੁਧਿਆਣਾ। | ਅਚੱਲ ਜਾਇਦਾਦ ਪਲਾਟ ਨੰ. 8 ਅਤੇ ਰਕਬਾ 50 ਵਰਗ ਗਜ਼, ਖਸਰਾ ਨੰ. 29//24, 34//4/1, ਖੱਤਾ ਨੰ. 612/629, ਜਮ੍ਹਾਂਬੰਦੀ ਸਾਲ 2007-2008 ਬੈਨਾਮਾ ਦਸਤਾਵੇਜ਼ ਨੰ. 2022-23/101/1/428 ਮਿਤੀ 11 ਅਪ੍ਰੈਲ 2003 ਦੇ ਅਧਾਰ 'ਤੇ ਸ੍ਰੀਮਤੀ ਪ੍ਰੀਆ ਅਹੂਜਾ ਪਤਨੀ ਸਤੀਸ਼ ਕੁਮਾਰ ਦੇ ਨਾਂਅ 'ਤੇ, ਪਿੰਡ ਮੌਜ਼ਾ ਜੱਸੀਆਂ, ਹਦਬਸਤ ਨੰ. 101, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਪਲਾਟ ਨੰ. 7-30'-0", ਪੱਛਮ : ਪਲਾਟ ਨੰ. 9-30'-0", ਉੱਤਰ : ਗਲੀ 20 ਫੁੱਟ ਚੌੜੀ 15'-0", ਦੱਖਣ : ਗੁਆਂਢ 15'-0" | 19.09.2023 | 01.12.2023 | ਸੰਕੇਤਕ ਕਬਜ਼ਾ<br>ਰੁਪਏ 17,57,684.00/- (ਸਤਾਰਾਂ ਲੱਖ ਸਤਵੰਜਾ ਹਜ਼ਾਰ ਛੇ ਸੌ ਚੁਰਾਸੀ ਰੁਪਏ ਕੇਵਲ) ਅਤੇ ਇਸ ਉਪਰ ਵਿਆਜ |

ਮਿਤੀ : 01.12.2023 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

## ...ਸਫ਼ਾ 1 ਦੇ ਬਾਕੀ

### ਮਜੀਠੀਆ ਖਾਨਦਾਨ ਨੇ...

ਮਜੀਠੀਆ ਖ਼ਾਨਦਾਨ ਨੂੰ ਅੰਗਰੇਜ਼ਾਂ ਨੇ ਸਰ ਦੀ ਉਪਾਧੀ ਨਾਲ ਨਿਵਾਜਿਆ ਸੀ ਅਤੇ ਇਹ ਉਪਾਧੀ ਅੰਗਰੇਜ਼ ਆਪਣੇ ਪਿੱਠੂਆਂ ਨੂੰ ਦਿੰਦੇ ਸਨ। ਮਜੀਠੀਆ ਖ਼ਾਨਦਾਨ ਨੇ 13 ਅਪ੍ਰੈਲ 1919 ਨੂੰ ਵਾਪਰੇ ਜਲ੍ਹਿਆਂ ਵਾਲਾ ਬਾਗ ਦੇ ਕਤਲੇਆਮ ਵਾਲੇ ਦਿਨ ਤੋਂ ਅਗਲੇ ਦਿਨ ਇਸ ਕਤਲੇਆਮ ਦੇ ਦੋਸ਼ੀ ਜਨਰਲ ਡਾਇਰ ਨੂੰ ਖਾਣਾ ਪਰੋਸਿਆ, ਜਿਸ ਤੋਂ ਇਨ੍ਹਾਂ ਦੀ ਘਟੀਆ ਜ਼ਹਿਨੀਅਤ ਦਾ ਪਤਾ ਲਗਦਾ ਹੈ। ਇੱਥੇ ਹੀ ਬੱਸ ਨਹੀਂ, ਜਨਰਲ ਡਾਇਰ ਨੂੰ ਸਿਰੋਪਾਓ ਵੀ ਦਿਵਾਇਆ ਗਿਆ ਅਤੇ ਮੁਆਫ਼ੀ ਵੀ ਦਿਵਾਈ। ਉਨ੍ਹਾ ਕਿਹਾ ਕਿ ਇਹ ਹੋਰ ਵੀ ਹੈਰਾਨੀ ਦੀ ਗੱਲ ਹੈ ਕਿ ਸਿਰੋਪਾਓ ਦੇਣ ਵਾਲੇ ਜਥੇਦਾਰ ਅਰੂੜ ਸਿੰਘ ਲੋਕ ਸਭਾ ਮੈਂਬਰ ਸਿਮਰਨਜੀਤ ਸਿੰਘ ਮਾਨ ਦੇ ਨਾਨਾ ਸਨ। ਮਾਨ ਨੇ ਕਿਹਾ—ਇਤਿਹਾਸ ਕਦੇ ਮਿਟਾਇਆ ਨਹੀਂ ਜਾ ਸਕਦਾ, ਮਜੀਠੀਆ ਦੇ ਪੁਰਖਿਆਂ ਦੇ ਕਿਰਦਾਰ ਇਤਿਹਾਸ ਦੇ ਪੰਨਿਆਂ ਵਿੱਚ ਦਰਜ ਹਨ। ਸ਼੍ਰੋਮਣੀ ਅਕਾਲੀ ਦਲ ਦੀ ਤਰਸਯੋਗ ਸਥਿਤੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਪਾਰਟੀ ਦਾ ਬੇੜਾ ਹੁਣ ਡੁੱਬ ਚੁੱਕਾ ਹੈ ਅਤੇ ਹਾਲਤ ਇਹ ਬਣੀ ਹੋਈ ਹੈ ਕਿ ਸੁਖਬੀਰ ਸਿੰਘ ਬਾਦਲ, ਬਿਕਰਮ ਸਿੰਘ ਮਜੀਠੀਆ ਤੇ ਹਰਸਿਮਰਤ ਬਾਦਲ ਦੀ ਸੁਰ ਵੀ ਆਪਸ ਵਿੱਚ ਨਹੀਂ ਮਿਲਦੀ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਸਰਕਾਰੀ ਨੌਕਰੀਆਂ ਦੇਣ ਦੇ ਸਿਲਸਿਲੇ ਨੂੰ ਜਾਰੀ ਰੱਖਦਿਆਂ ਪੰਜਾਬ ਸਰਕਾਰ ਨੇ ਵੱਖ-ਵੱਖ ਵਿਭਾਗਾਂ ਵਿੱਚ ਹੁਣ ਤੱਕ 37934 ਨੌਜਵਾਨਾਂ ਨੂੰ ਨੌਕਰੀਆਂ ਮੁਹੱਈਆ ਕਰਵਾ ਦਿੱਤੀਆਂ ਹਨ। ਵੱਖ-ਵੱਖ ਵਿਭਾਗਾਂ ਦੇ 251 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪਣ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਾਰੀਆਂ 37934 ਨਿਯੁਕਤੀਆਂ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ ਉਤੇ ਹੋਈਆਂ ਹਨ। ਪਾਰਦਰਸ਼ੀ ਪ੍ਰਕਿਰਿਆ ਅਪਨਾਉਣ ਤੋਂ ਬਾਅਦ ਇਹ ਨਿਯੁਕਤੀਆਂ ਕੀਤੀਆਂ ਗਈਆਂ ਹਨ ਅਤੇ ਇਨ੍ਹਾਂ ਨੌਜਵਾਨਾਂ ਨੇ ਬੇਹੱਦ ਮੁਕਾਬਲੇ ਵਾਲੀਆਂ ਪ੍ਰੀਖਿਆਵਾਂ ਪਾਸ ਕਰਨ ਮਗਰੋਂ ਇਹ ਨੌਕਰੀਆਂ ਹਾਸਲ ਕੀਤੀਆਂ ਹਨ। ਲੜਕੀਆਂ ਨੂੰ ਨੌਕਰੀਆਂ ਦੇ ਵਧੇਰੇ ਮੌਕੇ ਮਿਲਣ ਉਤੇ ਖੁਸ਼ੀ ਸਾਂਝੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਲੜਕੀਆਂ ਪ੍ਰਤੀ ਆਪਣੀ ਧਾਰਨਾ ਬਦਲ ਲੈਣੀ ਚਾਹੀਦੀ ਹੈ, ਕਿਉਂਕਿ ਲੜਕੀਆਂ ਹਰੇਕ ਖੇਤਰ ਵਿੱਚ ਬਾਜ਼ੀ ਮਾਰ ਰਹੀਆਂ ਹਨ। ਉਨ੍ਹਾ ਕਿਹਾ ਕਿ ਇਹ ਬੜੀ ਖ਼ੁਸ਼ੀ ਦੀ ਗੱਲ ਹੈ ਕਿ ਪੰਜਾਬ ਵਿੱਚ ਹੁਣ ਰਿਵਰਸ ਮਾਈਗ੍ਰੇਸ਼ਨ (ਵਤਨ ਵਾਪਸੀ) ਦਾ ਰੁਝਾਨ ਸ਼ੁਰੂ ਹੋਣ ਲੱਗਾ ਹੈ ਅਤੇ ਕਈ ਨੌਜਵਾਨਾਂ ਨੇ ਵਿਦੇਸ਼ ਛੱਡ ਕੇ ਪੰਜਾਬ ਵਿੱਚ ਸਰਕਾਰੀ ਨੌਕਰੀਆਂ ਹਾਸਲ ਕੀਤੀਆਂ ਹਨ।

ਪੰਜਾਬ ਦੇ ਖਜ਼ਾਨੇ ਨੂੰ ਖਾਲੀ ਕਹਿ ਕੇ ਲੋਕਾਂ ਦੇ ਅੱਖੀਂ-ਘੱਟਾ ਪਾਉਣ ਵਾਲੇ ਸਿਆਸੀ ਆਗੂਆਂ ਉਤੇ ਤਿੱਖਾ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਸਲ ਵਿੱਚ ਖਜ਼ਾਨਾ ਕਦੇ ਖਾਲੀ ਨਹੀਂ ਹੁੰਦਾ, ਸਗੋਂ ਲੀਡਰਾਂ ਦੀ ਨੀਅਤ ਖੋਟੀ ਹੁੰਦੀ ਹੈ। ਇਹ ਲੀਡਰ ਲੋਕਾਂ ਦਾ ਪੈਸਾ ਆਪਣੇ ਚਾਚੇ-ਭਤੀਜੇ, ਸਾਲੇ-ਜੀਜੇ ਨੂੰ ਦੋਵੇਂ ਹੱਥੀਂ ਲੁਟਾਉਂਦੇ ਸਨ।

ਮੁੱਖ ਮੰਤਰੀ ਨੂੰ ਲੋਕ ਸੇਵਾ ਨੂੰ ਪ੍ਰਣਾਇਆ ਰਹਿਣ ਵਾਲਾ ਅਹੁਦਾ ਦੱਸਦਿਆਂ ਮਾਨ ਨੇ ਕਿਹਾ ਕਿ ਇਹ ਕੁਰਸੀ ਆਰਾਮਪ੍ਰਸਤੀ ਲਈ ਨਹੀਂ ਹੁੰਦੀ, ਸਗੋਂ 24 ਘੰਟੇ ਲੋਕ ਸੇਵਾ ਨੂੰ ਸਮਰਪਿਤ ਹੁੰਦੀ ਹੈ। ਉਹ ਪੰਜਾਬ ਦੀਆਂ ਜ਼ਮੀਨੀ ਹਕੀਕਤਾਂ ਤੋਂ ਚੰਗੀ ਤਰ੍ਹਾਂ ਜਾਣੂੰ ਹਨ, ਜਿਸ ਕਰਕੇ ਉਹ ਪੰਜਾਬ ਦੇ ਹਿੱਤ ਵਿੱਚ ਤੁਰੰਤ ਫੈਸਲਾ ਲੈਂਦੇ ਹਨ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਵੀ ਨਸੀਹਤ ਦਿੱਤੀ ਕਿ ਜ਼ਮੀਨੀ ਸਥਿਤੀ ਨੂੰ ਸਮਝਣ ਤੋਂ ਬਿਨਾਂ ਚੰਡੀਗੜ੍ਹ ਬੈਠ ਕੇ ਫੈਸਲੇ ਨਾ ਕੀਤੇ ਜਾਣ, ਕਿਉਂਕਿ ਹਰੇਕ ਇਲਾਕੇ ਦੇ ਹਾਲਾਤ ਵੱਖ-ਵੱਖ ਹੁੰਦੇ ਹਨ।

### ਪੰਜਾਬ ਜੀ ਐੱਸ ਟੀ ਬਿੱਲ...

ਵਿੱਚ ਅਸਫਲਤਾ/ਗਲਤ ਜਾਣਕਾਰੀ ਦੇਣਾ ਆਦਿ ਨੂੰ ਅਪਰਾਧਾਂ ਦੀ ਸੂਚੀ ਵਿੱਚੋਂ ਹਟਾਇਆ ਗਿਆ ਹੈ ਅਤੇ ਬਿਨਾਂ ਚਲਾਨ ਜਾਰੀ ਕੀਤਿਆਂ ਵਸਤਾਂ ਜਾਂ ਸੇਵਾਵਾਂ ਦੀ ਸਪਲਾਈ ਕਰਨ ਨਾਲ ਸੰਬੰਧਤ ਅਪਰਾਧਾਂ ਨੂੰ ਛੱਡ ਕੇ ਹੋਰਨਾਂ ਅਪਰਾਧਾਂ ਲਈ ਮੁਕੱਦਮਾ ਚਲਾਉਣ ਲਈ ਮੁਦਰਾ ਸੀਮਾ ਨੂੰ ਇੱਕ ਕਰੋੜ ਰੁਪਏ ਤੋਂ ਵਧਾ ਕੇ ਦੋ ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਉਨ੍ਹਾ ਕਿਹਾ ਕਿ ਇਸ ਉਪਾਅ ਦਾ ਉਦੇਸ਼ ਕਰਦਾਤਾਵਾਂ ਵਿੱਚ ਵਿਸ਼ਵਾਸ ਨੂੰ ਵਧਾਉਣਾ ਅਤੇ ਅਪਰਾਧਾਂ ਦੀ ਗੰਭੀਰਤਾ ਨੂੰ ਤਰਕਸੰਗਤ ਬਣਾਉਣਾ ਹੈ। ਸੂਬੇ ਲਈ ਵਧੇਰੇ ਮਾਲੀਆ ਸਰੋਤ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਆਨਲਾਈਨ ਮਨੀ ਗੇਮਿੰਗ ਨਾਲ ਸੰਬੰਧਤ ਤਜਵੀਜ਼ਾਂ ਬਾਰੇ ਦੱਸਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਇਨ੍ਹਾਂ ਸਦਕਾ ਸੂਬਾ ਸਰਕਾਰ ਆਨਲਾਈਨ ਮਨੀ ਗੇਮਿੰਗ 'ਤੇ ਟੈਕਸ ਲਗਾ ਸਕੇਗੀ। ਉਨ੍ਹਾ ਕਿਹਾ ਕਿ ਆਨਲਾਈਨ ਮਨੀ ਗੇਮਿੰਗ ਦੇ ਸਪਲਾਇਰਾਂ ਦੀ ਲਾਜ਼ਮੀ ਰਜਿਸਟ੍ਰੇਸ਼ਨ ਨਾਲ ਰਾਜ ਦੇ ਮਾਲੀਏ ਵਿੱਚ ਹੋਰ ਵਿਸਥਾਰ ਹੋਵੇਗਾ। ਸੂਬੇ ਨੂੰ ਆਰਥਕ ਪੱਖੋਂ ਮਜ਼ਬੂਤ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਚੀਮਾ ਨੇ ਕਿਹਾ ਕਿ ਕਰ ਪ੍ਰਣਾਲੀ ਨੂੰ ਹੋਰ ਪਾਰਦਰਸ਼ੀ ਅਤੇ ਸੁਖਾਲਾ ਬਣਾ ਕੇ ਇਮਾਨਦਾਰ ਟੈਕਸਦਾਤਾਵਾਂ ਦੇ ਹਿੱਤਾਂ ਦੀ ਰਾਖੀ ਕੀਤੀ ਜਾਵੇਗੀ ਅਤੇ ਨਾਲ ਹੀ ਸੂਬੇ ਦੇ ਲੋਕਾਂ ਦੀ ਭਲਾਈ ਲਈ ਮਾਲੀਏ ਵਿੱਚ ਵਾਧਾ ਕੀਤਾ ਜਾਵੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**
ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

2-DEC-PAGE-3.qxd 12/1/2023 9:59 PM Page 1




GOVT. OF PUNJAB

# ਵਿਕਾਸ ਕ੍ਰਾਂਤੀ

## ਵੱਲ ਵਧਦੇ ਕਦਮ




# ₹ 1854 ਕਰੋੜ

## ਦੀ ਲਾਗਤ ਨਾਲ

# ਵਿਕਾਸ ਪ੍ਰਾਜੈਕਟ

**ਮੁੱਖ ਮਹਿਮਾਨ**

**ਸ੍ਰੀ ਅਰਵਿੰਦ ਕੇਜਰੀਵਾਲ**
ਮੁੱਖ ਮੰਤਰੀ, ਦਿੱਲੀ

2 ਦਸੰਬਰ, 2023 ਨੂੰ ਸਵੇਰੇ 11:00 ਵਜੇ
ਸਥਾਨ : ਨਗਰ ਸੁਧਾਰ ਟਰੱਸਟ ਮੈਦਾਨ, (ਸਕੀਮ-7)
ਨੇੜੇ ਨਵਾਂ ਬੱਸ ਅੱਡਾ, ਗੁਰਦਾਸਪੁਰ



**ਭਗਵੰਤ ਸਿੰਘ ਮਾਨ**
ਮੁੱਖ ਮੰਤਰੀ, ਪੰਜਾਬ

ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ

2-Dec-PAGE-4.qxd 12/1/2023 10:03 PM Page 1

ਨਵਾਂ ਜ਼ਮਾਨਾ

ਸ਼ਨੀਵਾਰ, 2 ਦਸੰਬਰ 2023

# ਗੁਜਰਾਤ ਵਿਨਾਸ਼ ਮਾਡਲ

*ਕੈਨੇਡਾ ਵਿੱਚ ਖਾਲਿਸਤਾਨੀ ਆਗੂ ਹਰਦੀਪ ਸਿੰਘ ਨਿੱਜਰ ਦੀ ਹੱਤਿਆ ਤੋਂ ਬਾਅਦ ਹੁਣ ਅਮਰੀਕਾ ਨੇ ਦੋਸ਼ ਲਾਇਆ ਹੈ ਕਿ ਭਾਰਤ ਸਰਕਾਰ ਦਾ ਇੱਕ ਅਧਿਕਾਰੀ ਅਮਰੀਕੀ ਨਾਗਰਿਕ ਖਾਲਿਸਤਾਨੀ ਗੁਰਪਤਵੰਤ ਸਿੰਘ ਪਨੂੰ ਨੂੰ ਮਾਰਨ ਦੀ ਸਾਜ਼ਿਸ਼ ਰਚ ਰਿਹਾ ਸੀ।*

*'ਟੈਲੀਗਰਾਫ' ਨੇ ਪਹਿਲੇ ਪੰਨੇ 'ਤੇ ਇਸ ਸਾਜ਼ਿਸ਼ ਬਾਰੇ ਜੋ ਕਹਾਣੀ ਪੇਸ਼ ਕੀਤੀ ਹੈ, ਉਹ ਰੌਂਗਟੇ ਖੜ੍ਹੇ ਕਰਨ ਵਾਲੀ ਹੈ। ਇਸ ਵਿੱਚ ਦੱਸਿਆ ਗਿਆ ਹੈ ਕਿ ਕੈਨੇਡਾ ਵਿੱਚ ਹਰਦੀਪ ਸਿੰਘ ਨਿੱਜਰ ਦੀ ਹੱਤਿਆ ਤੇ ਅਮਰੀਕਾ ਵਿੱਚ ਗੁਰਪਤਵੰਤ ਸਿੰਘ ਪਨੂੰ ਨੂੰ ਮਾਰਨ ਦੀ ਸਾਜ਼ਿਸ਼ ਘੜਨ ਵਾਲਾ ਇੱਕੋ ਹੀ ਵਿਅਕਤੀ ਸੀ। ਇਹ ਵਿਅਕਤੀ ਦਿੱਲੀ ਵਿੱਚ ਰਹਿੰਦਾ ਹੈ ਤੇ ਭਾਰਤ ਸਰਕਾਰ ਦਾ ਇੱਕ ਉੱਚ ਅਧਿਕਾਰੀ ਹੈ। ਇਹ ਪਹਿਲਾਂ ਕੇਂਦਰੀ ਰਿਜ਼ਰਵ ਪੁਲਸ/ਫੋਰਸ ਵਿੱਚ ਤਾਇਨਾਤ ਸੀ। ਇਸ ਦੌਰਾਨ ਉਸ ਨੂੰ ਯੁੱਧ ਕਲਾ ਤੇ ਹਥਿਆਰਾਂ ਦੀ ਟਰੇਨਿੰਗ ਦੇ ਕੇ ਖੁਫ਼ੀਆ ਵਿਭਾਗ ਵਿੱਚ ਨਿਯੁਕਤ ਕੀਤਾ ਗਿਆ ਸੀ।*

*ਅਮਰੀਕਾ ਦੇ ਨਿਆਂ ਵਿਭਾਗ ਵੱਲੋਂ ਮੈਨਹਟਨ ਦੀ ਅਦਾਲਤ ਵਿੱਚ ਕੇਸ ਦਰਜ ਕਰਾ ਦਿੱਤਾ ਗਿਆ ਹੈ। ਇਸ ਸੰਬੰਧੀ ਦੋਸ਼ ਪੱਤਰ ਵਿੱਚ ਕਿਹਾ ਗਿਆ ਹੈ ਕਿ ਸੀ ਸੀ-1 ਗੁਪਤ ਨਾਂਅ ਵਾਲੇ ਭਾਰਤੀ ਅਧਿਕਾਰੀ ਨੇ ਗੁਰਪਤਵੰਤ ਸਿੰਘ ਪਨੂੰ ਨੂੰ ਮਾਰਨ ਲਈ ਨਿਖਿਲ ਗੁਪਤਾ ਨਾਂਅ ਦੇ ਗੁਜਰਾਤੀ ਦੀ ਜ਼ਿੰਮੇਵਾਰੀ ਲਾਈ ਗਈ ਸੀ। ਉਸ ਨਾਲ ਵਾਅਦਾ ਕੀਤਾ ਗਿਆ ਕਿ ਗੁਜਰਾਤ ਵਿੱਚ ਉਸ ਵਿਰੁੱਧ ਦਰਜ ਨਸ਼ੀਲੇ ਪਦਾਰਥਾਂ ਦੀ ਸਮਗਲਿੰਗ ਦਾ ਕੇਸ ਰੱਦ ਕਰ ਦਿੱਤਾ ਜਾਵੇਗਾ ਤੇ ਨਾਲ ਹੀ 1 ਲੱਖ ਡਾਲਰ 'ਕੰਮ ਹੋਣ' ਉੱਤੇ ਦਿੱਤਾ ਜਾਵੇਗਾ। ਨਿਖਿਲ ਗੁਪਤਾ ਨੇ ਇਸ ਕੰਮ ਲਈ ਜਿਸ ਸ਼ੂਟਰ ਨਾਲ ਸੰਪਰਕ ਕੀਤਾ, ਅਸਲ ਵਿੱਚ ਉਹ ਅਮਰੀਕੀ ਖੁਫ਼ੀਆ ਵਿਭਾਗ ਦਾ ਬੰਦਾ ਸੀ। ਨਿਖਿਲ ਗੁਪਤਾ ਜਦੋਂ ਉਕਤ ਵਿਅਕਤੀ ਨੂੰ ਅਡਵਾਂਸ 15 ਹਜ਼ਾਰ ਡਾਲਰ ਦੇਣ ਲਈ ਮਿਲਿਆ ਤਾਂ ਉਸ ਨੂੰ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਨਿਖਿਲ ਗੁਪਤਾ ਹੁਣ ਅਮਰੀਕਾ ਦੀ ਜੇਲ੍ਹ ਵਿੱਚ ਹੈ। ਭਾਰਤੀ ਅਧਿਕਾਰੀ ਸੀ ਸੀ-1 ਤੇ ਨਿਖਿਲ ਗੁਪਤਾ ਵਿਚਕਾਰ ਸੰਦੇਸ਼ਾਂ ਤੇ ਗੱਲਬਾਤ ਦੇ ਸਾਰੇ ਵੇਰਵੇ ਅਦਾਲਤ ਵਿੱਚ ਪੇਸ਼ ਕੀਤੇ ਜਾ ਚੁੱਕੇ ਹਨ।*

*ਅਮਰੀਕਾ ਸਰਕਾਰ ਨੇ ਹਾਲੇ ਸਾਰੇ ਵੇਰਵੇ ਜਨਤਕ ਨਹੀਂ ਕੀਤੇ, ਕਿਉਂਕਿ ਉਹ ਇਸ ਦਾ ਸਿਆਸੀ ਲਾਭ ਲੈਣਾ ਚਾਹੁੰਦੀ ਹੈ। ਅਮਰੀਕੀ ਸਰਕਾਰ ਸਾਹਮਣੇ ਇਸ ਸਮੇਂ ਨਿਖਿਲ ਗੁਪਤਾ ਨਹੀਂ, ਭਾਰਤ ਸਰਕਾਰ ਦੋਸ਼ੀ ਹੈ, ਜਿਸ ਨੂੰ ਉਸ ਨੇ ਰੰਗੇ ਹੱਥੀਂ ਫੜ ਲਿਆ ਹੈ। ਇਹ ਸਾਰਾ ਕੇਸ ਅਮਰੀਕੀ ਪ੍ਰਸ਼ਾਸਨ ਨੇ ਭਾਰਤ ਨੂੰ ਬਲੈਕਮੇਲ ਕਰਨ ਲਈ ਇੱਕ ਹਥਿਆਰ ਵਜੋਂ ਸਾਂਭ ਕੇ ਰੱਖ ਲਿਆ ਹੈ। ਉਹ ਕਿਸੇ ਵੀ ਸਮੇਂ ਸਾਰਾ ਚਿੱਠਾ ਖੋਲ੍ਹ ਕੇ ਸਾਡੇ ਦੇਸ਼ ਨੂੰ ਦੁਨੀਆ ਭਰ 'ਚ ਸ਼ਰਮਸਾਰ ਕਰ ਸਕਦਾ ਹੈ। ਭਾਵੇਂ ਭਾਰਤ ਸਰਕਾਰ ਲਗਾਤਾਰ ਇਹ ਕਹਿ ਰਹੀ ਹੈ ਕਿ ਅਜਿਹੀਆਂ ਕਾਰਵਾਈਆਂ ਕਰਨਾ ਸਾਡੀ ਨੀਤੀ ਦਾ ਹਿੱਸਾ ਨਹੀਂ, ਪਰ ਇਸ ਸਭ ਦਾ ਗੁਜਰਾਤ ਕੁਨੈਕਸ਼ਨ ਸ਼ੱਕ ਪੈਦਾ ਕਰਨ ਲਈ ਕਾਫ਼ੀ ਹੈ।*

*2014 ਵਿੱਚ ਨਰਿੰਦਰ ਮੋਦੀ, ਜਿਸ ਗੁਜਰਾਤ ਮਾਡਲ ਦੇ ਘੋੜੇ 'ਤੇ ਸਵਾਰ ਹੋ ਕੇ ਪ੍ਰਧਾਨ ਮੰਤਰੀ ਦੀ ਕੁਰਸੀ ਤੱਕ ਪੁੱਜੇ ਸਨ, ਅਸਲ ਵਿੱਚ ਉਹ ਵਿਕਾਸ ਨਹੀਂ, ਵਿਨਾਸ਼ ਮਾਡਲ ਸੀ। ਇਸ ਮਾਡਲ ਦੀ ਸ਼ੁਰੂਆਤ 2002 ਦੇ ਗੁਜਰਾਤ ਦੰਗਿਆਂ ਨਾਲ ਹੋਈ ਸੀ। ਗੁਜਰਾਤ ਦੇ ਉਸ ਵੇਲੇ ਦੇ ਗ੍ਰਹਿ ਰਾਜ ਮੰਤਰੀ ਹਰੇਨ ਪਾਂਡਿਆ, ਜਿਸ ਨੇ ਗੋਧਰਾ ਤੋਂ ਲਾਸ਼ਾਂ ਅਹਿਮਦਾਬਾਦ ਲਿਆਉਣ ਦਾ ਵਿਰੋਧ ਕੀਤਾ ਸੀ ਤੇ ਫਿਰ ਦੰਗਿਆਂ ਵਿੱਚ ਸਰਕਾਰ ਦੀ ਸ਼ਮੂਲੀਅਤ ਬਾਰੇ 'ਆਊਟ ਲੁੱਕ' ਨੂੰ ਇੰਟਰਵਿਊ ਦੇ ਦਿੱਤਾ ਸੀ, ਨੂੰ 2003 ਵਿੱਚ ਪਾਰ ਬੁਲਾ ਦਿੱਤਾ ਗਿਆ ਸੀ। ਉਸ ਤੋਂ ਬਾਅਦ ਗ੍ਰਹਿ ਮੰਤਰੀ ਅਮਿਤ ਸ਼ਾਹ ਬਣੇ। ਉਨ੍ਹਾਂ ਦੀ ਰਹਿਨੁਮਾਈ ਹੇਠ ਪਹਿਲਾਂ ਸੋਹਰਾਬੁਦੀਨ ਸ਼ੇਖ ਤੇ ਉਸ ਦੀ ਪਤਨੀ ਕੌਸਰ ਸ਼ੇਖ ਨੂੰ 2005 ਵਿੱਚ ਇੱਕ ਮੁਕਾਬਲੇ ਦੌਰਾਨ ਮਾਰ ਦਿੱਤਾ ਗਿਆ ਸੀ। ਉਸ ਤੋਂ ਬਾਅਦ ਮੌਕੇ ਦੇ ਗਵਾਹ ਤੁਲਸੀ ਪਰਜਾਪਤੀ ਨੂੰ ਵੀ ਗੱਡੀ ਚਾੜ੍ਹ ਦਿੱਤਾ ਗਿਆ ਸੀ। ਇਸ ਕੇਸ ਵਿੱਚ ਜਦੋਂ ਸੀ ਬੀ ਆਈ ਦੇ ਇਮਾਨਦਾਰ ਜੱਜ ਬ੍ਰਿਜ ਮੋਹਨ ਲੋਇਆ ਨੇ ਸਾਰੇ ਜ਼ਿੰਮੇਵਾਰਾਂ ਵਿਰੁੱਧ ਸ਼ਿਕੰਜਾ ਕੱਸਣਾ ਸ਼ੁਰੂ ਕੀਤਾ ਤਾਂ 30 ਨਵੰਬਰ 2014 ਨੂੰ ਜੱਜ ਲੋਇਆ ਇੱਕ ਰੈਸਟ ਹਾਊਸ ਵਿੱਚ ਮ੍ਰਿਤਕ ਮਿਲੇ ਸਨ। ਭਾਰਤ ਦੇ ਇਤਿਹਾਸ ਵਿੱਚ ਜੱਜ ਲੋਇਆ ਦੀ ਹੋਈ ਮੌਤ, ਪਹਿਲਾ ਅਜਿਹਾ ਮਾਮਲਾ ਸੀ, ਜਦੋਂ ਭਾਜਪਾ ਦੀ ਸੂਬਾ ਸਰਕਾਰ ਸੀ ਬੀ ਆਈ ਵਿਰੁੱਧ ਸੁਪਰੀਮ ਕੋਰਟ ਤੱਕ ਲੜੀ ਤਾਂ ਕਿ ਇਸ ਦੀ ਜਾਂਚ ਨਾ ਹੋਵੇ।*

*ਉਕਤ ਸਾਰਾ ਗੁਜਰਾਤ ਵਿਨਾਸ਼ ਮਾਡਲ ਉਦੋਂ ਦਾ ਹੈ, ਜਦੋਂ ਮੌਜੂਦਾ ਹਾਕਮ ਗੁਜਰਾਤ ਦੀਆਂ ਹਕੂਮਤੀ ਕੁਰਸੀਆਂ ਉੱਤੇ ਬੈਠੇ ਸਨ। ਇਸ ਵੇਲੇ ਤਾਂ ਉਨ੍ਹਾਂ ਕੋਲ ਪੂਰੇ ਦੇਸ਼ ਦੀ ਵਾਗਡੋਰ ਹੈ। ਇਨ੍ਹਾਂ ਹਾਕਮਾਂ ਕੋਲ ਹੁਣ ਤਾਂ ਇਜ਼ਰਾਈਲੀ ਕੰਪਨੀ ਦਾ ਬਣਾਇਆ ਪੈਗਾਸਸ ਯੰਤਰ ਹੈ, ਜਿਹੜਾ ਹਰ ਭਾਰਤੀ ਦੇ ਬੈੱਡਰੂਮ ਤੱਕ ਦੀ ਜਾਣਕਾਰੀ ਰੱਖਦਾ ਹੈ। ਇਸ ਲਈ ਭਾਰਤੀ ਅਧਿਕਾਰੀ ਭਾਵੇਂ ਲੱਖ ਇਨਕਾਰ ਕਰਨ, ਪਰ 2002 ਤੋਂ ਲੈ ਕੇ ਅੱਜ ਤੱਕ ਭਾਰਤ ਵਿੱਚ ਜੋ ਹੁੰਦਾ ਰਿਹਾ ਹੈ, ਉਹ ਪੱਛਮੀ ਦੇਸ਼ਾਂ ਦੀਆਂ ਖ਼ੁਫ਼ੀਆ ਏਜੰਸੀਆਂ ਤੋਂ ਲੁਕਿਆ ਹੋਇਆ ਨਹੀਂ ਹੈ।*

**-ਚੰਦ ਫਤਿਹਪੁਰੀ**

# ਸਮੱਸਿਆਵਾਂ 'ਚ ਘਿਰਿਆ ਪੰਜਾਬ, ਮਾਂ ਬੋਲੀ ਦੀ ਹੋਂਦ ਨੂੰ ਖਤਰਾ

**ਜੰਗ ਸਿੰਘ**

ਪੰਜਾਬੀਆਂ ਬਾਰੇ ਇਕ ਅਖਾਉਤ ਬੜੀ ਮਸ਼ਹੂਰ ਹੈ ਕਿ ਪੰਜਾਬੀ ਨੂੰ ਨਿੱਤ ਮੁਹਿੰਮਾਂ ! ਜਦੋਂ ਦਾ ਦੇਸ਼ ਅਜ਼ਾਦ ਹੋਇਆ ਹੈ, ਇਸ ਸੂਬੇ ਨਾਲ ਸ਼ੁਰੂ ਤੋਂ ਹੀ ਸਿਖਰਾਂ ਦਾ ਧੱਕਾ ਤੇ ਬੇਇਨਸਾਫੀ ਕੀਤੀ ਜਾਂਦੀ ਰਹੀ ਹੈ । ਚਾਹੇ ਉਹ ਕੇਂਦਰ ਵਿੱਚ ਰਾਜ ਕਰ ਗਈ ਕਾਂਗਰਸ ਪਾਰਟੀ ਦੀ ਸਰਕਾਰ ਸੀ ਜਾਂ ਫਿਰ 2014 ਵਿੱਚ ਭਾਰਤ ਵਿੱਚ ਬਣੀ ਭਾਜਪਾ ਦੀ ਸਰਕਾਰ ਹੈ, ਇਸ ਨੇ ਤਾਂ ਹੱਦ ਹੀ ਕਰ ਦਿੱਤੀ ਹੈ। ਇਸੇ ਜੁਝਾਰੂ ਧਰਤੀ ਦੇ ਲੋਕਾਂ ਜਿਨ੍ਹਾਂ ਨੇ ਦੇਸ਼ ਨੂੰ ਅਜ਼ਾਦ ਕਰਾਉਣ ਵਿੱਚ 80% ਤੋਂ ਵਧੇਰੇ ਕੁਰਬਾਨੀਆਂ ਦਿੱਤੀਆਂ ਹੋਣ, ਚਾਹੀਦਾ ਤਾਂ ਇਹ ਸੀ ਕਿ ਇਸ ਸੂਬੇ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਂਦਾ, ਪਰ ਸਰਕਾਰਾਂ ਨੇ ਖੁਸ਼ਹਾਲੀ ਪੱਖੋਂ ਇਕ ਨੰਬਰ 'ਤੇ ਰਹਿਣ ਵਾਲੇ ਇਸ ਸੂਬੇ ਪੰਜਾਬ ਨਾਲ ਪੜਾਅ ਪੜਾਅ 'ਤੇ ਧੱਕਾ ਤੇ ਬੇਇਨਸਾਫੀ ਕੀਤੀ ਜਾਂਦੀ ਆ ਰਹੀ ਹੈ ਕਿ ਇਸ ਸੂਬੇ ਨੂੰ 16ਵੇਂ-17ਵੇਂ ਸਥਾਨ 'ਤੇ ਲਿਆ ਕੇ ਖੜਾ ਕਰ ਦਿੱਤਾ ਹੈ । ਇਸ ਉਤੇ ਇਸ ਸਮੇਂ ਲੱਗਭੱਗ ਚਾਰ ਲੱਖ ਕਰੋੜ ਰੁਪਏ ਦਾ ਕਰਜ਼ਾ ਚੜ੍ਹਿਆ ਹੋਇਆ ਹੈ, ਜੋ ਕੇਂਦਰ ਸਰਕਾਰ ਵੱਲੋਂ ਬਣਦੀ ਸਹਾਇਤਾ ਨਾ ਦੇਣ ਕਾਰਨ ਨਿਰੰਤਰ ਵਧਦਾ ਹੀ ਜਾ ਰਿਹਾ ਹੈ। ਕੇਂਦਰ ਸਰਕਾਰ ਦੇ ਕਹੇ ਉਤੇ ਇਹ ਪੰਜਾਬ ਉਹ ਸੂਬਾ ਹੈ, ਜਿਸ ਨੇ ਕੇਂਦਰ ਸਰਕਾਰ ਦੇ ਆਦੇਸ਼ਾਂ 'ਤੇ ਹੱਡ ਭੰਨਵੀਂ ਮਿਹਨਤ ਕਰਕੇ ਦੇਸ਼ ਵਿੱਚ ਹਰੀ ਕਰਾਂਤੀ ਲਿਆ ਕੇ ਦੇਸ਼ ਨੂੰ ਖਾਣ ਵਾਲੇ ਅਨਾਜ ਪੱਖੋਂ ਆਤਮ ਨਿਰਭਰ ਕਰ ਦਿੱਤਾ ਸੀ ਤਾਂ ਕਿ ਉਸ ਨੂੰ ਹੋਰ ਮੁਲਕਾਂ ਤੋਂ ਅਨਾਜ ਲੈਣ ਲਈ ਹੱਥ ਨਾ ਅੱਡਣਾ ਪਵੇ। ਇਸ ਹਰੀ ਕ੍ਰਾਂਤੀ ਨੂੰ ਲਿਆਉਣ ਲਈ ਇਸ ਸੂਬੇ ਪੰਜਾਬ ਨੇ ਆਪਣੇ ਸੂਬੇ ਦੀ ਧਰਤੀ ਤੋਂ ਵੱਧ ਅਨਾਜ ਲੈਣ ਲਈ ਖਾਦਾਂ ਪਾ ਕੇ ਜਿੱਥੇ ਬਰਬਾਦ ਕਰ ਲਈ ਹੈ, ਉਥੇ ਆਪਣੀ ਆਬੋ-ਹਵਾ ਦੂਸ਼ਿਤ ਕਰਨ ਦੇ ਨਾਲ-ਨਾਲ ਆਪਣੀ ਧਰਤੀ ਹੇਠਲਾ ਪਾਣੀ ਵੀ ਲੱਗਭੱਗ ਮੁੱਕਾ ਲਿਆ ਹੈ। ਇਹ ਕਿਹਾ ਜਾ ਰਿਹਾ ਹੈ ਕਿ ਪੰਜਾਬੀਆਂ ਨੇ ਝੋਨੇ ਵਰਗੀ ਫਸਲ ਚੌਲ ਜਿਸ ਨੂੰ ਉਹ ਖਾਂਦੇ ਹੀ ਨਹੀਂ, ਉਗਾ ਉਗਾ ਕੇ ਦੇਸ਼ ਦੇ ਭੰਡਾਰੇ ਨੂੰ ਭਰਨ ਲਈ ਆਪਣਾ ਧਰਤੀ ਹੇਠਲਾ ਪਾਣੀ ਵੀ ਮੁਕਾਉਣ ਕੰਢੇ ਲਿਆ ਖੜਾ ਕਰ ਲਿਆ ਹੈ। ਹੁਣ ਤਾਂ ਇਹ ਵੀ ਖਬਰ ਆਉਣ ਲੱਗ ਪਈ ਹੈ ਕਿ ਜ਼ਿਲ੍ਹਾ ਰੋਪੜ ਦੇ ਪਿੰਡ 'ਹੀਰਪੁਰ' ਦਾ ਹੇਠਲਾ ਪਾਣੀ ਬਿਲਕੁਲ ਮੁੱਕ ਗਿਆ ਹੈ, ਉਸ ਦੇ ਢਾਈ ਦਰਜਨ ਤੋਂ ਵਧੇਰੇ ਟਿਊਬਵੈੱਲ ਬਿਲਕੁਲ ਸੁੱਕ ਗਏ ਹਨ, ਉਨ੍ਹਾਂ ਨੇ ਪਾਣੀ ਕੱਢਣਾ ਬੰਦ ਕਰ ਦਿੱਤਾ ਹੈ । ਜੋ ਇਹ ਸੰਕੇਤ ਦੇ ਰਿਹਾ ਹੈ ਕਿ ਜੇਕਰ ਕਿਸਾਨਾਂ ਨੇ ਝੋਨੇ ਤੇ ਐੱਮ ਐੱਸ ਪੀ ਮਿਲਣ ਕਾਰਨ ਵੱਧ ਪੈਸੇ ਮਿਲਣ ਦੀ ਆੜ ਵਿੱਚ ਉਸ ਦੇ ਬਦਲ ਵਿੱਚ ਹੋਰ ਫਸਲਾਂ ਬੀਜਣੀਆਂ ਸ਼ੁਰੂ ਨਾ ਕੀਤੀਆਂ ਤਾਂ ਪੰਜਾਬ ਦੀ ਧਰਤੀ ਨੂੰ ਬੰਜਰ ਬਣਨ ਤੋਂ ਕੋਈ ਰੋਕ ਨਹੀਂ ਸਕਦਾ, ਇਸ ਪ੍ਰਤੀ ਪੰਜਾਬ ਸਰਕਾਰ ਨੂੰ ਵੀ ਚਾਹੀਦਾ ਹੈ ਕਿ ਉਹ ਵੀ ਹੋਰ ਫਸਲਾਂ ਲਈ ਲਾਹੇਵੰਦਾ ਭਾਅ ਦੇ ਕੇ ਕਿਸਾਨਾਂ ਨੂੰ ਹੋਰ ਫਸਲਾਂ ਬੀਜਣ ਲਈ ਉਤਸ਼ਾਹਤ ਕਰਕੇ ਆਪਣੀ ਬਣਦੀ ਜ਼ਿੰਮੇਵਾਰੀ ਨਿਭਾਵੇ । ਸੰਸਾਰ ਦੇ ਲੋਕ ਇਹ ਵੀ ਜਾਣਦੇ ਹਨ ਕਿ ਕਿਵੇਂ 1966 ਵਿੱਚ ਜਦੋਂ ਪੰਜਾਬੀ ਸੂਬਾ ਬਣਾਇਆ ਗਿਆ, ਕਿਵੇਂ ਉਨ੍ਹਾਂ ਨੂੰ ਬੋਲੀ ਦੇ ਅਧਾਰ 'ਤੇ ਸੂਬਾ ਬਣਾਉਣ ਲਈ ਦੋ ਦਹਾਕੇ ਤੱਕ ਜੱਦੋਜਹਿਦ ਕਰਨੀ ਪਈ, ਜਿਸ ਲਈ ਉਨ੍ਹਾਂ ਨੂੰ ਅਣਗਿਣਤ ਕੁਰਬਾਨੀਆਂ ਦੇਣ ਦੇ ਨਾਲ-ਨਾਲ ਵੱਡਾ ਨੁਕਸਾਨ ਵੀ ਝੱਲਣਾ ਪਿਆ, ਜਦੋਂ ਕਿ ਦੇਸ਼ ਦੀ ਸਰਕਾਰ ਵੱਲੋਂ ਹੋਰ ਸੂਬੇ ਬਿਨਾ ਕਿਸੇ ਜਦੋ-ਜਹਿਦ ਦੇ ਬੋਲੀਆਂ ਦੇ ਅਧਾਰ ਤੇ ਬਣਾ ਦਿੱਤੇ ਗਏ ਤੇ ਜਿਹੜਾ ਪੰਜਾਬੀ ਸੂਬਾ ਬਣਾਇਆ ਗਿਆ, ਉਸ ਦੀ ਰਾਜਧਾਨੀ ਚੰਡੀਗੜ੍ਹ, ਪੰਜਾਬੀ ਬੋਲਦੇ ਇਲਾਕੇ ਖੋਹ ਲਏ, ਬਿਨ ਮੰਗੇ ਹਰਿਆਣਾ ਬਣਾ ਕੇ ਪੰਜਾਬ ਨੂੰ ਛੋਟਾ ਕਰ ਦਿੱਤਾ ਗਿਆ , ਪੰਜਾਬ ਦੇ ਡੈਮ, ਪਾਣੀ ਖੋਹ ਲਿਆ। ਕੇਂਦਰ ਨੇ ਤਾਂ ਜਿਹੜੀ ਬੇਈਮਾਨੀ ਕਰਨੀ ਸੀ, ਕਰ ਦਿੱਤੀ, ਰਹਿੰਦੀ-ਖੂੰਹਦੀ ਪੰਜਾਬ ਵਿੱਚ ਬਣਨ ਵਾਲੀਆਂ ਚਿੱਟੀਆਂ ਨੀਲੀਆਂ ਸਰਕਾਰਾਂ ਨੇ ਗੱਦੀ ਨਾਲ ਚੰਬੜੇ ਰਹਿਣ ਦੀ ਨੀਤੀ 'ਤੇ ਚੱਲਦਿਆਂ ਪੰਜਾਬ ਦੀ ਮਾਂ ਬੋਲੀ ਨਾਲ ਰੱਜ ਕੇ ਧ੍ਰੋਹ ਕਮਾਇਆ । ਪੰਜਾਬੀ ਦੀ ਮੁਦਈ ਅਕਾਲੀ ਪਾਰਟੀ ਤੇ ਭਾਜਪਾ ਦੇ ਨਾਲ ਰਲ ਕੇ ਦਸ ਸਾਲ ਦੇ ਰਾਜ ਕਾਲ ਵਿੱਚ ਪੰਜਾਬੀ ਬੋਲੀ ਦਾ ਰੱਜ ਕੇ ਘਾਣ ਕੀਤਾ ਗਿਆ । ਅਕਾਲੀ ਪਾਰਟੀ ਦਾ ਸਿੱਖਿਆ ਮੰਤਰੀ ਡਾ. ਦਲਜੀਤ ਸਿੰਘ ਚੀਮਾ ਹੋਵੇ, ਇਸ ਨੇ ਇਕ ਤਾਂ ਧੜਾ-ਧੜ ਕੇਂਦਰੀ ਸਕੂਲ ਖੋਲ੍ਹਣ ਦੀ ਆਗਿਆ ਦਿੱਤੀ, ਜਿਨ੍ਹਾਂ ਵਿੱਚ ਬਹੁਤ ਹੀ ਘੱਟ ਮਿਆਰੀ ਪੰਜਾਬੀ ਪੜ੍ਹਾਈ ਜਾਂਦੀ ਸੀ। ਦੂਸਰਾ ਪੰਜਾਬ ਵਿੱਚ ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਦੀ ਭਰਤੀ ਬੰਦ ਕਰਾ ਕੇ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਮਿਆਰ ਵਿੱਚ ਏਡੀ ਵੱਡੀ ਸੱਟ ਮਾਰੀ ਕਿ ਪੰਜਾਬ ਦੇ ਲੋਕਾਂ ਨੂੰ ਅਤਿ ਮਹਿੰਗੇ ਨਿੱਜੀ ਕੇਂਦਰੀ ਸਕੂਲ ਜਿਨ੍ਹਾਂ ਵਿੱਚ ਬਹੁਤੇ ਸਕੂਲਾਂ 'ਤੇ ਆਰ ਐੱਸ ਆਰ ਦਾ ਇਕ ਤਰ੍ਹਾਂ ਕਬਜ਼ਾ ਹੈ ਇਨ੍ਹਾਂ ਸਕੂਲਾਂ ਨੇ ਬੜੀ ਸਾਜਿਸ਼ ਨਾਲ ਪੰਜਾਬੀ ਬੋਲੀ ਨਾਲ ਘੱਟ ਮਿਆਰੀ ਪੰਜਾਬੀ ਪੜ੍ਹਾ ਕੇ ਕੀਤਾ । ਇਥੇ ਹੀ ਬਸ ਨਹੀਂ ਕਿ ਇਨ੍ਹਾਂ ਸਕੂਲਾਂ ਵਿੱਚ ਬੱਚਿਆਂ ਨੂੰ ਪੰਜਾਬੀ ਬੋਲਣ ਦੀ ਮਨਾਹੀ ਕਰਨ ਦੇ ਨਾਲ ਪੰਜਾਬੀ ਬੋਲਣ ਵਾਲੇ ਵਿਦਿਆਰਥੀਆਂ ਨੂੰ ਭਾਰੀ ਜੁਰਮਾਨੇ ਕੀਤੇ ਜਾਂਦੇ, ਇਸ ਵਿੱਚ ਸ਼੍ਰੋਮਣੀ ਕਮੇਟੀ ਦੇ ਜਿਹੜੇ ਸਕੂਲ ਸੀ ਬੀ ਐੱਸ ਈ ਦੇ ਸਕੂਲਾਂ ਨਾਲ ਜੋੜੇ ਗਏ, ਉਨ੍ਹਾਂ ਵਿੱਚੋਂ ਕਈ ਸਕੂਲਾਂ ਵਿੱਚ ਵੀ ਇਹ ਵਰਤਾਰਾ ਪੰਜਾਬੀ ਨਾਲ ਕੀਤਾ ਗਿਆ। ਜਿਸ ਸੰਬੰਧੀ ਕਈ ਵਾਰੀ ਖਬਰਾਂ ਅਖਬਾਰਾਂ ਦਾ ਸ਼ਿੰਗਾਰ ਵੀ ਬਣਦੀਆਂ ਰਹੀਆਂ ਹਨ। ਕੁਝ ਦਿਨ ਪਹਿਲਾਂ ਮੁੱਖ ਮੰਤਰੀ ਦੇ ਆਪਣੇ ਹਲਕੇ ਸੰਗਰੂਰ ਵਿੱਚ ਆਰ ਐੱਸ ਐੱਸ ਦੇ ਚੱਲ ਰਹੇ ਸਰਵ-ਹਿਤਕਾਰੀ ਸਕੂਲ ਨੇ ਤਾਂ ਹੱਦ ਹੀ ਕਰ ਵਿਖਾਈ ਹੈ। ਉਸ ਵਿੱਚ ਪੰਜਾਬੀ ਬੋਲਣ 'ਤੇ ਮਨਾਹੀ ਕਰਨ ਦੇ ਨਾਲ ਭਾਰੀ ਜੁਰਮਾਨੇ ਕੀਤੇ ਜਾਂਦੇ ਹਨ, ਕੜੇ ਲੁਹਾਏ ਜਾਣੇ, ਪੱਗਾਂ ਬੰਨ੍ਹਣ ਆਦਿ 'ਤੇ ਪਾਬੰਦੀਆਂ ਲਗਾਏ ਜਾਣ ਦੀ ਵੀ ਚਰਚਾ ਹੋਈ ਹੈ, ਇਹੋ ਜਿਹੇ ਪੰਜਾਬ ਵਿੱਚ ਹੋਰ ਵੀ ਅਨੇਕਾਂ ਕੇਂਦਰੀ ਸਕੂਲ ਹੋਣਗੇ, ਜਿਹੜੇ ਪੰਜਾਬ ਦੀ ਮਾਂ ਬੋਲੀ ਪੰਜਾਬੀ ਨਾਲ ਇਹੋ ਜਿਹਾ ਘਿਣਾਉਣਾ ਵਰਤਾਰਾ ਕਰਦੇ ਆ ਰਹੇ ਹਨ। ਇੱਥੇ ਦੱਸਣਾ ਬੜਾ ਵਾਜਬ ਹੋਵੇਗਾ ਕਿ ਹਰਿਆਣਾ ਵਿੱਚ ਕੋਈ ਵੀ ਖਾਲਸਾ ਸਕੂਲ ਪਹਿਲੀ ਭਾਸ਼ਾ ਪੰਜਾਬੀ ਨਹੀਂ ਪੜ੍ਹਾ ਸਕਦਾ, ਉਨ੍ਹਾਂ ਸਾਰਿਆਂ ਨੂੰ ਪਹਿਲੀ ਭਾਸ਼ਾ ਹਿੰਦੀ ਵਿੱਚ ਪੜ੍ਹਾਈ ਕਰਾਈ ਜਾਣੀ ਲਾਜ਼ਮੀ ਹੈ । ਹੈਰਾਨੀ ਦੀ ਗੱਲ ਹੈ ਕਿ ਪੰਜਾਬ ਵਿੱਚ ਐੱਸ.ਡੀ., ਡੀ.ਏ.ਵੀ. ਆਦਿ ਸਕੂਲਾਂ ਵਿੱਚ ਪਹਿਲੀ ਭਾਸ਼ਾ ਵਜੋਂ ਹਿੰਦੀ ਮਾਧਿਅਮ ਵਿੱਚ ਪੜ੍ਹਾਈ ਕਰਾਏ ਜਾਣ ਦੀ ਖੁੱਲ੍ਹ ਹੈ, ਜੋ ਕਿ ਪੰਜਾਬ ਦੀ ਸਿੱਖਿਆ ਨੀਤੀ ਦੀ ਸਰਾਸਰ ਉਲੰਘਣਾ ਹੈ । ਪੰਜਾਬ ਦੀ ਭਗਵੰਤ ਸਿੰਘ ਮਾਨ ਦੀ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ ਕਿ ਜੇਕਰ ਭਾਸ਼ਾ ਐਕਟ ਵਿੱਚ ਸੋਧ ਕਰਨ ਦੀ ਜ਼ਰੂਰਤ ਹੈ ਤਾਂ ਉਹ ਉਸ ਵਿੱਚ ਸੋਧ ਕਰਕੇ ਪੰਜਾਬ ਦੇ ਸਾਰੇ ਪ੍ਰਾਈਵੇਟ, ਨਿੱਜੀ ਸਕੂਲਾਂ ਵਿੱਚ ਪੜ੍ਹਾਈ ਹਰਿਆਣਾ ਦੀ ਤਰਜ਼ 'ਤੇ ਪਹਿਲੀ ਭਾਸ਼ਾ ਪੰਜਾਬੀ ਵਿੱਚ ਪੜ੍ਹਾਈ ਕਰਾਈ ਜਾਣੀ ਯਕੀਨੀ ਬਣਾਵੇ। ਇਨ੍ਹਾਂ ਸਕੂਲਾਂ ਵਿੱਚ ਪੰਜਾਬੀ ਸਬਜੈਕਟ ਦਾ ਸਿਲੇਬਸ ਪੰਜਾਬ ਸਿਖਿਆ ਬੋਰਡ ਵਾਲਾ ਯਕੀਨੀ ਕੀਤਾ ਜਾਵੇ । ਜਿਹੜੇ ਸਕੂਲ ਪੰਜਾਬ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਕਰਨ, ਉਨ੍ਹਾਂ ਦੀ ਮਾਨਤਾ ਪੱਕੇ ਤੌਰ 'ਤੇ ਰੱਦ ਕੀਤੀ ਜਾਵੇ । ਜੇਕਰ ਪੰਜਾਬ ਵਿੱਚ ਪੰਜਾਬੀ ਮਾਂ ਬੋਲੀ ਨੂੰ ਬਚਾਉਣਾ ਹੈ ਤਾਂ ਫਿਰ ਇਸ ਵੱਲ ਉਚੇਚਾ ਧਿਆਨ ਦੇਣਾ ਪਵੇਗਾ ।

ਭਾਸ਼ਾ ਵਿਗਿਆਨੀਆਂ ਦਾ ਕਹਿਣਾ ਹੈ, ਮਾਂ ਬੋਲੀ ਵਿੱਚ ਬੱਚਾ ਵਧੇਰੇ ਚੰਗੇ ਢੰਗ ਨਾਲ ਵਿੱਦਿਆ ਪ੍ਰਾਪਤ ਕਰ ਸਕਦਾ ਹੈ, ਜੇਕਰ ਉਸ ਨੂੰ ਮਾਂ ਬੋਲੀ ਚੰਗੀ ਤਰ੍ਹਾਂ ਆ ਗਈ ਤਾਂ ਸਮਝੋ ਉਹ ਦੂਸਰੇ ਸਬਜੈਕਟ ਦੀ ਪੜ੍ਹਾਈ ਵੀ ਬੜੀ ਅਸਾਨੀ ਨਾਲ ਚੰਗੀ ਤਰ੍ਹਾਂ ਪੜ੍ਹਨ ਦੇ ਸਮਰੱਥ ਹੋ ਜਾਂਦਾ ਹੈ । ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਨੇ ਪਤਾ ਨਹੀਂ ਕਿਹੜੇ ਵਿਗਿਆਨੀਆਂ ਦੀ ਰਾਇ ਲੈ ਕੇ ਪਹਿਲੀ ਜਮਾਤ ਤੋਂ ਅੰਗਰੇਜ਼ੀ ਦੀ ਪੜ੍ਹਾਈ ਸ਼ੁਰੂ ਕਰਾ ਕੇ ਜਿੱਥੇ ਨੰਨ੍ਹੇ-ਮੁੰਨੇ ਬੱਚਿਆਂ 'ਤੇ ਦਿਮਾਗੀ ਬੋਝ ਲੱਦਿਆ ਹੈ, ਉਥੇ ਪੰਜਾਬ ਦੀ ਮਾਂ ਬੋਲੀ ਪੰਜਾਬੀ ਨਾਲ ਵੀ ਵੱਡਾ ਘਾਣ ਕੀਤਾ ਹੈ । ਇਥੇ ਪੰਜਾਬ ਦੇ ਲੋਕਾਂ ਨੂੰ ਵੀ ਜਾਗ੍ਰਿਤ ਹੋਣ ਦੀ ਜ਼ਰੂਰਤ ਹੈ, ਉਹ ਵੀ ਆਪਣੇ ਬੱਚਿਆਂ ਦੇ ਜੀਵਨ ਨਾਲ ਹੋ ਰਹੇ ਖਿਲਵਾੜ ਨੂੰ ਮੂਕ ਦਰਸ਼ਕ ਬਣ ਕੇ ਹੀ ਵੇਖਦੇ ਨਹੀਂ ਆ ਰਹੇ ਹਨ, ਬਲਕਿ ਉਨ੍ਹਾ ਦੇ ਜੀਵਨ ਦਾ ਘਾਣ ਕਰਦੇ ਵੀ ਆ ਰਹੇ ਹਨ । ਪੰਜਾਬ ਸਰਕਾਰ ਦੀ ਵੱਡੀ ਜ਼ਿੰਮੇਵਾਰੀ ਹੈ ਕਿ ਉਹ ਨਿਜੀ ਦਿਲਚਸਪੀ ਲੈ ਕੇ ਪੰਜਾਬੀ ਭਾਸ਼ਾ ਨਾਲ ਪੰਜਾਬ ਵਿੱਚ ਹੋ ਰਹੇ ਵਿਤਕਰੇ ਨੂੰ ਸਖਤੀ ਨਾਲ ਰੋਕ ਕੇ ਪੰਜਾਬੀ ਭਾਸ਼ਾ ਨੂੰ ਪੰਜਾਬ ਨਾਲ ਬਣਦਾ ਸਥਾਨ ਦੁਆਵੇ ।

**# ਸੰਪਰਕ : 94170-95965**

# ਤੇਰੀ ਕਣਕ ਦੀ ਰਾਖੀ ਮੁੰਡਿਆ, ਹੁਣ ਮੈਂ ਨਹੀਓਂ ਬਹਿੰਦੀ



ਸੁਰਿੰਦਰ ਸ਼ਰਮਾ ਨਾਗਰਾ

ਜਦੋਂ ਦੀ ਪੰਜਾਬ ਵਿੱਚ ਜੀਰੀ (ਝੋਨਾ) ਦੀ ਖੇਤੀ ਹੋਣ ਲੱਗੀ ਹੈ, ਕਿਸਾਨਾਂ ਨੇ ਖੁੱਡੋ-ਖੁੱਡ ਫਸਲ ਲਗਾਉਣ ਲਈ ਤਿਆਰ ਕਰ ਲਿਆ। ਇੱਕ ਗਜ਼ ਵੀ ਜ਼ਮੀਨ ਖਾਲੀ ਨਹੀਂ ਛੱਡੀ। ਅੱਜਕੱਲ੍ਹ ਮੋਟਰਾਂ ਉੱਤੇ ਬਣੇ ਕੋਠੇ ਢਾਹ ਕੇ ਤੇ ਆਲੇ-ਦੁਆਲੇ ਵਾਲੀ ਜਗ੍ਹਾ ਵੀ ਜੀਰੀ ਤੇ ਕਣਕ ਬੀਜਣ ਲੱਗ ਪਏ। ਨੌਕਰੀ ਦੌਰਾਨ ਕਈ ਵਾਰ ਕਿਸਾਨਾਂ ਦੇ ਖੇਤਾਂ ਵਿੱਚ ਜਾਣ ਦਾ ਮੌਕਾ ਮਿਲਿਆ ਤਾਂ ਦੇਖਿਆ ਕਿ ਬੋਰ ਦੇ ਲਾਗੇ ਮੋਟਰ ਸਟਾਟਰ ਟੰਗਣ ਲਈ ਛੋਟਾ ਜਿਹਾ ਪੀੜ੍ਹੀ ਜੋਗਾ ਬਕਸਾ ਜਿਹਾ ਟੰਗਿਆ ਦਿਸਿਆ, ਬੈਠਣ ਲਈ ਮੰਜਾ ਡਾਹੁਣ ਦੀ ਜਗ੍ਹਾ ਤਾਂ ਦੂਰ ਦੀ ਗੱਲ ਹੋ ਗਈ। ਕਿਸਾਨ ਫਸਲਾਂ ਉੱਤੇ ਤਰ੍ਹਾਂ-ਤਰ੍ਹਾਂ ਦੀਆਂ ਦਵਾਈਆਂ ਦਾ ਛਿੜਕਾਅ ਅਤੇ ਜੜ੍ਹਾਂ ਵਿੱਚ ਦੋ-ਤਿੰਨ ਕਿਸਮ ਦਾ ਰੇਹ ਪਾ ਕੇ ਜ਼ਮੀਨ ਨੂੰ ਐਨੀ ਜ਼ਹਿਰੀਲੀ ਬਣਾ ਦਿੰਦੇ ਨੇ ਕਿ ਬਾਹਰੋਂ ਜਾਨਵਰਾਂ ਦੁਆਰਾ ਉਜਾੜੇ ਦਾ ਸਵਾਲ ਹੀ ਨਹੀਂ ਪੈਦਾ ਹੁੰਦਾ। ਫਸਲ ਦੇ ਅੰਦਰ ਵੜਨ ਦੀ ਜਾਨਵਰ ਹਿੰਮਤ ਹੀ ਨਹੀਂ ਕਰ ਸਕਦੇ।

ਜੀਰੀ ਦੀ ਫਸਲ ਦਾ ਉਜਾੜਾ ਤਾਂ ਉੱਕਾ ਨਹੀਂ ਹੁੰਦਾ, ਕਣਕ ਵੇਲੇ ਥੋੜ੍ਹੀ ਰਾਖੀ ਰੱਖਣੀ ਪੈਂਦੀ ਹੈ। ਜਾਂ ਤਾਂ ਕਿਸਾਨ ਕਣਕ ਦੀ ਫਸਲ ਦੇ ਆਲੇ-ਦੁਆਲੇ ਤਾਰ ਵਗੈਰਾ ਲਾ ਕੇ ਜਾਂ ਗੇੜਾ-ਫੇਰਾ ਮਾਰ ਕੇ ਫਸਲ ਨੂੰ ਉਜਾੜੇ ਤੋਂ ਬਚਾ ਲੈਂਦੇ ਹਨ ਜਾਂ ਫਿਰ ਦੋ ਲੱਕੜ ਦੇ ਟੰਬੇ ਲੈ ਕੇ ਦੋਨਾਂ ਨੂੰ ਕਰਾਸ ਰੱਸੀ ਨਾਲ ਬੰਨ੍ਹ ਕੇ ਤੇ ਉੱਪਰ ਲਾਣੇਦਾਰ ਦਾ ਕੋਈ ਪਾਟਿਆ ਝੱਗਾ ਪਾ ਕੇ ਤੇ ਸਿਰੇ 'ਤੇ ਝੱਕਰੀ ਮੂਧੀ ਮਾਰ ਕੇ ਡਰਨਾ ਜਿਹਾ ਬਣਾ ਲੈਂਦੇ ਸਨ ਤੇ ਉਸ ਨੂੰ ਖੇਤ ਦੇ ਕਿਤੇ ਵਿਚਕਾਰ ਗੱਡ ਦਿੰਦੇ ਸਨ ਤਾਂ ਕਿ ਡੰਗਰ-ਪਸ਼ੂ ਖੇਤ 'ਚ ਵੜਨ ਲੱਗਿਆਂ ਸਮਝੇ ਕਿ ਕੋਈ ਬੰਦਾ ਖੜ੍ਹਾ ਹੈ। ਦਵਾਈਆਂ ਦੇ ਛਿੜਕਾਅ ਕਾਰਨ ਚਿੜੀਆਂ-ਜਨੌਰ ਤਾਂ ਫਸਲ ਵੱਲ ਕੀ ਆਉਣਗੇ, ਜਾਨਵਰ ਵੀ ਪੈਰ ਨਹੀਂ ਪਾਉਂਦੇ ਸਨ, ਕਿਉਂਕਿ ਲੰਘਣ ਲਈ ਨਾ ਪਹੀਆਂ ਰਹੀਆਂ, ਨਾ ਖਾਲ ਰਹੇ ਤੇ ਨਾ ਚੌੜੀਆਂ ਵੱਟਾਂ ਰਹੀਆਂ ਨੇ, ਲਾਲਚ ਦੇ ਮਾਰੇ ਕਿਸਾਨਾਂ ਨੇ ਸਭ ਵੱਢ-ਵੱਢ ਕੇ ਉਪਜਾਊ ਜ਼ਮੀਨ ਵਿੱਚ ਰਲਾ ਲਈਆਂ ਨੇ। ਪੰਜਾਬ ਦੀਆਂ ਇਹੀ ਦੋ ਮੁੱਖ ਫਸਲਾਂ ਹਨ, ਜੀਰੀ ਤੇ ਕਣਕ। ਇਸ ਦਾ ਕਾਰਨ ਹੈ ਵੱਧੋ-ਵੱਧ ਸਪੋਟ ਪਰਾਈਸ ਦਾ ਮਿਲਣਾ ਤੇ ਪੈਦਾਵਾਰ ਵੀ ਦੂਜੀਆਂ ਫਸਲਾਂ ਨਾਲੋਂ ਵੱਧ ਹੁੰਦੀ ਹੈ। ਫਸਲ ਛੇਤੀ ਵਿਕ ਵੀ ਜਾਂਦੀ ਹੈ ਤੇ ਪੈਸੇ ਵੀ ਨਾਲ ਦੀ ਨਾਲ ਖਾਤੇ ਵਿੱਚ ਪੈ ਜਾਂਦੇ ਹਨ। ਉਜਾੜਾ ਵੀ ਨਾ-ਮਾਤਰ ਤੇ ਫਸਲ ਦੇ ਪੈਸੇ ਵੀ ਪੂਰੇ। ਇਸ ਚੱਕਰ ਨੇ ਸਾਰਾ ਫਸਲੀ ਚੱਕਰ ਹੀ ਬਦਲ ਦਿੱਤਾ।

ਛੇਵੇਂ-ਸੱਤਵੇਂ ਦਹਾਕੇ ਦੌਰਾਨ ਜਦੋਂ ਅਜੇ ਜੀਰੀ ਬਾਰੇ ਕੋਈ ਜਾਣਦਾ ਨਹੀਂ ਸੀ ਤੇ ਇਸ ਦਾ ਚੱਲਣ ਸ਼ੁਰੂ ਨਹੀਂ ਹੋਇਆ ਸੀ। ਉਸ ਸਮੇਂ ਸਾਉਣੀ ਦੀਆਂ ਫਸਲਾਂ ਦਾ ਜ਼ਿਆਦਾ ਜ਼ੋਰ ਹੁੰਦਾ ਸੀ। ਇਸ ਦਾ ਕਾਰਨ ਸੀ ਰੇਤਲੇ ਵਾਹਣ, ਟਿੱਬੇ ਹੀ ਟਿੱਬੇ। ਬਰਸਾਤਾਂ ਪੈਣ ਤੋਂ ਬਾਅਦ ਸਾਉਣੀ ਦੀ ਬਿਜਾਈ ਹੁੰਦੀ ਸੀ। ਪਾਣੀ ਕੇਵਲ ਰਜਬਾਹਿਆਂ ਦਾ, ਕੱਸੀਆਂ ਦਾ ਜਾਂ ਟਾਂਵੇਂ-ਟਾਂਵੇਂ ਖੂਹਾਂ ਦਾ ਹੁੰਦਾ ਸੀ। ਕਣਕ ਤੇ ਮੱਕੀ ਦੀ ਫਸਲ ਉੱਥੇ ਹੀ ਹੁੰਦੀ ਸੀ, ਜਿੱਥੇ ਜ਼ਮੀਨ ਪੱਧਰੀ ਤੇ ਪਾਣੀ ਦਾ ਸਾਧਨ ਹੁੰਦਾ ਸੀ। ਨਹੀਂ ਤਾਂ ਫਿਰ ਬਰਸਾਤਾਂ ਪੈਣ ਤੋਂ ਬਾਅਦ ਸਾਰੀਆਂ ਸਾਉਣੀ ਦੀਆਂ ਫਸਲਾਂ ਹੀ ਬੀਜੀਆਂ ਜਾਂਦੀਆਂ ਸਨ। ਜਿਵੇਂ ਬਾਜਰਾ, ਜਵਾਰ, ਮੂੰਗਫ਼ਲੀ, ਮੂੰਗੀ ਮੋਠ, ਛੋਲੇ, ਗੁਆਰਾ, ਮੱਕੀ, ਕਪਾਹ ਤੇ ਅਰਹਰ ਬਗੈਰਾ। ਡੰਗਰਾਂ ਨੂੰ ਪਾਉਣ ਲਈ ਚਰ੍ਹੀ ਵੀ ਬਹੁਤ ਬੀਜੀ ਜਾਂਦੀ ਸੀ। ਇਸ ਕੜਬ ਦੇ ਲੱਗੇ ਛੌਰਾਂ ਦਾ ਟੋਕਾ ਕਰਕੇ ਉਦੋਂ ਪਸ਼ੂਆਂ ਨੂੰ ਪਾਇਆ ਜਾਂਦਾ ਸੀ, ਜਦੋਂ ਹਰਾ ਚਾਰਾ ਖਤਮ ਹੋ ਜਾਂਦਾ ਸੀ।

ਉਨ੍ਹਾਂ ਦਿਨਾਂ ਵਿੱਚ ਉਜਾੜਾ ਬਹੁਤ ਹੁੰਦਾ ਸੀ। ਚਿੜੀਆਂ, ਗੁਟਾਰਾਂ, ਘੁੱਗੀਆਂ, ਡੂਮਣੀਆਂ (ਚਿੜੀਆਂ ਦੀ ਕਿਸਮ), ਕਾਂ, ਤੋਤੇ, ਤਿੱਤਰ, ਬਟੇਰ, ਕਾਟੋਆਂ ਅਤੇ ਕਈ ਤਰ੍ਹਾਂ ਦੇ ਜਾਨਵਰ ਜਿਵੇਂ ਜੰਗਲੀ ਸੂਰ, ਲੂੰਬੜੀਆਂ, ਗਿੱਦੜ ਜਾਂ ਰੋਜ (ਨੀਲ ਗਊ) ਬਗੈਰਾ ਬਹੁਤ ਉਜਾੜਾ ਕਰ ਦਿੰਦੇ ਸਨ।

ਇੱਕ ਵਾਰ ਮੇਰੇ ਦਾਦਾ ਜੀ ਬਠਿੰਡੇ ਵੱਲ ਗਏ ਹਾਈਬ੍ਰਿਡ ਬਾਜਰੇ ਦਾ ਬੀ ਲਿਆਏ। ਸਾਡਾ ਖੇਤ ਵੀ ਟਿੱਬਿਆਂ ਦਾ ਵਾਹਣ ਸੀ, ਥੋੜ੍ਹਾ ਬਹੁਤ ਕਰਾਹ ਲਾ ਕੇ ਪੱਧਰ ਕਰ ਲਿਆ ਸੀ, ਪਰ ਪਾਣੀ ਦਾ ਸਾਧਨ ਕੋਈ ਨਹੀਂ ਸੀ। ਇਸ ਕਰਕੇ ਸਾਉਣੀ ਦੀ ਫਸਲ ਹੋ ਜਾਂਦੀ ਸੀ। ਮੀਂਹ ਪੈਣ ਨਾਲ ਵਾਹਣ ਗਿੱਲਾ ਹੋਣ 'ਤੇ ਵਾਹ ਕੇ ਉਹ ਹਾਈਬ੍ਰਿਡ ਬਾਜਰਾ ਬੀਜ ਦਿੱਤਾ । ਬਾਜਰਾ ਬਹੁਤ ਵਧੀਆ ਉੱਠਿਆ । ਉਸ ਸਾਲ ਮੀਂਹ ਬਹੁਤ ਪਏ ਸਨ ਤਾਂ ਬਾਜਰਾ ਵਧ ਕੇ ਬੰਦੇ ਦੇ ਕੱਦ ਤੋਂ ਵਧ ਕੇ ਸੱਤ ਸੱਤ ਫੁੱਟ ਹੋ ਗਿਆ ਤੇ ਹੱਥ-ਹੱਥ (ਤਕਰੀਬਨ ਡੇਢ ਫੁੱਟ ) ਦੇ ਸਿੱਟੇ ਲੱਗ ਗਏ। ਬਾਜਰੇ ਦੀ ਫਸਲ ਤਾਂ ਬਹੁਤ ਹੋਈ, ਪਰ ਘਰ ਵਾਲਿਆਂ ਨੂੰ ਚਿੜੀਆਂ-ਜਨੌਰਾਂ ਦੇ ਉਜਾੜੇ ਦਾ ਡਰ ਸਤਾਉਣ ਲੱਗਿਆ। ਆਖਿਰ ਇੱਕ ਦਿਨ ਸਲਾਹ ਕਰਕੇ ਖੇਤ ਦੇ ਵਿਚਕਾਰ ਮਣ੍ਹਾ ਬਣਾ ਕੇ ਰਾਖੀ ਕਰਨ ਦਾ ਫੈਸਲਾ ਕਰ ਲਿਆ। ਤਿੰਨ ਕਿੱਲੇ ਬਾਜਰਾ ਸੀ, ਵਿਚਕਾਰ ਜਿਹੇ ਚਾਰ ਲੱਕੜ ਦੇ ਛੇ ਸੱਤ ਫੁੱਟ ਲੰਬੇ ਤੈਂਬੜ ਗੱਡ ਕੇ ਚਾਰੇ ਸਿਰਿਆਂ ਨੂੰ ਮੋਟੇ ਟੰਬਿਆਂ ਨਾਲ ਬੀੜ ਕੇ ਉੱਪਰ ਕਪਾਹ ਦੀਆਂ ਛਟੀਆਂ ਤੇ ਸੁੱਕੀ ਝੀਂਜਣ ਤੇ ਟਾਂਡੀ ਦਾ ਛਤਣਾ ਜਿਹਾ ਬਣਾ ਲਿਆ ਤਾਂ ਕਿ ਉੱਪਰ ਬੈਠ ਕੇ ਸਾਰੇ ਖੇਤ ਉਤੇ ਨਿਗਰਾਨੀ ਰੱਖੀ ਜਾ ਸਕੇ ਤੇ ਚਿੜੀ-ਜਨੌਰ ਉਡਾਏ ਜਾ ਸਕਣ। ਪਰਵਾਰ ਵਿੱਚ ਮੈਂਬਰਾਂ ਦੀ ਹਫ਼ਤੇ-ਹਫ਼ਤੇ ਦੀ ਜ਼ਿੰਮੇਵਾਰੀ ਲਗਾਈ ਗਈ ਤਾਂ ਕਿ ਬਾਜਰਾ ਪੱਕਣ 'ਤੇ ਵੱਢਣ ਤੱਕ ਰਾਖੀ ਕੀਤੀ ਜਾ ਸਕੇ । ਇੱਕ ਹਫ਼ਤੇ ਮੇਰੀ ਤੇ ਸਭ ਤੋਂ ਛੋਟੇ ਮੇਰੇ ਚਾਚੇ ਦੀ ਵਾਰੀ ਆ ਗਈ। ਚਿੜੀਆਂ-ਜਨੌਰ ਪਹੁ ਫੁੱਟਦੀ ਨੂੰ ਦਾਣਾ ਚੁਗਣ ਲਈ ਨਿਕਲ ਪੈਂਦੇ ਹਨ, ਕਿਉਂਕਿ ਸਵੇਰੇ-ਸਵੇਰੇ ਉਨ੍ਹਾਂ ਨੂੰ ਪੂਰੀ ਭੁੱਖ ਲੱਗੀ ਹੁੰਦੀ ਹੈ, ਅਸੀਂ ਦੋਵੇਂ ਗੋਪੀਆ (ਜਿਹੜਾ ਦੋ ਰੱਸੀਆਂ ਦੇ ਕਿਨਾਰੇ ਰੱਸੀ ਦੀ ਬੁਣੀ ਜਾਲੀ ਜੋੜ ਕੇ ਦੂਰ ਤੱਕ ਰੋੜਾ ਸੁੱਟਣ ਲਈ ਵਰਤਿਆ ਜਾਂਦਾ ਹੈ।), ਛੋਟੀਆਂ-ਛੋਟੀਆਂ ਰੋੜੀਆਂ, ਤੋਪੜਾ (ਪਟਾਕਾ ਪਾਉਣ ਲਈ ਸੰਨੀ ਵਰਗਾ ਇੱਕ ਪਾਸਿਓਂ ਤਿੱਖਾ ਤੇ ਦੂਸਰੇ ਪਾਸਿਓਂ ਪੁਟਾਸ਼ ਭਰਨ ਲਈ ਡੂੰਘਾ, ਦੋਨਾਂ ਨੂੰ ਜ਼ੋਰ ਨਾਲ ਜੋੜ ਕੇ ਇੱਟ ਜਾਂ ਪੱਥਰ ਉੱਪਰ ਮਾਰ ਕੇ ਪਟਾਕਾ ਪਾਉਣ ਲਈ) ਪੁਟਾਸ਼ ਦੀ ਪੁੜੀ ਲੈ ਕੇ ਦਿਨ ਚੜ੍ਹਨ ਤੋਂ ਪਹਿਲਾਂ ਹੀ ਪਹੁੰਚ ਗਏ। ਜਾ ਕੇ ਮੰਨ੍ਹਏ 'ਤੇ ਬੈਠ ਗਏ। ਜਿਧਰ ਵੀ ਚਿੜੀਆਂ-ਜਨੌਰ ਦਿਸਣ, ਉਧਰ ਹੀ ਗੋਪੀਆ ਘੁਮਾ ਦਿੰਦੇ। ਜੇਕਰ ਕਿਸੇ ਜੰਗਲੀ ਸੂਰ ਦੀ ਜਾਂ ਰੋਜ ਬਗੈਰਾ ਜਾਨਵਰ ਦੀ ਬਿੜਕ ਆਉਂਦੀ ਤਾਂ ਤੋਪੜੇ ਦਾ ਪਟਾਕਾ ਪਾ ਦਿੰਦੇ। ਇਸ ਤਰ੍ਹਾਂ ਰਾਖੀ ਕਰਦੇ ਦੁਪਹਿਰ ਹੋ ਗਈ ਤੇ ਪਿੰਡੋਂ ਰੋਟੀ ਤੇ ਚਾਹ ਆ ਗਈ। ਅੰਨ-ਪਾਣੀ ਛਕ ਕੇ ਫਿਰ ਡਿਊਟੀ 'ਤੇ ਬੈਠ ਗਏ। ਸਾਰਾ ਦਿਨ ਲੰਘ ਗਿਆ, ਪਰ ਜਦੋਂ ਆਥਣ ਹੋਇਆ ਤਾਂ ਚਾਰ-ਪੰਜ ਰੋਜਾਂ ਦੇ ਝੁੰਡ ਨੇ ਬਾਜਰੇ 'ਚ ਹਰਕਤ ਕੀਤੀ। ਅਜੇ ਅਸੀਂ ਤੋਪੜੇ 'ਚ ਪੁਟਾਸ਼ ਭਰਿਆ ਹੀ ਸੀ ਕਿ ਉਹ ਮਣ੍ਹਾ 'ਤੇ ਇਰਦ-ਗਿਰਦ ਆ ਧਮਕੇ। ਸ਼ਾਮ ਨੂੰ ਇਹ ਜਾਨਵਰ ਭੁੱਖ ਲੱਗਣ 'ਤੇ ਫਸਲ ਵੱਲ ਮੂੰਹ ਕਰਦੇ ਹਨ। ਕਈ ਵਾਰ ਭੁੱਖੇ ਹੋਣ ਕਰਕੇ ਹਿੰਸਕ ਵੀ ਹੋ ਜਾਂਦੇ ਹਨ।

ਅਸੀਂ ਡਰ ਗਏ। ਨਾ ਸਾਡਾ ਗੋਪੀਆ ਚੱਲਿਆ ਤੇ ਨਾ ਹੀ ਤੋਪੜਾ। ਮੰਨ੍ਹਏ ਤੋਂ ਉਤਰਦਿਆਂ ਨੂੰ ਡਰ ਲੱਗੇ। ਕਾਫੀ ਦੇਰ ਤਾਂ ਉਹ ਸਾਡੇ ਇਰਦ- ਗਿਰਦ ਘੁੰਮਦੇ ਰਹੇ ਤੇ ਉਜਾੜਾ ਕਰਦੇ ਰਹੇ। ਉਪਰੋਂ ਹਨੇਰਾ ਹੋ ਰਿਹਾ ਸੀ। ਜਦੋਂ ਉਹ ਥੋੜ੍ਹਾ ਜਿਹਾ ਅੱਖੋਂ ਓਹਲੇ ਹੋਏ, ਅਸੀਂ ਤਾਂ ਮਣ੍ਹਾ ਤੋਂ ਮਾਰੀਆਂ ਛਾਲਾਂ, ਤੋਪੜਾ ਤੇ ਗੋਪੀਆ ਉੱਥੇ ਹੀ ਛੱਡ ਦਿੱਤਾ ਤੇ ਪਿੰਡ ਵੱਲ ਸ਼ੂਟ ਵਟ ਦਿੱਤੀ ਮਤੇ ਉਹ ਰੋਜ਼ ਸਾਡੇ ਪਿੱਛੇ ਮਾਰਨ ਨਾਪੈ ਜਾਣ। ਚਰ੍ਹੀਆਂ ਗੁਆਰਿਆਂ ਵਿੱਚੋਂ ਦੀ ਭੱਜਦਿਆਂ ਸਾਡਾ ਸਾਹ ਨਾਲ ਸਾਹ ਨਾ ਰਲੇ। ਅਖੀਰ ਘਰ ਪਹੁੰਚ ਕੇ ਸੁੱਖ ਦਾ ਸਾਹ ਲਿਆ। ਘਰ ਦਿਆਂ ਅੱਗੇ ਤੋਅਬਾ ਕੀਤੀ ਕਿ ਅਸਾਂ ਮੁੜ ਕੇ ਬਾਜਰੇ ਦੀ ਰਾਖੀ ਕਰਨ ਲਈ ਨਹੀਂ ਜਾਣਾ। ਘਰ ਵਾਲੇ ਨਾਲੇ ਹੱਸਣ ਤੇ ਨਾਲੇ ਸਾਨੂੰ ਟਿੱਚਰਾਂ ਕਰਦੇ ਹੋਏ ਕਹਿਣ, 'ਆ ਗਏ ਵੱਡੇ ਖੇਤਾਂ ਦੇ ਰਾਖੇ ਤੇ ਗੋਪੀਏ ਦੇ ਖਿਲਾੜੀ। 'ਸਾਡੀ ਵੀ ਹਾਸੀ ਨਿਕਲੇ, ਪਰ ਬੇਸ਼ਰਮੀ ਦੇ ਮਾਰੇ ਮੂੰਹ ਲਟਕਾਈਂ ਬੈਠੇ।

**# ਸੰਪਰਕ : 98786-46595**

# ਗਊ-ਗਰਭ ਤਕਨੀਕ ਬਣ ਗਈ ਹੈ ਕਿਸਾਨਾਂ ਦੇ ਗਲੇ ਦੀ ਹੱਡੀ

**ਬਲਵਿੰਦਰ ਸਿੰਘ ਔਲਖ**

ਕਿਸਾਨੀ ਇਸ ਸਮੇਂ ਬਹੁਤ ਵੱਡੇ ਸੰਕਟ ਵਿੱਚੋਂ ਲੰਘ ਰਹੀ ਹੈ। ਇਸ ਸੰਕਟ ਲਈ ਬਹੁਤ ਹੱਦ ਤੱਕ ਹਾਲਾਤ ਅਤੇ ਵਕਤ ਦੀਆਂ ਸਰਕਾਰਾਂ ਜ਼ਿੰਮੇਵਾਰ ਹਨ। ਇਹਨਾਂ ਸੰਕਟਾਂ ਵਿੱਚੋਂ ਇੱਕ ਸੰਕਟ ਅਜਿਹਾ ਵੀ ਹੈ, ਜਿਸ ਨੂੰ ਕਾਰਪੋਰੇਟ ਘਰਾਣਿਆਂ ਦੇ ਅੰਨ੍ਹੇ ਮੁਨਾਫਿਆਂ ਨੂੰ ਦੁੱਗਣਾ ਚੌਗੁਣਾ ਕਰਨ ਵਾਸਤੇ ਸਰਕਾਰਾਂ ਅੱਡੀਆਂ ਭਾਰ ਹੋਈ ਜਾ ਰਹੀਆਂ ਹਨ। ਸਭ ਤੋਂ ਮਜ਼ੇ ਦੀ ਗੱਲ ਇਹ ਹੈ ਕਿ ਇਸ ਦੌੜ ਵਿਚ ਭਾਰਤ ਸਰਕਾਰ ਪੂਰੀ ਦੁਨੀਆ ਵਿੱਚ ਸਭ ਤੋਂ ਅੱਗੇ ਝੰਡੀ ਚੁੱਕੀ ਫਿਰਦੀ ਨਜ਼ਰ ਆ ਰਹੀ ਹੈ।

ਵੈਸੇ ਤਾਂ ਵਿਗਿਆਨ ਮਨੁੱਖ ਨੂੰ ਕੁਦਰਤ ਦਾ ਸਭ ਤੋਂ ਵੱਡਾ ਤੋਹਫਾ ਅਤੇ ਇੱਕ ਵਰਦਾਨ ਹੈ, ਪਰ ਕਾਰਪੋਰੇਟਾਂ ਦੀ ਚਲਾਈ ਜਾਂਦੀ ਇਸ ਵਿਵਸਥਾ ਵਿਚ ਇਹ ਮਨੁੱਖੀ ਦੁੱਖਾਂ ਦੇ ਇੱਕ ਵੱਡੇ ਕਾਰਕ ਵਜੋਂ ਵੀ ਸਾਹਮਣੇ ਆ ਰਿਹਾ ਹੈ। ਕਿਸਾਨੀ ਧੰਦੇ ਵਿੱਚ ਡੇਅਰੀ ਦਾ ਪੇਸ਼ਾ ਇੱਕ ਅਹਿਮ ਮੁਕਾਮ ਰੱਖਦਾ ਹੈ ਅਤੇ ਅੱਜਕੱਲ੍ਹ ਡੇਅਰੀ ਫਾਰਮਿੰਗ ਬਹੁਤ ਵੱਡੇ ਘਾਟੇ ਦਾ ਸੌਦਾ ਬਣ ਚੁੱਕੀ ਹੈ। ਇਸ ਦਾ ਇੱਕ ਵੱਡਾ ਕਾਰਨ ਹੈ ਡੇਅਰੀ ਪਸ਼ੂਆਂ ਯਾਨੀ ਗਾਵਾਂ ਦਾ ਬਹੁਤ ਵੱਡੇ ਪੈਮਾਨੇ ਉਪਰ ਲਗਾਤਾਰ ਫੰਡਰ ਹੋਈ ਜਾਣਾ। ਅੱਜਕੱਲ੍ਹ ਇਹ ਫੰਡਰ ਗਾਂਵਾਂ ਅਕਸਰ ਹੀ ਸੜਕਾਂ 'ਤੇ ਜਾਂ ਸ਼ਹਿਰ, ਗਲੀ-ਮੁਹੱਲਿਆਂ ਵਿੱਚ ਇੱਧਰ-ਉੱਧਰ ਭਟਕਦੀਆਂ ਹੋਈਆਂ ਨਜ਼ਰ ਆ ਜਾਂਦੀਆਂ ਹਨ ਅਤੇ ਰੋਜ਼ਮਰ੍ਹਾ ਦੀ ਜ਼ਿੰਦਗੀ ਵਿਚ ਬਹੁਤ ਸਾਰੇ ਹੋਣ ਵਾਲੇ ਸੜਕ ਹਾਦਸਿਆਂ ਦਾ ਵੀ ਕਾਰਨ ਬਣਦੀਆਂ ਹਨ, ਪਰ ਇਹ ਗੱਲ ਕੋਈ ਨਹੀਂ ਦੱਸਦਾ ਕਿ ਇਹ ਏਨੀ ਵੱਡੀ ਗਿਣਤੀ ਵਿਚ ਫੰਡਰ ਕਿਉਂ ਹੋ ਰਹੀਆਂ ਹਨ ਅਤੇ ਕਿਉਂ ਦਿਨੋਂ-ਦਿਨ ਸਾਡੀਆਂ ਸੜਕਾਂ 'ਤੇ ਇਹਨਾਂ ਦੇ ਹਜੂਮ ਵਧਦੇ ਹੀ ਜਾ ਰਹੇ ਹਨ। ਇਸ ਦਾ ਇੱਕ ਦੂਸਰਾ ਪਹਿਲੂ ਇਹ ਵੀ ਹੈ ਕਿ ਜਿਸ ਵੀ ਕਿਸੇ ਕਿਸਾਨ ਦੇ ਡੇਅਰੀ ਫਾਰਮ 'ਤੇ ਇਹਨਾਂ ਫੰਡਰ ਗਾਂਵਾਂ ਦੇ ਝੁੰਡ ਪੈਦਾ ਹੋਣ ਲੱਗਦੇ ਹਨ, ਉਹ ਡੇਅਰੀ ਫਾਰਮ ਇਕਦਮ ਘਾਟੇ ਵਿੱਚ ਚਲਿਆ ਜਾਂਦਾ ਹੈ, ਪਰ ਢੀਠ ਸਰਕਾਰਾਂ ਨੂੰ ਇਸ ਨਾਲ ਕੋਈ ਫਰਕ ਨਹੀਂ ਪੈਂਦਾ ਅਤੇ ਕਾਰਪੋਰੇਟ ਘਰਾਣਿਆਂ ਦੇ ਤਾਂ ਕਹਿਣੇ ਹੀ ਕੀ, ਸਗੋਂ ਉਹਨਾਂ ਦੇ ਤਾਂ ਮੁਨਾਫੇ ਛਾਲਾਂ ਮਾਰ ਕੇ ਕਿਤੋਂ ਦੇ ਕਿਤੇ ਪਹੁੰਚ ਜਾਂਦੇ ਹਨ।

ਇਹ ਸਭ ਕੁਝ ਹੋ ਰਿਹਾ ਹੈ ਸੈਕਸਡ ਸੀਮਨ (ਲਿੰਗੀ ਵੀਰਜ ) ਨਾਂਅ ਦੀ ਇੱਕ ਨਵੀਂ ਤਕਨੀਕ ਨਾਲ, ਜਿਸ ਨੂੰ ਪੂਰੀ ਦੁਨੀਆ ਵਿੱਚੋਂ ਕੇਵਲ ਭਾਰਤ ਸਰਕਾਰ ਹੀ ਮਿਲੀ ਹੈ, ਜੋ ਐਡੇ ਵੱਡੇ ਪੈਮਾਨੇ ਉਪਰ ਇਸ ਨੂੰ ਲਗਾਤਾਰ ਲਾਗੂ ਕਰੀ ਜਾ ਰਹੀ ਹੈ ਅਤੇ ਲੋਕਾਂ ਦੇ ਖੂਨ-ਪਸੀਨੇ ਦੇ ਹਜ਼ਾਰਾਂ ਕਰੋੜ ਦੇ ਟੈਕਸਾਂ ਨਾਲ ਇਕੱਠੇ ਕੀਤੇ ਧਨ ਨੂੰ ਗਟਰ ਵਿੱਚ ਹੀ ਨਹੀਂ ਵਹਾ ਰਹੀ, ਸਗੋਂ ਇਸ ਨਾਲ ਕਿਸਾਨਾਂ ਨੂੰ ਹੋਣ ਵਾਲੇ ਨੁਕਸਾਨ ਨੂੰ ਹੋਰ ਦੁੱਗਣਾ ਚੌਗੁਣਾ ਵੀ ਕਰ ਰਹੀ ਹੈ।

ਵੈਸੇ ਕਹਿਣ ਨੂੰ ਤਾਂ ਸਾਡੀ ਸਰਕਾਰ ਇਹ ਕਹਿ ਕੇ ਇਸ ਤਕਨੀਕ ਨੂੰ ਲਾਗੂ ਕਰ ਰਹੀ ਹੈ ਕਿ ਇਸ ਨਾਲ ਗਾਂਵਾਂ ਵਿੱਚ ਕੇਵਲ ਮਾਦਾ ਸੰਤਾਨ ਨੂੰ ਪੈਦਾ ਕਰਕੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕੀਤਾ ਜਾਵੇਗਾ, ਬਲਕਿ ਇਸ ਨਾਲ ਵੱਛੜੇ ਘੱਟ ਪੈਦਾ ਕਰ ਕੇ ਬੁੱਚੜਖਾਨੇ ਲਿਜਾਏ ਜਾਣ ਵਾਲੇ ਜਾਨਵਰਾਂ ਦੀ ਗਿਣਤੀ ਘਟਾ ਕੇ ਗਊ ਸੇਵਾ ਅਤੇ ਹਿੰਦੂਤਵ ਦੇ ਭਾਵ ਨੂੰ ਵੀ ਸੰਤੁਸ਼ਟ ਕੀਤਾ ਜਾ ਸਕੇਗਾ, ਪਰ ਹੁਣ ਇਸ ਤਕਨੀਕ ਦੇ ਬਹੁਤ ਸਾਰੇ ਦੁਰਪ੍ਰਭਾਵ ਸਾਹਮਣੇ ਆਉਣ ਲੱਗੇ ਹਨ, ਜਿਨ੍ਹਾਂ ਵਿੱਚੋਂ ਇਕ ਹੈ ਕਨਸੈਪਸਨ ਰੇਟ (ਗਰਭ ਧਾਰਨ ਦਰ) ਦਾ ਬਹੁਤ ਨੀਚੇ ਗਿਰ ਜਾਣਾ ਅਤੇ ਦੂਸਰਾ ਇਸ ਵਿਧੀ ਨਾਲ ਪੈਦਾ ਹੋਣ ਵਾਲੇ ਭਰੂਣ, ਗਰਭ-ਸ਼ਿਸ਼ੂ ਅਤੇ ਨਵ ਜਨਮੇ ਬੱਚਿਆਂ ਵਿੱਚ ਹੋਣ ਵਾਲੇ ਡੀ ਐੱਨ ਏ ਦੇ ਵਿਗਾੜ, ਇਹਨਾਂ ਦੇ ਸਰੀਰ ਵਿੱਚ ਹੋਣ ਵਾਲੀਆਂ ਬਿਮਾਰੀਆਂ ਜਿਵੇਂ ਦਿਲ, ਦਿਮਾਗ, ਗੁਰਦੇ, ਲਿਵਰ ਦਾ ਨੁਕਸਦਾਰ ਹੋਣਾ, ਕੈਂਸਰ ਵਰਗੀਆਂ ਬਿਮਾਰੀਆਂ ਤੋਂ ਪੀੜਤ ਹੋਣਾ ਆਦਿ। ਫਿਰ ਇਸ ਸਭ ਤੋਂ ਉਪਰ ਇਹਨਾਂ ਭਰੂਣਾਂ ਅਤੇ ਨਵ-ਜਨਮੇ ਬੱਚਿਆਂ ਦੀਆਂ ਵੱਡੀ ਗਿਣਤੀ ਵਿਚ ਹੋਣ ਵਾਲੀਆਂ ਮੌਤਾਂ।

ਸੈਕਸਡ ਸੀਮਨ ਦੀਆਂ ਵੈਸੇ ਤਾਂ ਕਈ ਤਕਨੀਕਾਂ ਮੌਜੂਦ ਹਨ, ਪਰ ਇਹਨਾਂ ਸਾਰੀਆਂ ਵਿੱਚੋਂ ਸਭ ਤੋਂ ਜ਼ਿਆਦਾ ਪਾਪੂਲਰ 1982 ਵਿੱਚ ਪਿੰਕਲ ਅਤੇ ਗਲੈਡਹਿਲ ਨਾਂਅ ਦੇ ਵਿਗਿਆਨਕਾਂ ਦੁਆਰਾ ਖੋਜੀ ਫਲੋ ਸਾਈਟੋਮੀਟਰੀ ਸੀਮਨ ਸਾਰਟਿੰਗ (ਵਹਾ ਆਧਾਰਤ ਸੈੱਲ ਗਿਣਤੀ ਵੀਰਜ ਵੱਖਰਾ ਕਰਨ) ਦੀ ਤਕਨੀਕ ਹੈ, ਜਿਸ ਨੂੰ ਇਸ ਸਮੇਂ ਭਾਰਤ ਸਮੇਤ ਪੂਰੀ ਦੁਨੀਆ ਵਿੱਚ ਵਰਤਿਆ ਜਾ ਰਿਹਾ ਹੈ। ਇਸ ਤਕਨੀਕ ਦੀ ਖਾਸੀਅਤ ਇਹ ਹੈ ਕਿ ਇਸ ਵਿਚ ਬਲਦ ਦੇ ਸਪਰਮਾਂ (ਸ਼ੁਕਰਾਣੂ) ਨੂੰ ਬਹੁਤ ਹੀ ਸਖਤ ਅਤੇ ਨੁਕਸਾਨਜਨਕ ਹਲਾਤਾਂ ਵਿੱਚੋਂ ਗੁਜ਼ਾਰਿਆ ਜਾਂਦਾ ਹੈ, ਜਿਹਨਾਂ ਵਿੱਚ 35-50 ਐਟਮਸਫੀਅਰ (ਪ੍ਰੈਸ਼ਰ ਮਿਣਨ ਦੀ ਇਕਾਈ) ਦਾ ਪਰੈਸ਼ਰ, ਲੇਜਰ ਲਾਈਟਾਂ, ਕੈਮੀਕਲ ਟਰੀਟਮੈਂਟ, 100 ਕਿਲੋਮੀਟਰ ਦੀ ਸਪੀਡ 'ਤੇ ਘੁਮਾਉਣਾ ਅਤੇ ਬਿਜਲੀ ਦੇ ਝਟਕੇ ਦੇਣਾ ਤੱਕ ਸ਼ਾਮਿਲ ਹੈ। ਇਸ ਸਾਰੀ ਪ੍ਰਕਿਰਿਆ ਦੌਰਾਨ ਸਪਰਮ ਡੈਮੇਜ ਹੋ ਜਾਂਦੇ ਹਨ ਅਤੇ ਇੱਥੋਂ ਤੱਕ ਕਿ ਉਨ੍ਹਾਂ ਦਾ ਡੀ ਐੱਨ ਏ ਵੀ ਡੈਮੇਜ ਹੋ ਜਾਂਦਾ ਹੈ।

ਸਪਰਮ ਬਹੁਤ ਹੀ ਨਾਜ਼ੁਕ ਅਤੇ ਹੈਪਲਾਇਡ (ਐਸੇ ਸੈੱਲ ਜਿਨ੍ਹਾਂ ਵਿਚ ਅਤੇ ਕਰੋਮੋਸੋਮ ਹੁੰਦੇ ਹਨ ਅਤੇ ਆਮ ਸੈੱਲ ਨਾਲੋਂ ਕਰੋਮੋਸੋਮਾਂ ਦੀ ਗਿਣਤੀ ਅੱਧੀ ਹੁੰਦੀ ਹੈ) ਇਕਾਈਆਂ ਹੁੰਦੇ ਹਨ। ਉਹਨਾਂ ਦੀ ਸੁਰੱਖਿਆ ਲਈ ਉਹਨਾਂ ਨੂੰ ਢਕਣ ਲਈ ਉਹਨਾਂ ਕੋਲ ਤਾਂ ਇੱਕ ਸੈੱਲ ਵਾਲ (ਕੰਧ) ਵੀ ਨਹੀਂ ਹੁੰਦੀ। ਉਹ ਤਾਂ ਇੱਕ ਬਹੁਤ ਹੀ ਬਾਰੀਕ ਅਤੇ ਨਰਮ ਪਲਾਜ਼ਮਾ ਲੀਮਾਂ ਨਾਲ ਢਕੇ ਹੁੰਦੇ ਹਨ। ਉਹ ਏਨਾ ਪਰੈਸ਼ਰ ਜਾਂ ਲੇਜਰ ਲਾਈਟਾਂ ਵਗੈਰਾ ਨਹੀਂ ਸਹਾਰ ਸਕਦੇ। ਇਹ ਗੱਲ ਇਨਾਭਾ, ਸਪਾਈਨੇਸੀ, ਗੋਂਜਾਲਵਿਸ ਵਰਗੇ ਵੱਡੇ ਵਿਗਿਆਨੀਆਂ ਨੇ ਬੜੀ ਮਿਹਨਤ ਨਾਲ ਸਮਝਾਈ ਸੀ। ਜਾਈਗੋਟ ਦਾ ਡੈਮੇਜ ਹੋ ਜਾਣਾ ਅਤੇ ਉਸ ਦੀਆਂ ਹੋਣ ਵਾਲੀਆਂ ਮੌਤਾਂ ਬਾਰੇ ਬੜੇ ਵਿਸਥਾਰ ਵਿਚ ਟਿਸਾਰਿਕ, ਪਾਲਮਾ ਅਤੇ ਟੈਲਫੋਰਡ ਵਰਗੇ ਵਿਗਿਆਨਕਾਂ ਨੇ ਦੱਸਿਆ ਸੀ। ਇੱਥੇ ਜ਼ਿਕਰਯੋਗ ਗੱਲ ਇਹ ਹੈ ਕਿ ਜਾਈਗੋਟ ਜਾਂ ਭਰੂਣ ਹੱਤਿਆਵਾਂ ਬਾਰੇ ਪੂਰਾ-ਪੂਰਾ ਅੰਕੜਾ ਮਿਲਣਾ ਬਹੁਤ ਮੁਸ਼ਕਲ ਹੈ, ਪਰ ਭਰੂਣ ਤੋਂ ਅਗਲੀ ਸਟੇਜ ਯਾਨਿ ਗਰਭ ਵਿੱਚ ਪਲ ਰਹੇ ਬੱਚੇ ਦੀ ਜਦੋਂ ਮੌਤ ਹੁੰਦੀ ਹੈ ਅਤੇ ਗਊ ਦਾ ਜਦੋਂ ਗਰਭ ਗਿਰਦਾ ਹੈ ਤਾਂ ਇਹ ਅੰਕੜਾ ਰਿਕਾਰਡ ਵਿੱਚ ਆ ਜਾਂਦਾ ਹੈ ਅਤੇ ਇਹ ਅੰਕੜਾ ਸੱਚਮੁੱਚ ਬਹੁਤ ਭਿਆਨਕ ਹੈ। ਜੈਡੋਵਿਕ ਅਤੇ ਜਿਹਡਾ ਨੇ ਇਹ ਅੰਕੜਾ 1.35% ਸੈਕਸਡ ਸੀਮਨ ਨਾਲ ਹੋਣ ਵਾਲੀਆਂ ਵੱਧ ਮੌਤਾਂ ਦਾ ਦਿੱਤਾ ਹੈ। ਨਾਰਮਨ ਨੇ ਇਹ ਅੰਕੜਾ ਕਰੀਬ ਇੱਕ ਪਰਸੈਂਟ ਦਾ ਦਿੱਤਾ ਹੈ। ਹੀਅਲੀ ਨੇ ਇਹ ਅੰਕੜਾ 1.7% ਵੱਧ ਮੌਤਾਂ ਦਾ ਦਿੱਤਾ ਹੈ। ਇਹ ਸੱਚਮੁੱਚ ਬਹੁਤ ਵੱਡੇ ਅੰਕੜੇ ਹਨ। ਇਹਨਾਂ ਨੂੰ ਦੇਖ ਕੇ ਕਿਸੇ ਦਾ ਵੀ ਸਿਰ ਚਕਰਾ ਸਕਦਾ ਹੈ, ਕਿਉਂਕਿ ਸਾਡੇ ਦੇਸ਼ ਵਿੱਚ ਇਹ ਪ੍ਰਾਜੈਕਟ ਏਡੇ ਵੱਡੇ ਪੈਮਾਨੇ ਉਪਰ 25-30 ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਖਰਚਾ ਕਰਕੇ ਕਰੋੜਾਂ ਹੀ ਗਾਂਵਾਂ ਉਪਰ ਚਲਾ ਦਿੱਤਾ ਗਿਆ ਹੈ। ਹੁਣ ਤੱਕ ਕਈ ਕਰੋੜ ਡੋਜ਼ਾਂ ਇਸ ਤਕਨੀਕ ਨਾਲ ਤਿਆਰ ਕੀਤੇ ਸੀਮਨ ਦੀਆਂ ਲਗਾਈਆਂ ਜਾ ਚੁੱਕੀਆਂ ਹਨ। ਇਸ ਹਿਸਾਬ ਨਾਲ ਤਾਂ ਗਊ ਮਾਤਾ ਦੇ ਪੇਟ ਵਿੱਚ ਪਲਣ ਵਾਲੇ ਲੱਖਾਂ ਹੀ ਮਾਸੂਮ ਬਛੜੇ ਹੁਣ ਤੱਕ ਮਾਰ ਦਿੱਤੇ ਜਾ ਚੁੱਕੇ ਹਨ। ਇਹ ਸਭ ਉਸ ਦੇਸ਼ ਵਿੱਚ ਹੋ ਰਿਹਾ ਹੈ, ਜਿਸ ਦੇਸ਼ ਵਿੱਚ ਗਊ ਨੂੰ ਮਾਤਾ ਦਾ ਦਰਜਾ ਹਾਸਲ ਹੈ।

ਜੇ ਇਹਨਾਂ ਮੌਤਾਂ ਵਿਚ ਜਾਈਗੋਟ, ਭਰੂਣ ਅਤੇ ਨਵਜਨਮੇ ਬੱਚਿਆਂ ਦੀਆਂ ਹੱਤਿਆਵਾਂ ਵੀ ਜੋੜ ਦਿੱਤੀਆਂ ਜਾਣ ਤਾਂ ਇਹ ਅੰਕੜਾ 15-20 ਫੀਸਦੀ ਤੱਕ ਵੀ ਜਾ ਸਕਦਾ ਹੈ। ਇਹ ਤਾਂ ਕਹਿਰ ਹੈ। ਕਿਸਾਨਾਂ ਨੂੰ ਅਜਿਹੀ ਤਕਨੀਕ ਦਾ ਡਟ ਕੇ ਵਿਰੋਧ ਕਰਨਾ ਚਾਹੀਦਾ ਹੈ, ਕਿਉਂਕਿ ਗਊ ਹੱਤਿਆ ਤਾਂ ਇੱਕ ਪਾਸੇ, ਇਸ ਨਾਲ ਉਨ੍ਹਾਂ ਦੀਆਂ ਗਾਵਾਂ ਲਗਾਤਾਰ ਫੰਡਰ ਹੋ ਰਹੀਆਂ ਹਨ ਅਤੇ ਡੇਅਰੀ ਫਾਰਮ ਲਗਾਤਾਰ ਘਾਟੇ ਵਿੱਚ ਜਾ ਰਹੇ ਹਨ। ਸਾਡੀਆਂ ਯੂਨੀਵਰਸਿਟੀਆਂ ਅਤੇ ਰਿਸਰਚ ਇੰਸਟੀਚਿਊਟ, ਜੋ ਅੱਜਕੱਲ੍ਹ ਮਲਟੀਨੈਸ਼ਨਲ ਕਾਰਪੋਰੇਟ ਘਰਾਣਿਆਂ ਦੇ ਬੱਸ ਰਿਜਨਲ ਮਾਰਕੀਟਿੰਗ ਆਫਿਸ ਹੀ ਬਣ ਕੇ ਰਹਿ ਗਏ ਹਨ, ਇਸ ਬਾਬਤ ਕਿਸਾਨਾਂ ਨੂੰ ਕੁਝ ਨਹੀਂ ਦੱਸਦੇ, ਬਲਕਿ ਲਗਾਤਾਰ ਗੁੰਮਰਾਹ ਕਰਦੇ ਹਨ। ਸਰਕਾਰਾਂ ਬੇਸ਼ਰਮੀ ਨਾਲ ਝੂਠ ਬੋਲਦੀਆਂ ਹਨ। ਪੂਰਾ ਸਿਸਟਮ ਚੰਦ ਕਾਰਪੋਰੇਟ ਘਰਾਣਿਆਂ ਦਾ ਬੰਧਕ ਬਣ ਜਾਂਦਾ ਹੈ, ਜਦੋਂ ਕਿ ਇਹ ਗੱਲ ਸਾਬਤ ਹੋ ਚੁੱਕੀ ਹੈ ਕਿ ਜਦੋਂ ਵੀ ਕੋਈ ਜਾਈਗੋਟ, ਭਰੂਣ ਜਾਂ ਗਰਭ ਦਾ ਅੰਤ ਹੁੰਦਾ ਹੈ ਜਾਂ ਉਹ ਗਿਰ ਜਾਂਦਾ ਹੈ, ਉਸ ਮਾਂ ਦੇ ਬਾਂਝ ਹੋਣ ਦੀ ਸੰਭਾਵਨਾ ਬਹੁਤ ਵਧ ਜਾਂਦੀ ਹੈ।

ਇੱਕ ਹੋਰ ਗੱਲ ਜੋ ਬੜੀ ਖਤਰਨਾਕ ਹੈ, ਉਹ ਇਹ ਕਿ ਜੋ ਗਾਂਵਾਂ ਇਸ ਤਕਨੀਕ ਨਾਲ ਪੈਦਾ ਹੋਣਗੀਆਂ ਅਤੇ ਉਹਨਾਂ ਦਾ ਡੀ ਐੱਨ ਏ ਵੀ ਖਰਾਬ ਹੋਵੇਗਾ, ਉਹਨਾਂ ਨੂੰ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਦੇ ਆਪਣੀ ਲਪੇਟ ਵਿੱਚ ਲੈ ਲੈਣ ਦੇ ਚਾਂਸ ਬਹੁਤ ਜ਼ਿਆਦਾ ਹੋਣਗੇ। ਇਹ ਗੱਲ ਹੁਣੇ-ਹੁਣੇ ਦਸੰਬਰ 2019 ਵਿੱਚ ਬ੍ਰਿਟਿਸ਼ ਕੈਂਸਰ ਜਰਨਲ ਵਿਚ ਛਪੀ ਹਾਰਵਰਡ ਯੂਨੀਵਰਸਿਟੀ ਦੇ ਪ੍ਰੋਫੈਸਰ ਡੇਵਿਡ ਫਾਗੁਨੀ ਦੀ ਖੋਜ ਤੋਂ ਸਾਬਤ ਹੁੰਦੀ ਹੈ।

ਕੀ ਅਜਿਹੀਆਂ ਕੈਂਸਰ ਪੀੜਤ ਗਾਂਵਾਂ ਦਾ ਦੁੱਧ ਅਸੀਂ ਆਪਣੇ ਬੱਚਿਆਂ, ਬਜ਼ੁਰਗਾਂ ਅਤੇ ਗਰਭਵਤੀ ਔਰਤਾਂ ਨੂੰ ਪਿਲਾਵਾਂਗੇ ? ਖਤਰੇ ਬਹੁਤ ਹਨ, ਪਰ ਇਲਾਜ ਬੜਾ ਸਿੱਧਾ ਹੈ। ਇਸ ਤਕਨੀਕ ਨੂੰ ਬੈਨ ਕਰੋ। ਕਿਸਾਨੀ ਨੂੰ ਬਚਾਓ। ਕਿਸਾਨ ਪਹਿਲਾਂ ਹੀ ਬਹੁਤ ਵੱਡੇ ਸੰਕਟਾਂ ਵਿੱਚੋਂ ਗੁਜ਼ਰ ਰਹੇ ਹਨ। ਉਹਨਾਂ ਦੇ ਡੇਅਰੀ ਫਾਰਮਾਂ ਨੂੰ ਡਰਾਈ (ਦੁੱਧਹੀਨ) ਫਾਰਮ ਨਾ ਬਣਨ ਦਿਓ। ਇਸ ਦੇ ਵਿੱਚ ਹੀ ਦੇਸ਼, ਸਮਾਜ ਅਤੇ ਸਭ ਦੀ ਭਲਾਈ ਹੈ।

**# ਸੰਪਰਕ : 94631-19829**

2-DEC-PAGE-5.qxd 12/1/2023 9:58 PM Page 1



# ਮੁਲਾਜ਼ਮਾਂ ਨੇ ਜ਼ਿਲ੍ਹਾ ਪੱਧਰ 'ਤੇ ਸਰਕਾਰ ਖਿਲਾਫ਼ ਘੜੇ ਭੰਨ ਕੇ ਕੀਤਾ ਪਿੱਟ-ਸਿਆਪਾ

## 13 ਘੜੇ ਭੰਨ ਕੇ 13 ਲੋਕ ਸਭਾ ਸੀਟਾਂ ਦਾ ਕੀਤਾ ਵਿਰੋਧ



**ਫਿਰੋਜ਼ਪੁਰ (ਗੁਰਬਚਨ ਸਿੰਘ ਸੋਨੂ)**
ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਪੰਜਾਬ ਵੱਲੋਂ ਸੂਬਾ ਸਰਕਾਰ ਦੇ ਅੜੀਅਲ ਰਵੱਈਏ ਵਿਰੁੱਧ ਅਤੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੇ ਹੱਕ ਵਿਚ ਕੀਤੀ ਜਾ ਰਹੀ ਕਲਮ ਛੋੜ ਹੜਤਾਲ 24ਵੇਂ ਦਿਨ ਵਿਚ ਦਾਖਲ ਹੋ ਗਈ ਹੈ, ਪਰ ਸਰਕਾਰ ਮੁਲਾਜ਼ਮਾਂ ਦੀਆਂ ਮੰਗੀ ਪ੍ਰਤੀ ਅਜੇ ਵੀ ਗੰਭੀਰਤਾ ਨਹੀ ਦਿਖਾ ਰਹੀ, ਜਿਸ ਕਰਕੇ ਮੁਲਾਜ਼ਮਾਂ ਅੰਦਰ ਦਿਨੋ-ਦਿਨ ਪੰਜਾਬ ਸਰਕਾਰ ਪ੍ਰਤੀ ਰੋਸ ਹੋਰ ਵਧਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੰਘਰਸ਼ ਨੂੰ ਤਿੱਖਾ ਕਰਨ ਲਈ ਅੱਜ ਸੂਬਾ ਕਮੇਟੀ ਦੇ ਵੱਲੋਂ ਐਕਸ਼ਨ ਸੀ ਕਿ ਡੀ ਸੀ ਦਫਤਰਾਂ ਦੇ ਬਾਹਰ ਇਕੱਠੇ ਹੋ ਕੇ ਘੜੇ ਭੰਨ ਕੇ ਰੋਸ ਪ੍ਰਦਰਸ਼ਨ ਕਰਨ ਦੀ ਸੀ ਜਿਸ ਕਰਕੇ ਅੱਜ ਵੱਡੀ ਗਿਣਤੀ ਵਿਚ ਪੀ ਐਸ ਐਮ ਐਸ ਯੂ ਦੇ ਜਨਰਲ ਸਕੱਤਰ ਪਿੱਪਲ ਸਿੰਘ ਦੀ ਅਗਵਾਈ ਵਿਚ ਮੁਲਾਜ਼ਮਾਂ ਵੱਲੋਂ ਪੈਦਲ ਮਾਰਚ ਕਰਕੇ ਫਿਰੋਜ਼ਪੁਰ ਛਾਉਣੀ ਦੇ ਰਾਕੇਸ਼ ਪਾਇਲਟ ਚੌਕ ਵਿਚ ਜਾ ਕੇ ਪੰਜਾਬ ਸਰਕਾਰ ਦੇ ਖਿਲਾਫ ਨਾਅਰੇਬਾਜ਼ੀ ਕੀਤੀ ਗਈ ਅਤੇ 13 ਘੜੇ ਭੰਨ ਕੇ ਪੰਜਾਬ ਦਾ ਪਿੱਟ ਸਿਆਪਾ ਕੀਤਾ ਗਿਆ। ਇਸ ਰੋਸ ਮੁਜ਼ਾਹਰੇ ਨੂੰ ਮਨੋਹਰ ਲਾਲ ਜ਼ਿਲ੍ਹਾ ਪ੍ਰਧਾਨ ਪੀ ਐਸ ਐਮ ਐਸ ਯੂ, ਪ੍ਰਦੀਪ ਵਿਨਾਇਕ ਜ਼ਿਲ੍ਹਾ ਖਜ਼ਾਨਚੀ, ਪੈਨਸ਼ਨਰ ਐਸੋਸੀਏਸ਼ਨ ਫਿਰੋਜ਼ਪੁਰ, ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਾਮ ਪ੍ਰਸਾਦ, ਪੰਜਾਬ ਪੁਲਸ ਪੈਨਸ਼ਨਰ ਫਿਰੋਜ਼ਪੁਰ, ਬਿਜਲੀ ਬੋਰਡ ਯੂਨੀਅਨ ਫਿਰੋਜ਼ਪੁਰ, ਕਿਸਾਨ ਜਥੇਬੰਦੀ ਸਿੱਧੂ, ਪਰਮਜੀਤ ਸਿੰਘ ਭੁੱਲਰ ਭਾਰਤੀ ਕਿਸਾਨ ਯੂਨੀਅਨ, ਸਾਂਝਾ ਮੁਲਾਜ਼ਮ ਮੰਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨਰੇਸ਼ ਸੈਣੀ ਸੂਬਾ ਪ੍ਰਧਾਨ, ਪੈਰਾ ਮੈਡੀਕਲ ਐਸੋਸੀਏਸ਼ਨ ਦੇ ਆਗੂ ਨਰਿੰਦਰ ਸ਼ਰਮਾ, ਪੰਜਾਬ ਸਟੇਟ ਕਰਮਚਾਰੀ ਦਲ ਅਤੇ ਜੇਲ੍ਹ ਪੈਨਸ਼ਨਰ ਐਸੋਸੀਏਸ਼ਨ ਫਿਰੋਜ਼ਪੁਰ ਸਮੇਤ ਵੱਡੀ ਗਿਣਤੀ ਵਿਚ ਯੂਨੀਅਨ ਨੇ ਸ਼ਮੂਲੀਅਤ ਕੀਤੀ ਅਤੇ ਨਾਅਰੇਬਾਜ਼ੀ ਕੀਤੀ। ਇਸ ਰੋਸ ਮੁਜ਼ਾਹਰੇ ਨੂੰ ਮਨੋਹਰ ਲਾਲ ਜ਼ਿਲ੍ਹਾ ਪ੍ਰਧਾਨ ਪੀ ਐਸ ਐਮ ਐਸ ਯੂ, ਸੂਬਾ ਜਨਰਲ ਸਕੱਤਰ ਪਿੱਪਲ ਸਿੰਘ ਸਿੱਧੂ, ਪ੍ਰਦੀਪ ਵਿਨਾਇਕ ਜ਼ਿਲ੍ਹਾ ਖਜ਼ਾਨਚੀ, ਗੋਬਿੰਦ ਮੁਟਨੇਜਾ, ਹਰਮੀਤ ਮੱਲ੍ਹੀ ਫੂਡ ਸਪਲਾਈ ਵਿਭਾਗ, ਜਗਸੀਰ ਸਿੰਘ ਭਾਂਗਰ ਸੀਨੀਅਰ ਮੀਤ ਪ੍ਰਧਾਨ, ਸੋਨੂੰ ਕਸ਼ਅਪ ਵਾਈਸ ਜਨਰਲ ਸਕੱਤਰ, ਵਰੁਣ ਕੁਮਾਰ, ਰਾਮ ਪ੍ਰਸਾਦ ਜ਼ਿਲ੍ਹਾ ਪ੍ਰਧਾਨ ਕਲਾਸ ਫੋਰਥ ਯੂਨੀਅਨ ਅਤੇ ਪੰਜਾਬ ਸੁਬਾਰੀਨੇਟ ਸਰਵਿਸ ਫੈਡਰੇਸ਼ਨ ਫਿਰੋਜ਼ਪੁਰ, ਅਮਰ ਨਾਥ ਸਿੱਖਿਆ ਵਿਭਾਗ, ਜੁਗਲ ਆਨੰਦ, ਮੁਕੇਸ਼ ਕੁਮਾਰ ਲੋਕ ਨਿਰਮਾਣ ਵਿਭਾਗ, ਅਸ਼ੋਕ ਕੁਮਾਰ ਸੂਬਾ ਪ੍ਰਧਾਨ ਕਮਿਸ਼ਨਰ ਦਫਤਰ, ਯਾਦਵਿੰਦਰ ਸਿੰਘ, ਹਰਪ੍ਰੀਤ ਸਿੰਘ ਦੁੱਗਲ, ਰਣਜੀਤ ਸਿੰਘ ਸਟੈਨੋ, ਅਮਨਦੀਪ ਸਿੰਘ, ਮਨੀਸ਼ ਅਤੇ ਕੁਲਵਿੰਦਰ ਜ਼ਿਲ੍ਹਾ ਖਜ਼ਾਨਾ ਦਫਤਰ, ਗੁਰਪ੍ਰੀਤ ਸਿੰਘ ਸੋਢੀ ਐਕਸਾਈਜ਼ ਵਿਭਾਗ, ਅਜੀਤ ਸਿੰਘ ਸੋਢੀ ਪੈਨਸ਼ਨਰ ਯੂਨੀਅਨ, ਜਗਮੀਤ ਸਿੰਘ ਸਟੈਨੋ, ਪਰਦੀਪ ਸਿੰਘ ਸਟੈਨੋ ਸੁਰਿੰਦਰ ਸ਼ਰਮਾ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਮੁੱਖਾ ਕੁਮਾਰ ਅਤੇ ਵਿਕਾਸ ਕਾਲੜਾ ਹੈਲਥ ਵਿਭਾਗ, ਖੁਸ਼ਵਿੰਦਰ ਸਿੰਘ ਜਨਰਲ ਸਕੱਤਰ ਸਹਿਕਾਰਤਾ ਵਿਭਾਗ, ਹਰਜਿੰਦਰ ਪਾਲ ਅੰਕੜਾ ਵਿਭਾਗ, ਗੁਰਵਿੰਦਰ ਸਿੰਘ ਤਹਿਸੀਲ ਦਫਤਰ, ਸੁਖਚੈਨ ਸਿੰਘ ਸਟੈਨੋ, ਨਰਿੰਦਰ ਸ਼ਰਮਾ ਪੈਰਾ ਮੈਡੀਕਲ ਯੂਨੀਅਨ, ਰਾਜ ਕੁਮਾਰ ਰੋਜ਼ਗਾਰ ਵਿਭਾਗ, ਰੋਹਿਤ ਕੁਮਾਰ, ਦਲਜੀਤ ਸਿੰਘ ਲੇਬਰ ਦਫਤਰ, ਸੰਦੀਪ ਕਟੋਚ, ਮਨੋਜ ਖੱਟਰ, ਮਹਿਤਾਬ ਸਿੰਘ ਡੀ.ਸੀ. ਦਫਤਰ, ਪ੍ਰੇਮ ਕੁਮਾਰੀ, ਸ਼ੀਨਮ, ਨਰਿੰਦਰ ਕੌਰ ਡੀ.ਸੀ. ਦਫਤਰ, ਸਮੀਰ ਮਾਨਕਟਾਲਾ ਅਤੇ ਵੀਰਪਾਲ ਕੌਰ ਆਯੁਰਵੈਦਿਕ, ਕੁਲਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ ਭੂਮੀ ਰੱਖਿਆ, ਕਲਾਸ ਫੋਰਥ ਯੂਨੀਅਨ ਤੋਂ ਰਾਜ ਕੁਮਾਰ ਮੀਤ ਪ੍ਰਧਾਨ, ਬੂਟਾ ਸਿੰਘ ਪ੍ਰਧਾਨ ਡੀਸੀ ਦਫਤਰ, ਮਨਿੰਦਰਜੀਤ ਸਿੰਘ ਸਿਵਲ ਸਰਜਨ ਦਫਤਰ, ਅਜੀਤ ਗਿੱਲ ਸਿਵਲ ਹਸਪਤਾਲ ਤੋ ਇਲਾਵਾ ਵੱਖ ਵੱਖ ਦਫਤਰਾਂ ਦੇ ਮੁਲਾਜ਼ਮਾਂ ਸੰਬੋਧਨ ਕੀਤਾ। ਸੂਬਾ ਜਨਰਲ ਸਕੱਤਰ ਪਿੱਪਲ ਸਿੰਘ ਸਿੱਧੂ ਨੇ ਕਿ ਅੱਜ ਪੰਜਾਬ ਸਰਕਾਰ ਖਿਲਾਫ਼ ਖਾਲੀ ਪੀਪੇ ਖੜਕਾ ਕੇ ਅਤੇ ਘੜੇ ਭੰਨ ਕੇ ਪੰਜਾਬ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅੱਜ ਮੁਲਾਜ਼ਮਾਂ ਵੱਲੋਂ 13 ਘੜੇ ਭੰਨ ਕੇ ਰੋਸ ਕੀਤਾ ਕਿਉਂਕਿ ਆਉਣ ਵਾਲੇ 13 ਲੋਕ ਸਭਾ ਦਾ ਵਿਰੋਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਨੂੰ 5 ਦਸੰਬਰ ਦੀ ਬਿਨਾਂ ਲਿਖਤੀ ਦੇ ਮੀਟਿੰਗ ਦਿੱਤੀ ਗਈ ਹੈ, ਪਰ ਜਦੋਂ ਤੱਕ ਸਰਕਾਰ ਸਾਨੂੰ ਕੋਈ ਲਿਖਤੀ ਤੌਰ 'ਤੇ ਮੀਟਿੰਗ ਦਾ ਸਮਾਂ ਨਹੀਂ ਦਿੰਦੀ ਉਦੋਂ ਤੱਕ ਅਸੀਂ ਮੀਟਿੰਗ ਨਹੀ ਕਰਾਂਗੇ ਅਤੇ ਇਸ ਮੀਟਿੰਗ ਦਾ ਬਾਈਕਾਟ ਕਰਾਂਗੇ। ਉਨ੍ਹਾਂ ਕਿਹਾ ਕਿ ਇਹ ਹੜਤਾਲ ਪੀ.ਐਸ.ਐਮ.ਐਸ.ਯੂ ਵੱਲੋਂ 8 ਨਵੰਬਰ ਤੋਂ ਸ਼ੁਰੂ ਕੀਤੀ ਗਈ ਪਰ ਅੱਜ ਇਹ ਹੜਤਾਲ ਵਿਚ ਸਮੂਹ ਜਥੇਬੰਦੀਆਂ ਦੀ ਸ਼ਮੂਲੀਅਤ ਨੂੰ ਦੇਖਦੇ ਹੋਏ ਇਹ ਸੰਘਰਸ਼ ਵੱਡੇ ਪੱਧਰ 'ਤੇ ਪਹੁੰਚ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਜਲਦੀ ਹੀ ਸਾਡੀਆਂ ਮੰਗ ਵੱਲ ਧਿਆਨ ਨਾ ਦਿੱਤਾ ਤਾਂ ਇਸ ਤੋਂ ਵੀ ਵੱਡੇ ਰੋਸ ਮੁਜ਼ਾਹਰੇ ਕੀਤੇ ਜਾਣਗੇ।

# ਨਸ਼ਿਆਂ ਤੋਂ ਦੂਰੀ ਬਣਾ ਕੇ ਸਰੀਰਕ ਤੇ ਆਰਥਕ ਨੁਕਸਾਨ ਤੋਂ ਬਚਿਆ ਜਾ ਸਕਦਾ : ਵਿਧਾਇਕ ਬੁੱਧ ਰਾਮ



**ਮਾਨਸਾ (ਆਤਮਾ ਸਿੰਘ ਪਮਾਰ)**
ਨਸ਼ਾ ਮਨੁੱਖ ਦਾ ਸਰੀਰਕ ਅਤੇ ਆਰਥਕ ਨੁਕਸਾਨ ਕਰਦਾ ਹੈ। ਨਸ਼ਾ ਕਰਨ ਵਾਲਾ ਵਿਅਕਤੀ ਦੋਸ਼ੀ ਨਹੀਂ ਬਲਕਿ ਬਿਮਾਰ ਹੁੰਦਾ ਹੈ ਜਿਸ ਦਾ ਇਲਾਜ ਕਰਵਾ ਕੇ ਉਸ ਨੂੰ ਨਸ਼ਾ ਰਹਿਤ ਜੀਵਨ ਜਿਊਣ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਨੇ ਸਿਵਲ ਤੇ ਪੁਲਸ ਪ੍ਰਸ਼ਾਸਨ ਵੱਲੋਂ ਨਸ਼ਿਆਂ ਖਿਲਾਫ ਆਯੋਜਿਤ ਜਾਗ੍ਰਿਤੀ ਯਾਤਰਾ 'ਚ ਸ਼ਮੂਲੀਅਤ ਕਰਨ ਪਹੁੰਚੇ ਨੌਜਵਾਨ, ਸਕੂਲੀ ਬੱਚਿਆਂ ਸਮੇਤ ਹੋਰ ਸ਼ਖ਼ਸ਼ੀਅਤਾਂ ਨੂੰ ਸੰਬੋਧਨ ਕਰਦਿਆਂ ਕੀਤਾ। ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਨਸ਼ੇ ਤੋਂ ਪੀੜਤ ਵਿਅਕਤੀ ਦਾ ਸਰਕਾਰ ਵੱਲੋਂ ਖੋਲ੍ਹੇ ਓਟ ਸੈਂਟਰਾਂ ਵਿਚ ਇਲਾਜ ਕਰਵਾਇਆ ਜਾ ਸਕਦਾ ਹੈ ਜਿੱਥੇ ਲੋੜੀਂਦੀਆਂ ਦਵਾਈਆਂ ਮੁਫ਼ਤ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਸਾਨੂੰ ਸਭ ਨੂੰ ਇਕੱਠੇ ਹੋ ਕੇ ਸਿਵਲ ਤੇ ਪੁਲਸ ਪ੍ਰਸ਼ਾਸਨ ਦਾ ਸਹਿਯੋਗ ਕਰਦਿਆਂ ਨਸ਼ਿਆਂ ਖਿਲਾਫ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ ਅਤੇ ਨਸ਼ਾ ਕਰਨ ਵਾਲੇ ਵਿਅਕਤੀਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਪ੍ਰੇਰਿਤ ਕਰਨਾ ਚਾਹੀਦਾ ਹੈ। ਉਨ੍ਹਾਂ ਸਮੂਹ ਹਾਜ਼ਰੀਨ ਨੂੰ ਨਸ਼ਾ ਮੁਕਤ ਸਮਾਜ ਸਿਰਜਣ ਅਤੇ ਨਸ਼ਿਆਂ ਦੇ ਖਿਲਾਫ ਆਵਾਜ਼ ਬੁਲੰਦ ਕਰਨ ਦਾ ਪ੍ਰਣ ਦਿਵਾਇਆ। ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੇ ਕਿਹਾ ਕਿ ਸਮਾਜ ਨਾਲੋਂ ਟੁੱਟਿਆ ਵਿਅਕਤੀ ਹੀ ਨਸ਼ੇ ਵੱਲ ਜਾਂਦਾ ਹੈ। ਜਿਸ ਨੂੰ ਸਮਾਜ ਅਤੇ ਪਰਵਾਰ ਵੱਲੋਂ ਸਹਾਰਾ ਨਹੀਂ ਮਿਲਦਾ ਉਹ ਵਿਅਕਤੀ ਨਸ਼ੇ ਦਾ ਸਹਾਰਾ ਲੈਂਦਾ ਹੈ। ਉਨ੍ਹਾਂ ਕਿਹਾ ਕਿ ਹਰੇਕ ਮਾਤਾ ਪਿਤਾ ਨੂੰ ਆਪਣੇ ਬੱਚਿਆਂ ਦੇ ਵਿਵਹਾਰ ਨੂੰ ਸਮਝਦਿਆਂ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੱਲ ਵੀ ਪ੍ਰੇਰਿਤ ਕਰਨਾ ਚਾਹੀਦਾ ਹੈ। ਐਸ.ਐਸ.ਪੀ. ਡਾ. ਨਾਨਕ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਪੁਲਸ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਨਸ਼ਾ ਵੇਚਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ, ਉੱਥੇ ਹੀ ਨਸ਼ਿਆਂ ਤੋਂ ਦੂਰ ਰਹਿਣ ਲਈ ਸਮੇਂ ਸਮੇਂ 'ਤੇ ਜਾਗਰੂਕਤਾ ਗਤੀਵਿਧੀਆਂ ਵੀ ਉਲੀਕੀਆਂ ਜਾਂਦੀਆਂ ਹਨ। ਉਨ੍ਹਾਂ ਜ਼ਿਲ੍ਹੇ ਦੀਆਂ ਵੱਖ ਵੱਖ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਨੂੰ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਨਾਲ ਜੁੜ ਕੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਨਿਰੋਗ ਜ਼ਿੰਦਗੀ ਜਿਊਣ ਲਈ ਪ੍ਰੇਰਿਤ ਕਰਨ ਦਾ ਸੱਦਾ ਦਿੱਤਾ। ਬਲਵੰਤ ਸਿੰਘ ਭੀਖੀ ਨੇ ਨਸ਼ਾ ਵਿਰੋਧੀ ਜਾਗ੍ਰਿਤੀ ਯਾਤਰਾ ਵਿਚ ਸ਼ਾਮਿਲ ਹੋਏ ਸਮੂਹ ਹਾਜ਼ਰੀਨ ਦਾ ਸਵਾਗਤ ਕੀਤਾ। ਇਸ ਮੌਕੇ ਅਮਨਦੀਪ ਸਿੰਗਲਾ ਸੈਕਟਰੀ ਲੀਗਲ ਵਿੰਗ ਆਮ ਆਦਮੀ ਪਾਰਟੀ, ਲਖਵਿੰਦਰ ਸਿੰਘ ਮੂਸਾ, ਪ੍ਰਧਾਨ ਸਾਬਕਾ ਸੈਨਿਕ ਦਰਸ਼ਨ ਸਿੰਘ, ਪੰਜਾਬ ਪੁਲਸ ਯੂਨੀਅਨ ਦਰਸ਼ਨ ਸਿੰਘ ਮੰਦਰ, ਜਗਦੀਪ ਸਿੰਘ ਸਰਪੰਚ ਯੂਨੀਅਨ ਬੁਰਜ ਢਿੱਲਵਾਂ, ਸਰਬਰ ਖਾਨ ਭੀਖੀ, ਬਿੱਕਰ ਮਘਾਣੀਆਂ, ਪ੍ਰੇਮ ਕੁਮਾਰ ਅਰੋੜਾ, ਵਿਨੋਦ ਭੰਮਾ, ਸਮੂਹ ਸਪੋਰਟਸ ਕਲੱਬ, ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਸਮੇਤ ਵੱਖ ਵੱਖ ਸਕੂਲੀ ਵਿਦਿਆਰਥੀ, ਐਨ.ਜੀ.ਓ. ਦੇ ਨੁਮਾਇੰਦੇ ਵੀ ਹਾਜ਼ਰ ਸਨ।

## ਕਾਤਰਾਂ

### ਐਸ ਬੀ ਆਈ ਆਰ ਬੀ ਓ ਨੇ ਸੈਨਟਰੀ ਪੈਡ ਵੰਡੇ

**ਸੰਗਰੂਰ (ਪ੍ਰਵੀਨ ਸਿੰਘ)**-ਐਸ ਬੀ ਆਈ ਆਰ ਬੀ ਓ 5 ਸੰਗਰੂਰ ਵੱਲੋਂ ਸ਼ਹਿਰ ਦੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿੱਚ ਇੱਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਬੈਂਕ ਵੱਲੋਂ ਵੱਖ ਵੱਖ ਸਕੀਮਾਂ ਦੀ ਜਾਣਕਾਰੀ ਦਿੱਤੀ ਗਈ ਅਤੇ ਸੀ.ਐਸ.ਆਰ. ਗਤੀਵਿਧੀਆਂ ਦੇ ਤਹਿਤ 635 ਸੈਨੇਟਰੀ ਪੈਡ ਕੁੜੀਆਂ ਨੂੰ ਉਪਯੋਗ ਲਈ ਵੰਡੇ ਗਏ। ਇਸ ਸਮਾਗਮ ਵਿੱਚ ਪ੍ਰਿੰਸੀਪਲ ਇੰਦੂ ਸਿਮਕ ਅਤੇ ਵਾਈਸ ਪ੍ਰਿੰਸੀਪਲ ਸੁਨੀਤਾ ਰਾਣੀ ਅਤੇ ਟੀਚਰ ਅਰਸ਼ਪ੍ਰੀਤ ਆਦਿ ਹਾਜ਼ਰ ਸਨ। ਪ੍ਰਿੰਸੀਪਲ ਨੇ ਆਪਣੇ ਵਿਚਾਰ ਵਿੱਚ ਕਿਹਾ ਕਿ ਐਸ.ਬੀ.ਆਈਆਰ.ਬੀ.ਓ.5 ਵੱਲੋਂ ਜਿਹੜੇ ਪੈਡ ਕੁੜੀਆਂ ਨੂੰ ਵੰਡੇ ਗਏ ਹਨ ਉਹ ਸਵੱਛ ਵਾਤਾਵਰਣ ਹੇਠ ਰਹਿਣ ਦੀ ਪ੍ਰੇਰਨਾ ਦੇਣਗੇ। ਇਸ ਮੌਕੇ ਮਾਨਵ ਸੰਸਥਾਨ ਵਿਭਾਗ ਦੇ ਪ੍ਰਬੰਧਕ ਸਤੀਸ਼ ਕੁਮਾਰ ਰੰਗਾ ਅਤੇ ਵਿਕਾਸ ਚੋਪੜਾ, ਮਨਿੰਦਰ ਸਿੰਘ ਅਤੇ ਹੋਰ ਬੈਂਕ ਮੁਲਾਜ਼ਮ ਵੀ ਹਾਜ਼ਰ ਸਨ।

### 9 ਨੂੰ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਜ਼ਿਲ੍ਹਾ ਫਿਰੋਜ਼ਪੁਰ ਦੇ ਸਬ ਕਮੇਟੀ ਦਫਤਰੀ ਸਟਾਫ ਪ੍ਰਧਾਨ ਰੁਪਿੰਦਰ ਕੁਮਾਰ, ਜ਼ਿਲ੍ਹਾ ਜਨਰਲ ਸਕੱਤਰ ਰਸ਼ਪਾਲ ਸਿੰਘ ਨੇ ਦੱਸਿਆ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ ਪਿਛਲੇ ਸਾਲਾਂਬੱਧੀ ਅਰਸੇ ਤੋਂ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਵਿਭਾਗ 'ਚ ਸ਼ਾਮਲ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਵਾਉਣ ਤੱਕ ਸੰਘਰਸ਼ ਜਾਰੀ ਰੱਖਣ ਦਾ ਐਲਾਨ ਕੀਤਾ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਫੀਲਡ 'ਚ ਅਤੇ ਦਫਤਰਾਂ ਆਦਿ ਵਿੱਚ ਵੱਖ-ਵੱਖ ਪੋਸਟਾਂ 'ਤੇ (ਰੈਗੂਲਰ ਮੁਲਾਜ਼ਮਾਂ ਵਾਂਗ) ਪਿਛਲੇ 15 ਤੋਂ 20 ਸਾਲਾਂ ਦੇ ਅਰਸੇ ਤੋਂ ਇਕ ਵਰਕਰ ਦੇ ਰੂਪ 'ਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਤਜਰਬੇ ਦੇ ਅਧਾਰ 'ਤੇ ਸਬੰਧਤ ਵਿਭਾਗ 'ਚ ਮਰਜ ਕਰਕੇ ਬਿਨਾਂ ਸ਼ਰਤ ਰੈਗੂਲਰ ਕੀਤਾ ਜਾਵੇ।ਆਗੂਆਂ ਨੇ ਐਲਾਨ ਕੀਤਾ ਕਿ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਪਲੇਟਫਾਰਮ ਤੇ ਉਲੀਕੇ ਪ੍ਰੋਗਰਾਮ 9 ਦਸੰਬਰ ਨੂੰ ਲੁਧਿਆਣਾ ਸਤਲੁਜ ਦਰਿਆ ਲਾਡੋਵਾਲ ਵਿਖੇ ਨੈਸ਼ਨਲ ਹਾਈਵੇ ਜਾਮ ਕੀਤਾ ਜਾਵੇਗਾ।

### ਐੱਸ ਐੱਫ ਸੀ ਸਕੂਲ 'ਚ ਸਪੈਲ ਬੀ ਸਰਗਰਮੀ ਕਰਵਾਈ

**ਮੋਗਾ (ਅਮਰਜੀਤ ਬੱਬਰੀ)**-ਐੱਸ ਐੱਫ ਸੀ ਪਬਲਿਕ ਸਕੂਲ ਮੋਗਾ ਵਿਚ ਸਪੈਲ-ਬੀ ਸਰਗਰਮੀ ਕਰਵਾਈ ਗਈ, ਜਿਸ ਵਿਚ ਪ੍ਰਾਇਮਰੀ ਅਤੇ ਜੂਨੀਅਰ ਪੱਧਰ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਸਰਗਰਮੀ ਵਿਚ ਅਧਿਆਪਕਾਂ ਵੱਲੋਂ 50 ਸ਼ਬਦ ਬੋਲੇ ਗਏ, ਜਿਨ੍ਹਾਂ ਨੂੰ ਬੱਚਿਆਂ ਨੇ ਕਾਪੀ ਵਿਚ ਲਿਖਿਆ ਅਤੇ ਹਰੇਕ ਬੱਚੇ ਨੇ ਬੜੇ ਉਤਸ਼ਾਹ ਨਾਲ ਇਸ ਸਰਗਰਮੀ ਵਿਚ ਹਿੱਸਾ ਲਿਆ। ਇਸ ਮੌਕੇ ਸਕੂਲ ਦੇ ਡਾਇਰੈਕਟਰ ਪ੍ਰਦੀਪ ਕੁਮਾਰ ਪਾਂਡੇ ਨੇ ਕਿਹਾ ਕਿ ਸਪੈਲ-ਬੀ ਸਰਗਰਮੀ ਕਰਵਾਉਣ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਵਰਤਨੀ ਨੂੰ ਸ਼ੁੱਧ ਕਰਨਾ ਹੈ, ਤਾਂ ਕਿ ਬੱਚੇ ਲਿਖਣ ਅਤੇ ਬੋਲਣ ਵਿਚ ਗਲਤੀ ਨਾ ਕਰਨ ਅਤੇ ਸਹੀ ਉਚਾਰਨ ਵੀ ਸਿੱਖ ਸਕਣ। ਇਸ ਮੌਕੇ ਸਕੂਲ ਦੇ ਸੀ ਈ ਓ ਅਭਿਸ਼ੇਕ ਜਿੰਦਲ ਅਤੇ ਸਕੂਲ ਪ੍ਰਿੰਸੀਪਲ ਸੀਨਮ ਜਿੰਦਲ ਨੇ ਆਪਣੇ ਭਾਸ਼ਣ ਦੌਰਾਨ ਬੱਚਿਆਂ ਦਾ ਹਿੰਦੀ ਅਤੇ ਅੰਗਰੇਜ਼ੀ ਭਾਸ਼ਾ ਵਿਚ ਗਿਆਨ ਵਧਾਉਣ ਦੇ ਉਦੇਸ਼ ਸਰਗਰਮੀ ਕਰਵਾਈ ਅਤੇ ਉਨ੍ਹਾਂ ਨੇ ਅਧਿਆਪਕਾ ਦੁਆਰਾ ਕੀਤੇ ਇਸ ਕਾਰਜ ਦੀ ਪ੍ਰਸੰਸਾ ਕੀਤੀ।

# ਡੀ ਐੱਸ ਪੀ ਦਫਤਰ ਦੇ ਨੇੜੇ ਵਿਦਿਆਰਥਣਾਂ ਤੋਂ ਦਿਨ-ਦਿਹਾੜੇ ਖੋਹਿਆ ਮੋਬਾਇਲ



**ਬਠਿੰਡਾ (ਪਰਵਿੰਦਰ ਜੀਤ ਸਿੰਘ)**
ਇਤਿਹਾਸਕ ਨਗਰ ਤਲਵੰਡੀ ਸਾਬੋ ਅੰਦਰ ਚੋਰ/ਲੁਟੇਰਿਆਂ ਦੇ ਹੌਸਲੇ ਏਨੇ ਬੁਲੰਦ ਦਿਖਾਈ ਦੇ ਰਹੇ ਹਨ ਕਿ ਉਹ ਪੁਲਸ ਅਧਿਕਾਰੀਆਂ ਦੀ ਮੌਜੂਦਗੀ ਵਾਲੀ ਜਗ੍ਹਾ ਨੇੜੇ ਵਾਰਦਾਤ ਨੂੰ ਅੰਜਾਮ ਦੇਣ ਤੋਂ ਵੀ ਨਹੀਂ ਹਿਚਕਚਾਉਂਦੇ। ਤਾਜ਼ਾ ਘਟਨਾ ਦੌਰਾਨ ਇੱਕ ਨੌਜਵਾਨ ਦਿਨ ਦਿਹਾੜੇ ਹੀ ਡੀ ਐਸ ਪੀ ਦਫਤਰ ਅਤੇ ਪੁਲਸ ਥਾਣੇ ਤੋਂ ਕੁਝ ਦੂਰੀ 'ਤੇ ਮੌੜ ਰੋਡ 'ਤੇ ਪੈਦਲ ਜਾ ਰਹੀਆਂ ਵਿਦਿਆਰਥਣਾਂ ਤੋਂ ਮੋਬਾਇਲ ਖੋਹ ਕੇ ਭੱਜਣ 'ਚ ਕਾਮਯਾਬ ਰਿਹਾ ਜਦੋਂਕਿ ਮਾਮਲਾ ਸਾਹਮਣੇ ਆਉਣ ਉਪਰੰਤ ਪੁਲਸ ਮਾਮਲੇ ਦੀ ਜਾਂਚ 'ਚ ਜੁਟ ਗਈ ਹੈ। ਪੀੜਤ ਵਿਦਿਆਰਥਣਾਂ ਜੋ ਮੂਲ ਰੂਪ 'ਚ ਗੁਆਂਢੀ ਸੂਬੇ ਰਾਜਸਥਾਨ ਦੇ ਸ੍ਰੀ ਗੰਗਾਨਗਰ ਨਾਲ ਸਬੰਧਤ ਹਨ, ਚੋਂ ਸੋਨੂੰ ਨਾਂ ਦੀ ਲੜਕੀ ਨੇ ਦੱਸਿਆ ਕਿ ਉਹ ਤਲਵੰਡੀ ਸਾਬੋ ਦੀ ਇੱਕ ਨਿੱਜੀ ਯੂਨੀਵਰਸਿਟੀ ਤੋਂ ਪੜ੍ਹ ਕੇ ਵਾਪਸ ਆਈਆਂ ਅਤੇ ਜਦੋਂ ਉਹ ਭਗਤ ਰਵੀਦਾਸ ਚੌਕ 'ਚ ਬੱਸ 'ਚੋਂ ਉਤਰ ਕੇ ਮੌੜ ਰੋਡ 'ਤੇ ਸਥਿਤ ਆਪਣੇ ਪੀ ਜੀ ਵੱਲ ਜਾ ਰਹੀਆਂ ਸੀ ਤਾਂ ਉਨ੍ਹਾਂ ਨੇ ਆਪਣਾ ਮੋਬਾਇਲ ਕੱਢ ਕੇ ਸਮਾਂ ਦੇਖਿਆ। ਏਨੇ ਵਿੱਚ ਹੀ ਮੋਟਰਸਾਈਕਲ ਤੇ ਇੱਕ ਨੌਜਵਾਨ ਆਇਆ ਤੇ ਝਪਟਮਾਰ ਉਨ੍ਹਾਂ ਤੋਂ ਮੋਬਾਇਲ ਖੋਹ ਕੇ ਫਰਾਰ ਹੋ ਗਿਆ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਪਿੱਛਾ ਕਰਨ ਦੀ ਕੋਸ਼ਿਸ਼ ਕੀਤੀ ਅਤੇ ਸ਼ੇਖਪੁਰਾ ਟੋਲ ਪਲਾਜ਼ਾ 'ਤੇ ਜਾ ਕੇ ਉੱਥੇ ਲੱਗੇ ਸੀ ਸੀ ਟੀ ਵੀ ਕੈਮਰਿਆਂ 'ਚ ਉਸ ਦੀ ਵੀਡੀਓ ਵੀ ਦੇਖੀ ਪਰ ਅੱਗੇ ਕੁਝ ਪਤਾ ਨਹੀ ਲੱਗਾ। ਪੀੜਿਤ ਲੜਕੀਆਂ ਨੇ ਦੱਸਿਆ ਕਿ ਉਨ੍ਹਾਂ ਨੇ ਥਾਣਾ ਤਲਵੰਡੀ ਸਾਬੋ ਵਿਖੇ ਸ਼ਿਕਾਇਤ ਦਰਜ ਕਰਵਾ ਦਿੱਤੀ ਹੈ।

# 7 ਮਹੀਨੇ ਬੀਤ ਜਾਣ 'ਤੇ ਵੀ ਨਗਰ ਕੌਂਸਲ ਅਮਲਾ ਨਾਜਾਇਜ਼ ਕਬਜ਼ੇਦਾਰਾਂ ਤੋਂ ਜਗ੍ਹਾ ਖਾਲੀ ਨਹੀਂ ਕਰਵਾ ਸਕਿਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਸ਼ਹਿਰ ਦੇ ਡਾਕਟਰ ਬੀ ਆਰ ਅੰਬੇਡਕਰ ਭਵਨ ਜੋ ਕਿ ਮੱਲਵਾਲ ਰੋਡ ਨਜ਼ਦੀਕ ਮਾਰਕਫੈੱਡ ਦਫਤਰ ਫਿਰੋਜ਼ਪੁਰ ਸ਼ਹਿਰ ਵਿਚ ਬਣਿਆ ਹੋਇਆ ਹੈ, ਬਹੁਤ ਪੁਰਾਣਾ ਹੋਣ ਦੇ ਕਾਰਨ ਰਿਪੇਅਰ ਦੇ ਕਾਬਲ ਹੈ, ਜਿਸ ਦੀ ਚਾਰਦੀਵਾਰੀ ਤੇ ਰਿਪੇਅਰ ਲਈ ਸਰਕਾਰ ਵੱਲੋਂ ਫੰਡ ਵੀ ਰਿਲੀਜ਼ ਕੀਤਾ ਜਾ ਚੁੱਕਾ ਹੈ। ਇਸ ਭਵਨ ਵਿਚ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਦਾ ਦਫਤਰ ਆਦਿ ਵੀ ਮੌਜੂਦ ਹੈ। ਇਸ ਫੰਡ ਵਿਚ ਇਸ ਭਵਨ ਦੀ ਚਾਰਦੀਵਾਰੀ ਉੱਚੀ ਕੀਤੀ ਜਾਣੀ ਹੈ, ਚਾਰਦੀਵਾਰੀ ਨਾਲ ਹੀ ਇਸ ਦੀ ਮੁਰੰਮਤ ਵੀ ਕੀਤੀ ਜਾਣੀ ਹੈ। ਪਰ ਇਸ ਦੀ ਚਾਰਦੀਵਾਰੀ ਦੇ ਨਾਲ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਇੱਟਾਂ ਦੀ ਰੋੜੀ, ਬੱਜਰੀ ਸੁੱਟ ਕੇ ਸਰਕਾਰੀ ਜਗ੍ਹਾ 'ਤੇ ਨਾਜਾਇਜ਼ ਕਬਜ਼ਾ ਕੀਤਾ ਹੋਇਆ ਹੈ। ਜਿਸ ਕਾਰਨ ਇਸ ਭਵਨ ਦੀ ਚਾਰਦੀਵਾਰੀ ਬਣਾਉਣ ਵਿਚ ਬੜੀ ਪ੍ਰੇਸ਼ਾਨੀ ਆ ਰਹੀ ਹੈ। ਉਧਰ ਰੇਲਵੇ ਪੁਲ ਬੰਦ ਹੋਣ ਕਾਰਨ ਇਸ ਰੋਡ 'ਤੇ ਜੋ ਕਿ ਬਾਈਪਾਸ ਨੂੰ ਮਿਲਾਉਂਦਾ ਹੈ ਵੱਡੇ ਵਾਹਨਾਂ ਲਈ ਇਕਤਰਫਾ ਰਸਤਾ ਕੀਤਾ ਹੋਇਆ ਹੈ, ਜਿਸ ਕਾਰਨ ਇਸ ਰੋਡ 'ਤੇ ਇਨ੍ਹਾਂ ਨਾਜਾਇਜ਼ ਕਬਜ਼ਾਦਾਰਾਂ ਵੱਲੋਂ ਟਰੈਫਿਕ ਦੀ ਸਮੱਸਿਆ ਵੀ ਆ ਰਹੀ ਹੈ। ਇਨ੍ਹਾਂ ਨਾਜਾਇਜ਼ ਕਬਜ਼ੇਦਾਰਾਂ ਨੂੰ ਇਥੋਂ ਉਠਾਉਣ ਲਈ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੇ ਦਫਤਰ ਵੱਲੋਂ 2 ਦਸੰਬਰ 2022 ਰਾਹੀਂ ਦਫਤਰ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫਸਰ ਫਿਰੋਜ਼ਪੁਰ ਵੱਲੋਂ ਵੀ 19 ਅਪ੍ਰੈਲ 2023 ਨੂੰ ਈ ਓ ਨਗਰ ਕੌਂਸਲ ਫਿਰੋਜ਼ਪੁਰ ਨੂੰ ਪੱਤਰ ਲਿਖਿਆ ਜਾ ਚੁੱਕਾ ਹੈ ਅਤੇ ਕਿਹਾ ਗਿਆ ਹੈ ਕਿ ਇਸ ਹਦੂਦ ਦੇ ਅੰਦਰ ਨਾਜਾਇਜ਼ ਕਬਜ਼ੇਦਾਰ ਜਿਨ੍ਹਾਂ ਨੇ ਰੋੜੀ ਅਤੇ ਬੱਜਰੀ ਸੁੱਟ ਕੇ ਕਬਜ਼ਾ ਕੀਤਾ ਹੈ, ਉਨ੍ਹਾਂ ਨੂੰ ਛੁਡਾਉਣ ਲਈ ਕਿਹਾ ਗਿਆ ਹੈ। ਪਰ 7 ਮਹੀਨੇ ਬੀਤ ਜਾਣ 'ਤੇ ਵੀ ਨਗਰ ਕੌਂਸਲ ਫਿਰੋਜ਼ਪੁਰ ਅਮਲਾ ਇਨ੍ਹਾ ਨਾਜਾਇਜ਼ ਕਬਜ਼ੇਦਾਰਾਂ ਤੋਂ ਜਗ੍ਹਾ ਖਾਲੀ ਨਹੀਂ ਕਰਵਾ ਸਕਿਆ। ਇਸ ਸੰਬਧ ਵਿਚ ਗੁਰਵਿੰਦਰ ਸਿੰਘ ਸੈਨਟਰੀ ਇੰਸਪੈਕਟਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਆਖਿਆ ਕਿ ਇਕ ਦੋ ਵਾਰ ਕੋਸ਼ਿਸ਼ ਕਰ ਚੁੱਕੇ ਹਾਂ, ਬਾਕੀ ਐੱਮ ਵੀ ਸਾਹਿਬ ਦੱਸ ਸਕਦੇ ਹਨ। ਇਸ ਤੋਂ ਬਾਅਦ ਐੱਮ ਵੀ ਚਰਨਪਾਲ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਇਹ ਏਰੀਆ ਸਾਡੀ ਹਦੂਦ ਵਿਚ ਨਹੀਂ ਆਉਂਦਾ, ਮਤਲਬ ਕਿ ਨਗਰ ਕੌਂਸਲ ਦੇ ਅਧਿਕਾਰੀਆਂ ਦੇ ਜੁਆਬ ਨੇ ਪੂਰੀ ਨਾਂਹ ਕਰ ਦਿੱਤੀ। ਜਦ ਕਿ ਅੰਬਦੇਕਰ ਭਵਨ ਦੇ ਕਰਮਚਾਰੀਆਂ ਦਾ ਕਹਿਣਾ ਹੈ ਕਿ ਅਸੀਂ ਕਈ ਵਾਰ ਨਗਰ ਕੌਂਸਲ ਫਿਰੋਜ਼ਪੁਰ ਦੇ ਉੱਚ ਕੁਝ ਅਧਿਕਾਰੀਆਂ ਨੂੰ ਨਾਜਾਇਜ਼ ਕਬਜ਼ਾ ਛੁਡਾਉਣ ਲਈ ਰਿਮਾਂਡਰ ਦੇ ਚੁੱਕੇ ਹਾਂ, ਪਰ ਅਜੇ ਤੱਕ ਕੋਈ ਵੀ ਕਾਰਵਾਈ ਨਹੀਂ ਹੋਈ।

# ਪੀ ਓ ਸਟਾਫ ਨੇ 2 ਭਗੌੜਿਆ ਨੂੰ ਕੀਤਾ ਕਾਬੂ



**ਜਲਾਲਾਬਾਦ (ਜੀਤ ਕੁਮਾਰ)**-ਫਾਜਿਲਕਾ ਜ਼ਿਲ੍ਹੇ ਦੇ ਐਸ.ਐਸ.ਪੀ. ਮਨਜੀਤ ਸਿੰਘ ਢੇਸੀ ਅਤੇ ਐਸ.ਪੀ. (ਡੀ) ਮਨਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੀ.ਓ. ਸਟਾਫ ਫਾਜ਼ਿਲਕਾ ਵੱਲੋਂ 2 ਭਗੌੜੇ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਇਸ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਪੀ.ਓ. ਸਟਾਫ ਦੇ ਇੰਚਾਰਜ ਏ.ਐਸ.ਆਈ. ਰਤਨ ਲਾਲ ਨੇ ਦੱਸਿਆ ਕਿ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 96 ਮਿਤੀ 05-08-2019 ਨੂੰ ਧਾਰਾ 342 ਆਈ ਪੀ ਸੀ ਤਹਿਤ ਅਸ਼ੋਕ ਸਿੰਘ ਪੁੱਤਰ ਚਿਮਨ ਸਿੰਘ ਵਾਸੀ ਧਰਮੂਵਾਲਾ (ਮੋਹਰ ਸਿੰਘ ਵਾਲਾ) ਹਾਲ ਅਬਾਦ ਢਾਣੀ ਹਲੀਮ ਵਾਲਾ (ਥਾਣਾ ਅਰਨੀਵਾਲਾ) ਦੇ ਖਿਲਾਫ ਦਰਜ ਹੋਇਆ ਸੀ ਅਤੇ ਇਸ ਨਾਮਜ਼ਦ ਵਿਅਕਤੀ ਅਸ਼ੋਕ ਸਿੰਘ ਨੂੰ ਮਾਣਯੋਗ ਅਦਾਲਤ ਵੱਲੋਂ ਮਿਤੀ 6-10-2023 ਨੂੰ ਪੀ.ਓ.82/83 ਸੀ ਆਰ ਪੀ ਸੀ ਤਹਿਤ ਭਗੌੜਾ ਘੋਸ਼ਿਤ ਕੀਤਾ ਗਿਆ ਸੀ। ਅੱਜ ਪੀ ਓ ਸਟਾਫ ਵੱਲੋਂ ਇਸ ਭਗੌੜੇ ਅਸ਼ੋਕ ਸਿੰਘ ਨੂੰ ਕਾਬੂ ਕਰਕੇ ਅਗਲੀ ਕਾਰਵਾਈ ਲਈ ਥਾਣਾ ਸਦਰ ਜਲਾਲਾਬਾਦ ਦੀ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ ਹੈ। ਪੀ ਓ ਸਟਾਫ ਦੇ ਇੰਚਾਰਜ ਰਤਨ ਲਾਲ ਨੇ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਹੀ ਥਾਣਾ ਸਿਟੀ-1 ਅਬੋਹਰ ਵਿਖੇ ਬਿਮਲਾ ਦੇਵੀ ਪਤਨੀ ਧਰਮਪਾਲ ਵਾਸੀ ਟੀਲਾ ਵਾਲੀ ਹਾਲ ਅਬਾਦ ਬਿਸ਼ਨਪੁਰਾ ਕਲੋਨੀ (ਥਾਣਾ ਬਹਾਵਵਾਲਾ) ਦੇ ਖਿਲਾਫ ਮਾਮਲਾ ਦਰਜ ਹੋਇਆ ਸੀ। ਇਸ ਔਰਤ ਨੂੰ ਮਾਨਯੋਗ ਅਦਾਲਤ ਵੱਲੋਂ ਮਿਤੀ 01-04-2023 ਨੂੰ ਪੀ ਓ 82/83 ਸੀ.ਆਰ.ਪੀ.ਸੀ. ਤਹਿਤ ਭਗੌੜਾ ਘੋਸ਼ਿਤ ਕੀਤਾ ਗਿਆ ਸੀ। ਇਸ ਭਗੌੜੀ ਔਰਤ ਬਿਮਲਾ ਦੇਵੀ ਨੂੰ ਅੱਜ ਕਾਬੂ ਕਰਕੇ ਅਗਲੀ ਕਾਰਵਾਈ ਲਈ ਥਾਣਾ ਸਿਟੀ-1 ਅਬੋਹਰ ਦੀ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ ਹੈ। ਇਸ ਮੌਕੇ ਪੀ.ਓ. ਸਟਾਫ ਦੇ ਇੰਚਾਰਜ ਏ.ਐਸ.ਆਈ. ਰਤਨ ਲਾਲ, ਏ.ਐਸ.ਆਈ. ਸਵਾਰ ਸਿੰਘ, ਏ.ਐਸ.ਆਈ. ਰਮੇਸ਼ ਕੁਮਾਰ, ਐਚ.ਸੀ. ਜਰਨੈਲ ਸਿੰਘ, ਜਸਵਿੰਦਰ ਸਿੰਘ, ਐਚ ਸੀ ਪ੍ਰੇਮ ਸਿੰਘ, ਸੁਨੀਤਾ ਰਾਣੀ, ਸੋਹਨ ਸਿੰਘ ਮੌਜੂਦ ਸਨ।

# ਲਾਇਨ ਡਾ. ਅਸ਼ੋਕ ਗਰਗ ਦਾ ਤਾਜਪੋਸ਼ੀ ਸਮਾਗਮ



**ਮੋਗਾ (ਅਮਰਜੀਤ ਬੱਬਰੀ)**-ਲਾਇਨਜ਼ ਕਲੱਬ ਮੋਗਾ ਸਿਟੀ ਦੇ ਨਵੇਂ ਪ੍ਰਧਾਨ ਲਾਇਨ ਡਾ. ਅਸ਼ੋਕ ਗਰਗ ਦੀ ਤਾਜ਼ਪੋਸ਼ੀ ਦੇ ਸੰਬੰਧ ਵਿਚ ਸਮਾਗਮ ਬੀਤੀ ਰਾਤ ਹੋਟਲ ਕਿੰਗਡਮ ਵਿੱਚ ਲਾਇਨ ਡਾ. ਪ੍ਰੇਮ ਸਿੰਘ ਦੀ ਪ੍ਰਧਾਨਗੀ ਵਿਚ ਆਯੋਜਿਤ ਕੀਤਾ ਗਿਆ।ਸਮਾਗਮ ਵਿਚ ਪੀ ਐਮ ਜੇ ਐਫ ਲਾਇਨ ਜੀ ਐਸ ਕਾਲੜਾ ਡਿਸਟਰਿਕਟ ਗਵਰਨਰ-321 ਐਫ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਪੀ ਐਮ ਜੇ ਐਫ ਲਾਇਨ ਏ ਐਸ ਜੰਡੂ ਸੈਕੰਡ ਵਾਈਸ ਡਿਸਟ੍ਰਿਕ ਗਵਰਨਰ ਨੇ ਇੰਸਟਾਲੇਸ਼ਨ ਆਫੀਸਰ, ਪਾਸਟ ਡਿਸ੍ਟਿਕਟ ਗਵਰਨਰ ਪੀ ਐਮ ਜੇ ਐਫ ਲਾਇਨ ਕੇ ਐਸ ਸੋਹਲ ਨੇ ਇੰਡਕਸ਼ਨ ਆਫਿਸਰ, ਪਾਸਟ ਡਿਸਟ੍ਰਿਕਟ ਗਵਰਨਰ ਪੀ ਐਮ ਜੇ ਐਫ ਲਾਇਨ ਬੀਰਇੰਦਰ ਸਿੰਘ ਸੋਹਲ ਨੇ ਕੀ ਨੋਟ ਸਪੀਕਰ ਅਤੇ ਐਮ ਜੇ ਐਫ ਲਾਇਨ ਸੰਜੀਵ ਸੂਦ ਡਿਸਟਰਿਕਟ ਐਡਮਿਨਿਸਟਰੇਟਰ ਨੇ ਬਤੌਰ ਗੈਸਟ ਆਫ ਆਨਰ ਇਸ ਸਮਾਗਮ ਵਿਚ ਸ਼ਿਰਕਤ ਕੀਤੀ।ਲਾਇਨ ਅਮਰਜੀਤ ਸਿੰਘ ਨੇ ਇਸ ਸਾਲ ਵਿਚ ਕੀਤੇ ਕੰਮਾਂ ਦੀ ਰਿਪੋਰਟ ਪੇਸ਼ ਕੀਤੀ।ਕੀ ਨੋਟ ਸਪੀਕਰ ਬੀਰਇੰਦਰ ਸਿੰਘ ਨੇ ਲਾਇਨਜ਼ਮ ਦੇ ਇਤਿਹਾਸ, ਕੰਮਾਂ ਅਤੇ ਦੁਨੀਆ ਵਿੱਚ ਲਾਇਨਜ਼ ਕਲੱਬ ਇੰਟਰਨੈਸ਼ਨਲ ਵਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਬਾਰੇ ਜਾਣੂ ਕਰਵਾਇਆ। ਪਾਸਟ ਡਿਸਟਰਿਕਟ ਗਵਰਨਰ ਲਾਈਨ ਕੇ ਐਸ ਸੋਹਲ ਨੇ ਲਾਇਨ ਪਰਵਾਰ ਵਿੱਚ ਸ਼ਾਮਿਲ ਹੋਏ 12 ਨਵੇਂ ਮੈਂਬਰਾਂ ਨੂੰ ਲਾਇਨਜ਼ਮ ਦੀ ਜਾਣਕਾਰੀ ਦਿੰਦੇ ਹੋਏ ਕੱਲਬ ਵਿੱਚ ਸ਼ਾਮਿਲ ਹੋਣ ਦੀ ਸਹੁੰ ਚੁਕਾਈ ਅਤੇ ਸਾਰੇ ਨਵੇਂ ਮੈਂਬਰਾਂ ਅਤੇ ਉਨ੍ਹਾਂ ਦੇ ਸਪਾਂਸਰ ਨੂੰ ਪਿੰਨਾਂ ਲਗਾ ਕੇ ਸਨਮਾਨਤ ਕੀਤਾ।ਇੰਸਟਾਲੇਸ਼ਨ ਆਫਿਸਰ ਸੈਕਿੰਡ ਵਾਈਸ ਡਿਸਟ੍ਰਿਕਟ ਗਵਰਨਰ ਅੰਮ੍ਰਿਤਪਾਲ ਸਿੰਘ ਜੰਡੂ ਨੇ ਲਾਇਨ ਅਸ਼ੋਕ ਗਰਗ, ਲਾਇਨ ਅਮਰਜੀਤ ਸਿੰਘ ਅਤੇ ਲਾਇਨ, ਗੁਰਬੀਰ ਸਿੰਘ ਜੱਸਲ ਨੂੰ ਕਰਮਵਾਰ ਬਤੌਰ ਪ੍ਰਧਾਨ, ਸਕੱਤਰ ਅਤੇ ਖਜ਼ਾਨਚੀ ਤੋਂ ਇਲਾਵਾ ਡਾਕਟਰ ਅਸ਼ੋਕ ਗਰਗ ਦੀ ਪੂਰੀ ਟੀਮ ਨੂੰ ਉਨ੍ਹਾਂ ਦੇ ਫਰਜ਼ ਅਤੇ ਜ਼ੁੰਮੇਵਾਰੀਆਂ ਦੱਸਦੇ ਹੋਏ ਲਾਇਨਜ਼ਮ ਦੇ ਅਸੂਲਾਂ 'ਤੇ ਚੱਲਣ ਦੀ ਸਹਿਮਤੀ ਲਈ।

ਰਸਮ ਪੂਰੀ ਹੋਣ ਉਪਰੰਤ ਉਨ੍ਹਾਂ ਲਾਇਨ ਡਾਕਟਰ ਅਸ਼ੋਕ ਗਰਗ ਨੂੰ ਪ੍ਰਧਾਨ ਦੀ ਕੁਰਸੀ 'ਤੇ ਬਿਰਾਜਮਾਨ ਕੀਤਾ।ਮਾਸਟਰ ਆਫ ਸੈਰਾਮਨੀ ਦੀ ਭੂਮਿਕਾ ਲਾਇਨ ਇੰਜ ਬਲਦੇਵ ਸਿੰਘ ਅਤੇ ਲਾਇਨ ਗੁਰਬੀਰ ਸਿੰਘ ਨੇ ਨਿਭਾਈ।ਲਾਇਨਜ਼ ਕਲੱਬ ਜਗਰਾਉਂ ਤੋਂ ਰੀਜਨ ਚੇਅਰਮੈਨ ਰਾਮ ਲਾਲ ਜੈਨ ਅਤੇ ਲਾਇਨ ਕਾਲੜਾ ਵਿਸ਼ੇਸ਼ ਤੌਰ 'ਤੇ ਇਸ ਸਮਗਮ ਵਿਚ ਹਾਜ਼ਰ ਹੋਏ।ਇਸ ਮੌਕੇ ਡਾ. ਸਤੀਸ਼ ਕੌੜਾ, ਲਾਇਨ ਡਾ. ਕੇ ਐਸ ਗਿੱਲ, ਲਾਇਨ ਜੇ ਪੀ ਐਸ ਖੰਨਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਪਤਵੰਤੇ ਲਾਇਨ ਮੈਂਬਰ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰ ਹਾਜ਼ਰ ਸਨ।

# ਮੁਲਾਜ਼ਮ ਹੜਤਾਲ ਕਰਨ ਦੀ ਥਾਂ ਸਰਕਾਰ ਨਾਲ ਬੈਠ ਕੇ ਗੱਲ ਕਰਨ : ਵਿੱਤ ਮੰਤਰੀ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਪੰਜਾਬ ਦੇ ਮਨੀਸਟਰੀਅਲ ਸਟਾਫ ਵੱਲੋਂ ਆਪਣੀਆਂ ਮੰਗਾਂ ਸੰਬੰਧੀ ਕੀਤੀ ਜਾ ਰਹੀ ਹੜਤਾਲ ਬਾਰੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁਲਾਜ਼ਮਾਂ ਨੂੰ ਹੜਤਾਲ ਕਰਨ ਦੀ ਥਾਂ ਸਰਕਾਰ ਨਾਲ ਬੈਠ ਕੇ ਗੱਲਬਾਤ ਕਰਨੀ ਚਾਹੀਦੀ ਹੈ, ਕਿਉਂਕਿ ਸਾਡੀ ਸਰਕਾਰ ਨੇ ਹਮੇਸ਼ਾਂ ਹੀ ਮੁਲਾਜ਼ਮ ਮੰਗਾਂ ਨੂੰ ਤਰਜ਼ੀਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਮਸਲੇ ਦਾ ਹੱਲ ਹੜਤਾਲ ਨਾਲ ਨਹੀਂ ਹੁੰਦਾ ਸਗੋਂ ਆਪਸ ਵਿੱਚ ਮਿਲ ਬੈਠ ਕੇ ਗੱਲਬਾਤ ਕਰਨੀ ਚਾਹੀਦੀ ਹੈ, ਕਿਉਂਕਿ ਹੜਤਾਲ ਨਾਲ ਆਮ ਲੋਕਾਂ ਦੇ ਜ਼ਰੂਰੀ ਕੰਮ ਵੀ ਰੁਕ ਜਾਂਦੇ ਹਨ ਤੇ ਲੋਕਾਂ ਨੂੰ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਹੀ ਅੱਜ ਮੁਲਾਜਮਾਂ ਨੂੰ ਸੰਘਰਸ਼ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਪਿਛਲੀਆਂ ਸਰਕਾਰਾਂ ਨੇ ਮੁਲਾਜ਼ਮਾਂ ਦੇ ਬਕਾਇਆ ਬਾਰੇ ਕੋਈ ਠੋਸ ਕਦਮ ਚੁੱਕਿਆਂ ਹੁੰਦਾ ਤਾਂ ਅੱਜ ਮੁਲਾਜ਼ਮਾਂ ਨੂੰ ਸੰਘਰਸ਼ ਨਾ ਕਰਨਾ ਪੈਂਦਾ। ਉਨ੍ਹਾਂ ਮੁਲਾਜ਼ਮਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਹੜਤਾਲ ਨਾ ਕਰਨ ਸਗੋਂ ਸਰਕਾਰ ਨਾਲ ਬੈਠ ਕੇ ਮਸਲੇ ਦਾ ਹੱਲ ਕਰਨ ਲਈ ਗੱਲਬਾਤ ਕਰਨ। ਉਨ੍ਹਾਂ ਭਰੋਸਾ ਵੀ ਦਿੱਤਾ ਕਿ ਸਾਡੀ ਸਰਕਾਰ ਕਿਸੇ ਵੀ ਵਰਗ ਦੇ ਲੋਕਾਂ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦੇਵੇਗੀ। ਵਿੱਤ ਮੰਤਰੀ ਸਰਹਿੰਦ ਵਿਖੇ ਹੋਏ ਇੱਕ ਨਿੱਜੀ ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਪੱਤਰਕਾਰਾਂ ਵੱਲੋਂ ਕਿਸਾਨੀ ਸੰਘਰਸ਼ਨ ਬਾਰੇ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਵਿੱਤ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਬਣਦੇ ਹੀ ਅਸੀਂ ਕਿਸਾਨਾਂ ਦੇ ਗੰਨੇ ਦੇ ਸਾਰੇ ਬਕਾਏ ਦੀ ਅਦਾਇਗੀ ਕੀਤੀ ਅਤੇ ਅੱਜ ਕਿਸਾਨਾਂ ਦਾ ਗੰਨੇ ਬਾਰੇ ਕੋਈ ਬਕਾਇਆ ਨਹੀਂ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਨੇ ਕਿਸਾਨਾਂ ਦੀ ਮੰਗ 'ਤੇ ਗੰਨੇ ਦਾ ਜੋ ਭਾਅ ਵਧਾਇਆ ਹੈ ਉਸ ਨਾਲ ਅੱਜ ਪੰਜਾਬ 'ਚ ਦੇਸ਼ ਭਰ 'ਚੋਂ ਗੰਨੇ ਦਾ ਭਾਅ ਸਭ ਤੋਂ ਵੱਧ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਚਾਹੀਦਾ ਹੈ ਕਿ ਉਹ ਸਰਕਾਰ ਇਸ ਉਪਰਾਲੇ ਦੀ ਸ਼ਲਾਘਾ ਕਰਨ ਨਾ ਕਿ ਸੰਘਰਸ਼ ਦੇ ਰਾਹ 'ਤੇ ਤੁਰਨ। ਬਹਿਬਲ ਕਲਾਂ ਗੋਲੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਸੰਬੰਧੀ ਪੁੱਛੇ ਗਏ ਇੱਕ ਸਵਾਲ ਦੇ ਜਵਾਬ 'ਚ ਚੀਮਾ ਨੇ ਕਿਹਾ ਕਿ ਬਹਿਬਲ ਕਲਾਂ ਗੋਲੀ ਕਾਂਡ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਘਟਨਾਵਾਂ 2015 ਵਿੱਚ ਵਾਪਰੀਆਂ ਸਨ ਪ੍ਰੰਤੂ ਅਫਸੋਸ ਨਾਲ ਕਹਿਣਾ ਪੈਂਦਾ ਹੈ ਕਿ ਉਸ ਸਮੇਂ ਦੀ ਅਕਾਲੀ-ਭਾਜਪਾ ਸਰਕਾਰ ਅਤੇ ਬਾਅਦ ਵਿੱਚ ਪੰਜ ਸਾਲ ਚੱਲੀ ਕਾਂਗਰਸ ਸਰਕਾਰ ਨੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਬਾਰੇ ਕੁਝ ਨਹੀਂ ਕੀਤਾ। ਜਦੋਂ ਕਿ ਸਾਡੀ ਸਰਕਾਰ ਨੇ ਆਪਣੇ ਡੇਢ ਸਾਲ ਦੇ ਕਾਰਜਕਾਲ ਦੌਰਾਨ ਦੋਸ਼ੀਆਂ ਵਿਰੁੱਧ ਮਾਣਯੋਗ ਹਾਈ ਕੋਰਟ 'ਚ ਚਾਰਜਸ਼ੀਟ ਦਾਖਲ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਮਾਣਯੋਗ ਅਦਾਲਤ ਵਿੱਚ ਚੱਲ ਰਿਹਾ ਹੈ ਅਤੇ ਅਦਾਲਤੀ ਕੰਮਾਂ ਵਿੱਚ ਕੋਈ ਵੀ ਦਖਲ ਅੰਦਾਜੀ ਨਹੀਂ ਕਰ ਸਕਦਾ। ਉਨ੍ਹਾਂ ਇਹ ਵੀ ਕਿਹਾ ਕਿ ਬੇਅਦਬੀ ਦੀਆਂ ਘਟਨਾਵਾਂ ਦੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿਵਾਉਣ ਲਈ ਸਰਕਾਰ ਪੂਰੀ ਗੰਭੀਰਤਾ ਨਾਲ ਮਾਮਲੇ ਦੀ ਪੈਰਵੀ ਕਰ ਰਹੀ ਹੈ। ਔਰਤਾਂ ਨੂੰ ਇੱਕ ਹਜ਼ਾਰ ਰੁਪਏ ਮਹੀਨਾ ਦੇਣ ਦੇ ਆਮ ਆਦਮੀ ਪਾਰਟੀ ਦੇ ਵਾਅਦੇ ਬਾਰੇ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਵਿੱਤ ਮੰਤਰੀ ਨੇ ਕਿਹਾ ਕਿ ਸਾਡੀ ਪਾਰਟੀ ਨੇ ਲੋਕਾਂ ਨਾਲ ਜੋ ਵੀ ਵਾਅਦੇ ਕੀਤੇ ਸਨ ਉਨ੍ਹਾਂ ਨੂੰ ਪੜਾਅ ਵਾਰ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਵੇਂ ਕਿ ਮੁਫਤ ਬਿਜਲੀ ਦੇਣ ਦੀ ਗਰੰਟੀ ਹੋਵੇ ਜਾਂ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਬਾਰੇ ਅਸੀਂ ਸਾਰੀਆਂ ਗਰੰਟੀਆਂ ਪੂਰੀਆਂ ਕਰ ਰਹੇ ਹਾਂ ਅਤੇ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਮਹੀਨਾ ਦੇਣ ਦੀ ਗਰੰਟੀ ਵੀ ਛੇਤੀ ਹੀ ਪੂਰੀ ਕੀਤੀ ਜਾਵੇਗੀ। ਪੱਤਰਕਾਰਾਂ ਵੱਲੋਂ ਸ਼ਹੀਦੀ ਸਭਾ ਆਉਣ ਦੇ ਬਾਵਜੂਦ ਫ਼ਤਹਿਗੜ੍ਹ ਸਾਹਿਬ ਦੀਆਂ ਸੜਕਾਂ ਦੀ ਮਾੜੀ ਹਾਲਤ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਵਿੱਤ ਮੰਤਰੀ ਨੇ ਕਿਹਾ ਕਿ ਸਰਬੰਸਦਾਨੀ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਆਯੋਜਿਤ ਕੀਤੀ ਜਾਣ ਵਾਲੀ ਸ਼ਹੀਦੀ ਸਭਾ ਵਿੱਚ ਦੁਨੀਆਂ ਭਰ ਵਿੱਚੋਂ ਸ਼ਰਧਾਲੂ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚਦੇ ਹਨ ਅਤੇ ਇਸ ਮਹਾਨ ਦਿਹਾੜੇ ਤੋਂ ਪਹਿਲਾਂ-ਪਹਿਲਾਂ ਸਾਰੀਆਂ ਸੜਕਾਂ ਦੀ ਮੁਰੰਮਤ ਕਰਵਾਈ ਜਾਵੇਗੀ।ਉਨ੍ਹਾਂ ਕਿਹਾ ਕਿ ਸ਼ਹੀਦੀ ਸਭਾ ਦੀ ਧਾਰਮਿਕ ਮਹੱਤਤਾ ਨੂੰ ਮੁੱਖ ਰੱਖਦੇ ਹੋਏ ਸਰਕਾਰ ਵੱਲੋਂ ਜਿਥੇ 28 ਦਸੰਬਰ ਨੂੰ ਰਾਜ ਭਰ ਵਿੱਚ ਛੁੱਟੀ ਦਾ ਐਲਾਨ ਕੀਤਾ ਹੈ ਉਥੇ ਹੀ ਦਸੰਬਰ ਮਹੀਨੇ ਨੂੰ ਸੋਗ ਦੇ ਮਹੀਨੇ ਵਜੋਂ ਵੀ ਮਨਾਇਆ ਜਾਵੇਗਾ।

# ਜੇ ਐੱਨ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਦੀਆਂ ਇਤਿਹਾਸਕ ਪ੍ਰਾਪਤੀਆਂ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**
ਜੇ. ਐਨ. ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਦੇ ਵਿਦਿਆਰਥੀਆਂ ਵੱਲੋਂ ਯੂਥ ਐਂਡ ਸਪੋਰਟਸ ਡਿਵੈਲਪਮੈਂਟ ਐਸੋਸੀਏਸ਼ਨ ਨੇਪਾਲ ਦੀਆਂ ਖੇਡਾਂ ਵਿੱਚ ਨੈਸ਼ਨਲ ਪੱਧਰ ਉੱਪਰ ਬਹੁਤ ਸ਼ਾਨਦਾਰ ਪ੍ਰਦਰਸਨ ਕੀਤਾ ਗਿਆ। ਇਹ ਖੇਡਾਂ ਨੇਪਾਲ ਸਰਕਾਰ ਅਤੇ ਭਾਰਤ ਸਰਕਾਰ ਦੇ ਸਾਂਝੇ ਯਤਨਾਂ ਨਾਲ ਨੇਪਾਲ ਦੀ ਰਾਜਧਾਨੀ ਕਾਠਮਾਂਡੂ ਵਿੱਚ 21 ਨਵੰਬਰ ਤੋਂ 25 ਨਵੰਬਰ ਤੱਕ ਹੋਈਆਂ। ਇਹਨਾਂ ਖੇਡਾਂ ਵਿਚ ਜੇ ਐਨ ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਦੇ ਵਿਦਿਆਰਥੀਆਂ ਨੇ ਖੇਡ ਮੁਕਾਬਲਿਆਂ ਵਿੱਚ ਇਤਿਹਾਸਕ ਪ੍ਰਾਪਤੀਆਂ ਕੀਤੀਆਂ। ਇਸ ਮੌਕੇ ਜੇ. ਐਨ. ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਦੇ ਪ੍ਰਿੰਸੀਪਲ ਰਵਿੰਦਰ ਕੁਮਾਰ ਨੇ ਦੱਸਿਆ ਕਿ ਜੇ. ਐਨ.ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਵਿੱਚ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ -ਨਾਲ ਖੇਡਾਂ ਲਈ ਯੋਗ ਕੋਚਾਂ ਦੁਆਰਾ ਸਿੱਖਿਅਤ ਸਟਾਫ਼ ਰਾਹੀਂ ਸਿਖਲਾਈ ਦੇ ਕੇ ਤਿਆਰੀ ਕਰਵਾਈ ਜਾਂਦੀ ਹੈ ਅਤੇ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਜੇ. ਐਨ. ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਚੰਗੀ ਕਾਰਗੁਜ਼ਾਰੀ ਕਰਕੇ ਇੰਡੋ-ਨੈਪਾਲ ਇੰਟਰਨੈਸ਼ਨਲ ਚੈਂਪੀਅਨਸ਼ਿਪ 2023 ਦੀਆ ਖੇਡਾਂ ਵਿੱਚ ਸਨਮਾਨ ਯੋਗ ਸਥਾਨ ਹਾਸਲ ਕੀਤਾ। ਸ਼ਰਵਨਪ੍ਰੀਤ ਨੌਵੀਂ ਜਮਾਤ ਨੇ ਸਿਲਵਰ, ਅਭਿਜੀਤ ਨੇ ਸਿਲਵਰ ਮੈਡਲ ਅਤੇ ਹਿਮਾਂਸ਼ੂ ਨੇ ਵੀ ਸਿਲਵਰ ਮੈਡਲ ਹਾਸਲ ਕਰਕੇ ਮਾਪਿਆਂ ਅਤੇ ਸਕੂਲ ਦਾ ਨਾਂ ਰੋਸ਼ਨ ਕੀਤਾ। ਇਹ ਵਿਦਿਆਰਥੀ ਨੈਸ਼ਨਲ ਪੱਧਰ ਉਪਰ ਨੇਪਾਲ ਵਿਖੇ ਆਪਣੀ ਬੇਹਤਰ ਕਾਰਗੁਜ਼ਾਰੀ ਦਾ ਲੋਹਾ ਮਨਵਾ ਕੇ ਆਏ ਹਨ। ਇਸ ਮੌਕੇ ਸਕੂਲ ਦੇ ਚੇਅਰਮੈਨ ਜਨਕ ਰਾਜ ਮੁੰਜਾਲ, ਮੈਨੇਜਿੰਗ ਡਾਇਰੈਕਟਰ ਅਰਜੁਨ ਮੁੰਜਾਲ, ਮੈਨੇਜਮੈਂਟ ਮੈਂਬਰ ਏਕਤਾ ਮੁੰਜਾਲ, ਮੈਨੇਜਮੈਂਟ ਮੈਂਬਰ ਅੰਜਲੀ ਚਾਨਣਾ ਅਤੇ ਪ੍ਰਿੰਸੀਪਲ ਰਵਿੰਦਰ ਕੁਮਾਰ ਨੇ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀਆਂ ਨੇ ਇਨ੍ਹਾਂ ਵਿਦਿਆਰਥੀਆਂ ਦਾ ਸਕੂਲ ਪਹੁਚਣ 'ਤੇ ਜ਼ੋਰਦਾਰ ਸੁਆਗਤ ਕੀਤਾ ਅਤੇ ਮੁਬਾਰਕਾਂ ਦਿੱਤੀਆਂ। ਇਨ੍ਹਾਂ ਜੇਤੂ ਵਿਦਿਆਰਥੀਆਂ ਦੇ ਨਾਲ ਕੋਚ ਨਿਸ਼ਾਨ ਸਿੰਘ ਦਾ ਵੀ ਸਕੂਲ ਵਿੱਚ ਭਰਵਾਂ ਸਵਾਗਤ ਕੀਤਾ ਗਿਆ

# ਆਮ ਆਦਮੀ ਦੀ ਸਰਕਾਰ 'ਚ ਖਾਸ ਬਣੇ ਲੀਡਰ ਤੇ ਪ੍ਰਸ਼ਾਸਨਕ ਅਧਿਕਾਰੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਆਪਣੇ ਵਿਰੋਧੀਆਂ ਨੂੰ ਪਾਣੀ ਪੀ ਪੀ ਕੇ ਕੋਸਣ ਵਾਲੇ ਸੱਤਾ ਹੱਥ ਆਉਣ ਤੋਂ ਬਾਅਦ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਤੋਂ ਕਿੰਝ ਮੂੰਹ ਫੇਰ ਲੈਂਦੇ ਨੇ ਇਸ ਦੀ ਪੁਖਤਾ ਮਿਸਾਲ ਬੱਸ ਸਟੈਂਡ ਮਹਿਲ ਕਲਾਂ ਦੇ ਮੁੱਖ ਬਾਜ਼ਾਰ 'ਚ ਸ਼ੁੱਧ ਪੀਣ ਵਾਲੇ ਪਾਣੀ ਦਾ ਪ੍ਰਬੰਧ ਨਾ ਹੋਣਾ ਅਤੇ ਗੰਦੇ ਪਾਣੀ ਦੇ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੇ ਨਿਕਾਸੀ ਪ੍ਰਬੰਧਾਂ ਤੋਂ ਮਿਲਦੀ ਹੈ। ਦਰਜਨਾਂ ਪਿੰਡਾਂ ਦੇ ਕੇਂਦਰ ਬਿੰਦੂ ਬੱਸ ਸਟੈਂਡ ਮਹਿਲ ਕਲਾਂ ਦੇ ਮੁੱਖ ਮਾਰਗ ਉੱਪਰ 500 ਦੇ ਕਰੀਬ ਦੁਕਾਨਾਂ ਅਤੇ ਰਿਹਾਇਸ਼ੀ ਮਕਾਨ ਹਨ, ਪਰ ਪਿਛਲੇ ਤਿੰਨ ਦਹਾਕਿਆਂ ਤੋਂ ਉਹ ਇਸ ਮੁਸ਼ਕਲ ਨਾਲ ਜੂਝ ਰਹੇ ਹਨ। ਅਨੇਕਾਂ ਵਾਰ ਕਿਸੇ ਸਮੇਂ ਖੁਦ ਦੁਕਾਨਦਾਰ ਰਹੇ ਏਥੋਂ ਦੇ ਹਲਕਾ ਵਿਧਾਇਕ ਕੋਲ ਕਈ ਵਾਰ ਫਰਿਆਦ ਕੀਤੀ ਜਾ ਚੁੱਕੀ ਹੈ, ਪਰ ਨਿਕਾਸੀ ਨਾਲੇ ਦੇ ਨਿਰਮਾਣ ਦਾ ਕੰਮ ਅੱਧ ਵਿਚਕਾਰ ਲਟਕ ਜਾਣ ਕਾਰਨ ਪਰਨਾਲਾ ਉਥੇ ਦਾ ਉਥੇ ਹੀ ਹੈ। ਸ਼ੁੱਧ ਪੀਣ ਵਾਲੇ ਪਾਣੀ ਦੀਆਂ ਸਪਲਾਈ ਨਾ ਹੋਣ ਕਰਕੇ ਸਥਾਨਕ ਲੋਕਾਂ ਨੂੰ ਲੱਖਾਂ ਰੁਪਏ ਦੀ ਲਾਗਤ ਨਾਲ ਆਪੋ ਆਪਣੀਆਂ ਨਿੱਜੀ ਸਬਮਰਸੀਬਲ ਮੋਟਰਾਂ ਲਗਵਾਉਣੀਆਂ ਪੈਂਦੀਆਂ ਹਨ। ਇਸ ਤੋਂ ਇਲਾਵਾ ਗੰਦੇ ਪਾਣੀ ਦਾ ਨਿਕਾਸ ਨਾ ਹੋਣ ਕਰਕੇ ਇਹ ਦੁਕਾਨਾਂ ਮੂਹਰੇ ਬੰਦ ਪਏ ਨਿਕਾਸੀ ਨਾਲੇ 'ਚ ਇਕੱਠਾ ਹੋਣ ਨਾਲ ਧਰਤੀ ਹੇਠਾਂ ਦੁਕਾਨਾਂ ਦੀਆਂ ਨੀਹਾਂ 'ਚ ਹੀ ਖਪ ਰਿਹਾ ਹੈ। ਬਾਰਿਸ਼ ਦੇ ਦਿਨਾਂ ਚ ਇਹ ਮੁਸ਼ਕਲ ਹੋਰ ਵੀ ਗੰਭੀਰ ਹੋ ਜਾਂਦੀ ਹੈ, ਜਦੋਂ ਇਹ ਪਾਣੀ ਦੁਕਾਨਾਂ ਅਤੇ ਨੀਵੇਂ ਹੋ ਚੁੱਕੇ ਘਰਾਂ 'ਚ ਵੜ ਜਾਂਦਾ ਹੈ। ਪਰ ਲੋਕਾਂ ਦੀ ਸਾਰ ਕੋਈ ਨਹੀਂ ਲੈ ਰਿਹਾ। ਮਈ 'ਚ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਰਾਹੀਂ ਪੰਚਾਇਤੀ ਫੰਡ ਚੋਂ ਗੰਦੇ/ਬਰਸਾਤੀ ਪਾਣੀ ਦੀ ਨਿਕਾਸੀ ਵਾਸਤੇ ਨਾਲੇ ਦੀ ਉਸਾਰੀ ਲਈ ਐਸਟੀਮੇਟ ਪਾਸ ਹੋਇਆ। ਇਸ ਉਪਰੰਤ 2 ਜੁਲਾਈ ਨੂੰ ਗ੍ਰਾਮ ਪੰਚਾਇਤ ਮਹਿਲ ਕਲਾਂ ਨੇ ਇਸ ਨਾਲੇ ਦਾ ਕੰਮ ਵੀ ਸ਼ੁਰੂ ਕਰਵਾਇਆ ਪਰ ਨੇਪਰੇ ਨਹੀਂ ਚੜ੍ਹਿਆ ਤੇ ਖਾਨਾਪੂਰਤੀ ਤੱਕ ਸੀਮਤ ਰਹਿ ਗਿਆ। ਅਨੇਕਾਂ ਯਤਨਾਂ ਦੇ ਬਾਵਜੂਦ ਇਹ ਕੰਮ ਦਸ ਕੁ ਦੁਕਾਨਾਂ ਤੋਂ ਅੱਗੇ ਨਹੀਂ ਤੁਰ ਸਕਿਆ। ਜਦੋਂ ਦੁਕਾਨਦਾਰ ਇਸ ਗੰਭੀਰ ਮੁਸ਼ਕਲ ਦੇ ਹੱਲ ਲਈ ਹਲਕਾ ਵਿਧਾਇਕ ਕੋਲ ਜਾਂਦੇ ਰਹੇ, ਤਾਂ ਉਹ ਏਥੇ ਦੇ ਕਾਂਗਰਸ ਤੋਂ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਚੁੱਕੇ ਸਰਪੰਚ ਨੂੰ ਕਹਿ ਦਿੰਦੇ ਸਨ, ਪਰ ਸਰਪੰਚ ਹਰ ਵਾਰ ਬਹਾਨੇਬਾਜ਼ੀ ਕਰਕੇ ਡੰਗ ਸਾਰ ਦਿੰਦਾ ਹੈ। ਇਸ ਮੁਸ਼ਕਲ ਦੇ ਹੱਲ ਸਬੰਧੀ 11 ਅਗਸਤ ਨੂੰ ਡਿਪਟੀ ਕਮਿਸ਼ਨਰ ਬਰਨਾਲਾ ਪੂਨਮਦੀਪ ਕੌਰ ਤੋਂ ਇਲਾਵਾ ਏ ਡੀ ਸੀ ਸਤਵੰਤ ਸਿੰਘ ਐਸ ਡੀ ਐਮ, ਤਹਿਸੀਲਦਾਰ ਮਹਿਲ ਕਲਾਂ ਤੱਕ ਜਾਣੂ ਕਰਵਾਇਆ ਜਾ ਚੁੱਕਾ ਹੈ। ਜਿਸ ਤੋਂ ਬਾਅਦ ਤਹਿਸੀਲਦਾਰ ਮਹਿਲ ਕਲਾਂ ਬਲਦੇਵ ਰਾਜ ਵੱਲੋਂ ਕਈ ਵਾਰੀ ਮੌਕਾ ਵੀ ਦੇਖਿਆ ਜਾ ਚੁੱਕਾ ਹੈ। ਸੀਟੂ ਦੇ ਸੂਬਾਈ ਕਨਵੀਨਰ ਪਰਮਜੀਤ ਕੌਰ ਗੁੰਮਟੀ, ਭਾਕਿਯੂ ਭਕੌਂਦਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਜਗਰਾਜ ਸਿੰਘ ਹਰਦਾਸਪੁਰਾ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਖੁਸ਼ੀਆ ਸਿੰਘ, ਮਨਰੇਗਾ ਰੁਜ਼ਗਾਰ ਪ੍ਰਾਪਤ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਗਰਾਜ ਰਾਮਾ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਭੋਲਾ ਸਿੰਘ ਕਲਾਲ ਮਾਜਰਾ, ਨੌਜਵਾਨ ਆਗੂ ਹਰਜੀਤ ਸਿੰਘ ਖਿਆਲੀ, ਪ੍ਰੈੱਸ ਕਲੱਬ ਰਜਿ: ਮਹਿਲ ਕਲਾਂ ਦੇ ਪ੍ਰਧਾਨ ਬਲਵਿੰਦਰ ਸਿੰਘ ਵਜੀਦਕੇ, ਜਨਰਲ ਸਕੱਤਰ ਬਲਜਿੰਦਰ ਸਿੰਘ ਢਿੱਲੋਂ, ਮੁੱਖ ਬੁਲਾਰੇ ਜਗਰਾਜ ਸਿੰਘ ਮੂੰਮ ਨੇ ਸਥਾਨਕ ਲੋਕਾਂ ਦੀਆਂ ਸਹੀ ਤੇ ਜਾਇਜ਼ ਮੁਸ਼ਕਲਾਂ ਨੂੰ ਹੱਲ ਨਾ ਕਰਨ ਦੀ ਸਖਤ ਸ਼ਬਦਾਂ 'ਚ ਨਿੰਦਿਆ ਕਰਦਿਆਂ ਕਿਹਾ ਕਿ ਜੇਕਰ ਲੋਕਾਂ ਦੀ ਇਸ ਮੁਸ਼ਕਲ ਨੂੰ ਸੀਮਤ ਸਮੇਂ 'ਚ ਹੱਲ ਨਾ ਕੀਤਾ ਗਿਆ ਤਾਂ ਅੱਕੇ ਹੋਏ ਲੋਕ ਸੰਘਰਸ਼ ਦੇ ਰਾਹ ਪੈਣ ਨੂੰ ਮਜਬੂਰ ਹੋਣਗੇ। ਜਦੋਂ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾ ਕਿਹਾ ਕਿ ਸਬੰਧਤ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਹੈ, ਇਸ ਬਾਰੇ ਅੱਜ ਹੀ ਗੱਲਬਾਤ ਕਰਨਗੇ।

# ਵਰਿੰਦਰ ਪੁਰੀ ਤੇ ਰਵਿੰਦਰ ਸਿੰਘ ਨੇ ਸ਼ਤਰੰਜ ਦੀ ਖੇਡ 'ਚ ਕੀਤੀਆਂ ਵੱਡੀਆਂ ਪ੍ਰਾਪਤੀਆਂ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਚੈੱਸ ਖਿਡਾਰੀ ਵਰਿੰਦਰ ਕੁਮਾਰ ਪੁਰੀ ਅਤੇ ਰਵਿੰਦਰ ਸਿੰਘ ਦੀ 20 ਫਰਵਰੀ ਤੋਂ 28 ਫਰਵਰੀ ਤੱਕ ਗੋਆ ਦੇ ਪਣਜੀ 'ਚ ਹੋਣ ਵਾਲੇ ਆਲ ਇੰਡੀਆ ਸਿਵਲ ਸਰਵਸਿਜ਼ ਚੈੱਸ ਟੂਰਨਾਂਮੈਂਟ 'ਚ ਚੋਣ ਹੋਣ ਤੇ ਮੁਬਾਰਕਬਾਦ ਦਿੱਤੀ ਹੈ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਜਿਸ ਤਰ੍ਹਾਂ ਇਨ੍ਹਾਂ ਖਿਡਾਰੀਆਂ ਨੇ ਸ਼ਤਰੰਜ ਦੀ ਖੇਡ ਵਿੱਚ ਵੱਡੀਆਂ ਮੱਲ੍ਹਾ ਮਾਰੀਆ ਹਨ ਉਸੇ ਤਰ੍ਹਾਂ ਇਹ ਖਿਡਾਰੀ ਆਲ ਇੰਡੀਆ ਪੱਧਰ 'ਤੇ ਹੋਣ ਵਾਲੇ ਇਸ ਟੂਰਨਾਂਮੈਂਟ ਵਿੱਚ ਵੀ ਜਿੱਤ ਪ੍ਰਾਪਤ ਕਰਨਗੇ।

ਵਰਨਣਯੋਗ ਹੈ ਕਿ ਸਰਕਾਰੀ ਐਲੀਮੈਂਟਰੀ ਸਕੂਲ ਸੰਘੋਲ ਵਿਖੇ ਬਤੌਰ ਅਧਿਆਪਕ ਸੇਵਾਵਾਂ ਨਿਭਾ ਰਹੇ ਸ਼ਤਰੰਜ ਖਿਡਾਰੀ ਵਰਿੰਦਰ ਕੁਮਾਰ ਪੁਰੀ ਭਾਵੇਂ ਕਿ ਸਰੀਰਕ ਤੌਰ 'ਤੇ ਦਿਵਿਆਂਗ ਹਨ, ਪ੍ਰੰਤੂ ਇਸ ਖਿਡਾਰੀ ਨੇ ਆਪਣੀ ਸਖਤ ਮਿਹਨਤ ਤੇ ਲਗਨ ਨਾਲ ਪੰਜ ਵਾਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਕਪਤਾਨੀ ਕੀਤੀ ਹੈ ਅਤੇ ਇਸ ਖਿਡਾਰੀ ਨੇ ਇੰਟਰ ਕਾਲਜ ਵਿੱਚ ਗੋਲਡ ਮੈਡਲ ਵੀ ਜਿੱਤਿਆ ਹੈ। ਇਸ ਖਿਡਾਰੀ ਨੇ ਸਾਲ 2023 ਵਿੱਚ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਹਿੱਸਾ ਲਿਆ ਅਤੇ ਚਾਂਦੀ ਦਾ ਤਮਗਾ ਹਾਸਲ ਕੀਤਾ। ਇਸ ਖਿਡਾਰੀ ਦੀ ਸ਼ਤਰੰਜ ਦੇ ਖੇਡ ਵਿੱਚ ਵਰਡਲ ਵਾਈਡ ਰੇਟਿੰਗ ਵੀ 695 ਹੈ ਜੋ ਕਿ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਹੈ। ਹੁਣ ਇਹ ਖਿਡਾਰੀ ਆਲ ਇੰਡੀਆ ਸਿਵਲ ਸਰਵਸਿਜ਼ ਚੈੱਸ ਟੂਰਨਾਂਮੈਂਟ ਵਿੱਚ ਵੀ ਬਤੌਰ ਕਪਤਾਨ ਆਪਣੀ ਖੇਡ ਪ੍ਰਤਿਭਾ ਦੇ ਜੋਹਰ ਵਿਖਾਉਣ ਲਈ ਪੂਰੀ ਲਗਨ ਤੇ ਮਿਹਨਤ ਨਾਲ ਤਿਆਰ ਹੈ।

ਇਸੇ ਤਰ੍ਹਾਂ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਤਾਇਨਾਤ ਸ਼ਤਰੰਜ ਖਿਡਾਰੀ ਰਵਿੰਦਰ ਸਿੰਘ 2014 ਤੋਂ ਸ਼ਤਰੰਜ ਦੀ ਖੇਡ ਵਿੱਚ ਆਪਣੀ ਖੇਡ ਪ੍ਰਤਿਭਾ ਦੇ ਜੋਹਰ ਵਿਖਾ ਰਿਹਾ ਹੈ। ਇਸ ਖਿਡਾਰੀ ਨੇ ਇੰਟਰ ਕਾਲਜ਼ ਜਿੱਤ ਕੇ 2017 ਵਿੱਚ ਇੰਟਰ ਯੂਨੀਵਰਸਿਟੀ ਖੇਡਾਂ ਵਿੱਚ ਭਾਗ ਲਿਆ ਅਤੇ ਆਪਣੀ ਖੇਡ ਪ੍ਰਤਿਭਾ ਕਾਰਨ ਇਸ ਨੇ ਤੀਜਾ ਸਥਾਨ ਹਾਸਲ ਕੀਤਾ। ਸਾਲ 2023 ਵਿੱਚ ਸਰਕਾਰ ਵੱਲੋਂ ਕਰਵਾਈਆਂ ਗਈਆਂ ਖੇਡਾਂ ਵਤਨ ਪੰਜਾਬ ਦੀਆਂ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ ਨੂੰ ਜਿੱਤ ਕੇ ਇਸ ਖਿਡਾਰੀ ਨੇ ਰਾਜ ਪੱਧਰ ਤੇ ਸ਼ਤਰੰਜ ਦੀ ਖੇਡ ਵਿੱਚ ਹਿੱਸਾ ਲਿਆ ਅਤੇ ਨਿੱਜੀ ਤੌਰ 'ਤੇ ਇਹ ਖਿਡਾਰੀ ਚੌਥੇ ਸਥਾਨ 'ਤੇ ਰਿਹਾ ਜਦੋਂ ਕਿ ਟੀਮ ਦੇ ਤੌਰ 'ਤੇ 7ਵਾਂ ਸਥਾਨ ਹਾਸਲ ਕੀਤਾ।

ਗੋਆ ਦੇ ਪਣਜੀ ਵਿੱਚ ਹੋਣ ਵਾਲੀ ਆਲ ਇੰਡੀਆ ਸਿਵਲ ਸਰਵਸਿਜ਼ ਚੈੱਸ ਟੂਰਨਾਂਮੈਂਟ ਦੇ ਟਰਾਇਲ ਦੇ ਕੇ ਆਏ ਇਨ੍ਹਾਂ ਖਿਡਾਰੀਆਂ ਦੀ ਚੋਣ ਹੋਣ ਤੇ ਜ਼ਿਲ੍ਹੇ ਦਾ ਨਾਮ ਕਾਫੀ ਰੌਸ਼ਨ ਹੋਇਆ ਹੈ ਅਤੇ ਹੁਣ ਇਹ ਖਿਡਾਰੀ ਕੌਮੀ ਪੱਧਰ ਤੇ ਆਪਣੀ ਖੇਡ ਪ੍ਰਤਿਭਾ ਕੇ ਜ਼ੌਹਰ ਵਿਖਾਉਣ ਲਈ ਸਖਤ ਮਿਹਨਤ ਕਰ ਰਹੇ ਹਨ।

page-6-2-Dec.-2023-(SM).qxd 12/1/2023 10:05 PM Page 1



# ਸ਼ਾਹ ਹਰਬੰਸ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਰਾਣੀਵਲਾਹ ਦੀਆਂ ਖੇਡਾਂ ਯਾਦਗਾਰੀ ਹੋ ਨਿੱਬੜੀਆਂ



**ਚੋਹਲਾ ਸਾਹਿਬ (ਰਮਨ ਚੱਢਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ਼ਾਹ ਹਰਬੰਸ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਰਾਣੀ ਵਲਾਹ ਵਿਖੇ ਪਿਛਲੇ ਤਿੰਨ ਦਿਨਾਂ ਤੋਂ ਚੱਲ ਰਹੀਆਂ ਸਾਲਾਨਾ ਖੇਡਾਂ ਬਹੁਤ ਯਾਦਗਾਰੀ ਰਹੀਆਂ ਜਿੱਥੇ ਖੇਡਾਂ ਦੀ ਸ਼ੁਰੂਆਤ ਸਮੇਂ ਬੱਚਿਆਂ ਨੂੰ ਉਤਸ਼ਾਹਿਤ ਕਰਨ ਲਈ ਅੰਤਰਰਾਸ਼ਟਰੀ ਵੇਟ ਲਿਫਟਰ ਮੈਡਮ ਮੀਨਾ ਕੁਮਾਰੀ ਨੇ ਸ਼ਿਰਕਤ ਕੀਤੀ ਉੱਥੇ ਅੱਜ ਬੱਚਿਆਂ ਦੀਆਂ ਖੇਡਾਂ ਦੀ ਸਮਾਪਤੀ ਅਤੇ ਇਨਾਮ ਵੰਡ ਸਮਾਰੋਹ ਵਿੱਚ ਵੀ ਅੰਤਰਰਾਸ਼ਟਰੀ ਰੈਸਲਰ ਮੈਡਮ ਗੁਰਸ਼ਰਨਪ੍ਰੀਤ ਕੌਰ ਇੰਸਪੈਕਟਰ ਪੰਜਾਬ ਪੁਲਸ ਵੱਲੋਂ ਸ਼ਿਰਕਤ ਕੀਤੀ ਗਈ, ਜਿਨ੍ਹਾਂ ਨੇ ਜੇਤੂ ਬੱਚਿਆਂ ਨੂੰ ਇਨਾਮ ਤਕਸੀਮ ਕਰ ਕੇ ਬੱਚਿਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਮੈਨੂੰ ਇਹ ਵੇਖ ਕੇ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ ਕਿ ਮੇਰੇ ਇਲਾਕੇ ਦੇ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਲਈ ਸ਼ਾਹ ਹਰਬੰਸ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਰਾਣੀ ਵਲਾਹ ਬਹੁਤ ਵਧੀਆ ਕੰਮ ਕਰ ਰਿਹਾ ਹੈ। ਬੱਚਿਆਂ ਨੂੰ ਸਕੂਲ ਖੇਡਾਂ ਤੋਂ ਸ਼ੁਰੂਆਤ ਕਰ ਕੇ ਨੈਸ਼ਨਲ ਪੱਧਰ ਤੱਕ ਦੇ ਮੁਕਾਬਲਿਆਂ ਵਿੱਚ ਭਾਗ ਲੈਣ ਚਾਹੀਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਕਿਸੇ ਵੀ ਕੰਮ ਵਿਚ ਸਫਲਤਾ ਲਈ ਸਹੀ ਨਿਸ਼ਾਨਾ ਅਤੇ ਸਖ਼ਤ ਮਿਹਨਤ ਦੀ ਜ਼ਰੂਰਤ ਹੁੰਦੀ ਹੈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਗੁਲਵਿੰਦਰ ਸਿੰਘ ਸੰਧੂ, ਐਜੂਕੇਸ਼ਨ ਡਾਇਰੈਕਟਰ ਮੈਡਮ ਨਵਦੀਪ ਕੌਰ ਸੰਧੂ, ਪੰਜਾਬ ਸਕੂਲ ਸਿੱਖਿਆ ਬੋਰਡ ਦੇ ਪ੍ਰਿੰਸੀਪਲ ਨਿਰਭੈ ਸਿੰਘ ਸੰਧੂ ਅਤੇ ਸੀਬੀਐੱਸਈ ਦੇ ਪ੍ਰਿੰਸੀਪਲ ਸੁਮਨ ਡਡਵਾਲ ਨੇ ਮੁੱਖ ਮਹਿਮਾਨ ਦਾ ਸਵਾਗਤ ਅਤੇ ਧੰਨਵਾਦ ਕੀਤਾ ਕਿ ਆਪਣੇ ਰੁਝੇਵਿਆਂ ਭਰੇ ਕੀਮਤੀ ਸਮੇਂ ਵਿੱਚੋਂ ਸਮਾਂ ਕੱਢ ਕੇ ਸਕੂਲੀ ਖੇਡਾਂ ਵਿਚ ਸ਼ਿਰਕਤ ਕੀਤੀ ਹੈ। ਉਨ੍ਹਾਂ ਕਿਹਾ ਕਿ ਸਾਡੇ ਬੱਚੇ ਮੁੱਖ ਮਹਿਮਾਨ ਤੋਂ ਪ੍ਰਭਾਵਿਤ ਹੋ ਕੇ ਆਪਣੇ ਇਰਾਦੇ ਹੋਰ ਮਜ਼ਬੂਤ ਕਰਨਗੇ ਕਿਉਂਕਿ ਖੇਡਾਂ ਵਿਦਿਆਰਥੀ ਜੀਵਨ ਦਾ ਅਨਿੱਖੜਵਾਂ ਅੰਗ ਹਨ ਜੋ ਸਰੀਰਕ ਤੰਦਰੁਸਤੀ ਤੋਂ ਇਲਾਵਾ ਵਿਦਿਆਰਥੀਆਂ ਵਿਚ ਸਵੈ-ਮਾਣ ਅਤੇ ਸਵੈ-ਵਿਸ਼ਵਾਸ ਪੈਦਾ ਕਰਦੀਆਂ ਹਨ। ਸਾਰੇ ਬੱਚਿਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗੀਦਾਰੀ ਕਰਨੀ ਚਾਹੀਦੀ ਹੈ। ਲਗਾਤਾਰ 28, 29 ਅਤੇ 30 ਨਵੰਬਰ ਨੂੰ ਤਿੰਨ ਦਿਨਾ ਹੋਈਆਂ ਖੇਡਾਂ ਵਿਚ ਬੱਚਿਆਂ ਵਿੱਚ ਬਹੁਤ ਉਤਸ਼ਾਹ ਵੇਖਣ ਨੂੰ ਮਿਲਿਆ। ਛੋਟੇ ਬੱਚਿਆਂ ਦੀਆਂ ਖੇਡਾਂ ਤੋਂ ਇਲਾਵਾ ਸਕੂਲ ਦੇ ਵੱਡੇ ਬੱਚਿਆਂ ਦੇ ਚਾਰ ਹਾਊਸ ਸਾਹਿਬਜ਼ਾਦਾ ਅਜੀਤ ਸਿੰਘ, ਸਾਹਿਬਜ਼ਾਦਾ ਜੁਝਾਰ ਸਿੰਘ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਅਤੇ ਸਾਹਿਬਜ਼ਾਦਾ ਫਤਿਹ ਸਿੰਘ ਵਿਚਕਾਰ ਵੱਖ-ਵੱਖ ਖੇਡਾਂ ਕਰਵਾਈਆਂ ਗਈਆਂ ਜਿਸ ਵਿੱਚ 100 ਮੀਟਰ, 200 ਮੀਟਰ, 400 ਮੀਟਰ, 800 ਮੀਟਰ, ਰੱਸਾਕਸ਼ੀ, ਰਿਲੇਅ,ਖੋ-ਖੋ ਵਾਲੀਬਾਲ, ਕਬੱਡੀ ਆਦਿ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਸਾਹਿਬਜ਼ਾਦਾ ਅਜੀਤ ਸਿੰਘ ਪਹਿਲੇ, ਸਾਹਿਬਜ਼ਾਦਾ ਜੁਝਾਰ ਸਿੰਘ ਦੂਜੇ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਤੀਜੇ ਅਤੇ ਸਾਹਿਬਜ਼ਾਦਾ ਫਤਿਹ ਸਿੰਘ ਚੌਥੇ ਸਥਾਨ 'ਤੇ ਰਹੇ।

# ਗੁਰਦੁਆਰਾ ਪੱਤੀ ਚੀਮਾ 'ਚ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪਿੰਡ ਧਾਰੀਵਾਲ ਕਲਾਂ ਦੇ ਗੁਰਦੁਆਰਾ ਸਾਹਿਬ ਚੀਮਾ ਪੱਤੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਨਾਲ ਮਨਾਇਆ ਗਿਆ। ਇਸ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਧਾਰਮਿਕ ਸਮਾਗਮ ਦੌਰਾਨ ਰਾਗੀ ਜਥਾ ਭਾਈ ਸ਼ਮਸ਼ੇਰ ਸਿੰਘ ਰੋੜਾਂਵਾਲੀ ਅਤੇ ਸਾਥੀਆਂ ਲਵਪ੍ਰੀਤ ਸਿੰਘ ਤੇ ਕਰਮਪ੍ਰੀਤ ਸਿੰਘ ਵੱਲੋਂ ਗੁਰਬਾਣੀ ਦੇ ਰਸਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸੁਖਮਨੀ ਸਾਹਿਬ ਸੇਵਾ ਸੁਸਾਇਟੀ ਧਾਰੀਵਾਲ ਕਲਾਂ ਬੀਬੀਆਂ ਦਾ ਜਥਾ ਬੀਬੀ ਬਲਜੀਤ ਕੌਰ, ਪਰਮਜੀਤ ਕੌਰ, ਬਲਜਿੰਦਰ ਕੌਰ, ਰਵਿੰਦਰ ਕੌਰ, ਰਮਨਦੀਪ ਕੌਰ, ਬਲਵਿੰਦਰ ਕੌਰ, ਕਸ਼ਮੀਰ ਕੌਰ, ਬੀਰ ਕੌਰ ਆਦਿ ਨੇ ਗੁਰੂ ਨਾਨਕ ਦੇਵ ਜੀ ਦੀ ਮਹਿਮਾ ਦੇ ਸ਼ਬਦ ਗਾਇਨ ਕੀਤੇ। ਇਸ ਮੌਕੇ ਗ੍ਰੰਥੀ ਸਿੰਘ ਭਾਈ ਮਨਜੀਤ ਸਿੰਘ ਗਿੱਲਮੰਝ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਚਾਨਣਾ ਪਾਉਂਦੇ ਹੋਏ ਸੰਗਤ ਨੂੰ ਵਹਿਮਾਂ-ਭਰਮਾਂ ਤੋਂ ਦੂਰ ਰਹਿਣ ਅਤੇ ਗੁਰੂ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਉਪਦੇਸ਼ ਦਿੱਤਾ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਅਜੈਬ ਸਿੰਘ, ਮੰਗਲ ਸਿੰਘ, ਕਸ਼ਮੀਰ ਸਿੰਘ, ਸਰਵਣ ਸਿੰਘ ਫੋਰਮੈਨ, ਹਰਚਰਨ ਸਿੰਘ, ਤਰਲੋਕ ਸਿੰਘ, ਅਜੀਤ ਸਿੰਘ ਨੰਬਰਦਾਰ, ਤੀਰਥ ਸਿੰਘ, ਪ੍ਰਗਟ ਸਿੰਘ, ਸਵਰਨ ਸਿੰਘ, ਧਰਮ ਸਿੰਘ, ਜੋਗਿੰਦਰ ਸਿੰਘ, ਸੂਬਾ ਸਿੰਘ, ਸਲਵਿੰਦਰ ਸਿੰਘ ਨਾਮਧਾਰੀ, ਗੁਰਦੀਪ ਸਿੰਘ ਆਦਿ ਸੇਵਾਦਾਰਾਂ ਸਮੇਤ ਨਗਰ ਦੀਆਂ ਸੰਗਤਾਂ ਹਾਜ਼ਰ ਸਨ। ਇਸ ਮੌਕੇ ਗੁਰੂ ਕਾ ਲੰਗਰ ਅਤੇ ਜਲੇਬੀਆਂ ਦਾ ਪ੍ਰਸ਼ਾਦ ਅਤੁੱਟ ਵਰਤਾਇਆ ਗਿਆ।

# ਪਿੰਗਲਵਾੜਾ ਪਰਿਵਾਰ ਦੀ 68ਵੀਂ ਲੜਕੀ ਦਾ ਆਨੰਦ ਕਾਰਜ

## ਜੋੜੀ ਨੂੰ ਡਾ. ਇੰਦਰਜੀਤ ਕੌਰ ਸਮੇਤ ਸਮੂਹ ਮੈਂਬਰਾਂ ਨੇ ਦਿੱਤਾ ਆਸ਼ੀਰਵਾਦ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**—ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ ਦੇ ਮਾਨਾਂਵਾਲਾ ਬ੍ਰਾਂਚ ਦੇ ਵਿਹੜੇ ਵਿਚ ਪਿੰਗਲਵਾੜਾ ਪਰਿਵਾਰ ਦੀ ਲੜਕੀ ਚਰਨਪ੍ਰੀਤ ਕੌਰ ਦਾ ਆਨੰਦ ਕਾਰਜ ਵਿਕਰਮ ਸਿੰਘ ਸਪੁੱਤਰ ਸਵ. ਪ੍ਰਗਟ ਸਿੰਘ ਨਿਵਾਸੀ ਪੁਲਸ ਹੈੱਡਕੁਆਰਟਰ, ਪਿੰਡ ਅਟਲਾਂਟਾ ਪੁਆਇੰਟ ਪੋਸਟ ਆਫ਼ਿਸ ਪੀ. ਐੱਸ. ਏਬਰਡੀਨ ਪੋਰਟ ਬਲੇਅਰ, ਅੰਡੇਮਾਨ ਤੇ ਨਿਕੋਬਾਰ ਆਈਲੈਂਡਜ਼-744101 ਨਾਲ 30 ਨਵੰਬਰ, 2023 ਦਿਨ ਵੀਰਵਾਰ ਨੂੰ ਗੁਰਦੁਆਰਾ ਸਾਹਿਬ ਮਾਨਾਂਵਾਲਾ ਬ੍ਰਾਂਚ ਪਿੰਗਲਵਾੜਾ ਵਿਖੇ ਹੋਇਆ। ਇਹ ਪਿੰਗਲਵਾੜਾ ਪਰਿਵਾਰ ਦੀ ਲੜਕੀ ਦਾ 68ਵਾਂ ਆਨੰਦ ਕਾਰਜ ਹੈ। ਜੋੜੀ ਨੂੰ ਪਿੰਗਲਵਾੜਾ ਸੰਸਥਾ ਦੇ ਮੁਖੀ ਡਾ. ਇੰਦਰਜੀਤ ਕੌਰ, ਮੀਤ-ਪ੍ਰਧਾਨ ਡਾ. ਜਗਦੀਪਕ ਸਿੰਘ, ਰਾਜਬੀਰ ਸਿੰਘ ਮੈਂਬਰ, ਹਰਜੀਤ ਸਿੰਘ ਅਰੋੜਾ ਮੈਂਬਰ, ਬੀਬੀ ਪ੍ਰੀਤਇੰਦਰਜੀਤ ਕੌਰ ਮੈਂਬਰ, ਕਰਨਲ ਦਰਸ਼ਨ ਸਿੰਘ ਬਾਵਾ ਪ੍ਰਸ਼ਾਸਕ, ਪਰਮਿੰਦਰਜੀਤ ਸਿੰਘ ਭੱਟੀ ਸਹਿ ਪ੍ਰਸ਼ਾਸਕ, ਸੁਰਿੰਦਰ ਕੌਰ ਭੱਟੀ, ਅਮਰਜੀਤ ਸਿੰਘ ਗਿੱਲ ਪ੍ਰਸ਼ਾਸਕ ਮਾਨਾਂਵਾਲਾ ਬ੍ਰਾਂਚ, ਜੈ ਸਿੰਘ ਸਹਿ ਪ੍ਰਸ਼ਾਸਕ ਮਾਨਾਂਵਾਲਾ, ਤਿਲਕ ਰਾਜ ਜਨਰਲ ਮੈਨੇਜਰ, ਰਜਿੰਦਰਪਾਲ ਸਿੰਘ, ਡਾਇਰੈਕਟਰ ਡੈੱਫ ਸਕੂਲ, ਗੁਲਸ਼ਨ ਰੰਜਨ ਮੈਡੀਕਲ ਸੋਸ਼ਲ ਵਰਕਰ, ਯੋਗੇਸ਼ ਸੂਰੀ, ਬਾਵਾ ਸਿੰਘ ਢਿੱਲੋਂ ਹਾਂਗਕਾਂਗ ਵਾਲੇ, ਗੁਰਨੈਬ ਸਿੰਘ, ਹਰਤੇਜਪਾਲ ਕੌਰ, ਹਰਪਾਲ ਸਿੰਘ ਕੇਅਰ ਟੇਕਰ, ਡਾ. ਨਿਰਮਲ ਸਿੰਘ, ਨਰਿੰਦਰਪਾਲ ਸਿੰਘ ਸੋਹਲ, ਸਮੂਹ ਵਾਰਡ ਇੰਚਾਰਜ, ਹੋਸਟਲ ਇੰਚਾਰਜ ਅਤੇ ਹੋਰ ਸਖਸ਼ੀਅਤਾਂ ਨੇ ਆਸ਼ੀਰਵਾਦ ਦਿੱਤਾ। ਇਸ ਸ਼ੁਭ ਮੌਕੇ ਪਿੰਗਲਵਾੜਾ ਦੇ ਮਾਨਾਂਵਾਲਾ ਬ੍ਰਾਂਚ ਦਾ ਵਿਹੜਾ ਖ਼ੁਸ਼ੀਆਂ, ਖੇੜਿਆਂ ਨਾਲ ਭਰਿਆ ਪਿਆ ਸੀ।

## ਕਲਾਸਵਾਲਾ ਖਾਲਸਾ ਸਕੂਲ 'ਚ ਵਿਸ਼ਵ ਏਡਜ਼ ਦਿਵਸ ਮਨਾਇਆ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਕਲਾਸਵਾਲਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਕਾਦੀਆਂ ਵਿਖੇ ਵਿਸ਼ਵ ਏਡਜ਼ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਵਿਦਿਆਰਥੀਆਂ ਅਤੇ ਐੱਨਐੱਸਐੱਸ ਵਲੰਟਰੀਆਂ ਵੱਲੋਂ ਪ੍ਰੋਗਰਾਮ ਅਫਸਰ ਪਰਮਿੰਦਰ ਕੌਰ ਅਤੇ ਹਰਦੀਪ ਸਿੰਘ ਦੀ ਦੇਖ-ਰੇਖ ਵਿੱਚ ਰੈਲੀ ਕੱਢੀ ਗਈ। ਰੈਲੀ ਦੌਰਾਨ ਨਾਅਰੇਬਾਜ਼ੀ ਕਰਕੇ ਲੋਕਾਂ ਨੂੰ ਏਡਜ਼ ਪ੍ਰਤੀ ਜਾਗਰੂਕ ਕੀਤਾ ਗਿਆ। ਸਕੂਲ ਵਿਦਿਆਰਥੀਆਂ ਨੇ ਪੋਸਟਰ ਬਣਾ ਕੇ ਇਸ ਰੈਲੀ ਵਿੱਚ ਆਪਣਾ ਯੋਗਦਾਨ ਦਿੱਤਾ। ਸਕੂਲ ਪ੍ਰਿੰਸੀਪਲ ਸ਼ਾਲਿਨੀ ਦੱਤਾ ਨੇ ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਇਸ ਬਿਮਾਰੀ ਬਾਰੇ ਅਤੇ ਇਸ ਦੀ ਰੋਕਥਾਮ ਬਾਰੇ ਦੱਸਿਆ। ਐੱਨ. ਐੱਸ. ਐੱਸ. ਵਲੰਟਰੀਆਂ ਵੱਲੋਂ ਇਸ ਦਿਵਸ 'ਤੇ ਭਾਸ਼ਣ ਅਤੇ ਵਿਚਾਰ-ਵਟਾਂਦਰੇ ਵੀ ਕੀਤੇ ਗਏ। ਪ੍ਰੋਗਰਾਮ ਦੌਰਾਨ ਸਾਰੇ ਸਕੂਲ ਵਿਦਿਆਰਥੀ ਅਤੇ ਸਮੂਹ ਸਟਾਫ ਹਾਜ਼ਰ ਸੀ।

## ਪਾਕਿ ਗਏ ਜਥੇ ਨਾਲ ਹੋਈ ਲੁੱਟ ਦੀ ਧਾਮੀ ਨੇ ਕੀਤੀ ਨਿੰਦਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਪਾਕਿਸਤਾਨ ਗਏ ਸਿੱਖ ਸ਼ਰਧਾਲੂਆਂ ਨਾਲ ਲਾਹੌਰ ਵਿਖੇ ਹੋਈ ਲੁੱਟ ਖੋਹ ਦੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪਾਕਿਸਤਾਨ ਸਰਕਾਰ ਅਤੇ ਪ੍ਰਸ਼ਾਸਨ ਦੀ ਜ਼ੁੰਮੇਵਾਰੀ ਹੈ ਕਿ ਜਥੇ ਵਿਚ ਗਏ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਵੇ। ਉਨ੍ਹਾਂ ਕਿਹਾ ਕਿ ਸਿੱਖ ਸ਼ਰਧਾਲੂ ਆਪਣੇ ਵਿਛੜੇ ਗੁਰਧਾਮਾਂ ਦੇ ਦਰਸ਼ਨਾਂ ਲਈ ਪਾਕਿਸਤਾਨ ਜਾਂਦੇ ਹਨ, ਪ੍ਰੰਤੂ ਅਜਿਹੀ ਘਟਨਾ ਨਾਲ ਉਨ੍ਹਾਂ ਦੇ ਮਨਾਂ ਨੂੰ ਭਾਰੀ ਠੇਸ ਪੁੱਜਦੀ ਹੈ। ਉਨ੍ਹਾਂ ਪਾਕਿਸਤਾਨ ਸਰਕਾਰ ਨੂੰ ਕਿਹਾ ਕਿ ਇਸ ਘਟਨਾ ਨਾਲ ਸਬੰਧਤ ਲੋਕਾਂ ਨੂੰ ਤੁਰੰਤ ਗ੍ਰਿਫ਼ਤਾਰ ਕਰੇ ਤਾਂ ਜੋ ਸਿੱਖ ਪਰਿਵਾਰ ਨੂੰ ਇਨਸਾਫ਼ ਮਿਲੇ ਅਤੇ ਭਵਿੱਖ ਵਿਚ ਵੀ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਐਡਵੋਕੇਟ ਧਾਮੀ ਨੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈ ਕੇ ਦੋਸ਼ੀਆਂ ਖਿਲਾਫ਼ ਕਾਰਵਾਈ ਕਰਵਾਉਣ ਲਈ ਜ਼ਰੂਰੀ ਕਦਮ ਚੁੱਕਣ ਲਈ ਕਿਹਾ।

## ਡਾ. ਹਰਮਿੰਦਰ ਸਿੰਘ ਬਕਸ਼ੀ ਵਾਈਸ ਚੇਅਰਮੈਨ ਨਿਯੁਕਤ

**ਹੁਸ਼ਿਆਰਪੁਰ, (ਓ ਪੀ ਰਾਣਾ )**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਡਾ. ਹਰਮਿੰਦਰ ਸਿੰਘ ਬਕਸ਼ੀ ਨੂੰ ਪੰਜਾਬ ਸਟੇਟ ਇੰਡਸਟ੍ਰੀਅਲ ਡਿਵੈਲਪਮੈਂਟ ਕਾਰਪੋਰੇਸ਼ਨ ਲਿਮਟਿਡ ਦਾ ਵਾਈਸ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਲੋਕ ਸਭਾ ਹਲਕਾ ਹੁਸ਼ਿਆਰਪੁਰ ਦੇ ਇੰਚਾਰਜ ਅਤੇ ਨੌਜਵਾਨ ਆਗੂ ਡਾ. ਬਕਸ਼ੀ ਦੀ ਇਸ ਨਿਯੁਕਤੀ 'ਤੇ ਜ਼ਿਲ੍ਹਾ ਵਾਸੀਆਂ ਵਿਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਡਾ. ਹਰਮਿੰਦਰ ਸਿੰਘ ਬਕਸ਼ੀ ਨੇ ਆਪਣੀ ਇਸ ਨਿਯੁਕਤੀ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਸਰਕਾਰ ਅਤੇ ਹਾਈਕਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਨਅਤ ਦੇ ਵਿਕਾਸ ਅਤੇ ਇਸ ਨੂੰ ਉਚਾਈਆਂ 'ਤੇ ਲਿਜਾਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। .

## 8 ਪੇਂਡੂ ਤੇ ਖੇਤ ਮਜ਼ਦੂਰ ਜੱਥੇਬੰਦੀਆਂ ਨੇ ਕੈਬਨਿਟ ਮੰਤਰੀ ਤੇ ਵਿਧਾਇਕ ਨੂੰ ਦਿੱਤਾ ਮੰਗ ਪੱਤਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਇੱਥੇ 8 ਪੇਂਡੂ ਅਤੇ ਖੇਤ ਮਜ਼ਦੂਰ ਜੱਥੇਬੰਦੀਆਂ ਦੇ ਫੈਸਲੇ ਅਨੁਸਾਰ ਕੈਬੀਨੇਟ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਅਤੇ ਹਲਕਾ ਸ਼ਾਮ ਚੌਰਾਸੀ ਦੇ ਐਮ.ਐਲ.ਏ. ਡਾ.ਰਵਜੋਤ ਸਿੰਘ ਨੂੰ ਕਾਮ: ਗੁਰਮੇਸ਼ ਸਿੰਘ ਦੀ ਅਗਵਾਈ ਵਿੱਚ ਇਕ ਵਫ਼ਦ ਵਲੋਂ ਮੰਗ ਪੱਤਰ ਦਿੱਤਾ ਗਿਆ। ਜੱਥੇਬੰਦੀਆਂ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ ਲੋੜਵੰਦ ਤੇ ਬੇਘਰੇ ਮਜ਼ਦੂਰਾਂ ਨੂੰ 10-10 ਮਰਲੇ ਦੇ ਪਲਾਟ ਅਤੇ ਮਕਾਨ ਉਸਾਰੀ ਵਾਸਤੇ 5 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇ। ਪਹਿਲੇ ਕੱਟੇ ਹੋਏ ਪਲਾਟਾਂ ਦੇ ਤੁਰੰਤ ਕਬਜ਼ੇ ਦਿੱਤੇ ਜਾਣ। ਲਾਲ ਲਕੀਰ ਅੰਦਰ ਮਕਾਨਾ ਦੇ ਮਾਲਕਾਂ ਨੂੰ ਮਾਲਕੀ ਹੱਕ ਦਿੱਤਾ ਜਾਵੇ। ਪਿੰਡਾਂ ਅਤੇ ਸ਼ਹਿਰਾਂ ਦੀਆਂ ਗਰੀਬ ਬਸਤੀਆਂ ਵਿੱਚ ਸਸਤੇ ਭਾਅ ਦੇ ਡਿਪੂ ਖੋਲੇ ਜਾਣ ਅਤੇ ਜ਼ਿੰਦਗੀ ਲਈ ਜ਼ਰੂਰੀ 14 ਵਸਤਾਂ ਦੀ ਸਪਲਾਈ ਯਕੀਨੀ ਬਣਾਈ ਜਾਵੇ। ਮਨਰੇਗਾ ਕਨੂੰਨ ਤਹਿਤ ਸਾਲ ਵਿੱਚ 200 ਦਿਨ ਕੰਮ ਅਤੇ 700 ਰੁਪਏ ਦਿਹਾੜੀ ਲਈ ਕੇਂਦਰੀ ਬਜਟ ਵਿੱਚ ਫੰਡ ਅਲਾਟ ਕੀਤੇ ਜਾਣ। ਗਰੀਬ ਲੋਕਾਂ ਦੇ ਸਮੁੱਚੇ ਕਰਜ਼ੇ ਮੁਆਫ ਕਰਕੇ ਮਜ਼ਦੂਰਾਂ ਨੂੰ ਸਰਕਾਰੀ ਬੈਂਕਾ ਤੋਂ ਬਿਨਾਂ ਵਿਆਜ ਲੰਮੀ ਮਿਆਦ ਦੇ ਕਰਜ਼ੇ ਦਿਵਾਉਣ ਦਾ ਪ੍ਰਬੰਧ ਕੀਤਾ ਜਾਵੇ। ਪੰਚਾਇਤੀ ਜ਼ਮੀਨ ਵਿਚੋਂ ਤੀਸਰਾ ਹਿੱਸਾ ਸਮੁੱਚੇ ਐਸ.ਸੀ. ਭਾਈਚਾਰੇ ਨੂੰ ਘੱਟ ਰੇਟਾਂ ਤੇ ਦੇਣਾ ਯਕੀਨੀ ਬਣਾਇਆ ਜਾਵੇ। ਮਜ਼ਦੂਰਾਂ ਤੇ ਹੁੰਦਾ ਸਮਾਜਿਕ ਜਬਰ ਬੰਦ ਕੀਤਾ ਜਾਵੇ ਅਤੇ ਐਸ.ਸੀ./ਐਸ.ਟੀ. ਕਨੂੰਨ ਅਧੀਨ ਦਰਜ ਕੀਤੇ ਕੇਸਾਂ ਮੁਤਾਬਿਕ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਵੇ। ਇਸ ਤੋਂ ਇਲਾਵਾ ਖੇਤ ਮਜ਼ਦੂਰਾਂ ਦੀਆਂ ਹੋਰ ਭੱਖਦੀਆਂ ਮੰਗਾਂ ਨੂੰ ਜਲਦੀ ਹਲ ਕਰਕੇ ਗਰੀਬ ਲੋਕਾਂ ਨੂੰ ਇਨਸਾਫ ਦੇਣ ਦੀ ਮੰਗ ਕੀਤੀ ਗਈ।

# ਕਲਾਸੀਫਾਈਡ ਇਸ਼ਤਿਹਾਰ




### ਕੋਰਟ ਨੋਟਿਸ

ਬਾ ਅਦਾਲਤ-ਸ੍ਰੀ ਹਰਮਿੰਦਰ ਸਿੰਘ ਸਿੱਧੂ, ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ (ਜਲੰਧਰ)

ਕੇਸ ਅਨੁਵਾਨ : ਪ੍ਰੇਮ ਸਿੰਘ ਬਨਾਮ ਅਮੀ ਚੰਦ ਵਗੈਰਾ, ਵਾਕਿਆ ਪਿੰਡ ਗੇਹਲੜਾਂ, ਸਬ ਤਹਿਸੀਲ ਭੋਗਪੁਰ, ਜ਼ਿਲ੍ਹਾ ਜ+ਲੰਧਰ।

ਪ੍ਰੇਮ ਸਿੰਘ ਪੁੱਤਰ ਸੰਤਾ ਸਿੰਘ ਵਾਸੀ ਪਿੰਡ ਗੇਹਲੜਾਂ ਸਬ ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ। ਫਰੀਕ ਅੱਵਲ

ਬਨਾਮ-ਨੋਟਿਸ ਟੂ : ਸਰਵ ਸ੍ਰੀ

1 ਅਮੀ ਚੰਦ ਪੁੱਤਰ ਮਿਲਖੀ ਰਾਮ ਨੰਦਾ ਪੁੱਤਰ ਠਾਕਰ ਦਾਸ, ਸਰਨ ਦਾਸ ਪੁੱਤਰ ਮਿਲਖੀ ਰਾਮ, ਫੇਰੂ ਪੁੱਤਰ ਸਾਹਨੂੰ ਸਾਰੇ ਵਾਸੀਆਨ ਪਿੰਡ ਰਾਜਪੁਰ ਗਹੋਤਾ ਤਹਿਸੀਲ ਦਸੂਹਾ ਜ਼ਿਲ੍ਹਾ ਹੁਸ਼ਿਆਰਪੁਰ (ਸੋਜੀਦਾਰ) ਮ੍ਰਿਤਕ। 2 ਲੇਟ ਜਗਤ ਰਾਮ ਪੁੱਤਰ ਲੇਟ ਕਾਜੂ ਰਾਮ ਵਾਸੀ ਪਿੰਡ ਗੇਹਲੜਾਂ ਸਬ ਤਹਿਸੀਲ ਭੋਗਪੁਰ ਜ਼ਿਲ੍ਹਾ ਜਲੰਧਰ। ਫਰੀਕ ਦੋਮ

ਉਪਰੋਕਤ ਲਿਖੇ ਅਨੁਵਾਨ ਦੇ ਕੇਸ ਵਿੱਚ ਅਦਾਲਤ ਨੂੰ ਉਕਤ ਉੱਤਰਵਾਦੀਆਂ ਦੀ ਸਰਵਿਸ ਲਈ ਫਰੀਕ ਦੋਇਮ ਉਕਤ ਦੀ ਹਾਜ਼ਰੀ ਲਈ ਇਸ ਪਬਲੀਕੇਸ਼ਨ ਅਖਬਾਰ ਨੋਟਿਸ ਰਾਹੀਂ ਫਰੀਕ ਦੋਇਮ ਉਕਤ ਨੂੰ ਇਸ ਅਦਾਲਤ ਵਿੱਚ ਮਿਤੀ 21-12-23 ਨੂੰ 2-00 ਵਜੇ ਬਾਅਦ ਦੁਪਹਿਰ ਹਾਜ਼ਰ ਹੋ ਕੇ ਕੇਸ ਦੀ ਪੈਰਵੀ ਕਰਨ ਲਈ ਸੂਚਿਤ ਕੀਤਾ ਜਾਂਦਾ ਹੈ । ਇਸ ਨੋਟਿਸ ਪ੍ਰਕਾਸ਼ਨਾ ਦੇ ਬਾਵਜੂਦ ਫਰੀਕ ਦੋਇਮ ਉਕਤ ਤਾਰੀਖ 'ਤੇ ਹਾਜ਼ਰ ਨਹੀਂ ਆਉਂਦੇ ਤਾਂ ਉਹਨਾਂ ਖਿਲਾਫ ਯਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਨੋਟਿਸ ਅੱਜ ਨੰਬਰ 630 ਮਿਤੀ 29-11-23 ਨੂੰ ਮੋਹਰ ਅਦਾਲਤ ਤੇ ਨਿਮਨ ਹਸਤਾਖਰ ਹੇਠ ਜਾਰੀ ਹੋਇਆ ਹੈ।

ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ।

ਪਿੱਠ ਅੰਕਣ ਨੰਬਰ 630/ਰੀਡਰ ਮਿਤੀ 29-11-23

### COURT NOTICE

(U/o 5 Rule 20 CPC)
In the Court of
**Ms. Amanpreet Kaur,**
Civil Judge Junior Division-12, Patiala.
CNR No. PBPT 02-000366-2023
Next Date : 20-12-2023
Om Parkash vs. Shama Kant Pandey
Publication Issued to :
1. Shama Kant Pandey
Father : Late Dev Pandey Prop. Food Land Caterer 53/G/DV, Suigaran Mohalla, Near Panchayati Gurudwara, Patiala, 2. Food Land Caterer, 53/G/DV, Suigaran Mohalla, Near Panchayati Gurudwara, Patiala, through its Prop its Prop Shama Kanta Pandey.

In above titled case, the defendant(s)/respondent(s) could not be served. It is Ordered that defendant(s)/respondent(s) should appear in person or through counsel on 20-12-2023 at 10.00 a.m.

For details logon to https://highcourtchd.gov.in/?trs=district_notice &district=Patiala.

Civil Judge Junior Division-12, Patiala.
Dated, this day of 30-11-2023

### COURT NOTICE

In the Court of
**Ms. Ankita Mittal,**
Judicial Magistrate-1st Class-2, Nabha.
CNR No. PBPTB 1-000167-2019
Next Date : 15-02-2024
Jagroop Singh vs. Harbans Singh
Proclamation through Publication
Publication Issued to :
Sarabjit Singh Father : Avtar Singh, Haridas Colony, Nabha Tehsil Nabha Distt. Patiala.

In above titled case the accused could not be served. It is ordered that accused should appear in person or through counsel on 15-02-2024 at 10.00 a.m.

For details logon to https://highcourtchd.gov.in/?trs=district_notice &district=Patiala.

Judicial Magistrate-1st Class-2. Nabha.
Dated, this day of 30-11-2023

### COURT NOTICE

In the Court of
**Ms. Ankita Mittal,**
Judicial Magistrate, 1st Class-2, Nabha
CNR No. PBPT 1-000779-2020
Next Date : 4-3-2024
Gurpiar Singh vs. Jagjit Singh
Publication Issued to : Jagjit Singh, Father : Sarwan Singh Village Chaswal Tehsil Nabha, Distt. Patiala.

In above titled case, the accused could not be served, it is ordered that accused should appear in person or through counsel on 4-3-2024 at 10.00 a.m.

For details logon to https://highcourtchd.gov.in/?trs=district_notice&district=Patiala.

Judicial Magistrate-1st Class-2, Nabha.
Dated, this day of 20-11-2023

### COURT NOTICE

(U/o 5 Rule 20 CPC)
In the Court of
**Ms. Archana Kamboj**
Principal Judge Family Court, Abohar.
CNR No. PBFZF 6-000107-2022
Next Date : 18-12-2023
Lakhan Kumar vs. Kajal
Publication Issued to : Kajal, Spouse : Lakhan Kumar S/o Brij Lal (D/o Udal) Street No. 5, Patiala Fatak Dana Mandi Road, Bathinda.

In above title case, the defendant(s)/respondent(s) could not be served. It is ordered that defendant(s)/respondent(s) should appear in person or through counsel on 18-12-2023 at 10.00 a.m.

For details logon to https://highcourtchd.gov.in/?trs=district_notice&district=Fazilka.

Principal Judge Family Court, Abohar.
Dated, this day of 24-11-2023

### COURT NOTICE

(U/o 5 Rule 20 CPC)
In the Court of
**Ms. Poonam Bansal,**
Additional District and Sessions Judge-6, Patiala.
CNR No. PBPT 01-007220-2017
Next Date : 13-12-2023
Union of India vs. Inder
Publication Issued to : Inder through his LR 1. Ram Partap S/o Late Inder R/o Village Kheri Gujjran, Tehsil and District Patiala, Punjab.

In above titled case, the defendant(s)/respondent(s)could not be served. It is ordered that defendant(s)/respondent(s) should appear in person or through counsel on 13-12-2023 at 10.00 a.m.

For details logon to https://highcourtchd.gov.in/?trs=district_notice&district=Patiala.

Additional District and Sessions Judge-6, Patiala.
Dated, this day of 30-11-2023

### ਉੱਤਰ ਰੇਲਵੇ

**ਸੂਚਨਾ**

ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉੱਤਰ ਰੇਲਵੇ, ਫਿਰੋਜ਼ਪੁਰ ਦੇ ਮਾਧਿਅਮ ਨਾਲ ਫਿਰੋਜ਼ਪੁਰ ਮੰਡਲ ਦੇ ਹਾਲਟ ਸਟੇਸ਼ਨਾਂ ਤੇ ਟਿਕਟ ਵੰਡ ਕਰਨ ਲਈ ਹਾਲਟ ਠੇਕੇਦਾਰਾਂ ਦੀ ਨਿਯੁਕਤੀ ਲਈ ਦਰਖਾਸਤ ਪੱਤਰਾਂ ਦੀ ਮੰਗੇ ਜਾਂਦੇ ਹਨ।

| | | |
|---|---|---|
| 1 | ਕੰਮ ਦਾ ਨਾਮ | ਫਿਰੋਜ਼ਪੁਰ ਮੰਡਲ ਦੇ ਗਰਨਾ ਸਾਹਿਬ, ਜਮਸ਼ੇਰ ਖਾਸ, ਸ਼ਾਮ ਚੌਰਾਸੀ, ਖਟਕੜ ਕਲਾਂ ਭੰਡਾ ਜੀ, ਜੈਜੋਂ ਦੋਆਬਾ, ਮਾਲੂਪੋਤਾ, ਗੜਸ਼ੰਕਰ, ਸੈਲਾਖੁਰਦ, ਸਿਨਢਡ, ਰੂਰੇ ਅਸਲ ਅਤੇ ਬੋਪਾ ਰਾਯ ਹਾਲਟ ਸਟੇਸ਼ਨ ਆਉਂਦੇ 5 ਸਾਲ ਦੇ ਲਈ ਠੇਕੇ ਦਾ ਅਲਾਟਮੈਂਟ। |
| 2 | ਨਿਵਿਦਾ ਜਮ੍ਹਾ ਕਰਨ ਦੀ ਅੰਤਮ ਮਿਤੀ ਤੇ ਨਿਵਿਦਾ ਖੁਲਣ ਦਾ ਸਮਾਂ | ਮਿਤੀ 29.12.2023 ਨੂੰ 15.00 ਵਜੇ ਤਕ (ਕਿਸੇ ਕਾਰਨ ਵਸ਼ ਦਫਤਰ ਬੰਦ ਹੋਣ ਦੀ ਸਥਿਤੀ ਵਿਚ ਦਰਖਾਸਤ ਪੱਤਰ ਅਗੋਲੇ ਕੰਮ ਵਾਲੇ ਦਿਨ ਖੋਹਲੇ ਜਾਣਗੇ। |
| 3 | ਦਫਤਰ ਦਾ ਪਤਾ ਅਤੇ ਮਿਤੀ ਜਿਥੋਂ ਦਰਖਾਸਤ ਪੱਤਰ ਪ੍ਰਾਪਤ ਕੀਤੇ ਜਾ ਸਕਦੇ ਹਨ। | ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜ਼ਪੁਰ ਮਿਤੀ 30.11.2023 ਤੋਂ 29.12.2023 ਤਕ ਕਿਸੇ ਵੀ ਕੰਮ ਵਾਲੇ ਦਿਨ ਤੇ ਅਤੇ ਉਤਰ ਰੇਲਵੇ ਦੀ ਵੈਬਸਾਈਟ www.nr.indianrailways.gov.in ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ। |

ਇਸ ਅਲਾਟਮੈਂਟ ਨਾਲ ਸਬੰਧਿਤ ਦਸਤਾਵੇਜ ਜਿਵੇਂ ਦਰਖਾਸਤ ਪੱਤਰ, ਅਨੁਦੇਸ਼ ਕਰਾਰਨਾਮਾ ਅਤੇ ਨਿਯਮ ਤੇ ਸ਼ਰਤਾਂ ਨੂੰ ਉੱਤਰ ਰੇਲਵੇ ਦੀ ਵੈਬਸਾਈਟ www.nr.indianrailways.gov.in 'ਤੇ ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3776/23

### Public Notice

I, Charnjit Singh S/o Swaran Singh R/o VPO Mukhliana Tehsil & Distt. Hoshiarpur 146112 Punjab declare that my father has been expired on 14-05-2021. My Aadhar card my father's correct name written as Swaran Singh and some documents my father's name is wrongly written as Swarn Singh. Concerned note.

I, Jaspal Singh S/o Sardar Singh R/o H.No.24, Basant Nagar Sultanwind Road, Amritsar have declare that one Document in the name of Sardar Singh S/o Veer Singh Bearing Document No.7725 Dated 13.12.1973 has been Lost if any body found send me above address

We Rajan Kapoor S/o Bhola Nath Kapoor and Savita Kapoor W/o Rajan Kapoor, both R/o 158-Kapurthala Road, Opp. Surgical Complex, Jalandhar declare that our son Amit Kapoor is not under our control. So,we disown him from our moveable and immoveable properties. Anybody deals with him at their own risk and responsibility. All concerned may note.

We Charanjit Singh S/o Sohan Singh and Jagdish Kaur w/o Charanjit Singh both residents of VPO Pandori Nijjaran, Tehsil Bhogpur, Distt. Jalandhar declare that our sons Raminderpal Singh and his wife Sarabjit Kaur and Amanjot Singh and his wife Kiranjeet and their children are not under our control. So,we disown them from our moveable and immoveable properties. Anybody deals with them at their own risk and responsibility. All concerned may note.

I, Surjit Pal S/o Dalip Singh R/o Village Sabuwal, PO Manak, Shahkot, Distt. Jalandhar declare that Dawinder Kumar (DOB 27-05-1985) is my real son. That my above said son is Unmarried. He has no spouse living anywhere in India or abroad. That my said son is not engaged with any girl for his marriage, whom he wants to get married. That I have no objection if my above said son engaged his marriage with any girl/women as per his choice and will irrespective of caste and creed anywhere in world.

I, Mangat Ram S/o Khusi Ram R/o Village Gazipur, PO Chamiara, Tehsil and Distt. Jalandhar declare that Gurpreet Kaur (DOB 19-02-1989) is my real daughter. That my above said daughter is Unmarried. She has no spouse living anywhere in India or abroad. That my said daughter is not engaged with any boy for her marriage, whom she wants to get married. That I have no objection if my above said daughter engaged her marriage with any boy/men as per her choice and will irrespective of caste and creed anywhere in world.

I, Vipan Kumar S/o Dev Raj R/o V.P.O. Gharota, Tehsil/Distt. Pathankot, Punjab, Pin Code-143533. Declare that my given name as Vipan and my surname as Kumar. (Dogra)

I, Gulzar Singh S/o Sudarshan Singh R/o Vill. Bhaini Millwan, P.O. Saidowal Kalan, Distt. Gurdaspur, Punjab. Declare that is known my name Gulzar Singh and Guljar Singh is the one and same person. Please all concerned note. (Dogra)

### ਆਮ ਸੂਚਨਾ

ਮੈਂ, ਸੀਤਲ ਸਿੰਘ ਪੁੱਤਰ ਸ੍ਰੀ ਮੇਜਰ ਸਿੰਘ ਵਾਸੀ ਊਧਮ ਸਿੰਘ ਚੌਂਕ, ਮਾਡਲ ਟਾਊਨ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਦਾ ਹਾਂ। ਇਹ ਕਿ ਮੇਰਾ ਇੱਕ ਬੈਨਾਮਾ ਵਸੀਕਾ ਨੰਬਰ 2059 ਮਿਤੀ 27-11-2007 ਤਸਦੀਕ ਸਬ-ਰਜਿਸਟਰਾਰ, ਸੁਲਤਾਨਪੁਰ ਲੋਧੀ ਇਹ ਅਸਲ ਬੈਨਾਮਾ ਮਿਤੀ 27-10-2023 ਨੂੰ ਗੁੰਮ ਹੋ ਗਿਆ। ਇਸ ਪਲਾਟ ਵਿੱਚ ਬਣੀ ਬਿਲਡਿੰਗ ਦਾ ਗਰਾਊਂਡ ਫਲੋਰ ਮੈਂ ਇੰਦੂਸਿੰਧ ਬੈਂਕ ਲਿਮਟਿਡ ਨੂੰ ਰੈਂਟ/ਕਿਰਾਏ 'ਤੇ ਦੇਣ ਜਾ ਰਿਹਾ ਹਾਂ। ਇਸ ਪ੍ਰਤੀ ਕਿਸੇ ਵੀ ਵਿਅਕਤੀ ਨੂੰ ਕੋਈ ਵੀ ਇਤਰਾਜ਼ ਹੋਵੇ ਤਾਂ ਉਹ ਮੇਰੇ ਨਾਲ ਸੱਤ ਦਿਨਾਂ ਦੇ ਅੰਦਰ-ਅੰਦਰ ਸੰਪਰਕ ਕਰ ਸਕਦਾ ਹੈ। ਜੇਕਰ ਉਕਤ ਵਸੀਕਾ ਨੰਬਰ ਦਾ ਬੈਨਾਮਾ ਕਿਸੇ ਵੀ ਵਿਅਕਤੀ ਨੂੰ ਮਿਲੇ ਤਾਂ ਮੈਨੂੰ ਪਹੁੰਚਾਉਣ ਦੀ ਕ੍ਰਿਪਾਲਤਾ ਕਰੇ । ਮੋਬਾਇਲ ਨੰਬਰ : 94638-50579।

ਮੈਂ , ਜਸਕਰਨ ਸਿੰਘ ਪੁੱਤਰ ਸਵ; ਬਲਵਿੰਦਰ ਸਿੰਘ ਭੰਗੂ ਵਾਸੀ ਪਿੰਡ ਅਟਾਰੀ ,ਤਹਿ; ਅਨੰਦਪੁਰ ਸਾਹਿਬ , ਜ਼ਿਲ੍ਹਾ ਰੂਪਨਗਰ (ਪੰਜਾਬ) ਘੋਸ਼ਣਾ ਕਰਦਾ ਹਾਂ ਕਿ ਮੇਰੇ ਰਿਕਾਰਡ ਵਿੱਚ ਕੁਝ ਥਾਈ ਮੇਰੇ ਪਿਤਾ ਦਾ ਨਾਮ ਬਲਵਿੰਦਰ ਸਿੰਘ ਲਿਖਿਆ ਗਿਆ ਹੈ, ਜਦੋਂਕਿ ਬਲਵਿੰਦਰ ਸਿੰਘ ਅਤੇ ਬਲਵਿੰਦਰ ਸਿੰਘ ਭੰਗੂ ਦੋਨੋਂ ਮੇਰੇ ਪਿਤਾ ਯਾਨੀ ਇੱਕੋ ਵਿਅਕਤੀ ਦੇ ਨਾਮ ਹਨ । ਸੰਬੰਧਤ ਨੋਟ ਕਰਨ .

ਟਿਊਬਵੈਲ ਕੁਨੈਕਸ਼ਨ ਖਾਤਾ ਨੰਬਰ AP66/0082/P ਜੋ ਕਿ ਕਰਮ ਸਿੰਘ ਪੁੱਤਰ ਤਾਰਾ ਸਿੰਘ ਪਿੰਡ ਸਲੈਚ ਤਹਿਸੀਲ ਸ਼ਾਹਕੋਟ ਜ਼ਿਲ੍ਹਾ ਜਲੰਧਰ ਦੇ ਨਾਂਅ 'ਤੇ ਪਿੰਡ ਤਲਵੰਡੀ ਬੂਟਿਆਂ ਵਿਖੇ ਚੱਲ ਰਿਹਾ ਹੈ। ਕਰਮ ਸਿੰਘ ਦੀ ਮੌਤ ਹੋ ਚੁੱਕੀ ਹੈ। ਇਸ ਦੇ ਵਾਰਸਾਂ ਸਤਵੰਤ ਕੌਰ ਵਿਧਵਾ ਕਰਮ ਸਿੰਘ ਅਤੇ ਨਵਦੀਪ ਸਿੰਘ ਤੇ ਹਰਪ੍ਰੀਤ ਸਿੰਘ(ਪੁੱਤਰ) ਪਾਸੋਂ ਦਰਸ਼ਨ ਸਿੰਘ ਪੁੱਤਰ ਬਿਸ਼ਨ ਸਿੰਘ ਪਿੰਡ ਮਾਣਕ ਪੁਰ ਨੇ ਜ਼ਮੀਨ ਖਰੀਦਣ ਉਪਰੰਤ ਕੁਨੈਕਸ਼ਨ ਆਪਣੇ ਨਾਂਅ ਤਬਦੀਲ ਕਰਵਾਉਣਾ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਵਿੱਚ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਸ਼ਾਹਕੋਟ ਨੂੰ ਸੂਚਿਤ ਕਰ ਸਕਦਾ ਹੈ।

ਮੈਂ, ਕੁਲਦੀਪ ਸਿੰਘ ਬੱਲ ਪੁੱਤਰ ਦਰਸ਼ਨ ਸਿੰਘ, ਵਾਸੀ ਪਿੰਡ ਪੱਤੀ ਛੱਜੂ ਕੀ, ਸਠਿਆਲਾ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਕੁਝ ਕਾਗਜ਼ਾਤ ਵਿੱਚ ਮੇਰਾ ਨਾਂਅ ਕੁਲਦੀਪ ਸਿੰਘ ਚਲਦਾ ਹੈ। ਕੁਲਦੀਪ ਸਿੰਘ ਬੱਲ ਅਤੇ ਕੁਲਦੀਪ ਸਿੰਘ ਮੇਰੇ ਹੀ ਦੋ ਨਾਂਅ ਹਨ, ਸੰਬੰਧਤ ਨੋਟ ਕਰਨ।

ਮੈਂ, ਅਮਿਤ ਕੁਮਾਰ ਪੁੱਤਰ ਕਿਸ਼ੋਰੀ ਲਾਲ ਵਾਸੀ ਮਕਾਨ ਨੰਬਰ ਐਨ ਐਮ-271, ਮੁਹੱਲਾ ਕਰਾਰ ਖਾਂ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਭਾਬੀ ਮਨੀਸ਼ਾ ਪਤਨੀ ਲੇਟ ਰਾਜੇਸ਼ ਸ਼ਰਮਾ ਅਤੇ ਉਨ੍ਹਾਂ ਦੇ ਦੋ ਬੱਚੇ ਸ਼ੈਲੀ ਸ਼ਰਮਾ ਵਾ ਅਸ਼ੀਸ਼ ਸ਼ਰਮਾ ਮੇਰੇ ਕਹਿਣੇ ਤੋਂ ਬਾਹਰ ਹਨ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

### ਬੇਦਖਲੀ ਨੋਟਿਸ

ਮੈਂ, ਪਰਮਜੀਤ ਸਿੰਘ ਕਾਲੇਕਾ ਪੁੱਤਰ ਭਰਪੂਰ ਸਿੰਘ ਪਿੰਡ ਬੁਰੜ ਤਹਿਸੀਲ ਪਾਤੜਾਂ ਜ਼ਿਲ੍ਹਾ ਪਟਿਆਲਾ ਆਪਣੀ ਲੜਕੀ ਅਨਮੋਲਜੀਤ ਕੌਰ ਹਾਲ ਅਬਾਦ ਕਨੇਡਾ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਅਤੇ ਮਾੜੀ ਸੰਗਤ ਦਾ ਸ਼ਿਕਾਰ ਹੋਣ ਕਰਕੇ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁੱਦ ਜਿੰਮੇਵਾਰ ਹੋਵੇਗਾ।

ਮੈਂ, ਸਲਵੰਤ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਵਡਾਲੀ ਗੁਰੂ, ਛੇਹਰਟਾ ਅੰਮ੍ਰਿਤਸਰ ਆਪਣੇ ਲੜਕੇ ਪ੍ਰੇਮ ਸਿੰਘ ਅਤੇ ਨੂੰਹ ਮਨਪ੍ਰੀਤ ਕੌਰ ਜੋ ਮੇਰੇ ਕਹਿਣੇ ਵਿੱਚ ਨਹੀ ਹਨ, ਮੇਰੀ ਕੋਈ ਗੱਲ ਨਹੀਂ ਮੰਨਦੇ, ਅਕਸਰ ਘਰ ਵਿੱਚ ਲੜਾਈ-ਝਗੜਾ ਕਰਦੇ ਰਹਿੰਦੇ ਹਨ ਨੂੰ ਆਪਣੀ ਚੱਲ -ਅਚੱਲ, ਭੁੱਕਵੀ ਅਣਭੁਕਵੀ ਜਾਇਦਾਦ ਤੋ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਮਾੜੇ-ਚੰਗੇ ਕੰਮ, ਨਫ਼ੇ-ਨੁਕਸਾਨ, ਲੈਣ-ਦੇਣ, ਲੜਾਈ -ਝਗੜੇ ਦੇ ਲਈ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵੇਗਾ। ਮੇਰਾ ਪ੍ਰੇਮ ਸਿੰਘ ਦੇ ਪਰਿਵਾਰ ਨਾਲ ਕੋਈ ਸਬੰਧ ਨਹੀ ਹੈ।

ਮੈਂ, ਨਰਿੰਦਰ ਕੌਰ ਪਤਨੀ ਗੁਰਦਿਆਲ ਸਿੰਘ ਵਾਸੀ ਮਕਾਨ ਨੰਬਰ 206-ਏ, ਏ-ਬਲਾਕ, ਸੰਧੂ ਕਲੋਨੀ, ਛੇਹਰਟਾ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਛੋਟਾ ਲੜਕਾ ਅਭੀਜੋਤ ਸਿੰਘ ਅਤੇ ਉਸ ਦੀ ਪਤਨੀ ਕਮਲਪ੍ਰੀਤ ਕੌਰ ਅਤੇ ਉਨ੍ਹਾਂ ਦੀ ਬੇਟੀ ਐਮਰੀਨ ਕੌਰ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ, ਸੰਬੰਧਤ ਨੋਟ ਕਰਨ।

ਮੈਂ, ਦਲਬੀਰ ਸਿੰਘ ਸਪੁੱਤਰ ਅਜੀਤ ਸਿੰਘ, ਵਾਸੀ ਜਲਾਲ, ਤਹਿਸੀਲ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ), ਆਪਣੇ ਲੜਕੇ ਤਰਨਜੀਤ ਸਿੰਘ ਅਤੇ ਨੂੰਹ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਣ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ, ਉਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਲਾਭ ਸਿੰਘ ਪੁੱਤਰ ਕਿਰਪਾਲ ਸਿੰਘ ਵਾਸੀ ਮਕਾਨ ਨੰ. 5, ਗੁਰੂ ਸੰਤ ਨਗਰ, ਬਸਤੀ ਦਾਨਿਸ਼ਮੰਦਾ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਰਬਜੀਤ ਉਰਫ ਲਵਲੀ ਜੋ ਕਿ ਕੁਆਰਾ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸੁਰਜੀਤ ਸਿੰਘ ਪੁੱਤਰ ਸ੍ਰੀ ਅਮਰ ਸਿੰਘ ਵਾਸੀ ਪਿੰਡ ਹਰਸੀ ਪਿੰਡ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਪਰਦੀਪ ਸਿੰਘ ਅਤੇ ਇਸ ਦੀ ਪਤਨੀ ਕੁਲਵੰਤ ਕੌਰ ਇਹ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇਕਾਰ ਨਹੀਂ ਹਨ, ਜਿਸ ਕਰਕੇ ਮੈਂ ਇਹਨਾਂ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ-ਦੇਣ, ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਵੀ ਜ਼ਿੰਮੇਵਾਰੀ ਨਹੀਂ ਹੋਵੇਗੀ। (ਬਹਿਲ)

ਮੈਂ, ਗੁਰਮੇਜ ਸਿੰਘ ਪੁੱਤਰ ਸੰਤਾ ਸਿੰਘ ਵਾਸੀ ਦਯਾ ਨਗਰ, ਬਾਬਾ ਦੀਪ ਸਿੰਘ ਕਾਲੋਨੀ, ਫਤਿਹਗੜ੍ਹ ਚੂੜੀਆਂ ਰੋਡ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਬੀਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਕਿਰਨ ਪਤਨੀ ਲੇਟ ਸੁਖਦੇਵ ਰਾਜ ਅਰੋੜਾ ਵਾਸੀ ਮਕਾਨ ਨੰ. 1239 ਕਿਲ੍ਹਾ ਭੰਗੀਆਂ, ਨਮਕ ਮੰਡੀ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਮਿਤ ਕੁਮਾਰ ਤੇ ਇਸ ਦੀ ਪਤਨੀ ਨੇਹਾ ਅਰੋੜਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਭਜਨ ਸਿੰਘ ਵਿਰਦੀ ਪੁੱਤਰ ਸ੍ਰੀ ਨੰਦ ਸਿੰਘ ਵਾਸੀ ਪਿੰਡ ਪੱਤੀ ਹਵੇਲੀ ਮਲਸੀਆ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਗਦੀਪ ਸਿੰਘ ਅਤੇ ਉਸਦੀ ਪਤਨੀ ਹਰਦੀਪ ਕੌਰ ਅਤੇ ਇਨ੍ਹਾਂ ਦੇ ਦੋ ਬੱਚੇ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਹੋਣ ਵਾਲੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਅਨਿਲ ਕੁਮਾਰ ਪੁੱਤਰ ਹਰੀ ਰਾਮ ਵਾਸੀ ਮੁਹੱਲਾ ਬਾਬਾ ਮੋਤੀ ਸ਼ਾਹ, ਤਿੱਬੜ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਸਾਹਿਲ ਕੁਮਾਰ ਉਰਫ ਬੱਬਲੂ ਅਤੇ ਉਸ ਦੀ ਪਤਨੀ ਗੁਰਪ੍ਰੀਤ ਕੌਰ ਉਰਫ ਗੋਪੀ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਹਨਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ। (ਡੋਗਰਾ)

ਮੈਂ, ਅਸ਼ੋਕ ਕੁਮਾਰ ਪੁੱਤਰ ਪ੍ਰਿਥਵੀ ਰਾਜ ਵਾਸੀ ਪਿੰਡ ਮਜੀਠੀ, ਡਾਕਖਾਨਾ ਬਹਿਰਾਮਪੁਰ, ਤਹਿਸੀਲ ਦੀਨਾਨਗਰ, ਜ਼ਿਲ੍ਹਾ ਗੁਰਦਾਸਪੁਰ। ਮੇਰਾ ਛੋਟਾ ਲੜਕਾ ਰੋਹਿਤ ਸ਼ਰਮਾ ਅਤੇ ਉਸ ਦੀ ਪਤਨੀ ਕਿਰਨਪ੍ਰੀਤ ਕੌਰ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਹਨਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ। (ਡੋਗਰਾ)

### Change of Name

I, Sudarshan Kumar s/o Anant Ram r/o H.No. EF-489, Krishan Nagar, Jalandhar-144001, Punjab have changed my name to Sudarshan Kumar Aggarwal. All Please Note.

I, Daljit Kaur W/o Satnam Singh R/o VPO. Machrai, Tehsil Batala, Distt. Gurdaspur have changed the spelling of my name from Daljit Kaur to Daljeet Kaur. All Please Note.

I, Gurmit Singh S/o Jagir Singh R/o Vill. Sabuwal, Po. Thatha Jadid, Distt. Kapurthala-144628, Punjab have changed the spelling of my name from Gurmit Singh to Gurmeet Singh. All Please Note.

I, Naveen Alias Mintoo Bahri S/o Hans Raj Bahri R/o H.No 12 R Friends Colony Gate No 1 Wadala Road Jalandhar-144001, Punjab have changed my name to Naveen Bahri. All Please Note.

### Change of Name

I, Lakhvir Kaur W/o Sh. Parampal Singh Bagha R/o Village Bagha P.O. Garhdiwala, Tehsil Dasuya, Distt. Hoshiarpur, have changed my Husband's Passport Name Lakhvir Kaur to Lakhbir Kaur (Correct Spelling). All concerned please note. (8978)

I, hitherto known as Azadpal Singh Thiara (previous name) S/o Atma Singh R/o Village Harkhowal, P.O. Dhakkowal, Distt. Hoshiarpur, Punjab (India), have changed my name and shall hereafter be known as Azadpal Singh. All note. (8976)

I, Pardeep Kumari W/o Sh. Garib Dass Vill. Toe P.O. Ghogra Teh. Dasuya Distt: Hoshiarpur-144205 (Pb.) India have Corrected the Spelling mistake of my name Pardeep Kumari to Pardip Kumari. All Concerned please note.

I, Dalbinder Singh S/o S. Hardev Singh R/o House No 361, Greater Kailash, Jalandhar, 144008, have declare that Dalbinder Singh and Dalvinder Singh are the names of one & same person concerned note please.

I, Manpreet Sahota S/o Charanjit R/o Kala Singha Road, Kot Sadiq, Jalandhar, Punjab, India (144002) declare that previously my name was Manpreet and now my name has been changed as Manpreet Sahota. All Please note.

I, Rajnish Kalra S/o Madan Lal Kalra R/o Street No. 3, New Amrik Nagar, Jalandhar, declare that I, am known by both these name Rajnish Kalra and Rajnish Kumar. Both name are mine and one & same person.

I,Ramni Luther Alias Ramni D/o Sh Baldev Raj Luther R/o 58, Manjit Nagar basti Sheikh Jalandhar Punjab 144002 declare that Ramni Luther Alias Ramni is one and the same person. All concerned please note

I RAMANJIT KAUR CHAHAL W/O KANWAL JIT SINGH R/O H.NO.121, WARD NO.53, FRIENDS AVENUE, MAJITHA ROAD, Amritsar HAVE CHANGED MY NAME TO RAMANJIT KAUR

I, Amrit Pal Singh S/o Pritam Singh R/o H.No.121 Shivala Colony Tehsil and District Amritsar have changed my name from Amrit Pal Singh to Amrit Pal Singh Brar

I, Rashpal Singh S/o Mangal Singh R/o VPO Ghanupura, Near Govt. High School, Via Chheharta, Amritsar have changed my name from Rashpal Singh to Rashpal Singh Gill

I, Vatsala Vashisht W/o Rahul Dogra R/o H.No.B-531/1, Guru Teg Bahadur Nagar Mall Mandi Amritsar have changed my name from Vatsala Vashisht to Vatsla Vasisht Dogra

I, Harjinder Singh S/o Nirmal Singh R/o Harar Khurd District Amritsar have declare that Singh is my Surname and Harjinder is my Given name

I, Hitashini Lohtia w/o Munish Mahajan r/o H.No. WM-299, Basti Guzan, Jalandhar have changed my name to Hitashini Mahajan. All Please Note.

I, Kuljit Singh Saini s/o Romesh Chander r/o Village Doburji, Po. Marara, Distt. Gurdaspur, Punjab-143525 have changed my name to Kuljit Singh. All Please Note.

I, Manpreet d/o Jarnail r/o Vill. Chogawan, Po. Sammipur, Distt.Jalandhar, Punjab-144026 have changed my name as Manpreet Kaur. All Please Note.

I, Makhan s/o Karam Chand r/o VPO.Madhopur, Tehsil Phagwara,Kapurthala, Punjab have changed my name from Makhan to Makhan Singh. All Please Note.

I, Sarbjit Singh s/o Jaswant Singh r/o Vill. Bhatnura Kalan, Po. Bhatnura Lubana, Kapurthala have changed my name spelling correction to Sarabjit Singh. All Please Note.

### ਨਾਂਅ ਦੀ ਬਦਲੀ

ਮੈਂ, ਸਨੀ ਪੁੱਤਰ ਸੁਰਿੰਦਰ ਪਾਲ ਵਾਸੀ ਪਿੰਡ ਤੇ ਡਾਕਖਾਨਾ ਲੇਹਲ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਨੇ ਆਪਣਾ ਨਾਂਅ ਬਦਲ ਕੇ ਸਨੀ ਵਿਰਦੀ ਰੱਖ ਲਿਆ ਹੈ ਅਤੇ ਵਿਰਦੀ ਮੇਰਾ ਉਪ ਨਾਂਅ ਹੈ। ਸੰਬੰਧਤ ਨੋਟ ਕਰਨ।

### Change of Name

I, Arti Sikri W/o Rakesh Roshan R/o Khemkaran Road VPO Bhikhiwind, Distt. TarnTaran, Punjab-143303 have changed my name from Arti Sikri to Aarti.

I hitherto known as ANKUR SONI NARULA W/O Gaurav Narula R/O VPO Gho, VTC Ghoh, PO Gho, District Pathankot, Punjab-145023 have changed my name and shall hereafterbe known as ANKUR SONI.

I hitherto known as MANDEEP S/o CHAMAN LAL R/o 764 WARD NO 15 MUKAM MOHALLA KARTARPUR DISTRICT JALANDHAR PUNJAB -144801 INDIA have changed my name and shall hereafter be known as MANDEEP PAL It is certified that I have complied with other legal requirements in this connection.

I, Ravi S/o Raj Kumar Village Mana Talwandi, Mana Talwandi Kapurthala, Punjab - 144622, India, I Have changed my name from Ravi to Ravi Ravi. All please note.

I Amrik Singh S/o Baldev Singh vill Alawalpur Tehsil Garhshankar Distt Hoshiarpur have changed my name to Amrik Singh Gill.

I, Law Kumar s/o Vijay Singh r/o 30th Bn. I.T.B.P. Sarai Khas, Jalandhar have changed the name of my minor daughter from Chahat Kumari to Chahat Singh. All Please Note.

I, Manjit Singh s/o Karnail Singh r/o H.No.34, Ward no. 6, Guru Nanak Nagar, Jalandhar have changed my name to Mohinder Singh. All Please Note.

I, Jagjit Singh S/o Avtar Singh R/o Street Number 13, Sant Nagar, Moga, Punjab have changed my name from Jagjit Singh to Singh Jagjit (Singh as Surname) All Please Note.

I, Parajeet Kaur W/o Hardev Singh Sohal R/o VPO Athola, Distt. Jalandhar, Punjab have changed my name from Parajeet Kaur to Paramjit Kaur Sohal. All Please Note.

I, Bachiter Singh S/o Hardev Singh Sohal R/o VPO Athoula, Distt.Jalandhar, Punjab have changed my name from Bachiter Singh to Bachiter Singh Sohal. All Please Note.

I Sourabh S/o Murli Manohar R/o H.No.771 A, Near Herbal Park, Surya Enclave, Jalandhar-1, Jalandhar-144009 have changed my name to Sourabh Mahajan. All concerned please note.

I, Manjinder Singh S/o Jaswant Singh R/o House No. 249/250, Tilak Nagar Wadala, Jalandhar, Pin-144003, Punjab I have changed my name Manjinder Singh to Manjinder as Given Name and Singh as Surname. All concerned please note.

I, Jaipal Handa S/o Bishan Dass R/o H.No. 102, Guru Amardass Nagar, Jalandhar-144008, Punjab have changed my name from Jai Paul to Jaipal Handa. All concerned please note.

I, Neena Handa W/o Navrattan Handa R/o H.No. 102, Guru Amardass Nagar, Jalandhar-144008, Punjab have changed my name from Rekha Verma to Neena Handa, after marriage. All concerned please note.

I, Navrattan Handa S/o Jaipal Handa R/o H.No. 102, Guru Amardass Nagar, Jalandhar-144008, Punjab have changed my name from Nav Rattan Handa to Navrattan Handa. All concerned please note.

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਸਕੋਡਾ ਆਟੋ ਇੰਡੀਆ ਵੱਲੋਂ ਬਲੈਕ ਕਲਰ 'ਚ ਨਵਾਂ ਟਿੱਪ ਲਾਂਚ

**ਅੰਮ੍ਰਿਤਸਰ**-ਕੁਸ਼ਾਕ ਅਤੇ ਸਲਾਵੀਆ ਵਿੱਚ ਕਈ ਨਵੀਆਂ ਅਤੇ ਸੈਗਮੈਂਟ-ਪਹਿਲੀਆਂ ਵਿਸ਼ੇਸ਼ਤਾਵਾਂ ਪੇਸ਼ ਕਰਨ ਤੋਂ ਬਾਅਦ ਸਕੋਡਾ ਆਟੋ ਇੰਡੀਆ ਨੇ ਇਨ੍ਹਾਂ ਦੋਵਾਂ ਕਾਰਾਂ ਦਾ ਇੱਕ ਨਵਾਂ, ਵਿਸ਼ੇਸ਼ ਉਤਪਾਦ ਐਡੀਸ਼ਨ ਲਾਂਚ ਕਰਨ ਦਾ ਐਲਾਨ ਕੀਤਾ ਹੈ। ਐਲੀਗੈਂਸ ਐਡੀਸ਼ਨ ਨਾਮ ਦੀਆਂ ਦੋਵੇਂ ਕਾਰਾਂ ਸੀਮਤ ਮਾਤਰਾ ਵਿੱਚ ਤਿਆਰ ਕੀਤੀਆਂ ਜਾਣਗੀਆਂ। ਇਹ ਕਾਰਾਂ ਐਕਸਕਲੂਸਿਵ ਤੌਰ 'ਤੇ 1.5 ਇੰਜਣ ਨਾਲ ਉਪਲਬਧ ਹੋਣਗੀਆਂ। ਇਸ ਬਾਰੇ ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਨਿਰਦੇਸ਼ਕ ਪੇਟਰ ਸੋਲਕ ਨੇ ਕਿਹਾ ਕਿ ਕੁਸ਼ਾਕ ਅਤੇ ਸਲਾਵੀਆ ਦੇ ਐਲੀਗੈਂਸ ਐਡੀਸ਼ਨ ਨੂੰ ਸੀਮਿਤ ਐਡੀਸ਼ਨ ਦੇ ਰੂਪ 'ਚ ਲਾਂਚ ਕੀਤਾ ਜਾਵੇਗਾ। ਕੁਸ਼ਾਕ ਅਤੇ ਸਲਾਵੀਆ ਦੇ ਕਲਾਸਿਕ ਬਲੈਕ ਕਲਰ ਦੀ ਕਾਫੀ ਮੰਗ ਰਹੀ ਹੈ। ਅਸੀਂ ਇਸ ਨੂੰ ਦੇਖ ਰਹੇ ਹਾਂ। ਸਾਡੇ ਉਤਪਾਦਾਂ ਲਈ ਅੱਗੇ ਗਾਹਕਾਂ ਦੇ ਸਵਾਦ ਅਤੇ ਤਰਜੀਹਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਸਾਡਾ ਮੰਨਣਾ ਹੈ ਕਿ ਕੁਸ਼ਾਕ ਅਤੇ ਸਲਾਵੀਆ ਦੇ ਐਲੀਗੈਂਸ ਐਡੀਸ਼ਨ ਦੀ ਸੁੰਦਰਤਾ ਅਤੇ ਨਵਾਂ ਰੰਗ ਕਾਰ ਡਿਜ਼ਾਈਨਿੰਗ ਦੇ ਗਿਆਨਵਾਨ ਗਾਹਕਾਂ ਨੂੰ ਆਕਰਸ਼ਿਤ ਕਰੇਗਾ ਅਤੇ ਉਨ੍ਹਾਂ ਨੂੰ ਮਾਣ ਮਹਿਸੂਸ ਕਰਵਾਏਗਾ।

## ਤਨਿਸ਼ਕ ਨੇ ਮੁੜ ਪਟਿਆਲਾ 'ਚ ਆਪਣਾ ਸਭ ਤੋਂ ਵੱਡਾ ਸਟੋਰ ਖੋਲ੍ਹਿਆ

**ਪਟਿਆਲਾ** : ਟਾਟਾ ਪਰਿਵਾਰ ਦੇ ਦੇਸ਼ ਦੇ ਸਭ ਤੋਂ ਵੱਡੇ ਜਿਊਲਰੀ ਰਿਟੇਲ ਬ੍ਰਾਂਡ ਤਨਿਸ਼ਕ ਨੇ ਸ਼ੁੱਕਰਵਾਰ ਨੂੰ ਆਪਣੇ ਸ਼ਾਨਦਾਰ ਸਟੋਰ ਨੂੰ ਮੁੜ ਲਾਂਚ ਕਰਨ ਦੇ ਨਾਲ ਪੰਜਾਬ ਵਿੱਚ ਆਪਣੇ ਪ੍ਰਚੂਨ ਖੇਤਰ ਦਾ ਵਿਸਥਾਰ ਕੀਤਾ ਹੈ। ਭੁਪਿੰਦਰ ਰੋਡ 'ਤੇ ਪੀਡਬਲਯੂ ਗੈਸਟ ਹਾਊਸ ਦੇ ਨਾਲ ਲੱਗਦੇ ਇਸ ਸਟੋਰ ਦਾ ਉਦਘਾਟਨ ਕੰਪਨੀ ਦੇ ਜਨਰਲ ਮੈਨੇਜਰ ਮਾਰਕੀਟਿੰਗ ਪੇਲਕੀ ਸੇਰਿੰਗ, ਖੇਤਰੀ ਵਪਾਰ ਪ੍ਰਬੰਧਕ ਆਰਬੀਐੱਮ-ਉੱਤਰੀ -2 ਅਰੁਣ ਕੁਮਾਰ ਅਤੇ ਆਰਬੀਐੱਮ-ਉੱਤਰ -3 ਸਵਾਤੀ ਆਦਿਤਿਆ ਰਾਣਾ ਨੇ ਕੀਤਾ। ਉਦਘਾਟਨ ਦੇ ਹਿੱਸੇ ਵਜੋਂ ਤਨਿਸ਼ਕ ਇੱਕ ਵਿਲੱਖਣ ਪੇਸ਼ਕਸ਼ ਚਲਾ ਰਿਹਾ ਹੈ ਜਿਸ ਵਿੱਚ ਗਾਹਕ ਗਹਿਣਿਆਂ ਦੀ ਖਰੀਦ 'ਤੇ ਇੱਕ ਮੁਫਤ ਸੋਨੇ ਦਾ ਸਿੱਕਾ ਪ੍ਰਾਪਤ ਕਰ ਸਕਦੇ ਹਨ। ਇਹ ਆਫਰ 3 ਦਸੰਬਰ ਤੱਕ ਹੈ। ਸਟੋਰ ਵਿੱਚ ਵੱਖ-ਵੱਖ ਗਾਹਕਾਂ ਦੀਆਂ ਤਰਜੀਹਾਂ ਨੂੰ ਪੂਰਾ ਕਰਨ ਲਈ 'ਮਿਆਂ ਬਾਈ ਤਨਿਸ਼ਕ' ਗਹਿਣਿਆਂ ਦਾ ਸੰਗ੍ਰਹਿ ਹੈ।

## ਕੇਂਦਰ ਵੱਲੋਂ ਭੇਜੇ ਕਰੋੜਾਂ ਰੁਪਏ ਟੀਐੱਮਸੀ ਸਿੰਡੀਕੇਟ ਬੰਗਾਲ ਦੇ ਗਰੀਬਾਂ ਤੱਕ ਨਹੀਂ ਪਹੁੰਚਣ ਦਿੱਤੇ ਜਾ ਰਹੇ : ਅਮਿਤ ਸ਼ਾਹ

**ਜਲੰਧਰ/ਲੁਧਿਆਣਾ** : ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਅਮਿਤ ਸ਼ਾਹ ਨੇ ਕੋਲਕਾਤਾ 'ਚ ਰੋਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਪੱਸ਼ਟ ਕੀਤਾ ਕਿ ਬੰਗਾਲ ਦੇ ਲੋਕ ਕਹਿ ਰਹੇ ਹਨ ਕਿ ਹੁਣ ਮਮਤਾ ਦੀਦੀ ਦਾ ਸਮਾਂ ਖਤਮ ਹੋ ਗਿਆ ਹੈ। 2026 ਦੀਆਂ ਚੋਣਾਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਪੱਛਮੀ ਬੰਗਾਲ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ। ਦੇਸ਼ ਦੇ ਬਾਕੀ ਹਿੱਸਿਆਂ ਦਾ ਵਿਕਾਸ ਦੇਖ ਕੇ ਬੰਗਾਲ ਦੇ ਲੋਕਾਂ ਨੂੰ ਪਤਾ ਲੱਗ ਗਿਆ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਭੇਜੇ ਲੱਖਾਂ-ਕਰੋੜਾਂ ਰੁਪਏ ਨੂੰ ਟੀਐੱਮਸੀ ਸਿੰਡੀਕੇਟ ਬੰਗਾਲ ਦੇ ਗਰੀਬਾਂ ਤੱਕ ਨਹੀਂ ਪਹੁੰਚਣ ਦਿੰਦੀ। ਭਾਜਪਾ ਦੇ ਸੰਕਟ ਨਿਵਾਰਨ ਸ਼ਾਹ ਦੀ ਕ੍ਰਿਸ਼ਮਈ ਅਗਵਾਈ ਹੇਠ ਭਾਜਪਾ ਦੀ ਕਾਰਗੁਜ਼ਾਰੀ ਨੂੰ ਦੇਖਦਿਆਂ ਇਹ ਗੱਲ ਪੱਕੀ ਹੈ ਕਿ ਬੰਗਾਲ ਵਿੱਚ 2026 ਵਿੱਚ ਕਮਲ ਦਾ ਫੁੱਲ ਖਿੜਨ ਵਾਲਾ ਹੈ ਅਤੇ 2024 ਵਿੱਚ ਮੋਦੀ ਇੱਕ ਵਾਰ ਫਿਰ ਪ੍ਰਧਾਨ ਮੰਤਰੀ ਬਣਨ ਜਾ ਰਹੇ ਹਨ।

## ਨੌਜਵਾਨ ਦੀ ਸ਼ੱਕੀ ਹਾਲਤ 'ਚ ਲਾਸ਼ ਮਿਲੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਅੱਜ ਸਵੇਰੇ ਦਸ ਵਜੇ ਨਿਊ ਰੋਡ ਮੁਹੱਲਾ ਵਾਲਮੀਕਿ ਨੇੜੇ ਇੱਕ ਖਾਲੀ ਖੇਤ ਵਿੱਚੋਂ ਇੱਕ ਨੌਜਵਾਨ ਦੀ ਸ਼ੱਕੀ ਹਾਲਤ ਵਿੱਚ ਲਾਸ਼ ਮਿਲੀ, ਜਿਸ ਦੀ ਪਹਿਚਾਣ ਰਵੀ ਮਸੀਹ ਪੁੱਤਰ ਨਾਜਰ ਮਸੀਹ ਵਾਸੀ ਪਿੰਡ ਡੱਲਾ ਵਜੋਂ ਹੋਈ ਹੈ। ਮ੍ਰਿਤਕ ਦੇ ਪਿਤਾ ਨਾਜਰ ਮਸੀਹ ਨੇ ਦੱਸਿਆ ਕਿ ਮੇਰਾ ਲੜਕਾ ਰਵੀ ਮਸੀਹ ਉਮਰ 10 ਸਾਲ ਦਾ ਹੈ। 25 ਤਰੀਕ ਨੂੰ ਉਸ ਦੇ ਦੋਸਤ ਉਸ ਨੂੰ ਸਵੇਰੇ 8 ਵਜੇ ਘਰੋਂ ਬੁਲਾ ਕੇ ਲੈ ਗਏ ਸਨ। ਸਾਨੂੰ ਨਹੀਂ ਪਤਾ ਕਿ ਉਸ ਨਾਲ ਕੀ ਵਾਪਰਿਆ। ਉਸ ਦੀ ਮੌਤ ਹੋ ਗਈ ਹੈ। ਇਸਦੀ ਜਾਣਕਾਰੀ ਅੱਜ ਸਾਨੂੰ ਸਵੇਰੇ 11 ਵਜੇ ਮਿਲੀ। ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਕਾਦੀਆਂ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਹੈਰੋਇਨ ਤੇ ਨਸ਼ੀਲੇ ਪਦਾਰਥਾਂ ਸਮੇਤ ਔਰਤ ਗ੍ਰਿਫ਼ਤਾਰ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**—ਥਾਣਾ ਦੀਨਗਰ ਦੀ ਪੁਲਸ ਨੇ ਇਕ ਔਰਤ ਨੂੰ ਹੈਰੋਇਨ ਅਤੇ ਡਰੱਗ ਮਨੀ ਸਮੇਤ ਗ੍ਰਿਫਤਾਰ ਕੀਤਾ ਹੈ। ਐੱਸ. ਆਈ. ਸੁਰਜੀਤ ਸਿੰਘ ਨੇ ਪੁਲਸ ਪਾਰਟੀ ਸਮੇਤ ਪਿੰਡ ਡੀਡਾ ਸਾਂਸੀਆਂ ਦੇ ਸ਼ਮਸ਼ਾਨਘਾਟ ਨੇੜਿਓਂ ਰਮੇਸ਼ ਕੁਮਾਰੀ ਪਤਨੀ ਦਲਬੀਰ ਕੁਮਾਰ ਵਾਸੀ ਡੀਡਾ ਸਾਂਸੀਆਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰ ਲਿਆ। ਮਹਿਲਾ ਕਾਂਸਟੇਬਲ ਵੱਲੋਂ ਕੀਤੀ ਗਈ ਤਲਾਸ਼ੀ ਦੌਰਾਨ ਉਸ ਕੋਲੋਂ 5 ਗ੍ਰਾਮ ਹੈਰੋਇਨ ਅਤੇ 2500 ਰੁਪਏ ਦੀ ਡਰੱਗ ਮਨੀ ਬਰਾਮਦ ਹੋਈ। ਫਿਲਹਾਲ ਔਰਤ ਨੂੰ ਹਿਰਾਸਤ 'ਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਸਿਵਲ ਹਸਪਤਾਲ 'ਚ ਇਲਾਜ ਕਰਵਾਏ ਬਿਨਾਂ ਘਰ ਪਰਤਣ ਲਈ ਮਜਬੂਰ ਹੋਇਆ ਜ਼ਖਮੀ ਵਿਅਕਤੀ

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਸਰਕਾਰੀ ਹਸਪਤਾਲਾਂ ਵਿੱਚ ਸਾਰੀਆਂ ਸਿਹਤ ਸਹੂਲਤਾਂ ਦੇਣ ਦੇ ਵਾਅਦੇ ਨਾਲ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਵਿੱਚ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਅੱਜ ਵੀ ਸਰਕਾਰੀ ਹਸਪਤਾਲਾਂ ਦੀ ਹਾਲਤ ਅਜਿਹੀ ਹੈ ਕਿ ਇੱਥੇ ਇਲਾਜ ਲਈ ਆਉਣ ਵਾਲੇ ਮਰੀਜਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਫਾਜ਼ਿਲਕਾ ਦੇ ਸਰਕਾਰੀ ਹਸਪਤਾਲ ਦੀ ਗੱਲ ਕਰੀਏ ਤਾਂ ਜ਼ਿਲ੍ਹਾ ਹਸਪਤਾਲ ਹੋਣ ਦੇ ਬਾਵਜੂਦ ਅੱਜ ਵੀ ਸਹੀ ਇਲਾਜ ਨਾ ਮਿਲਣ ਕਾਰਨ ਮਰੀਜ਼ਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸੇ ਤਰ੍ਹਾਂ ਸਿਵਲ ਹਸਪਤਾਲ ਫਾਜ਼ਿਲਕਾ 'ਚ ਇਕ ਹਾਦਸੇ 'ਚ ਜ਼ਖ਼ਮੀ ਹੋਏ ਇਕ ਮਰੀਜ਼ ਨੂੰ ਇਲਾਜ ਕਰਵਾਏ ਬਿਨਾਂ ਹੀ ਹਸਪਤਾਲ ਤੋਂ ਵਾਪਸ ਪਰਤਣਾ ਪਿਆ। ਜਾਣਕਾਰੀ ਦਿੰਦਿਆਂ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਉਸ ਨਾਲ ਵਾਪਰੇ ਹਾਦਸੇ ਵਿੱਚ ਉਸ ਦੀਆਂ ਦੋ ਉਂਗਲਾਂ ਕੱਟੀਆਂ ਗਈਆਂ। ਜਿਸ ਤੋਂ ਬਾਅਦ ਉਸ ਨੂੰ ਸਿਵਲ ਹਸਪਤਾਲ ਫਾਜ਼ਿਲਕਾ ਵਿਖੇ ਦਾਖਲ ਕਰਵਾਇਆ ਗਿਆ। ਉਨ੍ਹਾਂ ਐਮਰਜੈਂਸੀ ਵਿੱਚ ਤਾਇਨਾਤ ਸਬੰਧਤ ਡਾਕਟਰਾਂ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਜਦੋਂ ਉਹ ਹਸਪਤਾਲ ਵਿੱਚ ਦਾਖਲ ਹੋਇਆ ਤਾਂ ਇੱਥੋਂ ਦੇ ਡਾਕਟਰਾਂ ਨੇ ਉਸ ਦੇ ਜ਼ਖਮ 'ਤੇ ਇੱਕ ਪੱਟੀ ਬੰਨ੍ਹ ਦਿੱਤੀ, ਪਰ ਉਸ ਦਾ ਸਹੀ ਇਲਾਜ ਨਹੀਂ ਕੀਤਾ। ਉਸ ਨੇ ਦੱਸਿਆ ਕਿ ਉਹ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਇਲਾਜ ਲਈ ਇੰਤਜ਼ਾਰ ਕਰਦਾ ਰਿਹਾ, ਪਰ ਐਮਰਜੈਂਸੀ ਵਿੱਚ ਤਾਇਨਾਤ ਕਿਸੇ ਵੀ ਡਾਕਟਰ ਜਾਂ ਸਟਾਫ ਨੇ ਉਸ ਦੀ ਕੋਈ ਸਾਰ ਨਹੀਂ ਲਈ।




ਜਿਸ ਤੋਂ ਬਾਅਦ ਉਹ ਖੁਦ ਛੁੱਟੀ ਲੈ ਕੇ ਆਪਣੇ ਘਰ ਜਾਣ ਲਈ ਮਜਬੂਰ ਹੋ ਗਿਆ। ਓਧਰ ਸੰਬੰਧਤ ਡਾਕਟਰ ਆਪਣੀ ਜ਼ਿੰਮੇਵਾਰੀ ਤੋਂ ਭੱਜਦੇ ਨਜ਼ਰ ਆਏ। ਇਸ ਸਬੰਧੀ ਜਦੋਂ ਐਮਰਜੈਂਸੀ ਵਿੱਚ ਤਾਇਨਾਤ ਡਾਕਟਰ ਮੋਨਿਕਾ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਡਿਊਟੀ ਹੁਣੇ ਹੀ ਸ਼ੁਰੂ ਹੋਈ ਹੈ, ਇਸ ਲਈ ਉਹ ਇਸ ਬਾਰੇ ਕੁਝ ਨਹੀਂ ਕਹਿ ਸਕਦੇ। ਉਨ੍ਹਾਂ ਕਿਹਾ ਕਿ ਡਾਕਟਰ ਸਕਸ਼ਮ ਰਾਤ ਤੋਂ ਲੈ ਕੇ ਹੁਣ ਤੱਕ ਡਿਊਟੀ 'ਤੇ ਸਨ, ਇਸ ਲਈ ਉਹ ਹੀ ਇਸ ਬਾਰੇ ਕੁਝ ਦੱਸ ਸਕਦੇ ਹਨ। ਇਸ ਸਬੰਧੀ ਜਦੋਂ ਡਾ. ਸਕਸ਼ਸ਼ਮ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਜਦੋਂ ਇਹ ਮਰੀਜ਼ ਰਾਤ ਨੂੰ ਦਾਖਲ ਹੋਇਆ ਸੀ ਤਾਂ ਉਸ ਸਮੇਂ ਕੋਈ ਹੋਰ ਡਾਕਟਰ ਤਾਇਨਾਤ ਸੀ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਇਸ ਦਾ ਸਹੀ ਇਲਾਜ ਕੀਤਾ ਗਿਆ ਹੈ। ਇਸ ਸਬੰਧੀ ਜਦੋਂ ਐਸ.ਐਮ.ਓ ਡਾ. ਏਰਿਕ ਅਤੇ ਸਿਵਲ ਸਰਜਨ ਡਾ. ਕਵਿਤਾ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਨੇ ਵੀ ਆਪਣਾ ਪੱਲਾ ਝਾੜਦਿਆਂ ਕਿਹਾ ਕਿ ਉਨ੍ਹਾਂ ਨੂੰ ਇਸ ਬਾਰੇ ਅਜੇ ਕੁਝ ਵੀ ਪਤਾ ਨਹੀਂ। ਇਸ ਬਾਰੇ ਉਹ ਕੱਲ੍ਹ ਪਤਾ ਲਗਾਉਣ ਤੋਂ ਬਾਅਦ ਹੀ ਉਹ ਕੁਝ ਕਹਿ ਸਕਣਗੇ।

# ਜ਼ੀਰਾ 'ਚ ਸੀ ਆਈ ਡੀ ਮੁਲਾਜ਼ਮ 'ਤੇ ਜਾਨਲੇਵਾ ਹਮਲਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ੀਰਾ ਕਸਬੇ ਵਿੱਚ ਸੀ ਆਈ ਡੀ ਵਿਭਾਗ ਵਿੱਚ ਤਾਇਨਾਤ ਇੱਕ ਮੁਲਾਜ਼ਮ 'ਤੇ ਜਾਨਲੇਵਾ ਹਮਲਾ ਹੋਇਆ ਹੈ। ਇਸ ਹਮਲੇ ਵਿੱਚ ਮੋਟਰਸਾਈਕਲ ਸਵਾਰ ਇੱਕ ਸੀ ਆਈ ਡੀ ਮੁਲਾਜ਼ਮ ਅਤੇ ਉਸ ਦਾ ਪੁੱਤਰ ਗੰਭੀਰ ਜ਼ਖ਼ਮੀ ਹੋ ਗਏ।ਜਿਨ੍ਹਾਂ ਨੂੰ ਇਲਾਜ ਲਈ ਜ਼ੀਰਾ ਦੇ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਹੈ।ਹਸਪਤਾਲ ਵਿੱਚ ਜ਼ੇਰੇ ਇਲਾਜ ਗੁਰਦਰਸ਼ਨ ਸਿੰਘ ਨੇ ਦੱਸਿਆ ਕਿ ਹਰ ਰੋਜ਼ ਦੀ ਤਰ੍ਹਾਂ ਅੱਜ ਵੀ ਉਹ ਪਿੰਡ ਬਸਤੀ



ਬੂਟੇਵਾਲੀ ਦੀ ਡੇਅਰੀ 'ਤੇ ਦੁੱਧ ਡਲਿਵਰੀ ਕਰਕੇ ਮੋਟਰਸਾਈਕਲ 'ਤੇ ਆਪਣੇ ਲੜਕੇ ਨਾਲ ਘਰ ਪਰਤ ਰਿਹਾ ਸੀ। ਜਦੋਂ ਉਹ ਪਿੰਡ ਨੂੰ ਜਾਣ ਲਈ ਸੜਕ ਪਾਰ ਕਰ ਰਿਹਾ ਸੀ ਤਾਂ ਉੱਥੇ ਪਹਿਲਾਂ ਤੋਂ ਖੜ੍ਹੇ ਕੁਝ ਅਣਪਛਾਤੇ ਵਿਅਕਤੀਆਂ ਨੇ ਹਮਲਾ ਕਰ ਦਿੱਤਾ, ਜਿਨ੍ਹਾਂ ਨੇ ਹੱਥਾਂ ਵਿੱਚ ਬੇਸਬਾਲ, ਤਲਵਾਰਾਂ, ਬੈਟ ਆਦਿ ਫੜੇ ਹੋਏ ਸਨ।ਇਸ ਕਾਰਨ ਮੋਟਰਸਾਈਕਲ ਆਪਣਾ ਸੰਤੁਲਨ ਗੁਆ? ਬੈਠਾ ਅਤੇ ਉਹ ਡਿੱਗ ਗਿਆ।ਇਸ ਤੋਂ ਬਾਅਦ ਅਣਪਛਾਤੇ ਲੋਕਾਂ ਨੇ ਉਸ 'ਤੇ ਜਾਨਲੇਵਾ ਹਮਲਾ ਕਰ ਦਿੱਤਾ।ਉਸ ਨੇ ਦੱਸਿਆ ਕਿ ਦੋ ਦਿਨ ਪਹਿਲਾਂ ਕੁਝ ਅਣਪਛਾਤੇ ਵਿਅਕਤੀਆਂ ਨੇ ਉਸ ਦੇ ਮੋਟਰਸਾਈਕਲ ਨੂੰ ਟੱਕਰ ਮਾਰਨ ਦੀ ਕੋਸ਼ਿਸ਼ ਕੀਤੀ ਸੀ। ਸਿਵਲ ਹਸਪਤਾਲ ਜ਼ੀਰਾ ਵਿਖੇ ਤਾਇਨਾਤ ਡਾ. ਹਰਸ਼ ਵਰਮਾ ਨੇ ਦੱਸਿਆ ਕਿ ਉਨ੍ਹਾਂ ਕੋਲ ਦੋ ਮਰੀਜ਼ ਆਏ ਹਨ। ਜਿਨ੍ਹਾਂ ਨੂੰ ਗੰਭੀਰ ਸੱਟਾਂ ਲੱਗੀਆਂ ਹਨ।ਜਿਨ੍ਹਾਂ ਨੂੰ ਮੁਢਲੀ ਸਹਾਇਤਾ ਦਿੱਤੀ ਗਈ ਹੈ ਅਤੇ ਉਨ੍ਹਾਂ ਦਾ ਚੈਕਅੱਪ ਚੱਲ ਰਿਹਾ ਹੈ ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

# 'ਆਪ' ਬਲਾਕ ਪ੍ਰਧਾਨ ਦੀ ਦੁਕਾਨ 'ਚ ਚੋਰੀ

**ਨਾਭਾ (ਵਰਿੰਦਰ ਵਰਮਾ)**

ਸ਼ਹਿਰ ਨਾਭਾ ਵਿਖੇ ਬਿਨਾਂ ਕਿਸੇ ਡਰ ਭੈ ਤੋਂ ਚੋਰਾਂ ਵੱਲੋਂ ਲਗਾਤਾਰ ਚੋਰੀ ਦੇ ਵਾਰਦਾਤਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ। ਸੂਤਰਾਂ ਮੁਤਾਬਿਕ ਅਜਿਹਾ ਹੀ ਮਾਮਲਾ ਨਾਭਾ ਵਿਖੇ ਚੋਰਾਂ ਵੱਲੋਂ ਦੋ ਦੁਕਾਨਾਂ ਦੇ ਸਟਰ ਤੋੜ ਕੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਹੈ। ਇੱਕ ਕਰਿਆਨੇ ਦੀ ਦੁਕਾਨ ਸਦਰ ਬਾਜ਼ਾਰ ਵਿਖੇ ਲਗਭਗ 25 ਹਜਾਰ ਦੇ ਕਰੀਬ ਦਾ ਸਮਾਨ ਚੋਰ ਚੋਰੀ ਕਰਕੇ ਲੈ ਗਏ। ਇਸ ਦੇ ਨਾਲ ਹੀ ਆਮ ਜਨਤਾ ਦੀਆਂ ਚੋਰੀ ਅਤੇ ਲੁੱਟਾਂ ਸਬੰਧੀ ਸ਼ਿਕਾਇਤਾਂ ਸੁਣਨ ਵਾਲੇ ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਅਸ਼ੋਕ ਅਰੋੜਾ ਦੀ ਆਪਣੀ ਹੀ ਦੁਕਾਨ ਤੇ ਚੋਰਾਂ ਨੇ ਹੱਥ ਸਾਫ ਕਰ ਦਿੱਤਾ। ਮੈਸੇਜ ਅਰੋੜਾ ਟਰੇਡਿੰਗ ਕੰਪਨੀ ਨੇੜੇ ਗਊਸ਼ਾਲਾ ਰੋਡ ਦੁਕਾਨ ਦੇ ਮਾਲਕ ਅਸ਼ੋਕ ਅਰੋੜਾ ਨੇ ਦੱਸਿਆ ਕਿ ਬੀਤੀ ਰਾਤ ਉਹ ਦੁਕਾਨ ਬੰਦ ਕਰਕੇ ਘਰ ਨੂੰ ਚਲੇ ਗਏ ਤਾਂ ਦੁਕਾਨ 'ਤੇ ਕੰਮ ਕਰਨ ਵਾਲੇ ਲੜਕੇ ਨੇ ਅਗਲੇ ਦਿਨ ਸਵੇਰੇ ਦੁਕਾਨ ਖੋਲਣ ਲਈ ਆਇਆ ਤਾਂ ਉਸ ਨੇ ਵੇਖਿਆ ਕਿ ਦੋਨੋਂ ਦੁਕਾਨਾਂ ਦੇ ਤਾਲੇ ਟੁੱਟੇ ਹੋਏ ਸਨ। ਉਸ ਨੇ ਮੈਨੂੰ ਫੋਨ ਰਾਹੀਂ ਇਸ ਘਟਨਾ ਬਾਰੇ ਦੱਸਿਆ। ਜਦੋਂ ਮੈਂ ਸਵੇਰੇ ਦੁਕਾਨ 'ਤੇ ਆਇਆ ਤਾਂ ਲਗਭਗ 8 ਹਜ਼ਾਰ ਰੁਪਏ ਦੀ ਨਗਦੀ, ਇੱਕ



ਐਲ.ਈ.ਡੀ. ਅਤੇ ਹੋਰ ਸਮਾਨ ਲੈ ਕੇ ਚੋਰੀ ਕਰਕੇ ਲੈ ਗਏ। ਉਨ੍ਹਾਂ ਦੱਸਿਆ ਕਿ ਲਗਭਗ 50 ਹਜ਼ਾਰ ਰੁਪਏ ਦੇ ਕਰੀਬ ਦਾ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਥਾਣਾ ਕੋਤਵਾਲੀ ਐਸ ਐਚ ਓ ਨੂੰ ਸੂਚਨਾ ਦਿੱਤੀ ਗਈ ਹੈ। ਦੱਸਣਯੋਗ ਹੈ ਕਿ ਅਰੋੜਾ ਟ੍ਰੇਨਿੰਗ ਕੰਪਨੀ ਤੇ ਇੱਕ ਬਾਰ ਕੁਝ ਸਮਾਂ ਪਹਿਲਾਂ ਵੀ ਇੱਕ ਲੱਖ ਰੁਪਏ ਦੇ ਕਰੀਬ ਦੀ ਖੋਹ ਹੋ ਚੁੱਕੀ ਹੈ ਅਤੇ ਦੂਜੀ ਵਾਰ ਚੋਰ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇ ਚੁੱਕੇ ਹਨ। ਜਦੋਂ ਇਸ ਮਾਮਲੇ ਸੰਬੰਧੀ ਥਾਣਾ ਕੋਤਵਾਲੀ ਮੁਖੀ ਗੁਰਪ੍ਰੀਤ ਸਿੰਘ ਸਮਰਾਉ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਚੋਰਾਂ ਵੱਲੋਂ ਸਮਾਨ ਚੋਰੀ ਕੀਤਾ ਗਿਆ ਹੈ ਉਸ ਦੀ ਜਾਂਚ ਪੜਤਾਲ ਕੀਤੀ ਜਾ ਰਹੀ ਹੈ ਅਤੇ ਚੋਰੀ ਕਰਨ ਵਾਲੇ ਚੋਰ ਜਲਦੀ ਹੀ ਪੁਲਸ ਦੀ ਗ੍ਰਿਫਤ ਵਿੱਚ ਹੋਣਗੇ।

## ਸਕੂਲੀ ਬੱਚਿਆਂ ਦਾ ਬਲੱਡ ਗਰੁੱਪ ਚੈੱਕਅੱਪ ਕਰਵਾਇਆ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜੈ ਬਾਬੇ ਦੀ ਬਲੱਡ ਸੇਵਾ ਸੋਸਾਇਟੀ ਵੱਲੋਂ ਮੁਕਤੀਸਰ ਚੈਰੀਟੇਬਲ ਲੈਬੋਰਟਰੀ ਦੇ ਸਹਿਯੋਗ ਨਾਲ ਬਾਗ ਵਾਲੇ ਸਕੂਲ ਵਿਖੇ 700 ਤੋਂ ਵੱਧ ਬੱਚਿਆਂ ਦੇ ਬਲੱਡ ਗਰੁੱਪ ਆਪਣੇ ਪੱਧਰ 'ਤੇ ਚੈੱਕ ਕਰਵਾਏ ਗਏ। ਇਸ ਦੌਰਾਨ ਪ੍ਰਿੰਸੀਪਲ ਸੰਜੀਵ ਭਠੇਜਾ ਨੇ ਸੰਸਥਾ ਦੇ ਅਹੁਦੇਦਾਰਾਂ ਨੂੰ ਜੀ ਆਇਆਂ ਆਖਿਆ ਤੇ ਬੱਚਿਆਂ ਲਈ ਕੀਤੇ ਗਏ ਇਸ ਉਪਰਾਲੇ ਲਈ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗਗਨ ਆਹੂਜਾ, ਗੁਰਪ੍ਰੀਤ ਸਿੰਘ, ਵਿਕਾਸ ਕੁਮਾਰ, ਰਾਜਵੀਰ ਸਿੰਘ, ਸੰਜੇ ਮਯੂਰ, ਦੀਪਕ ਗਰਗ, ਪ੍ਰਵੀਨ ਕੌਰ, ਨਿਤਿਨ ਕਾਲੜਾ ਆਦਿ ਹਾਜ਼ਰ ਸਨ।

ਇਸ ਦੌਰਾਨ ਗਗਨ ਆਹੂਜਾ ਨੇ ਕਿਹਾ ਕਿ ਸਾਡੇ ਵੱਲੋਂ ਸਮਾਜ ਸੇਵਾ ਦੇ ਕੰਮਾਂ ਨੂੰ ਅੱਗੇ ਤੋਰਦੇ ਹੋਏ ਅੱਜ ਇਹ ਉਪਰਾਲਾ ਕੀਤਾ ਗਿਆ ਹੈ ਤੇ ਸਾਡੀ ਸੰਸਥਾ ਇਨ੍ਹਾਂ ਬੱਚਿਆਂ ਦੀ ਭਲਾਈ ਲਈ ਹਰੇਕ ਸਮੇਂ ਵੱਧ ਚੜ੍ਹ ਕੇ ਸਹਿਯੋਗ ਕਰਦੀ ਰਹਿੰਦੀ ਹੈ। ਸੰਸਥਾ ਦੇ ਇਸ ਉਪਰਾਲੇ ਦੀ ਪ੍ਰਿੰਸੀਪਲ ਸੰਜੀਵ ਕੁਮਾਰ ਨੇ ਸ਼ਲਾਘਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਕੂਲੀ ਬੱਚੇ ਤੇ ਸਟਾਫ ਮੌਜੂਦ ਸੀ।

## ਕਾਤਰਾਂ

### ਮੈਡੀਕਲ ਕੈਂਪ ਭਲਕੇ

**ਸੰਗਰੂਰ (ਪ੍ਰਵੀਨ ਸਿੰਘ)**-ਦੇਸ ਦੀ ਪ੍ਰਸਿੱਧ ਸਮਾਜਿਕ ਜਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ (ਭਾਰਤ) ਵੱਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਦੇਸ ਦੇ ਪਹਿਲੇ ਕਾਨੂੰਨ ਮੰਤਰੀ ਭਾਰਤ ਰਤਨ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਦੇ ਪ੍ਰੀ-ਨਿਰਵਾਨ ਦਿਵਸ ਨੂੰ ਸਮਰਪਿਤ ਸੰਗਰੂਰ ਦੇ ਨੇੜਲੇ ਪਿੰਡ ਮੰਗਵਾਲ ਦੀ ਭਗਵਾਨ ਵਾਲਮੀਕਿ ਧਰਮਸ਼ਾਲਾ ਵਿਖੇ ਭਗਵਾਨ ਵਾਲਮੀਕਿ ਸਭਾ ਅਤੇ ਸਮੂਹ ਪਿੰਡ ਦੇ ਸਹਿਯੋਗ ਨਾਲ 3 ਦਸੰਬਰ ਨੂੰ ਮੁਫਤ ਮੈਡੀਕਲ ਕੈਂਪ ਲਗਾਇਆ ਜਾਵੇਗਾ। ਜਿਸ ਸੰਬੰਧੀ ਜਾਣਕਾਰੀ ਦਿੰਦਿਆਂ ਦਰਸ਼ਨ ਸਿੰਘ ਕਾਂਗੜਾ ਕੌਮੀ ਪ੍ਰਧਾਨ ਭਾਰਤੀਯ ਅੰਬੇਡਕਰ ਮਿਸ਼ਨ ਨੇ ਦੱਸਿਆ ਕਿ ਬਦਲਦੇ ਮੌਸਮ ਦੇ ਚਲਦਿਆਂ ਲੋਕ ਖਾਂਸੀ, ਜ਼ੁਕਾਮ, ਬੁਖਾਰ, ਸੈਲ ਘਟਣ ਅਤੇ ਟਾਈਫਾਇਡ ਆਦਿ ਬਿਮਾਰੀਆਂ ਤੋਂ ਪੀੜਤ ਹੋ ਰਹੇ ਹਨ ਅਤੇ ਗਰੀਬ ਲੋਕ ਹਸਪਤਾਲਾਂ ਵਿੱਚ ਆਪਣਾਂ ਇਲਾਜ ਕਰਵਾਉਣ ਤੋਂ ਪੂਰੀ ਤਰ੍ਹਾਂ ਅਸਮਰੱਥ ਹਨ। ਦਰਸ਼ਨ ਕਾਂਗੜਾ ਨੇ ਕਿਹਾ ਕਿ ਕੈਂਪ 'ਚ ਹਰ ਪ੍ਰਕਾਰ ਦੇ ਰੋਗਾਂ ਦੇ ਮਾਹਿਰ ਡਾ ਹਿਮਾਂਸੂ ਗਰਗ (ਐਮ ਡੀ) ਮੈਡੀਸਨ ਅਤੇ ਉਨ੍ਹਾਂ ਦੀ ਟੀਮ ਵੱਲੋਂ ਮਰੀਜਾਂ ਦਾ ਚੇਅਕੱਪ ਕੀਤਾ ਜਾਵੇਗਾ। ਇਸ ਮੌਕੇ ਦਰਸ਼ਨ ਸਿੰਘ ਕਾਂਗੜਾ ਨਾਲ ਸੁਖਪਾਲ ਸਿੰਘ ਭੰਮਾਬੱਦੀ ਜਿਲ੍ਹਾ ਪ੍ਰਧਾਨ, ਸਰਪੰਚ ਜਗਸੀਰ ਸਿੰਘ ਖੇੜੀ ਚੰਦਵਾ ਕੌਮੀ ਜਨਰਲ ਸਕੱਤਰ, ਬਿੰਦਰ ਸਿੰਘ ਮੰਗਵਾਲ ਆਦਿ ਹਾਜ਼ਰ ਸਨ।

### ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਐਂਡ ਅਲਾਈਡ ਦੀ ਮਹੀਨਾਵਾਰ ਮੀਟਿੰਗ ਅੱਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਐਂਡ ਅਲਾਈਡ ਦੀ ਮਹੀਨਾਵਾਰ ਮੀਟਿੰਗ ਦਿਨ ਸ਼ਨੀਵਾਰ 2 ਦਸੰਬਰ ਨੂੰ ਸਮਾਂ 11 ਤੋਂ 1 ਵਜੇ ਤੱਕ ਪ੍ਰਧਾਨ ਗੁਰਬਚਨ ਸਿੰਘ ਦੀ ਅਗਵਾਈ ਹੇਠ ਹੋਵੇਗੀ। ਇਸ ਮੌਕੇ ਜਨਰਲ ਸਕੱਤਰ ਮੁਖਤਿਆਰ ਸਿੰਘ ਬੇਦੀ, ਮੀਤ ਪ੍ਰਧਾਨ ਚਿੰਤ ਰਾਮ ਨਾਹਰ ਅਤੇ ਸਕੱਤਰ ਜਸਵਿੰਦਰ ਸਿੰਘ ਨੇ ਸਾਰੇ ਸਾਥੀਆਂ ਨੂੰ ਬੇਨਤੀ ਕੀਤੀ ਕਿ ਸਾਰੇ ਸਾਥੀ ਸਮੇਂ ਸਿਰ ਪਹੁੰਚਣ ਤਾਂ ਜੋ ਪਿਛਲੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਜਿਵੇਂ 2016 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਦੇ ਕੇਸਾਂ ਨੂੰ 2.59 ਨਾਲ ਗੁਣਾ ਕਰਕੇ ਰਿਵਾਇਜ਼ ਕਰਵਾਉਣਾ, ਪੁਰਾਣੇ ਡੈੱਥ ਕੇਸਾਂ ਨੂੰ ਕਲੀਅਰ ਕਰਵਾਉਣਾ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਵਾਉਣਾ, ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕਰਵਾਉਣਾ ਅਤੇ ਹੋਰ ਵੀ ਰਹਿੰਦੀਆਂ ਮੰਗਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਇਸ ਮੌਕੇ ਆਗੂਆਂ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਦੀ ਜੱਥੇਬੰਦੀ ਵੱਲੋਂ ਦਫਤਰੀ ਕਾਮਿਆਂ ਵੱਲੋਂ ਕੀਤੀ ਹੋਈ ਕਲਮਛੋੜ ਹੜਤਾਲ ਦਾ ਸਮਰਥਨ ਕੀਤਾ ਜਾਂਦਾ ਹੈ ਅਤੇ ਸਰਕਾਰ ਨੂੰ ਅਪੀਲ ਹੈ ਕਿ ਉਹ ਜਲਦੀ ਹੀ ਜੱਥੇਬੰਦੀ ਨਾਲ ਮੀਟਿੰਗ ਕਰਕੇ ਜਥੇਬੰਦੀ ਦੀਆਂ ਮੰਗਾਂ ਦਾ ਹੱਲ ਕੀਤਾ ਜਾਵੇ।

### ਮਰਹੂਮ ਸ਼ਾਇਰ ਮੰਗਲ ਮਦਾਨ ਦੀ ਯਾਦ 'ਚ 5ਵਾਂ ਸ਼ਬਦ ਮੰਗਲ ਅੱਜ

**ਮਲੋਟ (ਗੁਰਮੀਤ ਸਿੰਘ ਮੱਕੜ)**-ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਮਰਹੂਮ ਸ਼ਾਇਰ ਮੰਗਲ ਮਦਾਨ ਦੀ ਯਾਦ ਵਿਚ 5ਵਾਂ ਸ਼ਬਦ ਮੰਗਲ ਅੱਜ 02 ਦਸੰਬਰ, ਦਿਨ ਸ਼ਨੀਵਾਰ ਨੂੰ ਸ਼ਾਮ 4.30 ਵਜੇ ਹੋਟਲ ਸਕਾਈ ਇਨ, ਸਕਾਈ ਮਾਲ, ਬਠਿੰਡਾ ਰੋਡ ਮਲੋਟ ਵਿਖੇ ਹੋਵੇਗਾ। ਇਸ ਸਮਾਗਮ ਵਿਚ ਪਹੁੰਚ ਰਹੇ ਕਵੀ ਸੁਖਵਿੰਦਰ ਅੰਮ੍ਰਿਤ, ਮੁਕੇਸ਼ ਆਲਮ, ਜਸਵੰਤ ਸਿੰਘ ਜ਼ਫ਼ਰ, ਸਵਾਮੀ ਅੰਤਰ ਨੀਰਵ, ਲਿਆਕਤ ਜਾਫ਼ਰੀ, ਦਰਸ਼ਨ ਬੁੱਟਰ, ਅਜੀਤਪਾਲ ਜਟਾਣਾ, ਰੇਣੂ ਨਈਅਰ, ਕਰਨਜੀਤ, ਵਰਿੰਦਰ ਔਲਖ ਅਤੇ ਰੂਹੀ ਸਿੰਘ ਆਪਣੀ ਕਲਾ ਦੀ ਪੇਸ਼ਕਾਰੀ ਕਰਨਗੇ।

### ਰੱਦ ਹੋਈਆਂ ਟਰੇਨਾਂ ਦੀ ਸੂਚੀ ਜਾਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਉੱਤਰੀ ਭਾਰਤ ਵਿੱਚ ਧੁੰਦ ਦੇ ਮੌਸਮ ਨੇ ਰੇਲ ਗੱਡੀਆਂ ਦੀ ਰਫ਼ਤਾਰ ਰੋਕ ਦਿੱਤੀ ਹੈ। ਧੁੰਦ ਦੇ ਮੌਸਮ ਦੇ ਮੱਦੇਨਜ਼ਰ 3 ਮਹੀਨਿਆਂ ਲਈ ਕਈ ਮੇਲ/ਐਕਸਪ੍ਰੈਸ ਟਰੇਨਾਂ ਨੂੰ ਰੱਦ ਕਰਨ ਦੇ ਐਲਾਨ ਤੋਂ ਬਾਅਦ, ਵਿਭਾਗ ਨੇ ਹੁਣ 1 ਦਸੰਬਰ ਤੋਂ 29 ਫਰਵਰੀ ਤੱਕ 40 ਯਾਤਰੀ ਟਰੇਨਾਂ ਨੂੰ ਰੋਕਣ ਦਾ ਐਲਾਨ ਕੀਤਾ ਹੈ।ਇਨ੍ਹਾਂ ਟਰੇਨਾਂ ਵਿੱਚ ਫ਼ਿਰੋਜ਼ਪੁਰ ਰੇਲਵੇ ਡਵੀਜ਼ਨ ਨਾਲ ਸਬੰਧਤ 11 ਟਰੇਨਾਂ ਸ਼ਾਮਲ ਹਨ। ਫ਼ਿਰੋਜ਼ਪੁਰ-ਜਲੰਧਰ ਵਿਚਕਾਰ ਚੱਲਣ ਵਾਲੀ ਰੇਲਗੱਡੀ ਨੰਬਰ 06964, ਫ਼ਾਜ਼ਿਲਕਾ-ਕੋਟਕਪੂਰਾ ਵਿਚਕਾਰ ਚੱਲਣ ਵਾਲੀ ਰੇਲਗੱਡੀ ਨੰ: 06994-06991, ਜਲੰਧਰ ਸਿਟੀ-ਹੁਸ਼ਿਆਰਪੁਰ ਵਿਚਕਾਰ ਚੱਲਣ ਵਾਲੀ ਰੇਲਗੱਡੀ ਨੰ: 06958-06959, ਅੰਮ੍ਰਿਤਸਰ-ਡੇਰਾ ਬਾਬਾ ਨਾਨਕ ਵਿਚਕਾਰ ਚੱਲਣ ਵਾਲੀ ਰੇਲਗੱਡੀ ਨੰ: 06921, ਰੇਲਗੱਡੀ ਨੰ: 06992-0926-05 ਨੰ. ਫਾਜ਼ਿਲਕਾ-ਬਠਿੰਡਾ ਵਿਚਕਾਰ ਚੱਲਣ ਵਾਲੀ ਟਰੇਨ ਨੰਬਰ 06996, ਅੰਮ੍ਰਿਤਸਰ-ਪਠਾਨਕੋਟ ਵਿਚਾਲੇ ਚੱਲਣ ਵਾਲੀ ਟਰੇਨ ਨੰਬਰ 06934-06937 ਨੂੰ 3 ਮਹੀਨਿਆਂ ਤੋਂ ਰੱਦ ਕਰ ਦਿੱਤਾ ਗਿਆ ਹੈ।

## ਬੈਟਰ ਸਕਿੱਲ ਇਮੀਗ੍ਰੇਸ਼ਨ ਨੇ ਕੈਨੇਡਾ ਦਾ ਵਿਜ਼ਟਰ ਵੀਜ਼ਾ ਲਵਾਇਆ

**ਕੋਟ ਈਸੇ ਖਾਂ (ਅਰੋੜਾ)**-ਇਲਾਕੇ ਦੀ ਨਾਮਵਰ ਇੰਮੀਗ੍ਰੇਸ਼ਨ ਅਤੇ ਸਭ ਤੋਂ ਭਰੋਸੇਮੰਦ ਸੰਸਥਾਂ ਬੈਟਰ ਸਕਿੱਲ ਇੰਮੀਗ੍ਰੇਸ਼ਨ ਧਰਮਕੋਟ ਜੋ ਕਿ ਵਿਦੇਸ਼ ਜਾਣ ਦੇ ਚਾਹਵਾਨਾਂ ਦੇ ਸੁਪਨੇ ਸਾਕਾਰ ਕਰਦੀ




ਆ ਰਹੀ ਹੈ ਤੇ ਇਸ ਸੰਸਥਾਂ ਨੇ ਵੱਖ-ਵੱਖ ਪ੍ਰਕਾਰ ਦੇ ਕੇਨੈਡਾ ਵੀਜ਼ੇ ਲਗਵਾ ਕੇ ਆਪਣੀ ਵੱਖਰੀ ਹੀ ਪਹਿਚਾਣ ਬਣਾ ਲਈ ਹੈ। ਇਸੇ ਤਰ੍ਹਾ ਬੈਟਰ ਸਕਿੱਲ ਇੰਮੀਗ੍ਰੇਸ਼ਨ ਧਰਮਕੋਟ ਨੇ ਜਸਕਰਨ ਸਿੰਘ ਅਤੇ ਉਹਨਾਂ ਦੀ ਮਾਤਾ ਸੁਰਿੰਦਰ ਕੌਰ ਵਾਸੀ ਧਰਮਕੋਟ ਦੋਨਾ ਦਾ ਕੈਨੇਡਾ ਦਾ ਵਿਜਟਰ ਵੀਜ਼ਾ ਲਗਵਾਇਆ ਹੈ। ਇਸ ਸੰਸਥਾਂ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨੇ ਦੱਸਿਆ ਕਿ ਜਸਕਰਨ ਸਿੰਘ ਰੀਸੈਂਟਲੀ ਬਾਰਵੀਂ ਪਾਸ ਕੀਤੀ ਸੀ। ਉਸ ਤੋਂ ਬਾਅਦ ਜਸਕਰਨ ਦੇ ਮਨ ਵਿੱਚ ਡਰ ਸੀ ਕਿ ਮੇਰੇ ਤੋ ਆਈਲਟਸ ਵਿੱਚੋਂ ਬੈਂਡ ਨਹੀਂ ਆਉਣੇ। ਜਿਸ ਕਾਰਨ ਜਸਕਰਨ ਨੇ ਕਈ ਏਜੰਟਾਂ ਨਾਲ ਸੰਪਰਕ ਕੀਤਾ ਪਰ ਉਮਰ ਘੱਟ ਹੋਣ ਕਰਕੇ ਵੀਜ਼ੇ ਦੀ ਗਰੰਟੀ ਨਹੀਂ ਦੇ ਰਿਹਾ ਸੀ। ਉਸ ਤੋਂ ਬਾਅਦ ਸ਼ੋਸ਼ਲ ਮੀਡੀਆਂ ਤੇ ਆਏ ਹੋਏ ਵਿਸਟਰ ਵੀਜੇ ਦੇ ਰਿਜਲਟਾ ਨੂੰ ਦੇਖਿਆ ਬੈਟਰ ਸਕਿੱਲ ਇਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਜੀਤ ਸਿੰਘ ਨਾਲ ਗੱਲਬਾਤ ਕਰਦੇ ਹੋਏ ਆਪਣਾ ਅਤੇ ਆਪਣੀ ਮਾਤਾ ਜੀ ਦਾ 6 ਦਿਨਾਂ ਵਿੱਚ ਕੈਨੇਡਾ ਦਾ ਵਿਸਟਰ ਵੀਜ਼ਾ ਹਾਸਲ ਕੀਤਾ । ਅੱਜ ਜਸਕਰਨ ਅਤੇ ਉਹਨਾਂ ਮਾਤਾ ਜੀ ਕਨੇਡਾ ਪਹੁੰਚ ਗਏ ਹਨ। ਬੈਟਰ ਸਕਿੱਲ ਇਮੀਗ੍ਰੇਸ਼ਨ ਵੱਲੋਂ ਜਸਕਰਨ ਸਿੰਘ ਅਤੇ ਉਹਨਾਂ ਦੀ ਮਾਤਾ ਜੀ ਸੁਰਿੰਦਰ ਕੌਰ ਨੂੰ ਆਉਣ ਵਾਲੇ ਭਵਿੱਖ ਲਈ ਸ਼ੁਭ ਦੁਆਵਾਂ ਦਿੱਤੀਆਂ ਗਈਆਂ।

# ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਯੂਥ ਵਿੰਗ ਦੀ ਚੋਣ ਹਿੱਤ ਮੀਟਿੰਗ

**ਇਲਾਕੇ ਦੇ ਨੌਜਵਾਨਾਂ ਨੇ ਵਧ-ਚੜ੍ਹ ਕੇ ਕੀਤੀ ਸ਼ਮੂਲੀਅਤ**

**ਮੂਨਕ (ਰਾਜਪਾਲ ਸਿੰਗਲਾ)**

ਸ਼ਹਿਰ ਦੇ ਟੋਹਾਣਾ ਰੋਡ ਤੇ ਬਣੇ ਐਪਲ ਵ੍ਹਾਈਟ ਪੈਲੇਸ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਇੱਕ ਅਹਿਮ ਮੀਟਿੰਗ ਹੋਈ ਜਿਸ ਵਿੱਚ ਇਲਾਕੇ ਦੇ ਨੌਜਵਾਨਾਂ ਨੇ ਭਾਗ ਲਿਆ ਇਸ ਮੌਕੇ ਹਲਕੇ ਦੇ ਲੀਡਰਾਂ ਦੇ ਨਾਲ ਨਾਲ ਯੂਥ ਵਿੰਗ ਪੰਜਾਬ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਭਾਗ ਲਿਆ ਅਤੇ ਕਿਹਾ ਆਉਣ ਵਾਲੀ ਲੋਕ ਸਭਾ ਚੋਣਾਂ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਨੌਜਵਾਨ ਵਿੰਗ ਦੀ ਖਾਸ ਜ਼ਰੂਰਤ ਹੈ ਜਿਸ ਵਿੱਚ ਨੌਜਵਾਨਾਂ ਨੂੰ ਜੁੜਨ ਦੇ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਹੁਣ ਤੱਕ ਲੱਖ ਤੋਂ ਵੱਧ ਨੌਜਵਾਨ ਲੜਕੇ ਲੜਕੀਆਂ ਯੂਥ ਵਿੰਗ ਦੇ ਹਿੱਸਾ ਬਣੇ ਹਨ। ਇਸ ਵਿੰਗ ਵਿੱਚ 35 ਸਾਲ ਤੱਕ ਦੀ ਉਮਰ ਦੇ ਨੌਜਵਾਨ ਲੜਕੇ ਲੜਕੀਆਂ ਹਿੱਸਾ ਬਣ ਸਕਦੇ ਹਨ। ਇਸ ਦੇ ਨਾਲ ਹੀ ਕਿਹਾ ਕਿ ਵੱਧ ਮਿਹਨਤ ਕਰਨ ਵਾਲੇ ਨੌਜਵਾਨਾਂ ਨੂੰ ਵੱਡੀਆਂ ਅਹੁਦੇਦਾਰੀਆਂ ਵੀ ਦਿੱਤੀਆਂ ਜਾਣਗੀਆਂ। ਉਨ੍ਹਾਂ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਅਖਬਾਰਾਂ ਚੈਨਲਾਂ ਨੂੰ ਮੋਟੇ ਇਸ਼ਤਿਹਾਰ ਦੇ ਕੇ ਆਪਣੇ ਕਬਜ਼ੇ ਵਿੱਚ ਕਰ ਰੱਖਿਆ ਹੈ। ਇਸ ਲਈ ਸਾਨੂੰ ਆਪਣੇ ਸੋਸ਼ਲ ਮੀਡੀਆ, ਨੈੱਟਵਰਕਿੰਗ ਰਾਹੀਂ ਹਰੇਕ ਵੋਟਰ ਤੱਕ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਹਰ ਗੱਲ ਨੂੰ ਪਹੁੰਚਦੇ ਕਰਨਾ ਸਾਡਾ ਪਹਿਲਾ ਫਰਜ਼ ਹੈ। ਇਸ ਦੇ ਲਈ ਹਰ ਨੌਜਵਾਨ ਸੋਸ਼ਲ ਮੀਡੀਆ ਦਾ ਹਿੱਸਾ ਬਣੇ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਗੋਬਿੰਦ ਸਿੰਘ ਲੌਂਗੋਵਾਲ ਨੇ ਬੋਲਦਿਆਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਇੱਕ ਯੂਥ ਦੀ ਮੀਟਿੰਗ ਰੱਖੀ ਗਈ ਸੀ ਪਰ ਇਹ ਨੌਜਵਾਨਾਂ ਦੇ ਵਿੱਚ ਇੰਨਾ ਉਤਸ਼ਾਹ ਸੀ ਕਿ ਇਹ ਮੀਟਿੰਗ ਰੈਲੀ ਦਾ ਰੂਪ ਧਾਰਨ ਕਰ ਗਈ ਕਿਉਂਕਿ ਜੋ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਜੋ ਨੌਜਵਾਨ ਪੀੜ੍ਹੀ ਨਾਲ ਵਾਅਦੇ ਕੀਤੇ ਸੀ ਉਨ੍ਹਾਂ ਉਪਰ ਪੰਜਾਬ ਸਰਕਾਰ ਖਰਾ ਨਹੀਂ ਉੱਤਰੀ ਅਤੇ ਇਹ ਨੌਜਵਾਨ ਅੱਜ ਆਪਣੇ ਆਪ ਵਿੱਚ ਠੱਗੇ ਮਹਿਸੂਸ ਕਰ ਰਹੇ ਹਨ। ਇਸ ਮੌਕੇ ਲੋਕ ਸਭਾ ਹਲਕਾ ਸੰਗਰੂਰ ਤੋਂ ਇੰਚਾਰਜ ਇਕਬਾਲ ਸਿੰਘ ਝੂੰਦਾਂ ਨੇ ਬੋਲਦਿਆਂ ਕਿਹਾ ਸ਼੍ਰੋਮਣੀ ਅਕਾਲੀ ਦਲ ਬਾਦਲ 103 ਸਾਲ ਪੁਰਾਣੀ ਪਾਰਟੀ ਹੈ ਜੋ ਕਿ ਪੰਜਾਬ ਤੋਂ ਚੱਲਦੀ ਹੈ ਬਾਕੀ ਪਾਰਟੀਆਂ ਦਿੱਲੀ ਦੇ ਇਸ਼ਾਰੇ ਨਾਲ ਚੱਲਦੀਆਂ ਹਨ ਜਦੋਂਕਿ ਦਿੱਲੀ ਪੰਜਾਬ ਦਾ ਭਲਾ ਨਹੀਂ ਚਾਹੁੰਦੀ।




# ਬੈੱਸਟ ਟੀਚਰ ਦਾ ਐਵਾਰਡ ਦੇ ਕੇ ਸਨਮਾਨਤ ਕੀਤਾ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**

ਇਲਾਕੇ ਦੀ ਨਾਮਵਰ ਸੰਸਥਾ ਯੂ ਕੇ ਇੰਟਰਨੈਸ਼ਨਲ ਸਕੂਲ ਦੀ ਅਧਿਆਪਕਾ ਮੈਡਮ ਸੁਖਜੀਤ ਕੌਰ ਨੂੰ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਹੋਏ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਆਫ ਪੰਜਾਬ ਦੁਆਰਾ ਆਯੋਜਿਤ ਕੀਤੇ ਬੈਸਟ ਟੀਚਰ ਐਵਾਰਡ 2023 ਫੈਡਰੇਸ਼ਨ ਐਸੋਸੀਏਸ਼ਨ ਦੇ ਪ੍ਰਧਾਨ ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਡਾ ਆਰ .ਐਸ. ਬਾਵਾ, ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ, ਐਲ ਜੀ ਕੰਵਲਜੀਤ ਸਿੰਘ ਢਿੱਲੋਂ ਰਿਟਾਇਰ ਜਨਰਲ ਅਫਸਰ ਇੰਡੀਅਨ ਆਰਮੀ, ਅਮਰਜੀਤ ਕੌਰ ਡਿਪਟੀ ਸੈਕਟਰੀ ਪੰਜਾਬ ਸਕੂਲ ਐਜੂਕੇਸ਼ਨ ਬੋਰਡ ਤੇ ਹੋਰ ਮਹਾਨ ਸ਼ਖ਼ਸੀਅਤਾਂ ਵੱਲੋਂ ਵਿਸ਼ੇਸ਼ ਬੈਸਟ ਟੀਚਰ ਦਾ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਪੂਰੇ ਭਾਰਤ ਦੇ ਅਲੱਗ-ਅਲੱਗ ਸਕੂਲਾਂ ਦੇ ਟੀਚਰ ਸ਼ਾਮਲ ਸਨ। ਉਨ੍ਹਾਂ ਸੁਖਜੀਤ ਦੀ ਮਿਹਨਤ ਅਤੇ ਲਗਨ ਦੀ ਸ਼ਲਾਘਾ ਯੋਗ ਪ੍ਰਸੰਸਾ ਕੀਤੀ ਤੇ ਉਨ੍ਹਾਂ ਦੀ ਇਸ ਕਾਮਯਾਬੀ ਦੀ ਵਧਾਈ ਦਿੱਤੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਕੋਮਲ ਅਗਰਵਾਲ ਨੇ ਅਤੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਣਾ ਬਾਸੀ, ਕੁਲਵੰਤ ਸਿੰਘ ਚੀਮਾ, ਬਲਿਹਾਰ ਸਿੰਘ, ਬਲਕਾਰ ਸਿੰਘ ਅਤੇ ਸਮੂਹ ਸਟਾਫ ਮੈਂਬਰਾਂ ਨੇ ਅਧਿਆਪਕਾ ਸੁਖਜੀਤ ਕੌਰ ਨੂੰ ਉਨ੍ਹਾਂ ਦੇ ਇਸ ਐਵਾਰਡ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਦਾ ਨਿੱਘਾ ਸੁਆਗਤ ਕੀਤਾ।




# ਵਿਸ਼ਵ ਕਿੱਕ ਬਾਕਸਿੰਗ ਚੈਂਪੀਅਨਸ਼ਿਪ 'ਚ ਖੁਸ਼ਪ੍ਰੀਤ ਨੇ ਜਿੱਤਿਆ ਕਾਂਸੀ ਦਾ ਤਮਗਾ



**ਮੋਗਾ (ਅਮਰਜੀਤ ਬੱਬਰੀ)**-ਪੁਰਤਗਾਲ ਵਿਖੇ ਖੇਡੀ ਗਈ ਵਿਸ਼ਵ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਜ਼ਿਲ੍ਹਾ ਮੋਗਾ ਦੀ ਖਿਡਾਰਨ ਖੁਸ਼ਪ੍ਰੀਤ ਕੌਰ ਨੇ ਕਾਂਸੀ ਦਾ ਤਮਗਾ ਜਿੱਤ ਕੇ ਭਾਰਤ ਦੀ ਝੋਲੀ ਪਾਇਆ ਹੈ। ਤਮਗਾ ਜਿੱਤਣ ਉਪਰੰਤ ਅੱਜ ਜ਼ਿਲ੍ਹਾ ਮੋਗਾ ਪਹੁੰਚਣ 'ਤੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਪ੍ਰੇਮੀਆਂ ਵੱਲੋਂ ਖੁਸ਼ਪ੍ਰੀਤ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਨਗਰ ਸੁਧਾਰ ਟਰੱਸਟ ਮੋਗਾ ਦੀਪਕ ਅਰੋੜਾ, ਮੇਅਰ ਨਗਰ ਨਿਗਮ ਮੋਗਾ ਬਲਜੀਤ ਸਿੰਘ ਚਾਨੀ, ਜ਼ਿਲ੍ਹਾ ਸਿੱਖਿਆ ਅਫ਼ਸਰ ਮਮਤਾ ਬਜਾਜ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਪ੍ਰਭਦੀਪ ਸਿੰਘ ਨੱਥੋਵਾਲ ਅਤੇ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਅਤੇ ਖਿਡਾਰਨ ਦੇ ਪਰਵਾਰ ਵਾਲੇ ਹਾਜ਼ਰ ਸਨ। ਖੁਸ਼ਪ੍ਰੀਤ ਨੇ ਅੰਡਰ 50 ਭਾਰ ਵਰਗ ਵਿੱਚ ਭਾਰਤ ਦੀ ਨੁਮਾਇੰਦਗੀ ਕਰਦੇ ਹੋਏ ਆਪਣੇ ਆਖਰੀ ਮੁਕਾਬਲੇ ਵਿੱਚ ਅਰਜਨਟੀਨਾ ਦੀ ਸਾਬਕਾ ਵਿਸ਼ਵ ਚੈਂਪੀਅਨ ਨੂੰ ਹਰਾਇਆ। ਇਸ ਤੋਂ ਪਹਿਲਾਂ ਉਸਨੇ ਤਜ਼ਾਕਿਸਤਾਨ, ਸਲਵੇਨੀਆ ਅਤੇ ਤੁਰਕੀ ਦੀਆਂ ਖਿਡਾਰਨਾਂ ਨੂੰ ਹਰਾਇਆ।ਚੈਂਪੀਅਨਸ਼ਿਪ ਵਿਚ 102 ਦੇਸ਼ਾਂ ਦੇ ਖਿਡਾਰੀਆਂ ਨੇ ਭਾਗ ਲਿਆ ਸੀ। ਭਾਰਤ ਵੱਲੋਂ ਖੇਡਣ ਗਏ 45 ਖਿਡਾਰੀਆਂ ਵੱਲੋਂ ਇਕੱਲੀ ਖੁਸ਼ਪ੍ਰੀਤ ਨੇ ਇਕਮਾਤਰ ਤਮਗਾ ਜਿੱਤਿਆ। 19 ਸਾਲ ਉਮਰ ਦੀ ਖੁਸ਼ਪ੍ਰੀਤ ਇਸ ਚੈਂਪੀਅਨਸ਼ਿਪ ਵਿੱਚ ਸਭ ਤੋਂ ਛੋਟੀ ਖਿਡਾਰਨ ਵਜੋਂ ਭਾਗ ਲੈਣ ਵਾਲੀ ਖਿਡਾਰਨ ਦਾ ਮਾਣ ਵੀ ਹਾਸਲ ਕੀਤਾ।ਇਸ ਮੌਕੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਖੁਸ਼ਪ੍ਰੀਤ ਨੂੰ ਜਿੱਤ ਲਈ ਮੁਬਾਰਕਬਾਦ ਦਿੰਦਿਆਂ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

## ਪੱਤਰਕਾਰ ਬੇਦੀ ਨਾਲ ਦੁੱਖ ਦਾ ਪ੍ਰਗਟਾਵਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਥਾਨਕ ਬੇਦੀ ਨਿਊਜ਼ ਏਜੰਸੀ ਦੇ ਮਾਲਕ ਸੀਨੀਅਰ ਪੱਤਰਕਾਰ ਅਤੇ ਸਮਾਜ ਸੇਵਕ ਹਰਮੁਹਿੰਦਰ ਸਿੰਘ ਬੇਦੀ ਦੇ ਸਤਿਕਾਰਯੋਗ ਮਾਤਾ ਰਾਜ ਬੇਦੀ ਧਰਮ ਪਤਨੀ ਸਵ: ਮੰਗਲ ਸਿੰਘ ਬੇਦੀ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਸ਼੍ਰੀਮਤੀ ਬੇਦੀ ਦੀ ਮੌਤ 'ਤੇ ਸਮਾਜ ਦੇ ਭਲੇ ਭਲੇ ਅਤੇ ਵਿਕਾਸ ਨੂੰ ਸਮਰਪਿਤ ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਪ੍ਰਸਿੱਧ ਸਮਾਜ ਇੰਜ. ਅਸ਼ੋਕ ਕੁਮਾਰ ਭਾਰਤੀ, ਸੀਨੀਅਰ ਮੀਤ ਪ੍ਰਧਾਨ ਨਿਰੰਜਣ ਸਿੰਘ ਰੱਖਰਾ, ਲੋਕ ਸੰਪਰਕ ਵਿੰਗ ਦੇ ਡਾਇਰੈਕਟਰ ਵਿਜੇ ਸਿਡਾਨਾ, ਰਾਜਿੰਦਰ ਖੁਰਾਣਾ, ਸਾਹਿਲ ਕੁਮਾਰ ਹੈਪੀ, ਜਗਦੀਸ਼ ਧਵਾਲ, ਡਾ. ਸੁਰਿੰਦਰ ਗਿਰਧਰ, ਪ੍ਰਦੀਪ ਧੂੜੀਆ, ਪ੍ਰਸ਼ੋਤਮ ਗਿਰਧਰ, ਸੰਜੀਵ ਮਿੱਡਾ, ਡਾ. ਜਸਵਿੰਦਰ ਸਿੰਘ ਅਤੇ ਗੁਰਪਾਲ ਪਾਲੀ ਸਮੇਤ ਸਮੂਹ ਆਗੂਆਂ ਅਤੇ ਮੈਂਬਰਾਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਮਾਤਾ ਨੇ ਆਪਣੇ ਪਰਿਵਾਰ ਨੂੰ ਉੱਚ ਸੰਸਕਾਰ ਦੇ ਕੇ ਸਮਾਜ ਵਿਚ ਸਨਮਾਨਯੋਗ ਸਥਾਨ ਦਿਵਾਉਣ ਵਿਚ ਮਹੱਤਵਪੂਰਨ ਰੋਲ ਅਦਾ ਕੀਤਾ ਹੈ। ਸਵ: ਰਾਜ ਬੇਦੀ ਨਮਿਤ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ ਆਉਂਦੀ 02 ਦਸੰਬਰ ਸ਼ਨੀਵਾਰ ਨੂੰ ਸਥਾਨਕ ਬਠਿੰਡਾ ਰੋਡ ਸਥਿਤ ਸ਼ਾਂਤੀ ਭਵਨ ਵਿਖੇ ਦੁਪਹਿਰ ਦੇ 12:00 ਤੋਂ 1:00 ਵਜੇ ਤੱਕ ਪਵੇਗਾ।



# ਪਟੇਲ ਕਾਲਜ ਨੇ ਲੈਮਰੀਨ ਟੈਕ ਸਕਿੱਲ 'ਵਰਸਿਟੀ ਦਾ ਮੇਲਾ ਲੁੱਟਿਆ



**ਰਾਜਪੁਰਾ (ਰਮੇਸ਼ ਕਟਾਰੀਆ)**-ਸਥਾਨਕ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਰਾਜਪੁਰਾ ਨੇ ਲੈਮਰੀਨ ਟੈਕ ਸਕਿਲ ਯੂਨੀਵਰਸਿਟੀ ਪੰਜਾਬ ਰੋਪੜ ਦੇ ਵਿਹੜੇ 'ਚ ਹੋਏ ਯੁਵਾ ਕੌਸਲ ਉਤਸਵ '23 'ਚ ਮੱਲਾਂ ਮਾਰਦੇ ਹੋਏ ਮੇਲਾ ਲੁੱਟ ਲਿਆ। ਪਟੇਲ ਕਾਲਜ ਦੇ ਪ੍ਰਿੰਸੀਪਲ ਡਾ ਚੰਦਰ ਪ੍ਰਕਾਸ ਗਾਂਧੀ ਦੀ ਅਗਵਾਈ ਹੇਠ ਕਾਲਜ ਦੇ 70 ਵਿਦਿਆਰਥੀਆਂ ਨੇ ਉਤਸਾਹ ਨਾਲ ਭਾਗ ਲਿਆ। ਇਨ੍ਹਾ ਵਿਦਿਆਰਥੀਆਂ ਨੇ ਪ੍ਰੋ ਬਲਜਿੰਦਰ ਸਿੰਘ ਗਿੱਲ, ਡਾ. ਮਨਿੰਦਰ ਕੌਰ, ਕਲਰਕ ਭਾਵਨਾ ਅਰੋੜਾ, ਕਲਰਕ ਲਵਪ੍ਰੀਤ ਕੌਰ, ਕੋਚ ਹਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਤੇ ਅਲਕਾ ਦੀ ਅਗਵਾਈ 'ਚ ਇਨ੍ਹਾਂ ਮੁਕਾਬਲਿਆਂ 'ਚ ਭਾਗ ਲਿਆ, ਜਿਥੇ ਵੱਖ-ਵੱਖ 30 ਮੁਕਾਬਲਿਆਂ 'ਚ ਕਾਲਜ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਜਿਨ੍ਹਾਂ 'ਚੋਂ ਭੰਗੜਾ, ਫੋਟੋਗ੍ਰਾਫੀ, ਐਡ ਮੈਡ ਸ਼ੋਅ, ਵਾਲ ਪੇਂਟਿੰਗ, ਕਾਰਟੂਨਿੰਗ ਮੁਕਾਬਲੇ ਪਟੇਲ ਕਾਲਜ ਨੇ ਜਿੱਤੇ। ਜੇਤੂ ਵਿਦਿਆਰਥੀਆਂ ਨੂੰ ਵਧਾਈ ਦੇਣ ਸਮੇਂ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਨੇ ਕਿਹਾ ਕਿ ਇਹ ਵਿਦਿਆਰਥੀ ਕਾਲਜ ਦੀ ਸ਼ਾਨ ਹਨ, ਜਿਨ੍ਹਾਂ ਨੇ ਕਾਲਜ ਦਾ ਨਾਂਅ ਯੂਨੀਵਰਸਿਟੀ ਪੱਧਰ 'ਤੇ ਚਮਕਾਇਆ ਹੈ।

# ਅੱਗ ਲਾਉਣ ਦੀ ਬਜਾਏ ਦਸ ਸਾਲਾਂ ਤੋਂ ਪਰਾਲੀ ਨੂੰ ਖੇਤਾਂ 'ਚ ਵਾਹ ਰਿਹੈ ਕਿਸਾਨ ਜਗਦੇਵ ਸਿੰਘ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਰਾਲੀ ਨੂੰ ਅੱਗ ਲਾਉਣ ਨਾਲ ਫੈਲਦੇ ਪ੍ਰਦੂਸ਼ਣ ਨੂੰ ਲੈ ਕੇ ਪੈ ਰਹੇ ਰੌਲ ਘਚੋਲੇ ਦੇ ਚੱਲ ਰਹੇ ਦੌਰ 'ਚ ਕੁੱਝ ਅਜਿਹੇ ਕਿਸਾਨ ਵੀ ਹਨ, ਜੋ ਪਰਾਲੀ ਨੰ ਅੱਗ ਲਾਉਣ ਦੀ ਬਜਾਏ ਆਪਣੇ ਖੇਤਾਂ ਵਿੱਚ ਵਾਹ ਕੇ ਕਣਕ ਸਮੇਤ ਹੋਰ ਫਸਲਾਂ ਦੀ ਬਿਜਾਈ ਨੂੰ ਤਰਜੀਹ ਦਿੰਦੇ ਆ ਰਹੇ ਹਨ। ਅਜਿਹਾ ਹੀ ਜ਼ਿਲ੍ਹਾ ਬਠਿੰਡਾ ਦੇ ਪਿੰਡ ਲਹਿਰਾ ਮੁਹੱਬਤ ਦਾ ਕਿਸਾਨ ਜਗਦੇਵ ਸਿੰਘ ਲਗਾਤਾਰ ਪਿਛਲੇ 10 ਸਾਲਾਂ ਤੋਂ ਪਰਾਲੀ ਨੂੰ ਤਵੀਆਂ ਦੇ ਨਾਲ ਵਾਹ ਕੇ ਕਣਕ ਸਮੇਤ ਹੋਰ ਫਸਲਾਂ ਦੀ ਬਿਜਾਈ ਕਰਦਾ ਆ ਰਿਹਾ ਹੈ। ਜਗਦੇਵ ਸਿੰਘ ਦਾ ਕਹਿਣਾ ਹੈ ਕਿ ਭਾਵੇਂ ਇਹ ਬਹੁਤ ਔਖਾ ਕੰਮ ਹੈ ਤੇ ਬਾਵਜੂਦ ਇਸ ਦੇ ਕਿ ਸਰਕਾਰਾਂ ਪਰਾਲੀ ਦਾ ਮੁਆਵਜ਼ਾ ਦੇਣ ਦੇ ਵਾਅਦਿਆਂ ਤੋਂ ਮੁੱਕਰਦੀਆਂ ਆ ਰਹੀਆਂ ਹਨ, ਜਦਕਿ ਮਾਨਯੋਗ ਸੁਪਰੀਮ ਕੋਰਟ ਨੇ 2019 ਵਿੱਚ ਪੰਜਾਬ ਦੀ ਕੈਪਟਨ ਸਰਕਾਰ ਨੂੰ 5 ਏਕੜ ਤੋਂ ਘੱਟ ਮਾਲਕੀ ਵਾਲੇ ਪਰਾਲੀ ਨੂੰ ਅੱਗ ਨਾ ਲਾਉਣ ਵਾਲੇ ਕਿਸਾਨਾਂ ਨੂੰ 2500 ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦਾ ਹੁਕਮ ਕੀਤਾ ਸੀ, ਪ੍ਰੰਤੂ ਅੱਗ ਨਾ ਲਾਉਣ ਵਾਲੇ ਕਿਸਾਨਾਂ ਦੀਆਂ ਅਰਜ਼ੀਆਂ ਅਜੇ ਤੱਕ ਵੀ ਦਫਤਰਾਂ ਵਿੱਚ ਪੈਂਡਿੰਗ ਪਈਆਂ ਹਨ, ਕਿਸੇ ਨੂੰ ਵੀ ਮੁਆਵਜ਼ਾ ਨਹੀਂ ਦਿੱਤਾ ਗਿਆ। ਸੋ ਅਪੀਲ ਹੈ ਕਿ ਕਿਸਾਨਾਂ 'ਤੇ ਸਖਤੀ ਦੀ ਬਜਾਏ ਪਰਾਲੀ ਦੇ ਨਿਪਟਾਰੇ ਲਈ ਸਰਕਾਰ ਨੂੰ ਘੱਟੋ-ਘੱਟ 3000 ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਣਾ ਯਕੀਨੀ ਬਣਾਉਣਾ ਚਾਹੀਦਾ ਹੈ ਤਾਂ ਕਿ ਕਿਸਾਨ ਅੱਗ ਲਾਉਣ ਤੋਂ ਟਾਲਾ ਵੱਟ ਸਕਣ ਤੇ ਸਬਸਿਡੀ 'ਤੇ ਦਿੱਤੇ ਜਾਣ ਵਾਲੇ ਸੰਦਾਂ ਵਿੱਚ ਸਕੈਂਡਲ ਵਗੈਰਾ ਆਉਣ ਦਾ ਖਦਸ਼ਾ ਵੀ ਨਾ ਰਹੇ।

## ਵਿਕਸਤ ਭਾਰਤ ਸੰਕਲਪ ਯਾਤਰਾ ਤਹਿਤ ਜਾਗਰੂਕਤਾ ਵੈਨ ਦੀ ਸ਼ੁਰੂਆਤ

**ਮਾਨਸਾ (ਆਤਮਾ ਸਿੰਘ ਪਮਾਰ)**-ਸਿਵਲ ਸਰਜਨ ਡਾ. ਰਣਜੀਤ ਰਾਏ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਹਰਦੀਪ ਸ਼ਰਮਾ ਦੀ ਅਗਵਾਈ 'ਚ ਵਿਕਸਤ ਭਾਰਤ ਸੰਕਲਪ ਯਾਤਰਾ ਦੀ ਸ਼ੁਰੂਆਤ ਕੀਤੀ ਗਈ, ਜਿਸ ਤਹਿਤ ਪਿੰਡ ਭੁਪਾਲ ਕਲਾਂ, ਭੁਪਾਲ ਖੁਰਦ, ਬੁਰਜ ਹਰੀ ਅਤੇ ਬੁਰਜ ਢਿੱਲਵਾਂ ਵਿਖੇ ਸਿਹਤ ਵਿਭਾਗ ਵੱਲੋਂ ਮੈਡੀਕਲ ਕੈਂਪ ਲਗਾਇਆ ਗਿਆ ਅਤੇ ਆਯੂਸ਼ਮਾਨ ਭਾਰਤ ਸਕੀਮ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਜਾਗਰੂਕਤਾ ਵੈਨ ਰਾਹੀਂ ਸਰਕਾਰ ਦੀਆਂ 17 ਮਹੱਤਵਪੂਰਨ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਤੋਂ ਇਲਾਵਾ ਯਾਤਰਾ ਦੌਰਾਨ ਸੰਭਾਵੀ ਲਾਭਪਾਤਰੀਆਂ ਨੂੰ ਸ਼ਾਮਲ ਕਰਨ ਦੀ ਯੋਜਨਾ ਹੈ। 30 ਨਵੰਬਰ ਤੋਂ 26 ਜਨਵਰੀ 2024 ਤੱਕ ਪਿੰਡਾਂ ਵਿਚ ਜ਼ਮੀਨੀ ਪੱਧਰ 'ਤੇ ਸਰਕਾਰੀ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਸਿਹਤ ਤੇ ਪਰਿਵਾਰ ਭਲਾਈ ਵਿਭਾਗ ਬਲਾਕ ਖਿਆਲਾ ਕਲਾਂ ਵਲੋਂ ਲਗਾਏ ਮੈਡੀਕਲ ਚੈੱਕਅਪ ਕੈਂਪ ਵਿਚ ਬੀ.ਪੀ., ਸ਼ੂਗਰ ਅਤੇ ਖੂਨ ਦੀ ਜਾਂਚ ਕੀਤੀ ਗਈ। ਮੈਡੀਕਲ ਅਫ਼ਸਰ ਡਾ. ਕੋਮਲ ਜਿੰਦਲ, ਬਲਾਕ ਐਕਸਟੈਨਸ਼ਨ ਐਜੂਕੇਟਰ ਕੇਵਲ ਸਿੰਘ, ਕਮਿਊਨਿਟੀ ਹੈਲਥ ਅਫ਼ਸਰ ਮਨਪ੍ਰੀਤ ਕੌਰ, ਵੀਰਪਾਲ ਕੌਰ, ਏ.ਐਨ.ਐਮ. ਪ੍ਰਿਤਪਾਲ ਕੌਰ, ਮੱਖਣ ਸਿੰਘ, ਏਕ ਪ੍ਰੀਤ ਸਿੰਘ ਸਿਹਤ ਕਰਮਚਾਰੀ ਅਤੇ ਆਸ਼ਾ ਵਰਕਰਾਂ ਦੀ ਟੀਮ ਵੱਲੋਂ ਗੈਰ ਸੰਚਾਰੀ ਬਿਮਾਰੀਆਂ ਦਾ ਚੈੱਕਅਪ ਕੀਤਾ ਗਿਆ।

# ਪ੍ਰਦੂਸ਼ਣ ਕਾਰਨ ਸ਼ਾਮ 4 ਵਜੇ ਹੀ ਕਾਲੀ ਰਾਤ ਛਾ ਜਾਂਦੀ, ਸਾਹ ਲੈਣਾ ਮੁਸ਼ਕਲ : ਸਹਿਗਲ

**ਕੋਟਕਪੂਰਾ (ਸ਼ਾਮ ਲਾਲ ਚਾਵਲਾ)**

ਪੰਜਾਬ 'ਚ ਜਿੱਥੇ ਪ੍ਰਦੂਸ਼ਣ ਦਿੱਲੀ ਵਾਂਗ ਫੈਲ ਚੁੱਕਾ ਹੈ ਉੱਥੇ ਜਿਲ੍ਹਾ ਫਰੀਦਕੋਟ ਦੇ ਸ਼ਹਿਰ ਕੋਟਕਪੂਰਾ ਦੇ ਆਸ-ਪਾਸ ਪਿੰਡਾਂ 'ਚ ਪਿਛਲੇ 2 ਦਿਨਾਂ ਤੋਂ ਪ੍ਰਦੂਸ਼ਣ ਦੇ ਕਾਰਨ ਸੂਰਜ ਨਜ਼ਰ ਨਹੀਂ ਆਇਆ, ਸੜਕਾਂ ਦੇ ਆਵਾਜਾਈ ਪ੍ਰਦੂਸ਼ਣ ਦੇ ਨਾਲ-ਨਾਲ ਖੇਤਾਂ 'ਚ ਕਿਸਾਨਾਂ ਵੱਲੋਂ ਲਗਾਤਾਰ ਸਾੜੀਆ ਜਾ ਰਹਿਆਂ ਪਰਾਲਿਆਂ ਅਤੇ ਮੰਡੀਆਂ 'ਚ ਝੋਨੇ ਦੀ ਫਸਲ ਦੀ ਡਸਟ ਇਸ ਕਰਕੇ ਪੈਦਾ ਹੋ ਰਹੀ ਹੈ। ਭਾਵੇਂ ਪੰਜਾਬ ਸਰਕਾਰ ਨੇ ਮੰਡੀਆਂ 'ਚ ਹੜੰਬਾ ਬੰਦ ਕੀਤਾ ਹੈ ਪਰ ਫਿਰ ਵੀ ਲਗਾਤਾਰ ਅਨੇਕਾਂ ਹੜੰਬੇ ਚੱਲ ਰਹੇ ਹਨ ਜੋ ਹਵਾ ਨੂੰ ਦੂਸ਼ਿਤ ਕਰਕੇ ਤੂੜੀ ਅਤੇ ਡਸਟ ਪੈਦਾ ਕਰ ਰਹੇ ਹਨ ਤੇ ਖਾਸ ਕਰਕੇ ਦਾਣਾ ਮੰਡੀ ਕੋਟਕਪੂਰਾ ਦੇ ਆਸ-ਪਾਸ ਸੜਕਾਂ ਤੋਂ ਡਸਟ ਪ੍ਰਦੂਸ਼ਣ ਕਾਰਨ ਲੰਘਣਾ ਅਤੇ ਸਾਹ ਲੈਣਾ ਮੁਸ਼ਕਲ ਹੋ ਚੁੱਕਾ ਹੈ। ਇਸ ਗੱਲ ਦਾ ਪ੍ਰਗਟਾਵਾ ਸ਼ਹਿਰ ਨਿਵਾਸੀ ਅਤੇ ਆਲ ਇੰਡੀਆ ਹਿੰਦੂ ਵੈਲਫੇਅਰ ਕਮੇਟੀ ਦੇ ਪ੍ਰਧਾਨ ਨਰੇਸ਼ ਕੁਮਾਰ ਸਹਿਗਲ ਨੇ ਕਰਦੇ ਹੋਏ ਡਿਪਟੀ ਕਮਿਸ਼ਨਰ ਫਰੀਦਕੋਟ ਅਤੇ ਮੁੱਖ ਮੰਤਰੀ ਪੰਜਾਬ ਤੋਂ ਮੰਗ ਕੀਤੀ ਕਿ ਪ੍ਰਦੂਸ਼ਣ ਵੱਧ ਚੁੱਕਾ ਹੈ ਕਿ ਛੋਟੇ ਬੱਚਿਆਂ ਨੂੰ ਸਾਹ ਲੈਣ 'ਚ ਦਿੱਕਤ ਆ ਰਹੀ ਹੈ। ਚੇਤਨ ਸਹਿਗਲ ਐਡਵੋਕੇਟ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਪ੍ਰਦੂਸ਼ਣ 'ਤੇ ਆਪਣਾ ਬਿਆਨ ਦਿੰਦਿਆਂ ਕਿਹਾ ਕਿ ਅੱਜ ਦੇ ਸਮੇਂ ਪ੍ਰਦੂਸ਼ਣ ਨੂੰ ਦੇਖਦੇ ਹੋਏ ਜਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਛੋਟੇ ਬੱਚਿਆਂ ਦੇ ਸਕੂਲਾਂ 'ਚ ਛੁੱਟੀ ਦੇ ਨਾਲ-ਨਾਲ ਸਮੂਹ ਜਿਲ੍ਹੇ ਦੇ ਸਰਕਾਰੀ ਹਸਪਤਾਲਾਂ 'ਚ ਪ੍ਰਦੂਸ਼ਣ ਨਾਲ ਸੰਬੰਧਤ ਬਿਮਾਰੀਆਂ ਦੀ ਰੋਕਥਾਮ ਲਈ ਪੂਰੇ ਇੰਤਜ਼ਾਮ ਹੋਣੇ ਚਾਹੀਦੇ ਹਨ। ਦੂਸਰੇ ਪਾਸੇ ਉਨ੍ਹਾਂ ਜਿਲ੍ਹਾ ਪ੍ਰਸ਼ਾਸਣ ਡਿਪਟੀ ਕਮਿਸ਼ਨਰ ਤੋਂ ਇਹ ਵੀ ਮੰਗ ਕੀਤੀ ਕਿ ਸਮੂਹ ਸੜਕਾਂ 'ਤੇ ਹਰ ਰੋਡ ਪਾਣੀ ਦਾ ਛਿੜਕਾ ਕਰਨਾ ਚਾਹੀਦਾ ਹੈ, ਜਿਸ ਨਾਲ ਵੀ ਪਲੂਸ਼ਣ ਘਟੇਗਾ।




# ਪ੍ਰਕਾਸ਼ ਸਿੰਘ ਬਾਦਲ ਦਾ ਜਨਮ ਦਿਹਾੜਾ 8 ਨੂੰ ਸਦਭਾਵਨਾ ਦਿਵਸ ਵਜੋਂ ਮਨਾਇਆ ਜਾਵੇਗਾ : ਚੀਮਾ, ਝਿੰਜਰ, ਚਨਾਰਥਲ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਦੇ ਮਰਹੂਮ ਮੁੱਖ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਰਹੇ ਸਰਪ੍ਰਸਤ ਸ੍ਰ. ਪ੍ਰਕਾਸ ਸਿੰਘ ਬਾਦਲ ਦਾ ਜਨਮ ਦਿਹਾੜਾ 8 ਦਸੰਬਰ ਨੂੰ ਸਦਭਾਵਨਾ ਦਿਵਸ ਵਜੋਂ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ, ਜਿਸ ਦੇ ਸਬੰਧ ਵਿੱਚ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸਵੇਰ 10 ਵਜੇ ਪਾਠ ਦੇ ਭੋਗ ਪਾਏ ਜਾਣਗੇ ਤੇ ਉਪਰੰਤ ਗੁਰੂ ਦਾ ਇਲਾਹੀ ਕੀਰਤਨ ਵੀ ਕੀਤਾ ਜਾਵੇਗਾ।



ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਤੇ ਹਲਕਾ ਫਤਹਗੜ੍ਹ ਸਾਹਿਬ ਦੇ ਇੰਚਾਰਜ ਜਥੇਦਾਰ ਜਗਦੀਪ ਸਿੰਘ ਚੀਮਾ, ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਤੇ ਜ਼ਿਲ੍ਹਾ ਅਕਾਲੀ ਦਲ ਦੇ ਪ੍ਰਧਾਨ ਸ਼ਰਨਜੀਤ ਸਿੰਘ ਚਨਾਰਥਲ ਨੇ ਫਤਿਹਗੜ੍ਹ ਸਾਹਿਬ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

ਆਗੂਆਂ ਨੇ ਕਿਹਾ ਕਿ 8 ਦਸੰਬਰ ਨੂੰ ਸ੍ਰ. ਪ੍ਰਕਾਸ ਸਿੰਘ ਬਾਦਲ ਦੀ ਯਾਦ ਵਿੱਚ ਪਾਰਟੀ ਵੱਲੋਂ ਇਕ ਵਿਸਾਲ ਖੂਨਦਾਨ ਕੈਂਪ ਵੀ ਲਗਾਇਆ ਜਾਵੇਗਾ, ਜਿਸ ਵਿੱਚ ਵੱਡੇ ਪੱਧਰ ਤੇ ਨੌਜਵਾਨਾਂ ਵੱਲੋਂ ਖੂਨ ਦਾਨ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਸ. ਪ੍ਰਕਾਸ ਸਿੰਘ ਬਾਦਲ ਦੀ ਅਗਵਾਈ ਵਾਲੀ ਅਕਾਲੀ ਸਰਕਾਰ ਨੇ ਜੋ ਵਿਕਾਸ ਦੇ ਕਾਰਜ ਕਰਵਾਏ ਉਹਨਾਂ ਨੂੰ ਅੱਜ ਵੀ ਪੰਜਾਬ ਦੀ ਜਨਤਾ ਯਾਦ ਕਰ ਰਹੀ ਹੈ, ਜਦੋਂਕਿ ਅਕਾਲੀ ਸਰਕਾਰ ਤੋਂ ਬਾਅਦ ਕਿਸੇ ਵੀ ਸਰਕਾਰ ਨੇ ਪੰਜਾਬ ਦੇ ਵਿਕਾਸ ਵੱਲ ਕੋਈ ਧਿਆਨ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਪੰਜਾਬ ਦੀ ਜਨਤਾ ਨੂੰ ਅਕਾਲੀ ਸਰਕਾਰ ਵੱਲੋਂ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਮੁੱਖ ਮੰਤਰੀ ਤੀਰਥ ਯਾਤਰਾ, ਆਟਾ ਦਾਲ ਸਕੀਮ, ਬਜ਼ੁਰਗਾਂ, ਵਿਧਵਾਵਾਂ ਨੂੰ ਪੈਨਸ਼ਨ ਸਕੀਮ, ਸਕੂਲਾਂ ਵਿੱਚ ਪੜ੍ਹਾਈ ਲਈ ਜਾਣ ਸਮੇਂ ਵਿਦਿਆਰਥਣਾਂ ਨੂੰ ਸਾਈਕਲ ਦੇਣ, ਪਿੰਡਾਂ ਦੇ ਲੋਕਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਘਰਾਂ ਵਿੱਚ ਹੀ ਦੇਣ ਦੇ ਮਨੋਰਥ ਨਾਲ ਸਾਂਝ ਤੇ ਸੇਵਾ ਕੇਂਦਰ ਸਥਾਪਤ ਕੀਤੇ, ਜਿਨ੍ਹਾਂ ਵਿੱਚ 351 ਦੇ ਲਗਭਗ ਸਹੂਲਤਾਂ ਸਮਾਂ ਬੰਦ ਕਰਕੇ ਅਫਸਰਸ਼ਾਹੀ ਨੂੰ ਜਵਾਬਦੇਹ ਬਣਾਇਆ, ਕਿਸਾਨਾਂ ਨੂੰ ਮੁਫਤ ਬਿਜਲੀ, ਅਨੁਸੂਚਿਤ ਜਾਤੀ ਦੇ ਭਾਈਚਾਰੇ ਨੂੰ ਮੁਫਤ ਬਿਜਲੀ ਦੀ ਸਹੂਲਤ ਸਮੇਤ ਅਨੇਕਾਂ ਯੋਜਨਾਵਾਂ ਸ੍ਰ. ਪ੍ਰਕਾਸ ਸਿੰਘ ਬਾਦਲ ਦੀ ਅਗਵਾਈ ਵਾਲੀ ਅਕਾਲੀ ਸਰਕਾਰ ਵੱਲੋਂ ਹੀ ਆਰੰਭ ਕੀਤੀਆਂ ਗਈਆਂ, ਜਿਸ ਦਾ ਪੰਜਾਬ ਦੀ ਜਨਤਾ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੱਲੋਂ ਪੂਰਾ ਲਾਭ ਦਿੱਤਾ ਗਿਆ ਤੇ ਪੂਰੇ ਪੰਜਾਬ ਵਿੱਚ ਸੜਕਾਂ ਦੇ ਜਾਲ ਵਿਛਾਉਣ ਦੇ ਨਾਲ ਨਾਲ ਰਾਜ ਭਰ ਵਿੱਚ ਸੜਕਾਂ 'ਤੇ ਬ੍ਰਿਜ ਤੇ ਓਵਰ ਬ੍ਰਿਜਾਂ ਦਾ ਨਿਰਮਾਣ ਕਰਨ ਸਮੇਤ ਬਿਜਲੀ ਸਰਪਲਸ ਕਰਨ ਲਈ ਥਰਮਲ ਪਲਾਂਟ ਲਗਾਉਣ ਵਰਗੇ ਪ੍ਰੋਜੈਕਟ ਲਗਾਏ।

## ਦਿ ਐਂਜ ਓਵਰਸੀਜ਼ ਕੰਸਲਟੈਂਟ ਨੇ ਪੂਰੇ ਪਰਵਾਰ ਦਾ ਵੀਜ਼ਾ ਲਗਵਾਇਆ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸਥਾਨਕ ਏ.ਪੀ ਇਨਕਲੇਵ ਵਿਖੇ ਸਥਿਤ ਦਿ ਐਂਜ ਓਵਰਸੀਜ਼ ਕੰਸਲਟੈਂਟ ਧੂਰੀ ਨੇ ਇਲਾਕੇ ਦੇ ਨਾਮਵਰ ਹੋਮਿਓਪੈਥਿਕ ਡਾਕਟਰ ਐੱਚ.ਐਸ. ਮਠਾੜੂ ਸਮੇਤ ਉਨ੍ਹਾਂ ਦੇ ਪੂਰੇ ਪਰਵਾਰ ਦਾ ਕੈਨੇਡਾ ਦਾ ਵਿਜ਼ਿਟਰ ਵੀਜ਼ਾ ਲਗਵਾਇਆ ਹੈ। ਇਸ ਮੌਕੇ ਗੱਲਬਾਤ ਕਰਦਿਆਂ ਡਾ. ਐੱਚ.ਐਸ. ਮਠਾੜੂ ਨੇ ਕੰਪਨੀ ਦੇ ਮੈਨੇਜਿੰਗ ਡਾਇਰੈਕਟਰ ਜਗਸੀਰ ਸਿੰਘ ਜੱਗੀ ਢੀਂਡਸਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਪਣੇ ਸਾਫ਼ ਸੁਥਰੇ ਕੰਮ ਕਾਰਨ ਜਗਸੀਰ ਸਿੰਘ ਜੱਗੀ ਢੀਂਡਸਾ ਦੀ ਅਗਵਾਈ ਹੇਠ ਚੱਲ ਰਹੀ ਦਿ ਐਂਜ ਓਵਰਸੀਜ਼ ਕੰਸਲਟੈਂਟ ਧੂਰੀ ਮਾਲਵੇ ਇਲਾਕੇ ਦੇ ਲੋਕਾਂ ਦਾ ਪੂਰਨ ਭਰੋਸਾ ਬਣ ਗਈ ਹੈ ਅਤੇ ਮੇਰੇ ਸਾਰੇ ਪਰਵਾਰ ਦਾ ਕੈਨੇਡਾ ਦਾ ਵਿਜ਼ਿਟਰ ਵੀਜ਼ਾ ਲਗਵਾ ਕੇ ਦੀ ਐੱਚ ਓਵਰਸੀਜ਼ ਕੰਸਲਟੈਂਟ ਧੂਰੀ ਨੇ ਮੇਰੇ ਸੁਪਨੇ ਨੂੰ ਸਾਕਾਰ ਕੀਤਾ ਹੈ। ਐੱਮ.ਡੀ ਜਗਸੀਰ ਸਿੰਘ ਜੱਗੀ ਢੀਂਡਸਾ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਵਲੋਂ ਵਿਦੇਸ਼ ਜਾਣ ਦੇ ਚਾਹਵਾਨ ਨੌਜਵਾਨਾਂ ਦੀਆਂ ਫਾਇਲਾਂ ਬਹੁਤ ਹੀ ਸਰਲ ਅਤੇ ਸੁਖਾਲੇ ਢੰਗ ਨਾਲ ਅੰਬੈਸੀ ਵਿਚ ਲਗਾ ਕੇ ਉਨ੍ਹਾਂ ਨੂੰ ਵੱਖ-ਵੱਖ ਦੇਸ਼ਾਂ ਦੇ ਵੀਜ਼ੇ ਦਿਵਾ ਕੇ ਉਨ੍ਹਾਂ ਦਾ ਵਿਦੇਸ਼ ਜਾਣ ਦੇ ਸੁਪਨੇ ਸਾਕਾਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾ ਦੀ ਕੰਪਨੀ ਲੰਮੇ ਸਮੇਂ ਤੋਂ ਸਟੱਡੀ ਵੀਜ਼ਾ, ਵਰਕ ਪਰਮਿਟ, ਸਪਾਊਸ ਵੀਜ਼ਾ ਸਮੇਤ ਹੋਰ ਇਮੀਗਰੇਸ਼ਨ ਸੇਵਾਵਾਂ ਸਮੇਤ ਆਈਲੈਟਸ ਅਤੇ ਪੀਟੀਈ ਦੀ ਮਿਆਰੀ ਸਿਖਿਆ ਦੇ ਰਹੀ ਹੈ।



# ਬਹਿਲੋਲਪੁਰ ਮੇਲੇ 'ਚ ਝੰਡੀ ਦੀ ਕੁਸ਼ਤੀ ਜੱਸਾ ਪੱਟੀ ਨੇ ਨਵਦੀਪ ਦਿੱਲੀ ਨੂੰ ਚਿੱਤ ਕਰਕੇ ਜਿੱਤੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਬਹਿਲੋਲਪੁਰ ਵਿਖੇ ਗੁੱਗਾ ਮੈੜੀ ਛਿੰਝ ਕਮੇਟੀ, ਗ੍ਰਾਮ ਪੰਚਾਇਤ, ਪ੍ਰਵਾਸੀ ਵੀਰਾਂ, ਸਮੂਹ ਨਗਰ ਨਿਵਾਸੀਆਂ ਅਤੇ ਬਾਬਾ ਦੀਪਾ ਬਾਬਾ ਫਲਾਹੀ ਵਾਲਿਆਂ ਦੇ ਸਹਿਯੋਗ ਨਾਲ ਸਵ. ਮਨਦੀਪ ਸਿੰਘ ਦੀਪਾ ਦੀ ਯਾਦ ਨੂੰ ਸਮਰਪਿਤ ਵਿਸ਼ਾਲ ਕੁਸ਼ਤੀ ਦੰਗਲ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਰਪੰਚ ਰਮਨਦੀਪ ਸਿੰਘ ਬਹਿਲੋਲਪੁਰ, ਮਨਜੀਤ ਸਿੰਘ ਸਾਬਕਾ ਸਰਪੰਚ ਨੇ ਦੱਸਿਆ ਕਿ ਇਸ ਛਿੰਝ ਦੌਰਾਨ ਝੰਡੀ ਦੀ ਕੁਸ਼ਤੀ ਕਰਵਾਈ ਗਈ ਜਿਹੜੀ ਕਿ ਜੱਸਾ ਪੱਟੀ ਅਤੇ ਨਵਦੀਪ ਦਿੱਲੀ ਦਰਮਿਆਨ ਹੋਈ, ਜਿਸ ਦੌਰਾਨ ਜੱਸਾ ਪੱਟੀ ਨੇ ਕੁਝ ਸਮੇਂ ਦੇ ਅੰਦਰ ਹੀ ਨਵਦੀਪ ਦਿੱਲੀ ਦੀ ਪਿੱਠ ਧਰਤੀ ਨਾਲ ਲਗਾ ਝੰਡੀ ਦੀ ਕੁਸਤੀ ਜਿੱਤ ਲਈ। ਦੋ ਨੰਬਰ ਝੰਡੀ ਦੀ ਕੁਸਤੀ ਤਾਲਿਬ ਬਾਬਾ ਫਲਾਹੀ ਨੇ ਇੱਕ ਤਕੜੇ ਮੁਕਾਬਲੇ ਦੌਰਾਨ ਬਿੰਦਰ ਪਟਿਆਲਾ ਨੂੰ ਚਿੱਤ ਕਰਕੇ ਜਿੱਤੀ। ਇਸ ਤੋਂ ਇਲਾਵਾ ਹੋਰ ਮੁਕਾਬਲਿਆਂ ਦਰਮਿਆਨ ਸੁੱਖ ਮੰਡ ਚੌਂਤਾ ਨੇ ਅਜੇ ਦੋਰਾਹਾ ਨੂੰ, ਗੁਰਨਾਮ ਮਾਛੀਵਾੜਾ ਨੇ ਸ਼ੰਮੀ ਲੁਧਿਆਣਾ ਨੂੰ, ਪਵਿੱਤਰ ਮਲਕਪੁਰ ਨੇ ਰੋਹਿਤ ਦਿੱਲੀ ਨੂੰ, ਸੁਖਮਨ ਮਲਕਪੁਰ ਨੇ ਲੱਡੂ ਖੰਨਾ ਨੂੰ, ਸੁਧੀਰ ਮਾਛੀਵਾੜਾ ਨੇ ਕਾਨ੍ਹਾ ਰੌਣੀ ਨੂੰ ਕ੍ਰਮਵਾਰ ਚਿੱਤ ਕੀਤਾ। ਇਸ ਛਿੰਝ ਦੌਰਾਨ ਦੀਪਾ ਬਾਬਾ ਫਲਾਹੀ ਨੂੰ ਅਤੇ ਪਹਿਲਵਾਨ ਤਾਲਿਬ ਬਾਬਾ ਫਲਾਹੀ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਕੁਸ਼ਤੀ ਦੰਗਲ ਦੇ ਮੁੱਖ ਮਹਿਮਾਨ ਗੁਰਕੀਰਤ ਸਿੰਘ ਕੋਟਲੀ ਸਾਬਕਾ ਕੈਬਨਿਟ ਮੰਤਰੀ ਪੰਜਾਬ, ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਮੇਜਰ ਸਿੰਘ ਬਾਲਿਓਂ ਚੇਅਰਮੈਨ ਮਾਰਕਿਟ ਕਮੇਟੀ ਸਮਰਾਲਾ, ਜਸਮੇਲ ਸਿੰਘ ਬੌਂਦਲੀ ਜ਼ਿਲ੍ਹਾ ਜਥੇਦਾਰ, ਜਤਿੰਦਰ ਸਿੰਘ ਜੋਗਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਕਰਨਵੀਰ ਸਿੰਘ ਢਿੱਲੋਂ ਪ੍ਰਧਾਨ ਨਗਰ ਕੌਂਸਲ ਸਮਰਾਲਾ, ਪਰਮਜੀਤ ਸਿੰਘ ਢਿੱਲੋਂ ਹਲਕਾ ਇੰਚਾਰਜ, ਜਥੇਦਾਰ ਹਰਦੀਪ ਸਿੰਘ ਬਹਿਲੋਲਪੁਰ, ਹਰਚੰਦ ਸਿੰਘ ਮਲਕਪੁਰ, ਪਰਮਿੰਦਰ ਤਿਵਾੜੀ, ਸੇਵਾ ਸਿੰਘ ਐਮ. ਸੀ., ਲਵੀ ਢਿੱਲੋਂ, ਗੁਰਮੁੱਖ ਸਿੰਘ ਬੁਲੇਪੁਰ, ਸਰਪੰਚ ਰਮਨਦੀਪ ਸਿੰਘ ਬਹਿਲੋਲਪੁਰ ਸਰਪੰਚ, ਗੁਰਚਰਨ ਸਿੰਘ ਚਾਹਲ ਸਾਬਕਾ ਪ੍ਰਧਾਨ ਕੋਆਪ: ਸੁਸਾਇਟੀ, ਮਨਜੀਤ ਸਿੰਘ ਸਾਬਕਾ ਸਰਪੰਚ, ਰਾਮੇਸ਼ ਭਾਟੀਆ, ਲਖਵੀਰ ਸਿੰਘ ਲੱਕੀ ਸਾਬਕਾ ਸਰਪੰਚ, ਬਲਵੀਰ ਸਿੰਘ ਸਾਬਕਾ ਸਰਪੰਚ, ਕਰਮਜੀਤ ਸਿੰਘ ਚਹਿਲ, ਭਗਤ ਰਾਮ ਸਿੰਘ, ਹੈਪੀ ਸਰਪੰਚ ਕਾਨ੍ਹਪੁਰ, ਲਖਵਿੰਦਰ ਸਿੰਘ ਫੌਜੀ ਆਦਿ ਨੇ ਜੇਤੂ ਪਹਿਲਵਾਨਾਂ ਨੂੰ ਅਤੇ ਪੁੱਜੇ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਦੰਗਲ ਕਮੇਟੀ ਦੇ ਪ੍ਰਬੰਧਕ ਜਗਜੀਤ ਸਿੰਘ ਸਾਬਕਾ ਪੰਚ, ਲਖਵੀਰ ਸਿੰਘ ਲੱਕੀ, ਹਰਦੀਪ ਸਿੰਘ ਢਿੱਲੋਂ, ਜਸਵੀਰ ਸਿੰਘ, ਕਰਮਜੀਤ ਸਿੰਘ ਬੈਂਸ, ਹਰਦੀਪ ਸਿੰਘ ਗਿੱਲ, ਬੂਟਾ ਪੰਚ, ਸੋਹਣ ਸਿੰਘ ਪੰਚ, ਪਰਮਜੀਤ ਸਿੰਘ ਬੈਂਸ, ਮਲਕੀਤ ਸਿੰਘ ਫੌਜੀ ਆਦਿ ਮੌਜੂਦ ਸਨ।



ਮੇਲੇ ਦੌਰਾਨ ਗੱਦੀ ਨਸ਼ੀਨ ਬਾਬਾ ਫਲਾਹੀ ਦੀਪਾ ਬਾਬਾ ਦਾ ਸਨਮਾਨ ਕਰਦੇ ਹੋਏ ਮੁੱਖ ਮਹਿਮਾਨ ਅਤੇ ਪ੍ਰਬੰਧਕ ਕਮੇਟੀ ਦੇ ਮੈਂਬਰਾਨ।

# ਪੈਟਰੋਲ ਕੰਪਨੀਆਂ ਤੇਲ ਖਪਤਕਾਰਾਂ ਦੀ ਕਰਵਾ ਰਹੀਆਂ ਲੁੱਟ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪੈਟਰੋਲੀਅਮ ਪਦਾਰਥ ਦੇਸ਼ ਦੀ ਆਰਥਿਕ ਅਨਰਜੀ ਦਾ ਅਥਾਹ ਅਧਾਰ ਹੈ। ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਆਮ ਆਦਮੀ ਦੀ ਆਰਥਿਕਤਾ ਦੀ ਪਹੁੰਚ ਤੋਂ ਦੂਰ ਹੋ ਰਿਹਾ ਹੈ। ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ, ਸੁਰਿੰਦਰ ਸਿੰਘ ਪੱਪੀ ਅਤੇ ਸ਼ਮਸ਼ੇਰ ਸਿੰਘ ਨੇ ਪੈਟਰੋਲੀਅਮ ਕੰਪਨੀਆਂ ਦੀ ਪੈਟਰੋਲੀਅਮ ਪਦਾਰਥਾਂ ਵਿਚ ਅੰਨ੍ਹੀ ਕੀਤੀ ਜਾ ਰਹੀ ਲੁੱਟ ਅਤੇ ਪੈਟਰੋਲ ਪੰਪਾਂ ਉਤੇ ਪੈਟਰੋਲ ਪੰਪਾਂ ਦੇ ਮਾਲਕਾਂ ਵਲੋਂ ਕੰਪਨੀਆਂ ਦੀਆਂ ਹਦਾਇਤਾਂ ਅਨੁਸਾਰ ਸਧਾਰਨ ਪੈਟਰੋਲ ਪਾਉਣ ਦੀ ਥਾਂ ਜਬਰਦਸਤੀ ਮਹਿੰਗਾ 'ਐਕਸਟਰਾ ਪਾਵਰ 95' ਪੈਟਰੋਲ ਵਹੀਕਲਾਂ ਵਿਚ ਪਾਉਣ ਦੀ 'ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਅਜਿਹਾ ਕਰਨਾ ਆਮ ਲੋਕਾਂ ਨਾਲ ਵੱਡੀ ਬੇਇਮਾਨੀ ਤੇ ਗੈਰ ਸੰਵਿਧਾਨਕ ਹੈ ਤੇ ਸਾਰਾ ਕੁਝ ਖਪਤਕਾਰਾਂ ਦੀ ਇੱਛਾ ਦੇ ਵਿਰੁੱਧ ਨਜਾਇਜ ਲਾਭ ਲਿਆ ਜਾ ਰਿਹਾ ਹੈ। ਧੀਮਾਨ ਨੇ ਦਸਿਆ ਕਿ ਪੰਪ ਮਾਲਕਾਂ ਵਲੋਂ ਸਰੇਆਮ ਧੱਕਾ ਕੀਤਾ ਜਾ ਰਿਹਾ ਹੈ। ਜਦੋਂ ਕਿ ਦੋਨਾਂ ਤਰ੍ਹਾਂ ਦੇ ਪੈਟਰੋਲ ਦੀ ਕੀਮਤ ਵਿਚ ਵੱਡਾ ਅੰਤਰ ਹੈ। ਸਧਾਰਨ ਪੈਟਰੋਲ ਦਾ ਪ੍ਰਤੀ ਲੀਟਰ ਰੇਟ 98 ਰੁ: 21 ਪੈਸੇ ਅਤੇ 'ਐਕਸਟਰਾ ਪਾਵਰ 95' ਦਾ ਕਰੰਟ ਰੇਟ 104 ਰੁ: 80 ਪੈਸੇ ਹੈ। ਇਹ ਵੀ ਹੈ ਕਿ ਤੇਲ ਕੰਪਨੀਆਂ ਡੀਲਰਾਂ ਨੂੰ ਧੱਕੇ ਨਾਲ ਹੀ ਪਾਵਰ ਪੈਟਰੋਲ ਵਿਕਰੀ ਕਰਨ ਲਹੀ ਭੇਜ ਰਹੀਆਂ ਹਨ ਤੇ ਅਗੋਂ ਡੀਲਰ ਧੱਕੇ ਨਾਲ ਖਪਤਕਾਰਾਂ ਨੂੰ ਗੁੰਮਰਾਹ ਕਰਕੇ ਪਾਵਰ ਪੈਟਰੋਲ ਦੀ ਵਿਕਰੀ ਕਰ ਰਹੀਆਂ ਹਨ ਤੇ ਖਪਤਕਾਰਾਂ ਦੀ ਵੱਡਾ ਨੁਕਸਾਨ ਹੋ ਰਿਹਾ ਤੇ ਹੇਠਲੇ ਪਧੱਰ ਤੇ ਖਪਤਕਾਰ ਅਤੇ ਡੀਲਰਾਂ ਵਿਚ ਕਈ ਵਾਰੀ ਤਕਰਾਰ ਵੀ ਹੋ ਜਾਂਦਾ ਹੈ। ਇਨ੍ਹਾਂ ਦੋਹਾਂ ਦੀ ਕੀਮਤ ਵਿਚ 6 ਰੁ: 59 ਪੈਸੇ ਦਾ ਅੰਤਰ



ਹੈ। ਇਸ ਵਿਚ ਗਲਤੀਆਂ ਸਰਕਾਰਾਂ ਦੀਆਂ ਤੇ ਖਮਿਆਜਾ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ। ਦੂਸਰੇ ਪਾਸੇ ਸਰਕਾਰ ਖੁਦ ਖਪਤਕਾਰਾਂ ਦੇ ਅਧਿਕਾਰਾਂ ਦੀ ਰੱਖਿਆ ਕਰਨ ਦੀ ਥਾਂ ਦਿਨ ਦਿਹਾੜੇ ਸਰੇਆਮ ਦੇਸ਼ ਦੇ ਨਾਗਰਿਕਾਂ ਦੀ ਲੁੱਟ ਕਰਵਾ ਰਹੀਆਂ ਹਨ। ਇਹ ਲੁੱਟ ਕਰੋੜਾਂ ਰਪਏ ਦੀ ਸਰਕਾਰੀ ਕਮਾਈ ਦਾ ਸਾਧਨ ਬਣਿਆ ਪਿਆ ਹੈ। ਧੀਮਾਨ ਨੇ ਕਿਹਾ ਕਿ ਪੈਟਰੋਲ ਅਤੇ ਡੀਜਲ ਉਤੇ ਅਨੇਕਾਂ ਤਰ੍ਹਾਂ ਦੇ ਟੈਕਸ ਲਗਾ ਕਿ ਅਰਬਾਂ ਰੁਪਏ ਦਾ ਟੈਕਸ ਇਕੱਠਾ ਕੀਤਾ ਜਾ ਰਿਹਾ ਹੈ। ਅਜਿਹਾ ਕਰਕੇ ਸਰਕਾਰਾਂ ਗਰੀਬੀ ਅਤੇ ਅਮੀਰੀ ਵਿਚ ਆਰਥਿਕ ਤੇ ਸਮਾਜਿਕ ਵਾਧੇ ਦਾ ਪਾੜਾ ਵਧਾ ਰਹੀ ਹੈ। ਧੀਮਾਨ ਨੇ ਦਸਿਆ ਕਿ ਖਪਤਕਾਰਾਂ ਦੇ ਅਧਿਕਾਰਾਂ ਅਨੁਸਾਰ ਹਰੇਕ ਖਪਤਕਾਰ ਦਾ ਹੱਕ ਬਣਦਾ ਹੈ ਕਿ ਕੰਪਨੀਆਂ ਸਾਰੇ ਖਪਤਕਾਰਾਂ ਨੂੰ ਪੈਟਰੋਲ ਅਤੇ ਡੀਜਲ ਪਵਾਉਣ ਉਤੇ ਬਿੱਲ ਜਾਰੀ ਕਰਨ ਲਤੇ ਹਰੇਕ ਬਿੱਲ ਵਿਚ ਲੋਕਾਂ ਤੋਂ ਲਏ ਜਾਂਦੇ ਟੈਕਸ ਦੀ ਸਾਰੀ ਤਰ੍ਹਾਂ ਦੇ ਟੈਕਸਾਂ ਦੀ ਡੀਟੇਲ ਦੇਣੀ ਲਾਜਮੀ ਕੀਤੀ ਜਾਣੀ ਚਾਹੀਦੀ ਹੈ। ਕਿੰਨੀ ਦੁਖਦਾਈ ਹੈ ਕਿ ਲੋਕਾਂ ਤੋਂ ਟੈਕਸ ਰੇਟਾਂ ਨੂੰ ਛੁਪਾਉਣਾ ਬਹੁਤ ਵੱਡਾ ਫਰਾਡ ਹੈ। ਉਨ੍ਹਾਂ ਕਿਹਾ ਕਿ ਪੈਟਰੋਲ ਅਤੇ ਡੀਜਲ ਨੂੰ ਜੀ ਐਸ ਟੀ ਦੇ ਘੇਰੇ ਅੰਦਰ ਨਾ ਰਖਣਾ ਲੋਕਾਂ ਦੀਆ ਅੱਖਾਂ ਵਿਚ ਘੱਟਾ ਪਾਉਣ ਦੇ ਬਰਾਬਰ ਹੈ। ਇਨ੍ਹਾਂ ਪਦਾਰਥਾਂ ਅੰਦਰ ਐਨਾ ਟੈਕਸ ਹੈ ਕਿ ਹਰ ਕਿਸੇ ਪਸੀਨੇ ਛੁਟ ਸਕਦੇ ਹਨ। ਉਨ੍ਹਾਂ ਨੇ ਕਿਹਾ ਕਿ ਸਭ ਤੋਂ ਵੱਧ ਟਰਾਂਸਪੋਟਰ, ਕਿਸਾਨ ਅਤੇ ਆਮ ਲੋਕ ਇਨ੍ਹਾਂ ਦੀ ਖਪਤ ਕਰਦੇ ਹਨ। ਧੀਮਾਨ ਨੇ ਕਿਹਾ ਕਿ ਜੇ ਵੱਡੇ ਵੱਡੇ ਸਟੋਰਾਂ ਵਿਚ ਜੀਐਸਟੀ ਦੀ ਬਿੱਲਾਂ ਵਿਚ ਐਕਸ ਦੀ ਡੀਟੇਲ ਖਪਤਕਾਰਾਂ ਨੂੰ ਦਿੱਤੀ ਜਾ ਸਕਦੀ ਹੈ ਤੇ ਫਿਰ ਪੈਟਰੋਲ ਅਤੇ ਡੀਜਲ ਵਿਚ ਟੈਕਸਾਂ ਨੂੰ ਕਿਉਂ ਲਕੋਇਆ ਜਾਂਦਾ ਹੈ। ਹਰੇਕ ਦੇਸ਼ ਦੇ ਨਾਗਰਿਕ ਨੂੰ ਬਿੱਲ ਲੈਣ ਅਤੇ ਟੈਕਸ ਦੀ ਡੀਟੇਲ ਜਾਨਣ ਦਾ ਸੰਵਿਧਾਨਕ ਅਧਿਕਾਰ ਹੈ। ਸਾਰੇ ਖਪਤਕਾਰਾਂ ਨੂੰ ਜਾਗਰੂਕ ਹੋਣ ਦੀ ਜ਼ਰੂਰਤ ਹੈ ਤਾਂ ਕਿ ਸਰਕਾਰਾਂ ਦੀ ਇਹ ਲੁੱਟ ਅਤੇ ਉਨ੍ਹਾਂ ਦੁਆਰਾ ਕੀਤੀ ਜਾ ਰਹੀ ਬੇਇਨਸਾਫੀ ਬੰਦ ਹੋ ਸਕੇ। ਧੀਮਾਨ ਨੇ ਦਸਿਆ ਕਿ ਲੇਬਰ ਪਾਰਟੀ ਲੋਕਾਂ ਨੂੰ ਜਾਗਰੂਕ ਕਰਨ ਲਈ ਲੋਕਾਂ ਵਿਚ ਜਾਵੇਗੀ।

# ਪੁਲਸ ਚੌਕੀ ਦੇ ਨੱਕ ਹੇਠਾਂ ਮੁੱਖ ਸੇਵਾ ਕੇਂਦਰ 'ਚੋਂ ਲੱਖਾਂ ਦਾ ਸਮਾਨ ਚੋਰੀ

**ਅਲਾਵਲਪੁਰ (ਮਦਨ ਬੰਗੜ)**

ਪੁਲਸ ਚੌਕੀ ਅਲਾਵਲਪੁਰ ਦੇ ਨਜਦੀਕ ਬੀਤੀ ਰਾਤ ਚੋਰਾਂ ਵੱਲੋਂ ਅਲਾਵਲਪੁਰ ਦੇ ਮੁੱਖ ਸੇਵਾ ਕੇਂਦਰ ਨੂੰ ਨਿਸ਼ਾਨਾ ਬਣਾਇਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਬੇਖੌਫ ਚੋਰਾਂ ਵੱਲੋਂ ਅਲਾਵਲਪੁਰ ਪੁਲਸ ਪ੍ਰਸ਼ਾਸਨ ਦੇ ਪੁਖਤਾ ਪ੍ਰਬੰਧਾਂ ਦੀ ਪੋਲ ਖੋਲਦਿਆਂ ਬੀਤੀ ਰਾਤ ਵੱਡੀ ਵਾਰਦਾਤ ਨੂੰ ਅੰਜਾਮ ਦਿੱਤਾ। ਜ਼ਿਕਰਯੋਗ ਹੈ ਕਿ ਪੁਲਸ ਚੌਕੀ ਤੋਂ ਕੁਝ ਕਦਮਾਂ ਦੀ ਦੂਰੀ 'ਤੇ ਸਥਿਤ ਅਲਾਵਲਪੁਰ ਦਾ ਮੁੱਖ ਸੇਵਾ ਕੇਂਦਰ, ਜਿਸ ਦਾ ਮੁੱਖ ਦੁਆਰ ਪੁਲਸ ਚੌਕੀ ਦੇ ਗੇਟ ਤੋਂ ਸਾਫ ਦਿਖਾਈ ਦਿੰਦਾ ਹੈ ਜਿਸ ਦੀ ਦੂਰੀ ਮਹਿਜ 20 ਸਕਿੰਡਾਂ ਵਿੱਚ ਤੈਅ ਕੀਤੀ ਜਾ ਸਕਦੀ ਹੈ , ਉਸ ਸੇਵਾ ਕੇਂਦਰ ਵਿੱਚ ਬੀਤੀ ਰਾਤ ਚੋਰਾਂ ਨੇ ਮੁੱਖ ਦੁਆਰ ਦੇ ਲੌਕ ਨੂੰ ਤੋੜਿਆ ਤੇ ਲਗਭਗ ਪੰਜ ਕੰਪਿਊਟਰ ,ਕਲਰ ਪ੍ਰਿੰਟਰ, ਐਲਈਡੀ, 16 ਬੈਟਰੀਆਂ ਅਤੇ ਡੀਵੀਆਰ ਅਤੇ ਹੋਰ ਸਮਾਨ ਚੋਰੀ ਕਰ ਲਿਆ। ਇਸ ਸਬੰਧੀ ਸੇਵਾ ਕੇਂਦਰ ਦੇ ਕਰਮਚਾਰੀਆਂ ਨੇ ਦੱਸਿਆ ਕਿ ਲਗਭਗ 7/8 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ । ਥਾਣਾ ਆਦਮਪੁਰ ਤੋਂ ਐਸਐਚਓ ਮਨਜੀਤ ਸਿੰਘ ਅਤੇ ਅਲਾਵਲਪੁਰ ਪੁਲਸ ਪਾਰਟੀ ਵੀ ਮੌਕੇ 'ਤੇ ਪਹੁੰਚੀ। ਇਸ ਦੌਰਾਨ ਮੋਬਾਈਲ ਫਰਾਂਸਿਕ ਫਿੰਗਰ ਪ੍ਰਿੰਟ ਐਕਸਪਰਟ ਟੀਮ ਜਲੰਧਰ ਵੱਲੋਂ ਵੀ ਮੌਕੇ 'ਤੇ ਪਹੁੰਚ ਕੇ ਆਪਣੀ ਕਾਰਵਾਈ ਸ਼ੁਰੂ ਕੀਤੀ ਗਈ ਹੈ। ਸੇਵਾ ਕੇਂਦਰ ਵਿੱਚ ਕੰਮ ਬੰਦ ਹੋਣ ਕਾਰਨ ਪੂਰਾ ਦਿਨ ਇਲਾਕੇ ਭਰ ਤੋਂ ਇਥੇ ਕੰਮ ਕਰਵਾਉਣ ਲਈ ਆਉਣ ਵਾਲੇ ਖਪਤਕਾਰਾਂ ਨੂੰ ਖੱਜਲ ਖੁਆਰ ਹੋ ਕੇ ਵਾਪਸ ਜਾਣਾ ਪਿਆ।

# ਇਰਾਕ 'ਚ ਵੇਚੀਆਂ ਲੜਕੀਆਂ ਨੇ ਸੁਣਾਈਆਂ ਰੌਂਗਟੇ ਖੜੇ ਕਰਨ ਵਾਲੀਆਂ ਕਹਾਣੀਆਂ

**ਜਲੰਧਰ (ਰਾਜੇਸ਼ ਥਾਪਾ)**

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾਂ ਸਦਕਾ ਇਰਾਕ ਵਿੱਚੋਂ ਵਾਪਸ ਆਈਆਂ ਲੜਕੀਆਂ ਨੇ ਆਪਣੀ ਹੱਡਬੀਤੀ ਸੁਣਾਉਂਦਿਆ ਦੱਸਿਆ ਉਨ੍ਹਾਂ ਨੂੰ ਇਰਾਕ ਵਿੱਚ ਟ੍ਰੈਵਲ ਏਜੰਟਾਂ ਨੇ ਵੇਚ ਦਿੱਤਾ ਸੀ। ਇਰਾਕ ਤੋਂ ਵਾਪਸ ਆਈਆਂ ਦੋ ਲੜਕੀਆਂ ਦੇ ਨਾਲ ਮਲੇਸ਼ੀਆਂ ਤੋਂ ਇੱਕ ਲੜਕਾ ਵੀ ਵਾਪਸ ਆਇਆ ਜਿਹੜਾ ਉਥੇ ਜੇਲ੍ਹ ਵਿੱਚ ਫਸਿਆ ਹੋਇਆ ਸੀ। ਇਰਾਕ ਵਿੱਚੋਂ ਆਈਆਂ ਇੰਨ੍ਹਾਂ ਪੀੜਤ ਲੜਕੀਆਂ ਨੇ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਧੰਨਵਾਦ ਕੀਤਾ ਜਿੰਨ੍ਹਾਂ ਦੇ ਕੀਤੇ ਉਪਰਾਲਿਆ ਸਦਕਾ ਉਹ ਮੁੜ ਆਪਣੇ ਘਰੀ ਪਰਤ ਸਕੀਆਂ। ਅਕਤੂਬਰ ਤੇ ਨਵੰਬਰ ਮਹੀਨੇ ਵਿੱਚ 12 ਲੜਕੀਆਂ ਓਮਾਨ ਅਤੇ ਇਰਾਕ ਵਿੱਚੋਂ ਮੰਗਵਾਈਆਂ ਗਈਆਂ ਹਨ ਤੇ ਰਾਜ ਸਭਾ ਮੈਂਬਰ ਬਣਨ ਤੋਂ ਲੈ ਕੇ 60 ਲੜਕੀਆਂ ਵਾਪਸ ਮੰਗਵਾਈਆਂ ਜਾ ਚੁੱਕੀਆਂ ਹਨ। ਸੁਲਤਾਨਪੁਰ ਲੋਧੀ ਨਿਰਮਲ ਕੁਟੀਆ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੋਲੋ ਮੰਗ ਕੀਤੀ ਕਿ ਪੰਜਾਬ ਵਿੱਚ ਟ੍ਰੈਵਲ ਏਜੰਟਾਂ ਦਾ ਇੱਕ ਵੱਡਾ ਗਰੋਹ ਸਰਗਮ ਹੈ,ਜਿਸ ਨੂੰ ਕਾਬੂ ਕਰਨ ਦੀ ਸਖਤ ਲੋੜ ਹੈ। ਉਨ੍ਹਾਂ ਕਿਹਾ ਕਿ ਟ੍ਰੈਵਲ ਏਜੰਟ ਗਰੀਬ ਤੇ ਭੋਲੇ-ਭਾਲੇ ਲੋਕਾਂ ਨੂੰ ਠੱਗ ਰਹੇ ਹਨ ਅਤੇ ਉਨ੍ਹਾਂ ਦੀਆਂ ਨੌਜਵਾਨ ਲੜਕੀਆਂ ਨੂੰ ਖਾੜੀ ਦੇਸ਼ਾਂ ਵਿੱਚ ਲਿਜਾ ਕੇ ਵੇਚ ਰਹੇ ਹਨ। ਇਰਾਕ ਵਿੱਚੋਂ ਵਾਪਸ ਆਈਆਂ ਦੋਵੇਂ ਲੜਕੀਆਂ ਨੇ ਦੱਸਿਆ ਕਿ ਉਹ 10 ਜੁਲਾਈ ਨੂੰ ਇਰਾਕ ਗਈਆਂ ਸਨ ਤੇ ਉਨ੍ਹਾਂ ਨੂੰ ਫਗਵਾੜਾ ਦੀ ਰਹਿਣ ਵਾਲੀ ਮਨਦੀਪ ਕੌਰ ਨਾਂਅ ਦੀ ਟ੍ਰੈਵਲ ਏਜੰਟ ਨੇ 80-80 ਹਾਜ਼ਰ ਲੈ ਕੇ ਪਹਿਲਾ ਦੁਬਈ ਭੇਜਿਆ ਤੇ ਉਥੋਂ 8 ਘੰਟੇ ਏਅਰਪੋਰਟ 'ਤੇ ਰੁਕਣ ਤੋਂ ਬਾਅਦ ਉਨ੍ਹਾਂ ਨੂੰ ਇਰਾਕ ਭੇਜ ਦਿੱਤਾ। ਪੀੜਤ ਲੜਕੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਉਥੇ ਜਾ ਕੇ ਪਤਾ ਲੱਗਾ ਕਿ ਉਨ੍ਹਾਂ ਨੂੰ ਵੇਚ ਦਿੱਤਾ ਗਿਆ ਸੀ। ਉਨ੍ਹਾਂ ਕੋਲੋ ਦੇਰ ਰਾਤ ਤੱਕ ਕੰਮ ਕਰਵਾਇਆ ਜਾਂਦਾ ਸੀ ਤੇ ਕੰਮ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਦੀ ਕੁੱਟਮਾਰ ਵੀ ਕੀਤੀ ਜਾਂਦੀ ਸੀ। ਜਿਹੜੀਆਂ ਲੜਕੀਆਂ ਮਨ੍ਹਾ ਕਰਦੀਆਂ ਸਨ ਉਨ੍ਹਾਂ ਨੂੰ ਨਿਰਵਸਤਰ ਕਰਕੇ ਬਾਥਰੂਮਾਂ ਵਿੱਚ ਬੰਦ ਕਰ ਦਿੱਤਾ ਜਾਂਦਾ ਸੀ। ਪੀੜਤ ਲੜਕੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਇਰਾਕ ਭੇਜਣ ਸਮੇਂ ਟ੍ਰੈਵਲ ਏਜੰਟ ਨੇ ਕਿਹਾ ਸੀ ਕਿ ਰੈਸਟੋਰੈਂਟ ਵਿੱਚ ਕੰਮ 'ਤੇ ਲਾਇਆ ਜਾਵੇਗਾ ਤੇ 50 ਹਾਜ਼ਰ ਮਹੀਨੇ ਦੀ ਤਨਖਾਹ ਦਾ ਲਾਰਾ ਲਾਇਆ ਗਿਆ ਸੀ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਡੀਜੀਪੀ ਗੌਰਵ ਯਾਦਵ ਨੂੰ ਅਪੀਲ ਕੀਤੀ ਕਿ ਟ੍ਰੈਵਲ ਏਜੰਟਾਂ ਵਿਰੁੱਧ ਸਖ਼ਤੀ ਨਾਲ ਨਿੱਜਠਿਆ ਜਾਵੇ ਤਾਂ ਜੋ ਭੋਲੇ ਭਾਲੇ ਲੋਕਾਂ ਨੂੰ ਠੱਗੀ ਤੋਂ ਬਚਾਇਆ ਜਾ ਸਕੇ।



ਜਾਣਕਾਰੀ ਦਿੰਦੇ ਹੋਏ ਸੰਤ ਸੀਚੇਵਾਲ

# 9 ਤੋਂ 11 ਤੱਕ ਮੰਤਰੀਆਂ ਦੇ ਘਰਾਂ ਮੂਹਰੇ ਲਗਾਏ ਜਾਣਗੇ ਰੋਸ ਧਰਨੇ : ਗੁਰਚਰਨ ਅਟਵਾਲ



**ਲੋਹੀਆਂ ਖਾਸ, (ਰੀਨਾ ਸ਼ਰਮਾ, ਯੋਗੇਸ਼ਵਰ)**

ਪੇਂਡੂ ਅਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਸੂਬਾਈ ਸੱਦੇ 'ਤੇ 9 ਤੋਂ 11 ਦਸੰਬਰ ਤੱਕ ਮੰਤਰੀਆਂ ਦਾ ਘਿਰਾਓ ਕੀਤਾ ਜਾਵੇਗਾ। ਜਾਣਕਾਰੀ ਦਿੰਦਿਆਂ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਜੀ ਐੱਸ ਅਟਵਾਲ ਅਤੇ ਸੋਨੂੰ ਸੋਨੂੰ ਅਰੋੜਾ ਨੇ ਕਿਹਾ ਕਿ ਪੇਂਡੂ ਮਜ਼ਦੂਰਾਂ ਵਿਚ ਪੰਜਾਬ ਦੀ ਮਾਨ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਵਾਸਤੇ ਸਾਰੀਆਂ ਹਮ ਖਿਆਲ ਜਥੇਬੰਦੀਆਂ ਦੇ ਸਹਿਯੋਗ ਨਾਲ ਮੰਤਰੀਆਂ ਦੇ ਘਰਾਂ ਮੂਹਰੇ ਲਾਏ ਜਾ ਰਹੇ ਤਿੰਨ ਰੋਜ਼ਾ ਮੋਰਚੇ ਤੋਂ ਪਹਿਲਾਂ ਅਸੀਂ ਹਲਕਾ ਵਿਧਾਇਕਾਂ ਅਤੇ ਇੰਚਾਰਜਾਂ ਰਾਹੀਂ 30 ਨਵੰਬਰ ਤੋਂ 2 ਦਸੰਬਰ ਤੱਕ ਪੰਜਾਬ ਸਰਕਾਰ ਨੂੰ ਮੰਗ ਪੱਤਰ ਦੇ ਰਹੇ ਹਾਂ। ਉਨ੍ਹਾਂ ਕਿਹਾ ਕਿ ਇਸ ਦੀ ਤਿਆਰੀ ਵਜੋਂ ਲੋਹੀਆਂ ਬਲਾਕ ਦੇ ਵੱਖ-ਵੱਖ ਪਿੰਡਾਂ ਧੱਕਾ ਬਸਤੀ, ਨੱਲ੍ਹ, ਮਾਣਕ, ਸਰਦਾਰ ਵਾਲਾ, ਬਦਲੀ, ਅਲੀਵਾਲ, ਮੁਰਾਜਵਾਲਾ, ਚੱਕ ਵਡਾਲਾ, ਕੰਗ ਕਲਾਂ ਵਿੱਚ ਰੈਲੀਆਂ, ਮੀਟਿੰਗਾਂ ਕੀਤੀਆਂ ਗਈਆਂ ਹਨ।

# ਪਧਿਆਣਾ ਵਿਖੇ ਨੌਂਵਾਂ ਕੀਰਤਨ ਦਰਬਾਰ ਭਲਕੇ

**ਆਦਮਪੁਰ (ਪਰਮਜੀਤ ਸਿੰਘ)**— ਮਾਤਾ ਸਾਹਿਬ ਕੌਰ ਜੀ ਦੀ ਯਾਦ ਨੂੰ ਸਮਰਪਿਤ ਨੌਂਵਾਂ ਮਹਾਨ ਕੀਰਤਨ ਦਰਬਾਰ ਕਲਗੀਧਰ ਨੌਜਵਾਨ ਸਭਾ (ਰਜਿ) ਐਨ ਆਰ ਆਈ ਵੀਰਾਂ ਅਤੇ ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀਂਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਸਮਾਗਮ ਸਬੰਧੀ ਪੋਸਟਰ ਜਾਰੀ ਕਰਦੇ ਪ੍ਰਧਾਨ ਹਰਦੀਪ ਸਿੰਘ ਨੇ ਦੱਸਿਆ ਕਿ ਇਹ ਮਹਾਨ ਕੀਰਤਨ ਦਰਬਾਰ 3 ਦਸੰਬਰ ਦਿਨ ਐਤਵਾਰ ਨੂੰ ਪਿੰਡ ਪਧਿਆਣਾ ਦੀ ਗਰਾਉਂਡ ਵਿਖੇ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਸਮਾਗਮ ਦੌਰਾਨ ਭਾਈ ਜਤਿੰਦਰ ਵੀਰ ਸਿੰਘ ਮਲਕਪੁਰ ਵਾਲੇ, ਭਾਈ ਸਰਬਜੀਤ ਸਿੰਘ ਪਟਨਾ ਸਾਹਿਬ ਵਾਲੇ, ਮੀਰੀ ਪੀਰੀ ਜਥਾ ਜਗਾਧਰੀ ਵਾਲੇ, ਬੀਬੀ ਸੰਦੀਪ ਕੌਰ ਪਾਸਲਾ, ਰਾਗੀ , ਢਾਡੀ ਤੇ ਕਥਾਵਾਚਕ ਸ਼ਾਮਲ ਹੋਣਗੇ। ਸਟੇਜ ਸਕੱਤਰ ਦੀ ਸੇਵਾ ਗਿਆਨੀ ਜਰਨੈਲ ਸਿੰਘ ਖਾਲਸਾ ਨਿਭਾਉਣਗੇ। ਇਸ ਮੌਕੇ ਸ਼ਹੀਦ ਬਾਬਾ ਮੱਤੀ ਜੀ ਪ੍ਰਬੰਧਕ ਕਮੇਟੀ, ਸ਼ਹੀਦ ਬਾਬਾ ਮੱਤੀ ਸੇਵਾ ਸੁਸਾਇਟੀ, ਬਲਜੀਤ ਸਿੰਘ ਨੰਬਰਦਾਰ, ਗੁਰਦੇਵ ਸਿੰਘ, ਗੁਰਨਾਮ ਸਿੰਘ, ਜਸਵੀਰ ਸਿੰਘ, ਸਤਨਾਮ ਸਿੰਘ, ਹਰਦੀਪ ਸਿੰਘ, ਪਰਮਾਰ, ਨਿਰਭੈਰ ਸਿੰਘ, ਗੁਰਦਿਆਲ ਸਿੰਘ, ਪ੍ਰੀਤਮ ਸਿੰਘ, ਜਸਵੀਰ ਸਿੰਘ, ਸੁਰਜੀਤ ਸਿੰਘ ਹੈਪੀ, ਲਖਵੀਰ ਸਿੰਘ, ਪਰਮਜੀਤ ਸਿੰਘ, ਭਾਈ ਤਰਲੋਕ ਸਿੰਘ ਨੌਜਵਾਨ ਸਭਾ, ਭਾਈ ਬਚਿੱਤਰ ਸਿੰਘ ਨੌਜਵਾਨ ਸਭਾ ਪਧਿਆਣਾ ਸਮੇਤ ਪਿੰਡ ਵਾਸੀ ਹਾਜਰ ਹੋਏ।

# ਕੱਟੜ ਇਮਾਨਦਾਰ ਦੱਸਣ ਵਾਲੀ ਸਰਕਾਰ ਬੇਈਮਾਨ ਨਿਕਲੀ : ਮਿੱਤਲ



**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**

ਮਾਈਨਿੰਗ ਰਾਹੀਂ 20 ਹਜਾਰ ਕਰੋੜ ਰੁਪਿਆ ਸਰਕਾਰੀ ਖਜਾਨੇ 'ਚ ਪਾਉਣ ਦਾ ਦਾਅਵਾ ਕਰਨ ਵਾਲੀ ਸਰਕਾਰ ਨੇ ਸਰਕਾਰੀ ਖਜਾਨੇ 'ਚ ਪੈਸਾ ਪਾਉਣ ਦੀ ਬਜਾਏ ਆਪਣੀਆਂ ਜੇਬਾਂ ਵਿੱਚ ਪੈਸਾ ਪਾ ਲਿਆ ਹੈ। ਆਪਣੇ ਆਪ ਨੂੰ ਕੱਟੜ ਇਮਾਨਦਾਰ ਦੱਸਣ ਵਾਲੀ ਸਰਕਾਰ ਕੱਟੜ ਬੇਈਮਾਨ ਨਿਕਲੀ। ਇਹ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਸੀਨੀਅਰ ਮੰਤਰੀ ਮਦਨ ਮੋਹਨ ਮਿੱਤਲ ਨੇ ਪਿੰਡ ਬੈਂਸ ਵਿਖੇ ਸੀਨੀਅਰ ਅਕਾਲੀ ਆਗੂ ਮਾ. ਗੁਰਮੁਖ ਸਿੰਘ ਬੈਂਸ ਦੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨਾਂ ਕਿਹਾ ਕਿ ਹੁਣ ਤਾਂ ਮਾਈਨਿੰਗ ਨੇ ਸਾਰੇ ਰਿਕਾਰਡ ਤੋੜ ਦਿੱਤੇ ਹਨ ਜਿਸ ਲਈ ਸਾਡੇ ਹਲਕੇ ਦੇ ਮੰਤਰੀ ਤੇ ਸਰੇਆਮ ਦੋਸ਼ ਲੱਗ ਰਹੇ ਹਨ। ਉਨਾਂ ਕਿਹਾ ਕਿ ਸਿੱਖਿਆ ਤੇ ਸਿਹਤ 'ਚ ਕ੍ਰਾਂਤੀਕਾਰੀ ਸੁਧਾਰ ਲਿਆਉਣ ਦੀ ਗੱਲ ਕਰਨ ਵਾਲੇ ਤੇ ਦਿੱਲੀ ਮਾਡਲ ਦਾ ਪ੍ਰਚਾਰ ਕਰਨ ਵਾਲੀ ਆਪ ਦਾ ਦਿੱਲੀ ਦਾ ਸਿੱਖਿਆ ਮੰਤਰੀ ਤੇ ਸਿਹਤ ਮੰਤਰੀ ਇਸ ਸਮੇਂ ਜੇਲ੍ਹ ਦੀ ਹਵਾ ਫੱਕ ਰਹੇ ਹਨ। ਉਨਾਂ ਕਿਹਾ ਕਿ ਪੰਜਾਬ 'ਚ ਅਮਨ ਕਾਨੂੰਨ ਦੀ ਸਥਿਤੀ ਬਦ ਤੋਂ ਬਦਤਰ ਹੋ ਗਈ ਹੈ। ਕਤਲ, ਲੁੱਟਾਂ-ਖੋਹਾਂ ਤੇ ਫਿਰੌਤੀ ਮੰਗਣ ਦੀਆਂ ਘਟਨਾਵਾਂ ਆਮ ਹੋ ਗਈਆਂ ਹਨ। ਨਸ਼ੇ ਨਾਲ ਨੌਜਵਾਨ ਮਰ ਰਹੇ ਹਨ ਤੇ ਨਸ਼ਾ ਪਹਿਲਾਂ ਨਾਲੋਂ ਵੱਧ ਵਿਕ ਰਿਹਾ ਹੈ ਪ੍ਰੰਤੂ ਪੁੱਛਣ ਵਾਲਾ ਕੋਈ ਨਹੀਂ ਰਿਹਾ। ਸਾਬਕਾ ਮੰਤਰੀਆਂ 'ਤੇ ਵਿਜੀਲੈਂਸ ਵੱਲੋਂ ਕੀਤੀ ਕੀਤੀ ਜਾ ਰਹੀ ਕਾਰਵਾਈ 'ਤੇ ਗੱਲ ਕਰਦਿਆਂ ਮਿੱਤਲ ਨੇ ਕਿਹਾ ਕਿ ਇਹ ਸਿਰਫ ਉਨਾਂ ਨੂੰ ਡਰਾਉਣ ਤੇ ਉਨਾਂ ਦੀ ਇਮੇਜ ਖਰਾਬ ਕਰਨ ਲਈ ਹੀ ਕੀਤਾ ਜਾ ਰਿਹਾ ਹੈ ਪ੍ਰੰਤੂ ਅਸੀਂ ਭ੍ਰਿਸ਼ਟਾਚਾਰੀਆਂ ਨੂੰ ਸਜਾ ਦਿਵਾਉਣ ਦੇ ਹੱਕ ਵਿੱਚ ਹਾਂ।

# 'ਗੱਡੀ' ਗੀਤ ਦੀ ਰਿਕਾਰਡਿੰਗ ਮੁਕੰਮਲ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਮਿਸ਼ਨਰੀ ਗਾਇਕ ਰਾਜ ਦਦਰਾਲ ਨੇ ਹੁਣ 225 ਦੇ ਕਰੀਬ ਕ੍ਰਾਂਤੀਕਾਰੀ ਗੀਤ ਸਮਾਜ ਦੀ ਝੋਲੀ ਪਾਏ ਹਨ। ਦੱਸਣਯੋਗ ਹੈ ਕਿ 2009 ਤੋਂ ਲੈ ਕੇ ਗਾਇਕ ਰਾਜ ਦਦਰਾਲ ਨੇ ਹੁਣ ਤੱਕ ਹਰ ਸਾਲ ਦੀ ਤਰ੍ਹਾਂ ਸਤਿਗੁਰੂ ਰਵਿਦਾਸ ਮਹਾਰਾਜ ਦੇ ਚਰਨਾਂ ਵਿੱਚ ਆਪਣੇ ਹਾਜਰੀ ਜ਼ਰੂਰ ਲਗਵਾਈ ਹੈ। ਧੰਨ-ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 647ਵੇਂ ਪ੍ਰਕਾਸ਼ ਉਤਸਵ 'ਤੇ ਰਿਲੀਜ ਹੋਣ ਵਾਲਾ ਸਿੰਗਲ ਟ੍ਰੈਕ ਧਾਰਮਿਕ ਗੀਤ 'ਗੱਡੀ' ਦੀ ਰਿਕਾਰਡਿੰਗ ਪ੍ਰਸਿੱਧ ਮਿਊਜ਼ਿਕ ਡਾਇਰੈਕਟਰ ਬੀ ਆਰ ਡਿਮਾਣਾ ਅਤੇ ਰਵੀ ਡਿਮਾਣਾ ਦੇ ਸੰਗੀਤ ਵਿੱਚ ਗਾਇਕ ਰਾਜ ਦਦਰਾਲ ਤੇ ਗਾਇਕਾ ਸਰਬਜੀਤ ਮੱਟੂ ਵੱਲੋਂ ਮੁਕੰਮਲ ਕਰ ਲਈ ਗਈ ਹੈ। ਗੀਤ ਨੂੰ ਮਿਸ਼ਨਰੀ ਗੀਤਕਾਰ ਅਮਰਜੀਤ ਬੇਗਮਪੁਰੀ ਕਨੇਡਾ ਨੇ ਲਿਖਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਗਾਇਕ ਰਾਜ ਦਦਰਾਲ ਤੇ ਸਰਬਜੀਤ ਮੱਟੂ ਦੱਸਿਆ ਕਿ ਸਾਡੇ ਪਹਿਲੇ ਆਏ ਗੀਤ ਦਰਸ਼ਨ ਕਾਂਸੀ ਵਾਲੇ ਮੰਦਿਰ ਦੇ ਨੂੰ ਵੀ ਸੰਗਤਾਂ ਨੇ ਬਹੁਤ ਮਾਣ ਸਨਮਾਨ ਦਿੱਤਾ ਹੈ। 'ਗੱਡੀ' ਦਾ ਵੀਡੀਓ ਹਿਮਾਚਲ ਦੀਆਂ ਖ਼ੂਬਸੂਰਤ ਲੋਕੇਸ਼ਨਾਂ 'ਤੇ ਕੀਤਾ ਜਾਵੇਗਾ, ਜਿਸ ਨੂੰ ਮੇਲਾ ਇੰਟਰਟੇਨਰਜ ਕੰਪਨੀ ਕਨੇਡਾ ਅਤੇ ਆਰ ਐਮ ਟੂ ਵੀਡੀਓ ਕੰਪਨੀ ਵੱਲੋਂ ਵਿਸ਼ਵ ਪੱਧਰ 'ਤੇ ਰਿਲੀਜ਼ ਕੀਤਾ ਜਾਵੇਗਾ।



# ਘੁੰਮਣਾ ਵਿਖੇ ਸ੍ਰੀ ਕ੍ਰਿਸ਼ਨ ਦੀ ਯਾਦ 'ਚ ਮੇਲਾ ਮਨਾਇਆ



**ਬਹਿਰਾਮ (ਅਵਤਾਰ ਕਲੇਰ)**

ਬੰਗਾ ਹਲਕੇ ਦੇ ਪਿੰਡ ਘੁੰਮਣਾ ਵਿਖੇ ਸ੍ਰੀ ਕ੍ਰਿਸ਼ਨ ਲੀਲਾ ਭਵਨ ਟਰੱਸਟ , ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਭਗਵਾਨ ਸ੍ਰੀ ਕ੍ਰਿਸ਼ਨ ਦੀ ਯਾਦ ਵਿੱਚ 89ਵਾਂ ਸਲਾਨਾ ਮੇਲਾ ਮਨਾਇਆ ਗਿਆ । ਇਸ ਤਿੰਨ ਰੋਜਾ ਮੇਲੇ ਦੌਰਾਨ ਝੰਡੇ ਦੀ ਰਸਮ , ਹਵਨ ਯੱਗ ਉਪਰੰਤ ਵੱਖ ਵੱਖ ਕਲਾਕਾਰਾਂ ਵਲੋਂ ਵਿਰਸੇ ਨਾਲ ਸੰਬੰਧਤ , ਸਮਾਜਿਕ ਬੁਰਾਈਆਂ ਅਤੇ ਨਸ਼ਿਆਂ ਵਿਰੁੱਧ ਝਾਕੀਆਂ ਪੇਸ਼ ਕੀਤੀਆਂ ਗਈਆਂ । ਅੰਤ ਵਿੱਚ ਸ੍ਰੀ ਕ੍ਰਿਸ਼ਨ ਅਤੇ ਕੰਸ ਦਾ ਯੁੱਧ ਹੋਇਆ ਜਿਸ ਵਿੱਚ ਕੰਸ ਮਾਰਿਆ ਗਿਆ । ਕੰਸ ਦਾ ਪੁਤਲਾ ਸੜਿਆ ਗਿਆ । ਬਾਬਾ ਮਾਣੇ ਸ਼ਾਹ ਜੀ ਨੂੰ ਪ੍ਰਬੰਧਕ ਕਮੇਟੀ ਵਲੋਂ ਸਨਮਾਨਿਤ ਕੀਤਾ ਗਿਆ । ਚੇਅਰਮੈਨ ਯੋਗੇਸ਼ ਕੁਮਾਰ ਬਿੱਟੂ ਨੇ ਸਾਰਿਆਂ ਦਾ ਧੰਨਵਾਦ ਕੀਤਾ । ਇਸ ਮੌਕੇ ਰੇਸ਼ਮ ਸਿੰਘ , ਸਰਪੰਚ ਧਰਮ ਪਾਲ ਬੈਂਸ , ਫੌਜੀ ਘੁੰਮਣ , ਜਸਵੰਤ ਭੰਵਰਾ , ਸੋਤਾ ਘੁੰਮਣ , ਬਲਜਿੰਦਰ ਘੁੰਮਣ , ਅਮਰਜੀਤ ਸਰੋਏ , ਸੁਰਜੀਤ ਲਾਲ , ਸੋਨੂੰ , ਰਾਕੇਸ਼ ਕੁਮਾਰ , ਕੇਵਲ ਸਿੰਘ ਪੰਚ , ਪੁਨੀਤ ਕੁਮਾਰ ਪੰਚ , ਬਿੱਟੂ ਠੁਕਰਾਲ , ਪਰਮਜੀਤ ਭੋਗਲ , ਬਾਬਾ ਬੂਟੇ ਸਾਹ , ਹੁਸਨ ਸਿੰਘ ਘੁੰਮਣ , ਕੇਹਰ ਸਿੰਘ , ਨੰਬਰਦਾਰ ਜਸਪਾਲ ਸਿੰਘ ਆਦਿ ਹਾਜਰ ਸਨ।

# ਕੋਟ ਫਤੂਹੀ ਬਲਾਕ ਦੇ ਮਿਡ ਡੇ ਮੀਲ ਵਰਕਰਾਂ ਦੀ ਹੋਈ ਅਹਿਮ ਮੀਟਿੰਗ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਕੋਟ ਫਤੂਹੀ ਬਲਾਕ ਦੇ ਮਿਡ ਡੇ ਮੀਲ ਵਰਕਰ ਯੂਨੀਅਨ ਦੀ ਇਕ ਅਹਿਮ ਮੀਟਿੰਗ ਬਲਾਕ ਪ੍ਰਧਾਨ ਅਮਰਵੀਰ ਕੌਰ ਅਤੇ ਸੂਬਾ ਜਨਰਲ ਸਕੱਤਰ ਕਮਲਜੀਤ ਕੌਰ ਖੜੋਦੀ ਦੀ ਅਗਵਾਈ ਵਿੱਚ ਅੱਡਾ ਈਸਪੁਰ ਵਿਖੇ ਹੋਈ। ਮੀਟਿੰਗ ਵਿੱਚ ਪੰਜਾਬ ਸਰਕਾਰ ਦੁਆਰਾ ਲਗਾਤਾਰ ਮਿਡ ਡੇ ਮੀਲ ਵਰਕਰਾਂ ਨਾਲ ਹੋ ਰਹੇ ਸੋਸ਼ਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਬਲਾਕ ਦੀਆਂ ਵੱਖ ਵੱਖ ਸਕੂਲਾਂ ਤੋਂ ਮਿਡ ਡੇ ਮੀਲ ਵਰਕਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਆਪਣੇ ਸੰਬੋਧਨ ਦੌਰਾਨ ਜਨਰਲ ਸਕੱਤਰ ਕਮਲਜੀਤ ਕੌਰ ਖੜੋਦੀ ਅਤੇ ਬਲਾਕ ਪ੍ਰਧਾਨ ਅਮਰਵੀਰ ਕੌਰ ਵੱਲੋਂ ਕਿਹਾ ਗਿਆ ਕਿ 'ਆਪ' ਸਰਕਾਰ ਬਣੀ ਨੂੰ ਲਗਭਗ 21 ਮਹੀਨੇ ਹੋ ਚੁੱਕੇ ਹਨ ਪ੍ਰੰਤੂ ਅਜੇ ਤੱਕ ਪੰਜਾਬ ਸਰਕਾਰ ਵੱਲੋਂ ਮਿਡ ਡੇ ਮੀਲ ਵਰਕਰਾਂ ਨੂੰ ਚੋਣਾਂ ਦੌਰਾਨ ਦਿੱਤੀਆਂ ਗਈਆਂ ਗਰੰਟੀਆਂ ਪੂਰੀਆਂ ਨਹੀਂ ਕੀਤੀਆਂ ਗਈਆਂ। ਆਗੂਆਂ ਵੱਲੋਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਚੋਣਾਂ ਦੌਰਾਨ ਪੰਜਾਬ ਸਰਕਾਰ ਦੁਆਰਾ ਮਿੱਡੇ ਵੀ ਵਰਕਰਾਂ ਨੂੰ ਸਬਜਬਾਗ ਦਿਖਾ ਕੇ ਵੋਟਾਂ ਤਾਂ ਲੈ ਲਈਆਂ ਪਰੰਤੂ ਉਹਨਾਂ ਨੂੰ ਨਾ ਤਾਂ 18 ਹਜਾਰ ਪ੍ਰਤੀ ਮਹੀਨਾ ਤਨਖਾਹ ਕੀਤੀ, ਨਾ ਕੋਈ ਸਿਹਤ ਬੀਮਾ, ਵਰਦੀਆਂ ਅਤੇ ਦੁਰਘਟਨਾ ਬੀਮਾ ਸ਼ੁਰੂ ਕੀਤਾ। ਜਦਕਿ ਸਾਡੇ ਗੁਆਂਢੀ ਸੂਬੇ ਹਰਿਆਣਾ 'ਚ ਮਿਡ-ਡੇ-ਮੀਲ ਵਰਕਰਾਂ ਨੂੰ 6500 ਰੁਪਏ ਮਾਣਭੱਤਾ ਮਿਲਦਾ ਹੈ। ਸਰਕਾਰ ਦੀ ਟਾਲਮਟੋਲ ਨੀਤੀ ਤੋਂ ਅੱਕ ਕੇ ਸੂਬਾ ਕਮੇਟੀ ਵੱਲੋਂ ਲਾਏ ਗਏ ਫੈਸਲੇ



ਅਨੁਸਾਰ 10 ਦਸੰਬਰ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਵਿਧਾਨ ਸਭਾ ਹਲਕੇ ਦਿੜਬਾ ਸੰਗਰੂਰ ਵਿਖੇ ਇੱਕ ਵੱਡੀ ਪੋਲ ਖੋਲ ਰੈਲੀ ਕੀਤੀ ਜਾ ਰਹੀ ਹੈ ਅਤੇ ਇਸ ਰੈਲੀ ਵਿੱਚ ਕੋਟ ਫਤੂਹੀ ਬਲਾਕ ਤੋਂ ਮਿਡ ਡੇ ਮੀਲ ਵਰਕਰਾਂ ਦਾ ਇੱਕ ਭਾਰੀ ਇਕੱਠ ਇਸ ਸ਼ਾਮਲ ਹੋਣ ਲਈ ਜਾਵੇਗਾ। ਮਿਡ ਡੇ ਮੀਲ ਵਰਕਰਾਂ ਦੁਆਰਾ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜੀ ਕੀਤੀ ਗਈ। ਇਸ ਮੌਕੇ ਰਾਜ ਕੁਮਾਰੀ, ਜੀਵਨ, ਸਿਮਰਜੀਤ ਕੌਰ, ਜਸਬੀਰ ਕੌਰ, ਸਰਬਜੀਤ ਕੌ, ਅਵਤਾਰ ਕੌਰ, ਕੁਲਵਿੰਦਰ ਕੌਰ, ਬਿੰਦਰ, ਰੂਪਾ, ਕੁਲਵੀਰ ਕੌਰ, ਬਲਜੀਤ ਕੌਰ, ਮੀਨਾ, ਸੁਰਜੀਤ ਕੌਰ, ਬਖਸ਼ੋ, ਸਤਿਆ ਦੇਵੀ, ਜਮੁਨਾ ਦੇਵੀ ਅਤੇ ਕਈ ਹੋਰ ਮਿਡ-ਡੇ-ਮੀਲ ਵਰਕਰ ਮੌਜੂਦ ਸਨ।

# ਲਾਇਲਪੁਰ ਖ਼ਾਲਸਾ ਕਾਲਜ ਦੇ ਐਲ ਏ ਮਨੀ ਰਾਮ ਸ਼ਾਨਦਾਰ ਸੇਵਾਵਾਂ ਦੇਣ ਉਪਰੰਤ ਸੇਵਾ-ਮੁਕਤ

**ਜਲੰਧਰ (ਸ਼ੈਲੀ ਐਲਬਰਟ)**

ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦਾ ਐਲ.ਏ. ਮਨੀ ਰਾਮ, ਕਾਲਜ ਨੂੰ 34 ਸਾਲ ਦੀਆਂ ਸ਼ਾਨਦਾਰ ਸੇਵਾਵਾਂ ਦੇਣ ਉਪਰੰਤ ਸੇਵਾ ਮੁਕਤ ਹੋ ਗਏ ਹਨ। ਇਸ ਸੁਹਿਰਦ ਕਰਮਚਾਰੀ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ। ਕਾਲਜ ਦੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਮਨੀ ਰਾਮ ਦੁਆਰਾ ਕਾਲਜ ਨੂੰ ਦਿੱਤੀਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਹਨਾਂ ਦੀ ਲੰਮੀ ਉਮਰ, ਤੰਦਰੁਸਤੀ ਤੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ।। ਉਹਨਾਂ ਕਿਹਾ ਕਿ ਮਨੀ ਰਾਮ ਇੱਕ ਮਿਹਨਤੀ ਕਰਮਚਾਰੀ ਸਨ ਅਤੇ ਉਨ੍ਹਾਂ ਵਲੋਂ ਕਾਲਜ ਨੂੰ ਦਿੱਤੀਆਂ ਸੇਵਾਵਾਂ ਨੂੰ ਭੁਲਾਇਆ ਨਹੀਂ ਜਾ ਸਕਦਾ। ਇਸ ਮੌਕੇ ਸੇਵਾਮੁਕਤ ਹੋ ਰਹੇ ਮਨੀ ਰਾਮ ਨੇ ਕਾਲਜ ਦੇ ਪ੍ਰਿੰਸੀਪਲ ਅਤੇ ਸਟਾਫ ਵਲੋਂ ਮਿਲੇ ਸਹਿਯੋਗ ਦੀ ਲਈ ਧੰਨਵਾਦ ਕੀਤਾ।ਇਸ ਮੌਕੇ ਰਾਣਾ ਰਲਹਨ, ਅਕਾਊਂਟਸ ਸੁਪਰਡੈਂਟ, ਕੰਵਰ ਸੁਖਜੀਤ ਸਿੰਘ, ਦਫਤਰ ਸੁਪਰਡੈਂਟ, ਜਗਦੀਸ਼ ਸਿੰਘ, ਸੁਰਿੰਦਰ ਕੁਮਾਰ ਚਲੋਤਰਾ ਪੀ.ਏ. ਟੂ ਪ੍ਰਿੰਸੀਪਲ, ਅਤੇ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।



# ਭਲਾਈ ਕੈਂਪ ਦਾ ਵੱਧ ਤੋਂ ਵੱਧ ਲਾਹਾ ਲਿਆ ਜਾਵੇ : ਕਾਕੜ ਕਲਾਂ, ਰਣਜੀਤ ਕੌਰ

**ਮਹਿਤਪੁਰ (ਰਾਜਾ)**

ਭਾਰਤ ਸਰਕਾਰ ਵੱਲੋਂ ਜਾਰੀ ਸਕੀਮ ਵਿਸ਼ਵਕਰਮਾ ਸਕੀਮ ਤਹਿਤ ਯੋਗ ਵਿਅਕਤੀਆਂ ਦੇ ਕੰਮਾਂ ਦੀ ਜਾਣਕਾਰੀ ਦਿੰਦਿਆਂ ਰਣਜੀਤ ਕੌਰ ਸਮਾਜ ਸੇਵਕ ਪਤਨੀ ਰਤਨ ਸਿੰਘ ਕਾਕੜ ਕਲਾਂ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਸ਼ਾਹਕੋਟ ਨੇ ਸਾਂਝੇ ਤੌਰ ਦੱਸਿਆ ਕਿ ਸਰਕਾਰ ਵੱਲੋਂ ਸਮੇਂ ਸਮੇਂ 'ਤੇ ਚਲਾਏ ਜਾਂਦੇ ਲੋਕ ਭਲਾਈ ਕੰਮਾਂ ਦੀ ਲੜੀ ਤਹਿਤ ਮਾਰਕੀਟ ਕਮੇਟੀ ਦਫ਼ਤਰ ਮਹਿਤਪੁਰ ਵਿਖੇ 7 ਦਸੰਬਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਭਲਾਈ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਭਲਾਈ ਸਕੀਮ ਦਾ ਲਾਹਾ ਦਰਜੀ, ਨਾਈ, ਬਿਊਟੀ ਪਾਰਲਰ, ਰਾਜ ਮਿਸਤਰੀ, ਗਮਲੇ, ਦੀਵੇ, ਘਵੇ ਬਣਾਉਣ ਵਾਲੇ ਘੁਮਿਆਰ, ਤਰਖਾਣ, ਧੋਬੀ, ਲੁਹਾਰ, ਸੁਨਿਆਰ, ਕਿਸ਼ਤੀ ਬਣਾਉਣ ਵਾਲੇ, ਮੋਚੀ ਬੂਟ ਬਣਾਉਣ ਵਾਲੇ, ਖਿਡਾਉਣੇ ਬਣਾਉਣ ਵਾਲੇ, ਹਥੌੜੇ ਟੂਲ ਕਿੱਟ ਅਤੇ ਹੋਰ ਛੋਟਾ ਸਮਾਨ ਬਣਾਉਣ ਵਾਲੇ, ਤਾਲੇ ਬਣਾਉਣ ਵਾਲੇ, ਮਾਲਾ ਬਣਾਉਣ ਵਾਲੇ, ਪੱਥਰ, ਲੱਕੜੀ, ਮਿੱਟੀ ਤੋਂ ਮੂਰਤੀ ਬਣਾਉਣ ਵਾਲੇ ਮੂਰਤੀਕਾਰ, ਆਰਮਰ ਹਥਿਆਰ ਬਣਾਉਣ ਵਾਲੇ, ਟੋਕਰੀ, ਟੋਕਰੇ, ਮੈਟ, ਝਾੜੂ ਬਣਾਉਣ ਵਾਲੇ ਵਿਅਕਤੀ ਇਸ ਸਕੀਮ ਦਾ ਲਾਹਾ ਲੈ ਸਕਦੇ ਹਨ, ਇਸ ਸਕੀਮ ਤਹਿਤ ਹਰ ਵਿਅਕਤੀ 10 ਹਜ਼ਾਰ ਤੋਂ ਲੈ ਕੇ 30 ਹਜ਼ਾਰ ਰੁਪਏ ਤੱਕ ਦਾ ਲੋਨ ਵੀ ਲੈ ਸਕਦਾ ਹੈ। ਜਿਸ ਦਾ ਵਿਆਜ 5% ਹੋਵੇਗਾ। ਇਸ ਸਕੀਮ ਤਹਿਤ ਪਹਿਲਾਂ ਪੰਜ ਤੋਂ 15 ਦਿਨ ਦੀ ਟ੍ਰੇਨਿੰਗ ਹੋਣੀ ਹੈ ਜਿਸ ਦੇ ਲਈ ਉਹਨਾਂ ਨੂੰ 500 ਰੁਪਏ ਇੱਕ ਦਿਨ ਦੇ ਮਿਲਣਗੇ ਟ੍ਰੇਨਿੰਗ ਤੋਂ ਬਾਅਦ ਸਰਕਾਰ ਵੱਲੋਂ ਇੱਕ ਆਈ ਡੀ ਕਾਰਡ ਅਤੇ ਸਰਟੀਫਿਕੇਟ ਮਿਲੇਗਾ ਅਤੇ 15000 ਹਜ਼ਾਰ ਰੁਪਏ ਤੱਕ ਦੇ ਟੂਲ ਖਰੀਦਣ ਵਾਸਤੇ ਇੱਕ ਵਾਊਚਰ ਵੀ ਮਿਲੇਗਾ। ਇਸ ਸਕੀਮ ਦਾ ਫ਼ਾਇਦਾ ਲੈਣ ਵਾਲੇ ਵਿਅਕਤੀ ਆਪਣਾ ਅਧਾਰ ਕਾਰਡ ਅਤੇ ਫੋਨ ਨੰਬਰ ਜੋ ਅਧਾਰ ਕਾਰਡ ਨਾਲ ਲਿੰਕ ਹੋਵੇ, ਪੈਨ ਕਾਰਡ, ਬੈਂਕ ਖਾਤੇ ਦੀ ਫੋਟੋ ਕਾਪੀ, ਪਾਸਪੋਰਟ ਸਾਈਜ਼ ਫੋਟੋਆਂ ਨਾਲ ਲੈ ਕੇ ਆਉਣ, ਇਸ ਸਬੰਧੀ ਰਤਨ ਸਿੰਘ ਕਾਕੜ ਕਲਾਂ ਅਤੇ ਉਨਾਂ ਦੀ ਧਰਮ ਪਤਨੀ ਰਣਜੀਤ ਕੌਰ ਸਮਾਜ ਸੇਵਕ ਨੇ ਸਾਂਝੇ ਤੌਰ 'ਤੇ ਇਸ ਸਕੀਮ ਦਾ ਲਾਹਾ ਲੈਣ ਵਾਲੇ ਕਿਰਤੀਆਂ ਨੂੰ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਵੀ ਕੀਤੀ।

# ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਵਿਧਾਇਕ ਅਰੋੜਾ ਨੂੰ ਦਿੱਤਾ ਯਾਦ-ਪੱਤਰ

**ਜਲੰਧਰ (ਰਾਜੇਸ਼ ਥਾਪਾ)**

ਪੇਂਡੂ ਤੇ ਖੇਤ ਮਜਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਸੱਦੇ 'ਤੇ ਦਿਹਾਤੀ ਮਜਦੂਰ ਸਭਾ ਦੇ ਸੂਬਾ ਜੁਆਇੰਟ ਸਕੱਤਰ ਬਲਦੇਵ ਸਿੰਘ ਨੂਰਪੁਰੀ, ਪੰਜਾਬ ਖੇਤ ਮਜਦੂਰ ਸਭਾ ਦੇ ਸੂਬਾ ਆਗੂ ਰਾਜਿੰਦਰ ਮੰਡ ਐਡਵੋਕੇਟ ਦੀ ਅਗਵਾਈ ਵਿੱਚ ਮਜਦੂਰਾਂ ਦੀਆਂ ਭਖਦੀਆਂ ਮੰਗਾਂ ਦੇ ਹੱਲ ਲਈ ਜਲੰਧਰ ਸੈਂਟਰਲ ਹਲਕਾ ਤੋਂ ਵਿਧਾਇਕ ਰਮਨ ਅਰੋੜਾ ਨੂੰ ਮੰਗ ਪੱਤਰ ਸੌਂਪਿਆ ਗਿਆ। ਜਿਸ ਵਿੱਚ ਮੰਗ ਕੀਤੀ ਗਈ ਕਿ ਬੇਘਰੇ ਤੇ ਲੋੜਵੰਦਾਂ ਨੂੰ 10-10 ਮਰਲੇ ਦੇ ਰਿਹਾਇਸ਼ੀ ਪਲਾਟ, ਮਕਾਨ ਉਸਾਰੀ ਲਈ ਪੰਜ ਲੱਖ ਦੀ ਗ੍ਰਾਂਟ, ਕੱਟੇ ਹੋਏ ਪਲਾਟਾਂ ਦੇ ਕਬਜੇ ਦੇਣ, ਮਨਰੇਗਾ ਕਾਨੂੰਨ ਤਹਿਤ ਸਾਰਾ ਸਾਲ ਕੰਮ ਅਤੇ 700 ਰੁਪਏ ਦਿਹਾੜੀ , ਬੁਢਾਪਾ, ਵਿਧਵਾ, ਅੰਗਹੀਣ ਅਤੇ ਆਸ਼ਰਿਤਾਂ ਨੂੰ 5000/ਰੁਪਏ ਪ੍ਰਤੀ ਮਹੀਨਾ ਪੈਨਸ਼ਨ ,ਉਮਰ ਦੀ ਹੱਦ ਔਰਤਾਂ ਲਈ 55 ਸਾਲ ਅਤੇ ਮਰਦਾਂ ਲਈ 58 ਸਾਲ ਕਰਨ, ਜਨਤਕ ਵੰਡ ਪ੍ਰਣਾਲੀ ਰਾਹੀਂ ਨਿੱਤ ਵਰਤੋਂ ਦੀਆਂ ਚੀਜਾਂ ਸਸਤੇ ਭਾਅ 'ਤੇ ਸਰਕਾਰੀ ਡਿਪੂਆਂ ਤੋਂ ਸਪਲਾਈ ਕਰਨ, ਮਜਦੂਰਾਂ ਸਿਰ ਚੜ੍ਹਿਆ ਸਰਕਾਰੀ ਤੇ ਗੈਰ ਸਰਕਾਰੀ ਕਰਜਾ (ਸਮੇਤ ਮਾਈਕਰੋ ਫਾਇਨਾਂਸ ਕੰਪਨੀ) ਮੁਆਫ ਕਰਨ, ਸਿੱਖਿਆ ਤੇ ਸਿਹਤ ਸਹੂਲਤਾਂ ਦਾ ਮੁਫਤ ਪ੍ਰਬੰਧ ਕਰਨ ਅਤੇ ਸਮਾਜਿਕ ਜਬਰ ਬੰਦ ਕਰਨ ਆਦਿ ਮੰਗਾਂ ਦਾ ਨਿਪਟਾਰਾ ਕੀਤਾ ਜਾਵੇ। ਇਸ ਮੌਕੇ ਸਾਥੀ ਡਾਕਟਰ ਬਲਵਿੰਦਰ ਸਿੰਘ ਛੇਹਰਟਾ, ਬਲਰਾਮ ਬਿੱਟੂ ਖਾਂਬਰਾ, ਭਜਨ ਸਿੰਘ ਗਿੱਲ, ਮਨਜੀਤ ਕੌਰ ਸਾਬਕਾ ਪੰਚ, ਰਾਕੇਸ਼ ਚਿੱਤੇਵਾਣੀ ਅਤੇ ਮੋਹਨ ਲਾਲ ਜਮਸ਼ੇਰ ਖਾਸ ਹਾਜਰ ਸਨ।



# ਰਾਮ ਨਗਰ 'ਚ ਸੀਚੇਵਾਲ ਮਾਡਲ ਦਾ ਉਦਘਾਟਨ

**ਆਦਮਪੁਰ, (ਪਰਮਜੀਤ ਸਿੰਘ)**

ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪਿੰਡ ਰਾਮ ਨਗਰ ਵਿੱਚ ਸੀਚੇਵਾਲ ਮਾਡਲ ਦਾ ਉਦਘਾਟਨ ਕਰਦਿਆ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਵਿਗੜ ਰਹੇ ਵਾਤਾਵਰਨ ਨੂੰ ਬਚਾਉਣ ਲਈ ਇੱਕਜੁਟਤਾ ਨਾਲ ਹੰਭਲਾ ਮਾਰਨ। ਉਨ੍ਹਾਂ ਕਿਹਾ ਕਿ ਇਸ ਸਮੇਂ ਹਵਾ,ਪਾਣੀ ਤੇ ਧਰਤੀ ਨੂੰ ਬਚਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਨੇ ਰਾਮ ਨਗਰ ਦੀ ਪੰਚਾਇਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਪਿੰਡ ਦੇ ਗੰਦੇ ਪਾਣੀ ਨੂੰ ਸੋਧ ਕੇ ਖੇਤੀ ਨੂੰ ਲੱਗਾਉਣ ਦਾ ਜਿਹੜਾ ਬੀੜਾ ਚੁੱਕਿਆ ਹੈ ਉਹ ਸ਼ਲਾਘਾਯੋਗ ਹੈ। ਸੀਚੇਵਾਲ ਮਾਡਲ ਇੱਕ ਅਜਿਹਾ ਮਾਡਲ ਹੈ ਜਿਸ ਰਾਹੀ ਗੰਦੇ ਪਾਣੀ ਨੂੰ ਕੁਦਰਤੀ ਢੰਗ ਨਾਲ ਸੋਧ ਕੇ ਖੇਤੀ ਲਈ ਵਰਤਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿੰਡ ਸੀਚੇਵਾਲ ਵਿੱਚ 1999 ਵਿੱਚ ਇਹ ਮਾਡਲ ਸਥਾਪਿਤ ਕਰ ਦਿੱਤਾ ਸੀ। ਹੁਣ ਪੰਜਾਬ ਦੇ ਲਗਭੱਗ 250 ਪਿੰਡਾਂ ਵਿੱਚ ਇਹ ਮਾਡਲ ਸਥਾਪਿਤ ਕੀਤਾ ਜਾ ਚੁੱਕਾ ਹੈ। ਇਸ ਨੂੰ ਕੇਂਦਰ ਸਰਕਾਰ ਨੇ ਗੰਗਾ ਕਿਨਾਰੇ ਦੇ 1657 ਪਿੰਡਾਂ ਲਈ ਲਾਗੂ ਕੀਤਾ ਹੈ। ਇਸ ਮੌਕੇ ਸਰਪੰਚ ਯੂਨੀਅਨ ਦੇ ਪ੍ਰਧਾਨ ਕੁਲਵਿੰਦਰ ਸਿੰਘ ਬਾਘਾ ਨੇ ਕਿਹਾ ਕਿ ਸੀਚੇਵਾਲ ਮਾਡਲ ਬਹੁਤ ਹੀ ਸਸਤਾ ਹੈ ਤੇ ਇਸ ਦੇ ਫਾਇਦੇ ਅਨੇਕਾਂ ਹਨ। ਉਨ੍ਹਾਂ ਨੇ ਆਪਣੇ ਪਿੰਡ ਬੋਲੀਨਾ ਦੋਆਬਾ ਵਿੱਚ ਸਥਾਪਿਤ ਕੀਤੇ ਸੀਚੇਵਾਲ ਮਾਡਲ ਦਾ ਜ਼ਿਕਰ ਕਰਦਿਆ ਕਿਹਾ ਕਿ ਪਿੰਡ ਵਿੱਚ ਹੁਣ ਗੰਦੇ ਪਾਣੀ ਦੀ ਸਮੱਸਿਆ ਨਹੀਂ ਰਹਿ ਗਈ। ਇਸ ਮੌਕੇ ਆਪ ਦੇ ਹਲਕਾ ਇੰਚਾਰਜ ਜੀਤ ਰਾਮ ਨੇ ਵੀ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਬਹੁਪੱਖੀ ਵਿਕਾਸ ਲਈ ਵਚਨਬੱਧ ਹੈ। ਇਸ ਮੌਕੇ ਬੀਡੀਪੀਓ ਮਹੇਸ਼ ਕੁਮਾਰ,ਸਰਪੰਚ ਜਸਵਿੰਦਰ ਕੌਰ ਰਾਮਨਗਰ,ਭਗਵੰਤ ਸਿੰਘ ਕੋਚ,ਗੁਰਮੇਲ ਸਿੰਘ ਪੰਚ,ਪਰਮਜੀਤ ਸਿੰਘ ਰਾਜਵੰਸ਼ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ,ਵਿਜੈ ਕੁਮਾਰ ਪੰਚਾਇਤ ਸੈਕਟਰੀ, ਸਨੀ ਗਿੱਲ, ਅਕਾਸ਼ਦੀਪ ਆਸ਼ੂ ਬਾਂਸਲ ,ਇੰਦਰਜੀਤ ਸਿੰਘ, ਹਰਿਦਰ ਸਿੰਘ, ਮੰਗਾ ਰਾਮ, ਪਿਆਰਾ ਸਿੰਘ ਭੱਟੀ, ਜਸਵੀਰ ਕੌਰ ਪੰਚ, ਭਗਵਾਨ ਦਾਸ ਮੰਟੂ,ਅਵਤਾਰ ਸਿੰਘ, ਤਰਲੋਕ ਸਿੰਘ, ਨੰਬੜਦਾਰ ਰਾਕੇਸ਼ ਕਪੂਰ, ਸਤਨਾਮ ਸਿੰਘ, ਗੁਰਮੇਲ ਸਿੰਘ, ਪਵਿੱਤਰ ਸਿੰਘ, ਮਹਿੰਦਰ ਸਿੰਘ ਖੁਰਦਪੁਰ, ਨਿਰਮਲ ਕੁਮਾਰ, ਜਸਵਿੰਦਰ ਸਿੰਘ, ਕੈਪਟਨ ਚਮਨ ਸਿੰਘ,ਊਸ਼ਾ ਦੇਵੀ, ਹਰਭਜਨ ਸਿੰਘ, ਹਰਿੰਦਰ ਸਿੰਘ ਆਦਮਪੁਰ, ਗੁਰਮੇਲ ਚੰਦ, ਸੁਖਦੇਵ ਸੁੱਖਾ ਬੱਬੂ ਤੇ ਹੋਰ ਪਤਵੰਤੇ ਹਾਜਰ ਸਨ।



# 'ਆਪ' ਨੇ ਮਜਦੂਰਾਂ ਦੀ ਭਲਾਈ ਲਈ ਕੁਝ ਨਹੀਂ ਕੀਤਾ : ਸੁਰਜੀਤ ਸਿੰਘ ਢੇਰ



**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਪੌਣੇ ਦੋ ਸਾਲ ਦੇ ਕਾਰਜ ਦੌਰਾਨ ਰਜਿਸਟਰਡ ਮਜਦੂਰਾਂ ਦੀ ਭਲਾਈ ਲਈ ਕੁਝ ਵੀ ਨਹੀਂ ਕੀਤਾ। ਇਸ ਗੱਲਾਂ ਦਾ ਪ੍ਰਗਟਾਵਾ ਇੱਥੇ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਦੱਸਿਆ ਕਿ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ ਵੈਲਫੇਅਰ ਬੋਰਡ ਵੱਲੋਂ ਕੋਈ ਵੀ ਲਾਭ ਪੌਣੇ ਦੋ ਸਾਲਾਂ ਵਿੱਚ ਨਹੀਂ ਦਿੱਤਾ ਗਿਆ। ਜਿਸ ਕਾਰਨ ਕਿਰਤੀ ਦਰ ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹਨ। ਹੈਰਾਨੀ ਇਸ ਗੱਲ ਦੀ ਹੈ ਕਿ ਮਜਦੂਰਾਂ ਦੀ ਭਲਾਈ ਲਈ ਵਾਇਦਾ ਕਰਕੇ ਸਤਾ 'ਤੇ ਕਾਬਜ ਹੋਈ ਸਰਕਾਰ ਨੇ ਹੁਣ ਤੱਕ ਨਾ ਵਜੀਫੇ ਜਾਰੀ ਕੀਤੇ ਨਾ ਮ੍ਰਿਤਕ ਕਿਰਤੀਆਂ ਦੇ ਪਰਵਾਰਾਂ ਨੂੰ ਸਹਾਇਤਾ ਦਿੱਤੀ ਨਾ ਸਗਨ ਸਕੀਮਾਂ ਨਾ ਮਜਦੂਰਾਂ ਦੇ ਇਲਾਜ ਲਈ ਬਕਾਏ ਪਏ ਬਿੱਲ ਅਦਾ ਕੀਤੇ। ਇਸ ਕਰਕੇ ਸਰਕਾਰ ਗੱਪਾਂ ਮਾਰਨ ਤੋਂ ਸਿਵਾਏ ਜਾਂ ਫਿਰ ਵੱਡੇ ਵੱਡੇ ਪੋਸਟਰ ਲਾ ਕੇ ਅਖ਼ਬਾਰਾਂ ਵਿੱਚ ਇਸ਼ਤਿਆਰ ਦੇ ਕੇ ਸਰਕਾਰਾਂ ਨੂੰ ਚਲਾ ਰਹੀ ਹੈ। ਕਾਮਰੇਡ ਢੇਰ ਨੇ ਮੰਗ ਕੀਤੀ ਕੇ ਰਜਿਸਟਰਡ ਕਿਰਤੀਆਂ ਨੂੰ ਹਰ ਤਿੰਨ ਮਹੀਨੇ ਬਾਅਦ ਬੈਨੀਫਿਟ ਦਿੱਤੇ ਜਾਣ। ਪਰਵਾਰਾਂ ਨੂੰ ਐਕਸ ਗਰੇਸ਼ੀਆ ਗਰਾਂਟ ਤਿੰਨ ਮਹੀਨਿਆਂ ਵਿੱਚ ਜਾਰੀ ਕੀਤੀ ਜਾਵੇ। ਰਜਿਸਟਰਡ ਹੋਣ ਲਈ ਮਜਦੂਰਾਂ ਨੂੰ ਸਰਤਾਂ ਨੂੰ ਸਰਲ ਕੀਤਾ ਜਾਵੇ। ਪਹਿਲਾਂ ਦੀ ਤਰ੍ਹਾਂ ਪੰਜ ਸਾਲ ਲਈ ਕਾਰਡ ਰਿਨਿਊ ਕੀਤਾ ਜਾਵੇ। ਉਹਨਾਂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਪੰਜ ਸਾਲ ਕਿਰਤੀਆਂ ਨੂੰ ਰਜਿਸਟਰਡ ਕੀਤਾ ਜਾਂਦਾ ਸੀ। ਪਰ ਹੁਣ ਸਰਕਾਰ ਨੇ ਇਕ ਸਾਲ ਲਈ ਰਜਿਸਟਰਡ ਦੀ ਸ਼ਰਤ ਰੱਖ ਦਿੱਤੀ ਹੈ। ਕਿਰਤੀ ਦਾ ਕਾਰਡ ਪੰਜ ਸਾਲਾਂ ਲਈ ਰਿਨਿਊ ਕੀਤਾ ਜਾਵੇ। ਰਜਿਸਟਰਡ ਹੋਣ ਲਈ ਕਈ ਕਈ ਦਿਨ ਮਜਦੂਰ ਦੇ ਛੁੱਟ ਜਾਂਦੇ ਹਨ। ਉਹਨਾਂ ਨੂੰ ਕੰਮਾਂ ਦੀ ਤਿਹਾੜੀ ਛੱਡਣੀ ਪੈ ਰਹੀ ਹੈ ਕਿ ਮਜਦੂਰਾਂ ਨੂੰ ਦਫਤਰਾਂ ਦੀਆਂ ਠੋਕਰਾਂ ਖਾਣ ਲਈ ਮਜਬੂਰ ਹੋਣਾ ਪੈ ਰਿਹਾ ਹੈ । ਪੰਜਾਬ ਸਰਕਾਰ ਤੁਰੰਤ ਰਜਿਸਟਰਡ ਕਿਰਤੀ ਮਜਦੂਰਾਂ ਦੀਆਂ ਮੁਸ਼ਕਿਲਾਂ ਵੱਲ ਧਿਆਨ ਦੇਵੇ ਤਾਂ ਜੋ ਮਜਦੂਰ ਆਪਣੀ ਜ਼ਿੰਦਗੀ ਦਾ ਨਿਰਬਾਹ ਕਰ ਸਕਨ ਅਤੇ ਵੈਲਫੇਅਰ ਬੋਰਡ ਦਾ ਪੂਰਾ ਪੂਰਾ ਲਾਭ ਲੈ ਸਕਨ।

# ਰੱਬੀ ਨੇ ਵੰਡ ਨਾਲ ਸੰਬੰਧਤ ਫ਼ਿਲਮਾਂ ਬਾਰੇ ਲਿਖ ਕੇ ਮਾਰਿਆ ਹੈ ਮਾਅਰਕਾ : ਸੁਖਜੀਤ



**ਬਹਿਰਾਮਪੁਰ ਬੇਟ/ਚਮਕੌਰ ਸਾਹਿਬ: (ਨਵਾਂ ਜ਼ਮਾਨਾ ਸਰਵਿਸ)**

ਸਾਹਿਤ ਸਭਾ ਬਹਿਰਾਮਪੁਰ ਬੇਟ ਦੇ ਆਂਗਨ ਵਿੱਚ ਰਾਬਿੰਦਰ ਸਿੰਘ ਰੱਬੀ ਦੇ ਰਚਨਾ ਸੰਸਾਰ ਬਾਰੇ ਇੱਕ ਸਮਾਗਮ ਆਯੋਜਿਤ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਨਾਮਵਰ ਕਹਾਣੀਕਾਰ ਸੁਖਜੀਤ ਅਤੇ ਪ੍ਰਸਿੱਧ ਗੀਤਕਾਲ ਹਰਬੰਸ ਮਾਲਵਾ ਨੇ ਕੀਤੀ। ਜਿਸ ਵਿੱਚ ਬੋਲਦਿਆਂ ਸੁਖਜੀਤ ਨੇ ਕਿਹਾ ਕਿ, "ਰੱਬੀ ਨੇ ਭਾਵੇਂ ਸਾਹਿਤ ਨੂੰ ਤਿੰਨ ਕਿਤਾਬਾਂ ਦੇ ਕੇ ਚੰਗਾ ਨਾਮਣਾ ਖੱਟਿਆ ਹੈ ਪਰ ਇਸ ਨੇ ਦੇਸ ਵੰਡ ਨਾਲ ਸੰਬੰਧਿਤ ਫ਼ਿਲਮਾਂ ਦੀ ਸਾਹਿਤਕ ਸਮੀਖਿਆ ਕਰ ਕੇ ਵੀ ਵੱਡੇ ਮਾਅਰਕੇ ਵਾਲਾ ਕੰਮ ਕੀਤਾ ਹੈ। ਉਸ ਤੋਂ ਵੀ ਵੱਧ ਕੇ ਇਸ ਨੇ ਬੱਚਿਆਂ ਨੂੰ ਸਾਹਿਤ ਨਾਲ ਅਤੇ ਲੋਕ ਕਲਾਵਾਂ ਨਾਲ ਜੋੜ ਕੇ ਸਮਾਜ ਵਿੱਚ ਆਪਣਾ ਨਿੱਗਰ ਯੋਗਦਾਨ ਪਾਇਆ ਹੈ।" ਸਰਬਾਂਗੀ ਸਾਹਿਤਕਾਰ ਰਾਬਿੰਦਰ ਸਿੰਘ ਰੱਬੀ ਦੀਆਂ ਪੰਜਾਬੀ ਸਾਹਿਤ ਦੀ ਝੋਲੀ ਵਿੱਚ ਪਾਈਆਂ ਸਾਹਿਤਕ ਪੁਸਤਕਾਂ ਬਾਰੇ ਗੱਲ ਕਰਦਿਆਂ ਪੰਜਾਬੀ ਸਾਹਿਤ ਦੇ ਪ੍ਰਗਤੀਸ਼ੀਲ ਵਿਦਵਾਨ ਡਾ. ਕੁਲਦੀਪ ਸਿੰਘ ਦੀਪ ਨੇ ਕਿਹਾ ਕਿ ਰੱਬੀ ਲੋਹੜੇ ਦੀ ਸਿਰਜਨਾਤਮਕ ਸਮਰੱਥਾ ਰੱਖਦਾ ਹੈ ਅਤੇ ਇਹ ਸਮਰੱਥਾ ਉਸ ਦੀਆਂ ਆਉਣ ਵਾਲੀਆਂ ਲਿਖਤਾਂ ਵਿੱਚ ਦਿਖਾਈ ਦੇਣੀ ਚਾਹੀਦੀ ਹੈ। ਰੱਬੀ ਦੀ ਪੁਸਤਕ ਜ਼ਿੰਦਗੀ ਦੀ ਵਰਨਮਾਲਾ ਨੂੰ ਉਸ ਦੀ ਸਾਹਿਤਕ ਉਪਲੱਭਤੀ ਦੱਸਦਿਆਂ ਉਨ੍ਹਾਂ ਨੇ ਰੱਬੀ ਦੇ ਰਚੇ ਸਾਹਿਤ ਵਿੱਚ ਦੀ ਉਸ ਦੀਆਂ ਊਣਤਾਈਆਂ ਉੱਤੇ ਵੀ ਉਂਗਲ ਧਰੀ। ਸਾਹਿਤਕਾਰਾ ਮਨਦੀਪ ਰਿੰਪੀ ਨੇ ਕਿਹਾ ਕਿ ਰੱਬੀ ਜੀ ਨੇ ਨਵੇਂ ਸਾਹਿਤਕਾਰਾਂ ਦੀ ਵੀ ਉਂਗਲ ਵੀ ਫੜੀ ਹੈ ਅਤੇ ਸਾਹਿਤਕ ਪਿੜ ਵਿੱਚ ਪ੍ਰਵੇਸ਼ ਕਰ ਜਾਣ ਲਈ ਪ੍ਰੇਰਤ ਕੀਤਾ ਹੈ। ਸਾਹਿਤਕਾਰ ਧਰਮਿੰਦਰ ਸਿੰਘ ਭੰਗੂ ਅਨੁਸਾਰ ਰੱਬੀ ਦੀਆਂ ਆਉਣ ਵਾਲੀਆਂ ਕਿਤਾਬਾਂ ਵਿੱਚ 'ਆਓ, ਸ਼ੁੱਧ ਪੰਜਾਬੀ ਦਾ ਨਾਹਰਾ ਸਿਰਜੀਏ' ਅਤੇ 'ਸਾਹਿਤਕਾਰੀ ਜ਼ਿੰਦਾਬਾਦ' ਵਰਗੀਆਂ ਬਾ ਕਮਾਲ ਕਿਰਤਾਂ ਹੋਣਗੀਆਂ। ਨਾਵਲਕਾਰ ਸੰਤਵੀਰ ਨੇ 'ਜ਼ਿੰਦਗੀ ਦੀ ਵਰਨਮਾਲਾ' ਦੇ ਵਿਸ਼ੇ ਵਸਤੂ ਨੂੰ ਸਲਾਹਿਆ ਅਤੇ ਰੱਬੀ ਨੂੰ ਉਸਾਰੂ ਸਾਹਿਤ ਲਈ ਹੋਰ ਨਿੱਠ ਕੇ ਲਿਖਣ ਦੀ ਸਲਾਹ ਦਿੱਤੀ। ਇਸ ਸਮਾਗਮ ਮੌਕੇ ਜਸਵਿੰਦਰ ਸਿੰਘ ਕਾਈਨੌਰ, ਪਿਆਰਾ ਸਿੰਘ ਰਾਹੀ,ਸੁਰਿੰਦਰ ਰਸੂਲਪੁਰ,ਸੁਰਜੀਤ ਮੰਡ,ਅਜੈ ਰਾਣਾ,ਐਡਵੋਕੇਟ ਕੁਲਦੀਪ ਸਿੰਘ ਰਾਣਾਲੇਖ ਰਾਜ ਧੀਰ,ਡਾਕਟਰ ਦੌਲਤ ਰਾਮ ਲੋਈ,ਰਾਣਾ ਮਨਮੋਹਣ ਸਿੰਘ,ਡਾਕਟਰ ਅਮਨ ਬਾਂਸਲ,ਸੰਦੀਪ ਸਿੰਘ,ਭਗਤ ਸਿੰਘ,ਗੁਰਮੇਲ ਸਿੰਘ,ਬਿਕਰਮ ਸਿੰਘ,ਕੁਲਵਿੰਦਰ ਸਿੰਘ,ਡਾਕਟਰ ਰਾਜਪਾਲ ਸਿੰਘ,ਉੱਘੇ ਪੱਤਰਕਾਰ ਜੈ ਸਿੰਘ ਛਿੱਬਰ,ਕੁਲਵਿੰਦਰ,ਨੇਤਰ ਸਿੰਘ ਮੁੱਤੋਂ,ਸੁਰਿੰਦਰ ਸਿੰਘ ਬਡਾਲਾ,ਅਵਤਾਰ ਸਿੰਘ,ਡਾਕਟਰ ਸੁਰਿੰਦਰਪਾਲ ਸਿੰਘ ਕੰਗ ਰਾਣਾ ਕੰਵਰਫੂਲ ਸਿੰਘ ਅਤੇ ਹਰਨਾਮ ਸਿੰਘ ਡੱਲਾ ਨੇ ਹਾਜਰੀ ਭਰੀ। ਸਾਹਿਤਕ ਦੌਰ ਦੌਰਾਨ ਖੁਸ਼ੀ ਰਾਮ ਨਿਮਾਣਾ,ਸੰਤੋਖ ਸਿੰਘ ਸੋਖਾ,ਸੁਖਵਿੰਦਰ ਸਿੰਘ,ਜੱਸੀ ਧਨੌਲਾ, ਮੈਡਮ ਅਮਰਜੀਤ ਕੌਰ ਮੋਰਿੰਡਾ, ਅਮਨਦੀਪ ਸਿੰਘ ਫਤਿਹਪੁਰ, ਖੁਸ਼ਪ੍ਰੀਤ ਸਿੰਘ ਮਨਜੀਤਪੁਰੀਆ, ਹਰਬੰਸ ਮਾਲਵਾ ਨੇ ਗੀਤ ਸੁਣਾਏ। ਸਮਾਗਮ ਵਿੱਚ ਰੱਬੀ ਨੇ ਆਪਣੀਆਂ ਕਿਤਾਬਾਂ ਦੀ ਸਟਾਲ ਵੀ ਲਗਾਈ।

# ਤਰੁਣ ਰਾਜਪੂਤ ਤੇ ਅਤੀਕ-ਉਰ-ਰਹਿਮਾਨ ਨੂੰ ਸੇਵਾ-ਮੁਕਤੀ 'ਤੇ ਨਿੱਘੀ ਵਿਦਾਇਗੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**

ਸੂਚਨਾ ਅਤੇ ਲੋਕ ਸੰਪਰਕ ਵਿਭਾਗ ਵੱਲੋਂ ਫੋਟੋ ਸਿਨੇਮਾ ਅਫ਼ਸਰ ਤਰੁਣ ਰਾਜਪੂਤ ਅਤੇ ਨਿਬੰਧਕਾਰ ਅਤੀਕ-ਉਰ-ਰਹਿਮਾਨ ਨੂੰ ਉਨ੍ਹਾਂ ਦੀ ਸੇਵਾ-ਮੁਕਤੀ 'ਤੇ ਨਿੱਘੀ ਵਿਦਾਇਗੀ ਦਿੱਤੀ ਗਈ। ਦੋਵੇਂ ਮੁਲਾਜ਼ਮ ਵਿਭਾਗ ਵਿੱਚ ਕਰੀਬ 35 ਸਾਲ ਆਪਣੀਆਂ ਸੇਵਾਵਾਂ ਨਿਭਾਉਣ ਪਿੱਛੋਂ ਸੇਵਾ ਮੁਕਤ ਹੋਏ ਹਨ। ਵਿਦਾਇਗੀ ਸਮਾਰੋਹ ਦੌਰਾਨ ਜੁਆਇੰਟ ਡਾਇਰੈਕਟਰ ਰਣਦੀਪ ਸਿੰਘ ਆਹਲੂਵਾਲੀਆ ਅਤੇ ਪ੍ਰੀਤ ਕੰਵਲ ਸਿੰਘ, ਡਿਪਟੀ ਡਾਇਰੈਕਟਰ ਇਸ਼ਵਿੰਦਰ ਸਿੰਘ ਗਰੇਵਾਲ, ਮਨਵਿੰਦਰ ਸਿੰਘ ਅਤੇ ਗੁਰਮੀਤ ਸਿੰਘ ਖਹਿਰਾ ਸਮੇਤ ਹੋਰਨਾਂ ਅਧਿਕਾਰੀਆਂ ਨੇ ਦੋਵਾਂ ਮੁਲਾਜ਼ਮਾਂ ਵੱਲੋਂ ਆਪਣੇ ਸੇਵਾਕਾਲ ਦੌਰਾਨ ਨਿਭਾਈਆਂ ਸਾਨਦਾਰ ਸੇਵਾਵਾਂ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ। ਬੁਲਾਰਿਆਂ ਨੇ ਕਿਹਾ ਕਿ ਆਪਣੇ ਸੇਵਾਕਾਲ ਦੌਰਾਨ ਤਰੁਣ ਰਾਜਪੂਤ ਅਤੇ ਅਤੀਕ-ਉਰ-ਰਹਿਮਾਨ ਵੱਲੋਂ ਵਿਖਾਈ ਗਈ ਮਿਸਾਲੀ ਸਖ਼ਤ ਮਿਹਨਤ, ਸਮਰਪਣ ਭਾਵਨਾ ਅਤੇ ਲਗਨ ਹਮੇਸ਼ਾ ਉਨ੍ਹਾਂ ਦੇ ਸਾਥੀਆਂ ਨੂੰ ਪੂਰੇ ਜੋਸ਼ ਅਤੇ ਸਾਕਾਰਾਤਮਕ ਰਵੱਈਏ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕਰੇਗੀ ਅਤੇ ਉਨ੍ਹਾਂ ਵੱਲੋਂ ਨਿਭਾਈਆਂ ਮਿਸਾਲੀ ਸੇਵਾਵਾਂ ਨੂੰ ਸਦਾ ਯਾਦ ਰੱਖਿਆ ਜਾਵੇਗਾ। ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸੇਵਾ-ਮੁਕਤੀ ਤੋਂ ਬਾਅਦ ਦੋਵਾਂ ਮੁਲਾਜ਼ਮਾਂ ਦੇ ਬਿਹਤਰ ਅਤੇ ਸਿਹਤਮੰਦ ਜੀਵਨ ਦੀ ਕਾਮਨਾ ਕਰਦਿਆਂ ਕਿਹਾ ਕਿ ਦੋਵੇਂ ਮੁਲਾਜ਼ਮ ਹੁਣ ਆਪਣਾ ਕੀਮਤੀ ਸਮਾਂ ਆਪਣੇ ਪਰਵਾਰ ਨਾਲ ਬਿਤਾਉਂਦਿਆਂ ਆਪਣੀਆਂ ਸਮਾਜਿਕ ਜ਼ਿੰਮੇਵਾਰੀਆਂ ਹੋਰ ਬਿਹਤਰ ਢੰਗ ਨਾਲ ਨਿਭਾਅ ਸਕਣਗੇ। ਇਸ ਮੌਕੇ ਸੇਵਾ-ਮੁਕਤ ਹੋਏ ਦੋਵੇਂ ਮੁਲਾਜ਼ਮਾਂ ਦੇ ਪਰਵਾਰਕ ਮੈਂਬਰਾਂ ਤੋਂ ਇਲਾਵਾ ਵਿਭਾਗ ਦੇ ਆਈ.ਪੀ.ਆਰ.ਓਜ, ਏ.ਪੀ.ਆਰ.ਓਜ ਅਤੇ ਹੋਰ ਕਰਮਚਾਰੀ ਵੀ ਹਾਜ਼ਰ ਸਨ।



2-Dec-PAGE-9.qxd 12/1/2023 10:02 PM Page 1



# ਪੰਜਾਬ ਤੇ ਦੇਸ਼ ਨੂੰ ਬਚਾਉਣ ਲਈ ਫਿਰਕੂ ਫਾਸ਼ੀਵਾਦੀ ਤੇ ਕਾਰਪੋਰੇਟ ਪੱਖੀ ਸਰਕਾਰ ਨੂੰ ਹਰਾਉਣਾ ਜ਼ਰੂਰੀ : ਪਾਸਲਾ

**ਮੁਕੰਦਪੁਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੀ ਤਹਿਸੀਲ ਬੰਗਾ ਦੀ ਕਮੇਟੀ ਦੇ ਗਠਨ ਮੌਕੇ ਪਾਰਟੀ ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ ਨੇ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਜਗਤਪੁਰ ਦੀ ਪ੍ਰਧਾਨਗੀ ਹੇਠ ਹੋਈ ਜਨਰਲ ਬਾਡੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਸਮੁੱਚੇ ਪੰਜਾਬ ਵਿੱਚ ਕਾਰਪੋਰੇਟ ਭਜਾਓ, ਮੋਦੀ ਹਰਾਓ ਮੁਹਿੰਮ ਤਹਿਤ ਵਿਸ਼ਾਲ ਰਾਜਨੀਤਕ ਕਾਨਫਰੰਸਾਂ ਕੀਤੀਆਂ ਗਈਆਂ। ਜਿਨ੍ਹਾਂ 'ਚ ਪੰਜਾਬ ਦੇ ਕਿਰਤੀਆਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਦੇਸ ਦੇ ਕੁਦਰਤੀ ਸਰੋਤਾਂ ਅਤੇ ਜਨਤਕ ਖੇਤਰ ਦੇ ਅਦਾਰਿਆਂ ਨੂੰ ਕਾਰਪੋਰੇਟ ਘਰਾਣਿਆਂ ਹਵਾਲੇ ਕਰ ਰਹੀ ਮੋਦੀ ਸਰਕਾਰ ਨੂੰ ਗੱਦੀ ਤੋਂ ਹਟਾਉਣਾ ਮਜ਼ਦੂਰ ਜਮਾਤ ਦਾ ਪਹਿਲਾ ਅਤੇ ਮੁੱਖ ਕਾਰਜ ਹੈ। ਉਹਨਾਂ ਕਿਹਾ ਬੇਰੁਜਗਾਰੀ, ਮਹਿੰਗਾਈ, ਨਸ਼ਿਆਂ ਅਤੇ ਭ੍ਰਿਸ਼ਟਾਚਾਰ ਤੋਂ ਦੁਖੀ ਕਿਰਤੀ ਜਮਾਤ ਦੇ ਹਿੱਤਾਂ ਨਾਲ ਮੋਦੀ ਸਰਕਾਰ ਖਿਲਵਾੜ ਕਰ ਰਹੀ ਹੈ ਅਤੇ ਦੇਸ ਦੇ ਖਜ਼ਾਨੇ, ਜਨਤਕ ਖੇਤਰ ਦੇ ਅਦਾਰੇ ਅਤੇ ਕੁਦਰਤੀ ਸਰੋਤਾਂ ਨੂੰ ਕਾਰਪੋਰੇਟ ਹਵਾਲੇ ਕਰ ਰਹੀ ਹੈ ਅਤੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਵਰਤ ਕੇ ਰਾਜ ਗੱਦੀ ਤੇ ਕਇਮ ਰਹਿਣ ਦੇ ਮਨਸੂਬੇ ਘੜ ਰਹੀ ਹੈ। ਉਹਨਾਂ ਕਿਹਾ ਕਿ ਅਮਨ ਅਮਾਨ ਨਾਲ ਰਹਿ ਰਹੇ ਲੋਕਾਂ ਨੂੰ ਹਿੰਦੂ ਮੁਸਲਿਮ ਦੇ ਨਾਂਅ ਉੱਪਰ ਵੰਡਿਆ ਜਾ ਰਿਹਾ ਹੈ। ਦਲਿਤਾਂ, ਘੱਟ ਗਿਣਤੀਆਂ ਅਤੇ ਔਰਤਾਂ ਉੱਪਰ ਹਮਲੇ ਕਰਕੇ ਦਹਿਸ਼ਤ ਦਾ ਮਾਹੌਲ ਪੈਦਾ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਮਸਲਿਆਂ ਪ੍ਰਤੀ ਕੇਂਦਰ ਦੀ ਮੋਦੀ ਸਰਕਾਰ ਪੰਜਾਬ ਵਿਰੋਧੀ ਨੀਤੀਆਂ ਤੇ ਅਮਲ ਕਰ ਰਹੀ ਹੈ। ਉਨ੍ਹਾਂ ਮਜਦੂਰਾਂ ਕਿਸਾਨਾਂ ਦੇ ਏਕੇ ਦੇ ਆਧਾਰਿਤ ਕਾਰਪੋਰੇਟ ਪੱਖੀ ਨੀਤੀਆਂ ਨੂੰ ਹਰਾਉਣ ਲਈ ਰਾਜਸੀ ਬਦਲ ਉਭਾਰਨ ਲਈ ਭਾਜਪਾ ਵਿਰੋਧੀ ਪਾਰਟੀਆਂ ਨੂੰ ਇਕੱਠੇ ਹੋਣ ਦਾ ਸੱਦਾ ਦਿੱਤਾ। ਜਿਲ੍ਹਾ ਸਕੱਤਰ ਕੁਲਦੀਪ ਸਿੰਘ ਦੌੜਕਾ, ਬਲਕਾਰ ਸਿੰਘ ਸਰਪੰਚ ਨੂੰ ਪ੍ਰਧਾਨ, ਹੁਸਨ ਸਿੰਘ ਮਾਂਗਟ ਨੂੰ ਸਕੱਤਰ, ਸੋਢੀ ਰਾਮ ਸਾਬਕਾ ਸਰਪੰਚ ਨੂੰ ਖਜਾਨਚੀ, ਕੁਲਦੀਪ ਸਿੰਘ ਬੀਕਾ, ਕਰਨੈਲ ਚੰਦ ਚੱਕ ਬਿਲਗਾ, ਬਿਮਲ ਬਖਲੌਰ, ਤਰਸੇਮ ਸਿੰਘ ਜੇ ਈ ਨੂੰ ਤਹਿਸੀਲ ਕਮੇਟੀ ਮੈਂਬਰ ਚੁਣਿਆ ਗਿਆ। ਇਸ ਸਮੇਂ ਮਾਸਟਰ ਸੋਹਣ ਲਾਲ, ਬਹਾਦਰ ਸਿੰਘ ਬਾਰਾ, ਬਲਿਹਾਰ ਸਿੰਘ, ਜਗਦੀਸ਼, ਗੁਰਦਿਆਲ, ਬੀਰਾ, ਮਨੋਹਰ ਲਾਲ, ਤਰਸੇਮ ਲਾਲ, ਸੋਹਣ ਸਿੰਘ ਭੱਟੀ, ਜਸਵੀਰ ਭੱਟੀ, ਸੁਖਦੇਵ ਸਿੰਘ, ਸਤਨਾਮ ਬੀਸਲਾ, ਗਰੀਬ ਦਾਸ, ਸ਼ਿੰਗਾਰਾ ਰਾਮ, ਜੋਗਾ ਰਾਮ, ਕਮਲ, ਪਾਲੀ, ਕਮਲਜੀਤ ਬਾਬਾ, ਜੋਗਿੰਦਰ, ਕਮਲ ਬਹਿਰਾਮ, ਜੀਵਨ ਸਿੰਘ, ਰੇਸਮ ਸਿੰਘ ਪੰਚ, ਬੀਜਾ, ਊਦੋ ਰਾਮ, ਬਲਵੀਰ ਰਾਮ, ਜੀਵਨ ਸਿੰਘ, ਬਲਿਹਾਰ ਸਿੰਘ ਪੰਚ, ਗੁਰਦੇਵ ਦੇਬੀ ਰਟੈਂਡਾ, ਲਸਕਰੀ ਮਜਾਰੀ ਆਦਿ ਹਾਜ਼ਰ ਸਨ।



# ਮਾਈ ਭਾਗੋ ਇੰਸਟੀਚਿਊਟ ਵੱਲੋਂ ਐਨ ਡੀ ਏ ਪ੍ਰੈਪਰੇਟਰੀ ਵਿੰਗ ਦੇ ਦੂਜੇ ਬੈਚ ਲਈ ਅਰਜ਼ੀਆਂ ਦੀ ਮੰਗ

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਮਾਈ ਭਾਗੋ ਆਰਮਡ ਫੋਰਸਿਜ ਪ੍ਰੈਪਰੇਟਰੀ ਇੰਸਟੀਚਿਊਟ (ਏ.ਐਫ.ਪੀ.ਆਈ.) ਫਾਰ ਗਰਲਜ, ਐਸ.ਏ.ਐਸ. ਨਗਰ (ਮੁਹਾਲੀ) ਨੇ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.) ਦੇ ਪ੍ਰੈਪਰੇਟਰੀ ਵਿੰਗ ਦੇ ਦੂਜੇ ਬੈਚ ਵਾਸਤੇ ਲਈ ਜਾਣ ਵਾਲੀ ਦਾਖਲਾ ਪ੍ਰੀਖਿਆ ਲਈ ਬਿਨੈ ਪੱਤਰਾਂ ਦੀ ਮੰਗ ਕੀਤੀ ਹੈ। ਮਾਈ ਭਾਗੋ ਏ.ਐਫ.ਪੀ.ਆਈ. ਦੇ ਡਾਇਰੈਕਟਰ ਮੇਜਰ ਜਨਰਲ ਜੇ.ਐਸ. ਸੰਧੂ (ਸੇਵਾਮੁਕਤ) ਨੇ ਦੱਸਿਆ ਕਿ ਇੱਛੁਕ ਉਮੀਦਵਾਰ 25 ਦਸੰਬਰ ਤੱਕ ਆਨਲਾਈਨ ਪੋਰਟਲ 'ਤੇ ਆਪਣੇ ਆਪ ਨੂੰ ਰਜਿਸਟਰ ਕਰਵਾ ਸਕਦੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਕੋਰਸ ਰਾਹੀਂ ਸੂਬੇ ਦੀਆਂ ਮਹਿਲਾਵਾਂ ਦੇ ਹਥਿਆਰਬੰਦ ਸੈਨਾਵਾਂ ਵਿੱਚ ਕਮਿਸਨਡ ਅਫਸਰਾਂ ਵਜੋਂ ਭਰਤੀ ਹੋਣ ਦੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਮੌਕਾ ਪ੍ਰਦਾਨ ਕਰਕੇ ਉਨ੍ਹਾਂ ਨੂੰ ਹੋਰ ਸਸਕਤ ਬਣਾ ਰਹੀ ਹੈ। ਐਨ.ਡੀ.ਏ. ਪ੍ਰੈਪਰੇਟਰੀ ਕੋਰਸ ਲਈ ਅਪਲਾਈ ਕਰਨ ਲਈ ਪੰਜਾਬ ਦੀਆਂ ਰਹਿਣ ਵਾਲੀਆਂ ਲੜਕੀਆਂ, ਜੋ 2024 ਵਿਚ ਆਪਣੀ 10ਵੀਂ ਦੀ ਪ੍ਰੀਖਿਆ ਪਾਸ ਕਰਨਗੀਆਂ ਅਤੇ 11ਵੀਂ ਜਮਾਤ ਵਿਚ ਪੜ੍ਹ ਰਹੀਆਂ ਲੜਕੀਆਂ ਵੀ ਇਸ ਸਰਤ ਨਾਲ ਅਪਲਾਈ ਕਰ ਸਕਦੀਆਂ ਹਨ ਕਿ ਉਨ੍ਹਾਂ ਦੀ ਜਨਮ 2 ਜੁਲਾਈ, 2007 ਤੋਂ ਪਹਿਲਾਂ ਦੀ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਇਸ ਇੰਸਟੀਚਿਊਟ ਵਿੱਚ ਚੁਣੀਆਂ ਗਈਆਂ ਮਹਿਲਾ ਉਮੀਦਵਾਰਾਂ ਦੀ ਸਿਖਲਾਈ ਦਾ ਸਾਰਾ ਖਰਚਾ, ਜਿਸ ਵਿੱਚ ਰਹਿਣ-ਸਹਿਣ ਅਤੇ ਖਾਣ-ਪੀਣ ਵੀ ਸ਼ਾਮਲ ਹੈ, ਸੂਬਾ ਸਰਕਾਰ ਵੱਲੋਂ ਚੁੱਕਿਆ ਜਾਵੇਗਾ।

# ਮਜ਼ਦੂਰ ਜਥੇਬੰਦੀਆਂ ਵੱਲੋਂ ਤਿੰਨ ਦਿਨਾ ਜਲੰਧਰ ਧਰਨੇ ਦੀ ਸਫਲਤਾ ਲਈ ਮੀਟਿੰਗ

**ਸਾਹਕੋਟ (ਗਿਆਨ ਸੈਦਪੁਰੀ)**

ਪੇਂਡੂ ਤੇ ਖੇਤ ਮਜਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵਲੋਂ ਐਲਾਨੇ ਤਿੰਨ ਦਿਨਾਂ , 9, 10 ਅਤੇ 11 ਦਸੰਬਰ ਨੂੰ ਚਾਰ ਮੰਤਰੀਆਂ ਦੇ ਘਰਾਂ ਅੱਗੇ ਧਰਨੇ ਲਾਉਣ ਦੇ ਐਲਾਨ ਮੁਤਾਬਕ ਦੋਆਬਾ ਜੋਨ ਦਾ ਧਰਨਾ ਜੋ ਕਿ ਕੈਬਿਨੇਟ ਮੰਤਰੀ ਬਲਕਾਰ ਸਿੰਘ ਦੀ ਜਲੰਧਰ ਸਥਿਤ ਰਿਹਾਇਸ ਅੱਗੇ ਲਾਇਆ ਜਾਵੇਗਾ ਦੀ ਸਫਲਤਾ ਲਈ ਇਥੇ ਸਾਂਝੇ ਮੋਰਚੇ ਦੇ ਆਗੂ ਹਰਮੇਸ਼ ਮਾਲੜੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਧਰਨੇ ਦੀ ਸਫਲਤਾ ਲਈ ਵਿਉਂਤਬੰਦੀ ਕੀਤੀ ਗਈ। ਪ੍ਰੈੱਸ ਦੇ ਨਾਂਅ ਜਾਰੀ ਬਿਆਨ 'ਚ ਮਜ਼ਦੂਰ ਆਗੂਆਂ ਨੇ ਦੱਸਿਆ ਕਿ ਸੈਂਕੜੇ ਮਜਦੂਰ ਤਿੰਨ ਦਿਨ ਲਗਾਤਾਰ ਧਰਨੇ 'ਤੇ ਬੈਠਣਗੇ। ਉਨ੍ਹਾਂ ਕਿਹਾ ਕਿ ਮਜਦੂਰ ਆਪਣੇ ਲਈ ਖਾਣ ਪੀਣ ਦਾ ਸਮਾਨ ਅਤੇ ਰਜਾਈਆਂ ਬਿਸਤਰੇ ਵੀ ਲੈਕੇ ਆਉਣਗੇ। ਮਜਦੂਰ ਆਗੂਆਂ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਦਲਾਅ ਦਾ ਨਾਅਰਾ ਦੇ ਕੇ ਸੱਤਾ 'ਚ ਆਈ ਸੀ, ਪਰ ਸਮਾਜ ਦੇ ਸਭ ਤੋਂ ਗਰੀਬ ਲੋਕਾਂ / ਬੇਜਮੀਨੇ ਲੋਕਾਂ ਪ੍ਰਤੀ ਇਸਦੀ ਸੋਚ ਪਹਿਲੀਆਂ ਸਰਕਾਰਾਂ ਨਾਲੋਂ ਵੱਖਰੀ ਨਹੀਂ ਹੈ। ਉਨ੍ਹਾਂ ਕਿਹਾ ਕਿ ਮਜਦੂਰਾਂ ਨੂੰ ਰਿਹਾਇਸ਼ੀ ਪਲਾਟ ਦੇਣ ਦੇ ਲਾਰੇ ਤੇ ਵਾਅਦੇ ਲੰਮੇ ਅਰਸੇ ਤੋਂ ਕੀਤੇ ਜਾ ਰਹੇ ਹਨ ਪਰ ਅਜੇ ਤੱਕ 'ਊਠ ਦਾ ਬੁੱਲ੍ਹ' ਡਿੱਗਾ ਨਹੀਂ। ਮਜਦੂਰਾਂ ਲਈ ਕਰਜਾ ਮਾਫੀ ਅਤੇ ਰੁਜਗਾਰ ਦਾ ਮਸਲਾ ਅਤਿਅੰਤ ਜਰੂਰੀ ਹੈ ਇਸੇ ਤਰ੍ਹਾਂ ਮਾਣਸਨਮਾਨ ਅਤੇ ਤੀਜੇ ਹਿੱਸੇ ਦੀ ਰਾਖਵੀ ਜਮੀਨ, ਬਾਰਾਂ ਘੰਟੇ ਕੰਮ ਦਿਹਾੜੀ ਦੇ ਨੋਟੀਫਿਕੇਸਨ ਨੂੰ ਰੱਦ ਕਰਨ ਅਤੇ ਪ੍ਰਤੀ ਦਿਨ ਦਿਹਾੜੀ 700 ਕਰਨ ਵਰਗੀਆਂ ਮੰਗਾਂ ਲਈ ਮਜਦੂਰ ਸੰਘਰਸ਼ ਕਰ ਰਹੇ ਹਨ, ਪਰ ਪੰਜਾਬ ਸਰਕਾਰ ਨੇ ਮਜਦੂਰਾਂ ਨੂੰ ਬਿਲਕੁੱਲ ਹੀ ਦਰਕਿਨਾਰ ਕੀਤਾ ਹੋਇਆ ਹੈ ਜਿਸ ਲਈ ਮਜਦੂਰ ਅੱਤ ਦੀ ਸਰਦੀ 'ਚ ਵੀ ਧਰਨੇ ਲਾਉਣ ਲਈ ਮਜਬੂਰ ਹਨ। ਮੀਟਿੰਗ ਤੋਂ ਪਹਿਲਾਂ ਮਜਦੂਰ, ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਦੇ ਦਫਤਰ ਪੁੱਜੇ ਜਿਥੇ ਉਨ੍ਹਾਂ ਵਿਧਾਇਕਾ ਦੀ ਗੈਰਹਾਜਰੀ ਵਿੱਚ ਉਹਨਾਂ ਦੇ ਪੀਏ ਨੂੰ ਮੰਗ ਪੱਤਰ ਦਿੱਤਾ ਗਿਆ। ਅੱਜ ਦੀ ਮੀਟਿੰਗ ਵਿਚ ਦਿਹਾਤੀ ਮਜਦੂਰ ਸਭਾ ਵਲੋਂ ਦਰਸਨ ਨਾਹਰ, ਪਰਮਜੀਤ ਸਿੰਘ ਰੰਧਾਵਾ, ਮੇਜਰ ਫਿਲੌਰ, ਪੇਂਡੂ ਮਜਦੂਰ ਯੂਨੀਅਨ ਪੰਜਾਬ ਵਲੋਂ ਹੰਸ ਰਾਜ ਪੱਬਵਾ, ਪੰਜਾਬ ਖੇਤ ਮਜਦੂਰ ਸਭਾ ਵਲੋਂ ਬੀਰ ਕੁਮਾਰ, ਗਿਆਨ ਸੈਦਪੁਰੀ ਅਤੇ ਰਸਪਾਲ ਕੈਲੇ, ਪੰਜਾਬ ਖੇਤ ਮਜਦੂਰ ਯੂਨੀਅਨ ਵੱਲੋਂ ਹਰਪਾਲ ਬਿੱਟੂ, ਸੁਖਜਿੰਦਰ ਲਾਲੀ ਅਤੇ ਸਤਨਾਮ ਉੱਗੀ ਸ਼ਾਮਲ ਹੋਏ।



# ਕਿਸਾਨ ਜਥੇਬੰਦੀਆਂ ਇਕੱਠੇ ਹੋ ਕੇ ਕਿਸਾਨੀ ਮਸਲੇ ਹੱਲ ਕਰਨ ਲਈ ਸਰਕਾਰ ਨੂੰ ਮਜਬੂਰ ਕਰਨ : ਲਾਚੋਵਾਲ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਕਿਸਾਨਾਂ ਦੀ ਗੰਨੇ ਦੀ ਤਿਆਰ ਫਸਲ ਦੀ ਪੜ੍ਹਾਈ ਲਈ ਜਲੰਧਰ ਦੇ ਧਰਨੇ ਉਪਰੰਤ ਪੰਜਾਬ ਸਰਕਾਰ ਅਤੇ ਕਿਸਾਨ ਜਥੇਬੰਦੀਆਂ ਦੇ ਵਿਚਕਾਰ ਬਣੀ ਸਹਿਮਤੀ ਦੇ ਫੈਸਲਿਆ ਨੂੰ ਲਾਗੂ ਕਰਨ ਅਤੇ ਕਰਾਉਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਈਆਂ ਹਨ ਤੇ ਹੁਣ ਕਿਸਾਨ ਜਥੇਬੰਦੀਆਂ ਦੇ ਆਗੂ ਆਪਣੀ ਚੌਧਰ ਛੱਡ ਕੇ ਇਕੱਠੇ ਹੋ ਕੇ ਕਿਸਾਨੀ ਮਸਲੇ ਹੱਲ ਕਰਨ ਲਈ ਸਰਕਾਰ ਨੂੰ ਮਜ਼ਬੂਰ ਕਰਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਜਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਦੀ ਮੀਟਿੰਗ 'ਚ ਪ੍ਰਧਾਨ ਪਰਮਿੰਦਰ ਸਿੰਘ ਲਾਚੋਵਾਲ ਨੇ ਕੀਤਾ। ਉਹਨਾਂ ਇਸ ਸਮੇਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੰਨੇ ਦੀ ਤਿਆਰ ਫਸਲ ਦੀ ਪੜ੍ਹਾਈ ਲਈ ਮਿੱਲਾਂ ਨੂੰ ਚਲਾਉਣ ਲਈ 21 ਨਵੰਬਰ ਦੀ ਤਰੀਕ ਦਾ ਐਲਾਨ ਕੀਤਾ ਹੋਇਆ ਸੀ ਅਤੇ ਪੰਜਾਬ ਸਰਕਾਰ ਨੇ ਪ੍ਰਾਈਵੇਟ ਖੰਡ ਮਿਲ ਮਾਲਕਾਂ ਦੀਆਂ ਮੰਗਾਂ ਦਾ ਹੱਲ ਕਰਨ ਲਈ ਮੁੱਖ ਮੰਤਰੀ ਨਾਲ 16 ਨਵੰਬਰ ਦੀ ਰੱਖੀ ਹੋਈ ਮੀਟਿੰਗ ਨੂੰ ਰਜੇਵਿਆ ਦਾ ਹਵਾਲਾ ਦੇ ਕੇ ਰੱਦ ਕੀਤਾ ਫਿਰ ਜਲੰਧਰ ਵਿਖੇ ਕਿਸਾਨ ਜਥੇਬੰਦੀਆਂ ਦੇ ਧਰਨੇ ਉਪਰੰਤ 28 ਨਵੰਬਰ ਨੂੰ ਗੰਨੇ ਦੀ ਪੜ੍ਹਾਈ ਲਈ ਮਿੱਲਾਂ ਚਲਾਉਣ ਦਾ ਐਲਾਨ ਕੀਤਾ। ਉਹਨਾਂ ਇਸ ਸਮੇਂ ਕਿਹਾ ਕਿ ਸਰਕਾਰ ਅਤੇ ਮਿੱਲ ਮਾਲਕਾਂ 'ਚ ਮਿੱਲਾਂ ਚਲਾਉਣ ਦੀ ਸਹਿਮਤੀ ਨਾ ਬਣਨ ਕਰਨ ਕਿਸਾਨਾਂ ਦਾ ਬਹੁਤ ਭਾਰੀ ਨੁਕਸਾਨ ਹੋ ਰਿਹਾ ਹੈ ਸਰਕਾਰ ਅਤੇ ਮਿਲ ਮਾਲਕਾਂ ਦੀ ਮਿਲੀ ਭੁਗਤ ਨਾਲ ਉਹਨਾਂ ਨੂੰ ਖੱਜਲ ਖਵਾਰ ਕਰ ਰਹੇ ਹਨ। ਜਿਸ ਦਾ ਖਮਿਆਜਾ ਸਰਕਾਰ ਨੂੰ ਕਿਸਾਨਾਂ ਦੇ ਵੱਡੇ ਰੋਹ ਦੇ ਰੂਪ ਵਿੱਚ ਦੇਖਣਾ ਪਵੇਗਾ ਇਸ ਸਮੇਂ ਗੁਰਦੀਪ ਸਿੰਘ ਖੁਣਖੁਣ, ਹਰਪ੍ਰੀਤ ਸਿੰਘ ਲਾਲੀ, ਪਰਮਿੰਦਰ ਸਿੰਘ ਖਾਨਪੁਰ, ਗੁਰਪ੍ਰੀਤ ਸਿੰਘ ਖੁੱਡਾ, ਬਿੱਕਰ ਸਿੰਘ ਸੇਰਪੁਰ, ਕਰਨੈਲ ਸਿੰਘ ਢਾਂਡੇ, ਬਲਦੇਵ ਸਿੰਘ ਅਸਲਪੁਰ, ਲੰਬੜਦਾਰ ਮਨਜੀਤ ਸਿੰਘ ਆਦਿ ਹਾਜ਼ਰ ਸਨ।

# ਟੋਲ ਪਲਾਜ਼ਾ ਦੇ ਰੇਟਾਂ ਨੂੰ ਜੇਕਰ ਨਾ ਘਟਾਇਆ ਤਾਂ ਲੱਗੇਗਾ ਅਣਮਿੱਥੇ ਸਮੇਂ ਲਈ ਧਰਨਾ : ਜਸਪਾਲ ਚੇਚੀ



**ਫਿਲੌਰ, (ਨਿਰਮਲ)**

ਲਾਡੋਵਾਲ ਟੋਲ ਪਲਾਜਾ ਦੇ ਵਧਾਏ ਰੇਟਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਆਮ ਆਦਮੀ ਪਾਰਟੀ ਹਲਕਾ ਹੁਸ਼ਿਆਰਪੁਰ ਤੋਂ ਕੌਂਸਲਰ ਜਸਪਾਲ ਸਿੰਘ ਚੇਚੀ, ਕੁਲਦੀਪ ਰਾਏ, ਜਗਦੀਪ ਸਿੰਘ ਅਤੇ ਹੋਰਨਾਂ ਨੇ ਟੋਲ ਦੇ ਵਧੇ ਰੇਟਾਂ ਨੂੰ ਘਟਾਉਣ ਲਈ 5 ਦਸੰਬਰ ਨੂੰ ਟੋਲ ਪਲਾਜਾ 'ਤੇ ਸ਼ਾਂਤਮਈ ਢੰਗ ਨਾਲ ਧਰਨਾ ਲਗਾਉਣ ਲਈ ਅਲਟੀਮੇਟਮ ਦਿੱਤਾ ਹੈ, ਉਨ੍ਹਾਂ ਕਿਹਾ ਕਿ ਜੇਕਰ 5 ਦਸੰਬਰ ਤੱਕ ਰੇਟ ਨਾ ਘਟਾਏ ਗਏ ਤਾਂ ਧਰਨਾ ਨਿਰਵਿਘਨ ਜਾਰੀ ਰਹੇਗਾ। ਉਨ੍ਹਾਂ ਕਿਸਾਨ ਅਤੇ ਹੋਰਨਾਂ ਜੱਥੇਬੰਦੀਆਂ ਦੇ ਆਗੂਆਂ ਨੂੰ ਵੀ ਇਸ ਧਰਨੇ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ। ਸੱਦੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਚੇਚੀ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲਾਡੋਵਾਲ ਵਿਖੇ ਲਗਾਏ ਗਏ ਟੋਲ ਪਲਾਜਾ ਲੋਕਾਂ ਦੀ ਜੇਬ 'ਤੇ ਲਗਾਤਾਰ ਡਾਕਾ ਮਾਰ ਰਿਹਾ ਹੈ। ਆਏ ਦਿਨ ਪਲਾਜਾ ਵੱਲੋਂ ਆਪਣੇ ਟੋਲ ਰੇਟਾਂ 'ਚ ਬਿਨਾਂ ਜਨਤਕ ਕੀਤੇ ਵਾਧਾ ਕੀਤਾ ਜਾ ਰਿਹਾ ਹੈ ਜੋ ਸਰਾਸਰ ਜਨਤਾ ਨਾਲ ਲੁੱਟ ਹੋ ਰਹੀ ਹੈ। ਉਨ੍ਹਾਂ ਤਾਂ ਵਾਹਨਾਂ 'ਚ ਤੇਲ ਨਹੀਂ ਲੱਗਦਾ ਜਿਨ੍ਹਾਂ ਟੋਲ ਦਾ ਹਰਜਾਨਾ ਭੁਗਤਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਟੋਲ ਪਲਾਜਾ ਵੱਲੋਂ ਪੈਸੇ ਤਾਂ ਲਏ ਜਾ ਰਹੇ ਹਨ, ਪਰ ਆਮ ਲੋਕਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਦਾ ਦੂਰ ਦੂਰ ਤੱਕ ਕੋਈ ਨਿਸ਼ਾਨ ਨਹੀਂ ਹੈ। ਉਨ੍ਹਾਂ ਟੋਲ ਪਲਾਜਾ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ 5 ਦਸੰਬਰ ਤੱਕ ਟੋਲ ਰੇਟ 'ਤੇ ਕੀਤੇ ਵਾਧੇ ਨੂੰ ਘਟਾਇਆ ਨਾ ਗਿਆ ਅਤੇ ਬਣਦੀਆਂ ਸਹੂਲਤਾਂ ਆਮ ਲੋਕਾਂ ਨੂੰ ਮੁਹੱਈਆ ਨਾ ਕਰਵਾਇਆ ਗਈਆ ਤਾਂ 5 ਦਸੰਬਰ ਨੂੰ ਅਨਮਿੱਥੇ ਸਮੇਂ ਲਈ ਧਰਨੇ 'ਤੇ ਬੈਠ ਜਾਣਗੇ।

# ਸਿੱਖਿਆ ਮੰਤਰੀ ਪੰਜਾਬ ਦੇ ਵਿਰੁੱਧ ਹੋ ਰਹੀ ਰੋਸ ਰੈਲੀ 'ਚ ਹੁਸ਼ਿਆਰਪੁਰ ਦੇ ਸੈਂਕੜੇ ਅਧਿਆਪਕ ਲੈਣਗੇ ਭਾਗ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਸਾਂਝਾ ਅਧਿਆਪਕ ਮੋਰਚਾ ਪੰਜਾਬ ਵੱਲੋਂ ਸਿੱਖਿਆ ਮੰਤਰੀ ਦੇ ਜੱਦੀ ਪਿੰਡ ਵਿਖੇ 9 ਦਸੰਬਰ ਨੂੰ ਵਿਸ਼ਾਲ ਰੋਸ ਰੈਲੀ ਕੀਤੀ ਜਾ ਰਹੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਮੋਰਚੇ ਦੇ ਜਿਲ੍ਹਾ ਹੁਸ਼ਿਆਰਪੁਰ ਦੇ ਕਨਵੀਨਰਜ ਅਮਨਦੀਪ ਸ਼ਰਮਾ, ਜਤਿੰਦਰ ਸਿੰਘ ਸੋਨੀ, ਸੁਰਜੀਤ ਰਾਜਾ ਅਤੇ ਓਂਕਾਰ ਸਿੰਘ ਸੂਸ ਨੇ ਦੱਸਿਆ ਕਿ ਸਰਕਾਰੀ ਸਕੂਲਾਂ 'ਚ ਪੜ੍ਹ ਰਹੇ ਲੱਖਾਂ ਹੀ ਬੱਚਿਆਂ ਅਤੇ ਉਨ੍ਹਾਂ ਨੂੰ ਪੜ੍ਹਾ ਰਹੇ ਹਜ਼ਾਰਾਂ ਹੀ ਅਧਿਆਪਕਾਂ ਦੇ ਅਨੇਕਾਂ ਮਸਲੇ ਪਿਛਲੇ ਲੰਬੇ ਸਮੇਂ ਤੋਂ ਜਿਉਂ ਦੇ ਤਿਉਂ ਖੜੇ ਹਨ। ਜਿਨਾਂ ਵਿੱਚ ਪ੍ਰਮੁੱਖ ਤੌਰ ਤੇ ਪੰਜਵੀਂ ਅਤੇ ਅੱਠਵੀਂ ਸ੍ਰੇਣੀ ਦੇ ਵਿਦਿਆਰਥੀਆਂ ਕੋਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਨਾਜਾਇਜ ਤੌਰ 'ਤੇ ਸਰਟੀਫਿਕੇਟ ਫੀਸ ਦੇ ਨਾਂਅ 'ਤੇ ਸੈਂਕੜੇ ਰੁਪਈਏ ਪ੍ਰਤੀ ਵਿਦਿਆਰਥੀ ਵਸੂਲੇ ਜਾ ਰਹੇ ਹਨ ਜੋ ਕਿ ਸਿੱਖਿਆ ਅਧਿਕਾਰ ਐਕਟ ਦਾ ਸਿੱਧਾ ਹੀ ਵਿਰੋਧ ਹੈ। ਆਗੂਆਂ ਨੇ ਦੱਸਿਆ ਕਿ ਜੇਕਰ ਪੰਜਾਬ ਸਰਕਾਰ ਜਾਂ ਪੰਜਾਬ ਦੇ ਸਿੱਖਿਆ ਵਿਭਾਗ ਵੱਲੋਂ ਮਸਲਿਆਂ ਦਾ ਕੋਈ ਹੱਲ ਨਾ ਕੀਤਾ ਗਿਆ ਤਾਂ ਆਉਂਦੀ 9 ਦਸੰਬਰ ਨੂੰ ਸਿੱਖਿਆ ਮੰਤਰੀ ਦੇ ਜੱਦੀ ਪਿੰਡ ਵਿਖੇ ਵਿਸਾਲ ਰੋਸ ਰੈਲੀ ਦਾ ਸਾਂਝੇ ਅਧਿਆਪਕ ਮੋਰਚੇ ਵੱਲੋਂ ਆਯੋਜਨ ਕੀਤਾ ਜਾਵੇਗਾ ਜਿਸ ਦੀ ਨਰੋਲ ਜਿੰਮੇਵਾਰੀ ਸਿੱਖਿਆ ਮੰਤਰੀ ਪੰਜਾਬ ਦੀ ਹੋਵੇਗੀ। ਇਸ ਮੌਕੇ ਮੋਰਚੇ ਦੇ ਆਗੂ ਸੁਨੀਲ ਕੁਮਾਰ, ਲੈਕਚਰਾਰ ਕਮਲ ਕਿਸ਼ੋਰ, ਸੁਖਵਿੰਦਰ ਸਿੰਘ ਸਹੋਤਾ, ਦੀਪਕ ਸ਼ਰਮਾ, ਰਾਜਕੁਮਾਰ, ਵਿਕਾਸ ਸ਼ਰਮਾ, ਦਵਿੰਦਰ ਸਿੰਘ, ਪ੍ਰਿੰਸੀਪਲ ਦਰਸ਼ਨ ਸਿੰਘ, ਸੰਦੀਪ ਕੁਮਾਰ, ਰਣਵੀਰ ਸਿੰਘ ਆਦਿ ਅਨੇਕਾਂ ਆਗੂ ਹਾਜ਼ਰ ਸਨ।



# ਸਾਰੇ ਅਧਿਕਾਰੀ ਆਪਣੀ ਡਿਊਟੀ ਨੂੰ ਇਮਾਨਦਾਰੀ ਨਾਲ ਨਿਭਾਉਣ : ਮਨੋਹਰ ਲਾਲ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** – ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਸੂਬੇ ਦੀ ਜਨਤਾ ਮੇਰਾ ਪਰਵਾਰ ਹੈ, ਸੇਵਾ ਅਤੇ ਸੰਕਲਪ ਦੀ ਭਾਵਨਾ ਨੂੰ ਲੈ ਕੇ ਸਰਕਾਰ ਹਰ ਵਰਗ ਦੀ ਭਲਾਈ ਕਰ ਰਹੀ ਹੈ। ਮੁੱਖ ਮੰਤਰੀ ਮਨੋਹਰ ਲਾਲ ਫਰੀਦਾਬਾਦ ਵਿਚ ਜਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਸਮਿਤੀ ਦੀ ਮਹੀਨਾਵਾਰ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਇਸ ਮੀਟਿੰਗ ਵਿਚ ਕੁੱਲ 14 ਸ਼ਿਕਾਇਤਾਂ ਰੱਖੀਆਂ ਗਈਆਂ ਜਿਨ੍ਹਾਂ 'ਚੋਂ ਜਿਆਦਾਤਰ ਦਾ ਮੌਕੇ ਹੀ ਨਿਪਟਾਰਾ ਕਰ ਦਿੱਤਾ ਗਿਆ। ਮੁੱਖ ਮੰਤਰੀ ਨੇ ਕਿਹਾ ਕਿ ਆਮਜਨਤਾ ਦੀ ਸ਼ਿਕਾਇਤਾਂ ਨਾਲ ਜੁੜੇ ਮਾਮਲਿਆਂ ਵਿਚ ਕੋਰਟ ਲਿਟੀਗੇਸ਼ਨ ਦੀ ਥਾਂ ਸਬੰਧਿਤ ਵਿਅਕਤੀ ਦੀ ਸਮਸਿਆ ਦੇ ਹੱਲ ਈ ਬਿਹਤਰ ਵਿਕਲਪ ਦੇ ਕੇ ਤੁਰੰਤ ਰਾਹਤ ਪਹੁੰਚਾਈ ਜਾਵੇ। ਉਨ੍ਹਾਂ ਨੇ ਕਿਹਾ ਕਿ ਜਨਤਾ ਨੂੰ ਪਰੇਸ਼ਾਨ ਕਰਨ ਦਾ ਅਧਿਕਾਰ ਕਿਸੇ ਨੂੰ ਨਹੀਂ ਹੈ। ਸਰਕਾਰ ਦੀ ਸੋਚ ਹੈ ਕਿ ਸੂਬੇ ਦਾ ਹਰੇਕ ਨਾਗਰਿਕ ਸੁਖਦ ਮਹਿਸੂਸ ਕਰਨ। ਸ੍ਰੀ ਮਨੋਹਰ ਲਾਲ ਨੇ ਪਿੰਡ ਮੋਹਾਨਾ, ਨਰਹਾਵਲੀ, ਆਦਿ ਪਿੰਡਾਂ ਦੀ ਸਿੰਚਾਈ ਲਈ ਪਾਦੀ ਨਾਲ ਜੁੜੀ ਸਮਸਿਆ ਦੇ ਲਈ ਬਿਨ੍ਹਾਂ ਦੇਰੀ ਹੱਲ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਸੂਬਾ ਸਰਕਾਰ ਸਿੰਚਾਈ ਅਤੇ ਪੇਯਜਲ ਸਪਲਾਈ ਨੂੰ ਲੈ ਕੇ ਆਖੀਰੀ ਟੇਲ ਤਕ ਪਾਣੀ ਪਹੁੰਚਾਉਣ ਲਈ ਪ੍ਰਤੀਬੱਧ ਹੈ। ਉਨ੍ਹਾਂ ਨੇ ਕਿਹਾ ਕਿ ਜੀਰੋ ਟੋਲਰੇਂਸ ਨੀਤੀ ਨੂੰ ਅਪਨਾਉਂਦੇ ਹੋਏ ਸਾਰੇ ਅਧਿਕਾਰੀ ਤੇ ਕਰਮਚਾਰੀ ਆਪਣੀ ਡਿਊਟੀ ਨੂੰ ਇਮਾਨਦਾਰੀ ਨਾਲ ਨਿਭਾਉਣ। ਸੂਬੇ ਵਿਚ ਡਰ ਮੁਕਤ ਤੇ ਭ੍ਰਿਸ਼ਟਾਚਾਰ ਮੁਕਤ ਸਰਕਾਰ ਕੰਮ ਕਰ ਰਹੀ ਹੈ ਅਤੇ ਜਨ ਭਾਵਨਾਵਾਂ ਦਾ ਸਨਮਾਨ ਕਰਦੇ ਹੋਏ ਵਿਕਾਸ ਕੰਮਾਂ ਨੂੰ ਮੂਰਤ ਰੂਪ ਦਿੰਤਾ ਜਾ ਰਿਹਾ ਹੈ।

# ਦੇਵ ਮਾਨ ਨੇ ਦਲਿਤਾ ਮਜ਼ਦੂਰਾਂ ਦੇ ਮੰਗ ਪੱਤਰ ਫੜਨ ਤੋਂ ਕੀਤੀ ਕੋਰੀ ਨਾਂਹ, ਜਥੇਬੰਦੀਆਂ ਵੱਲੋਂ ਨਿੰਦਾ



**ਜਲੰਧਰ, (ਕੇਸਰ)**

ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਦੱਸਿਆ ਕਿ ਪੰਜਾਬ ਭਰ 'ਚ ਐਮ ਐਲ ਏ ਨੂੰ ਮਜ਼ਦੂਰਾਂ ਦੀਆਂ ਭਖਵੀਆਂ ਮੰਗਾਂ ਸੰਬੰਧੀ ਮੰਗ ਪੱਤਰ ਦੇਣ ਦਾ ਸੱਦਾ ਸੀ, ਜਿਸ 'ਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਨਾਭਾ ਦੇ ਐਮ ਐਲ ਏ ਦੇਵ ਮਾਨ ਦੇ ਦਫਤਰ ਅੱਗੇ ਪਹੁੰਚ ਕੀਤੀ ਗਈ। ਜਿਸ ਵਿੱਚ ਜ਼ਮੀਨ ਪ੍ਰਾਪਤੀ ਸੰਘਰ; ਕਮੇਟੀ ਦੇ ਗੁਰਵਿੰਦਰ ਬਾੜਾਂ ਅਤੇ ਧਰਮਵੀਰ ਹਰੀਗੜ੍ਹ ਮੌਜੂਦ ਸਨ ਤਾਂ ਨਾਭਾ ਦੇ ਐਮ ਐਲ ਏ ਦੇ ਮਾਨ ਨੇ ਮੰਗ ਪੱਤਰ ਲੈਣ ਤੋਂ ਕੋਰੀ ਨਾਂਹ ਕਰ ਦਿੱਤੀ ਅਤੇ ਸਰਕਾਰ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਮੁੱਖ ਮੰਤਰੀ ਵੱਲੋਂ ਸਾਨੂੰ ਸਖਤ ਹਦਾਇਤਾਂ ਹਨ ਕਿ ਮਜ਼ਦੂਰਾਂ ਦੀਆਂ ਕਿਸੇ ਵੀ ਕਿਸਮ ਦਾ ਮੰਗਾਂ ਦਾ ਮੰਗ ਪੱਤਰ ਨਾ ਲਿਆ ਜਾਵੇ ਅਤੇ ਦੇਵ ਮਾਨ ਦੇ ਇਸ ਮਜ਼ਦੂਰ ਵਿਰੋਧੀ ਰਵਈਏ ਨੂੰ ਦੇਖਦੇ ਹੋਏ ਮਜ਼ਦੂਰਾਂ ਵੱਲੋਂ ਜਦੋਂ ਇਸ ਦਾ ਵਿਰੋਧ ਕੀਤਾ ਤਾਂ ਦੇਵ ਮਾਨ ਵੱਲੋਂ ਸਾਰੀਆਂ ਹੱਦਾਂ ਪਾਰ ਕਰਦਿਆਂ ਜੋਨਲ ਮੀਤ ਪ੍ਰਧਾਨ ਗੁਰਵਿੰਦਰ ਬਾੜਾ ਅਤੇ ਜੋਨਲ ਆਗੂ ਧਰਮਵੀਰ ਹਰੀਗੜ੍ਹ ਨਾਲ ਹੱਥੋਪਾਈ ਕੀਤੀ। ਇਹ ਜਾਣਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰੈਸ ਸਕੱਤਰ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਬਿੱਕਰ ਸਿੰਘ ਹਥੋਆਂ ਨੇ ਸਾਂਝੇ ਮੋਰਚੇ ਵਲੋਂ ਜਾਰੀ ਪ੍ਰੈਸ ਬਿਆਨ ਰਾਹੀਂ ਦਿੱਤੀ। ਸਾਂਝੇ ਮੋਰਚੇ 'ਚ ਸ਼ਾਮਲ ਜਥੇਬੰਦੀਆਂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਪੰਜਾਬ ਖੇਤ ਮਜਦੂਰ ਯੂਨੀਅਨ ਦੇ ਪ੍ਰਧਾਨ ਜੋਰਾਂ ਸਿੰਘ ਨਸਰਾਲੀ, ਦਿਹਾਤੀ ਮਜਦੂਰ ਸਭਾ ਦੇ ਪ੍ਰਧਾਨ ਦਰਸਨ ਨਾਹਰ, ਪੰਜਾਬ ਖੇਤ ਮਜਦੂਰ ਸਭਾ ਦੇ ਸੀਨੀਅਰ ਆਗੂ ਗੁਲਜਾਰ ਗੋਰੀਆ, ਕੁੱਲ ਹਿੰਦ ਖੇਤ ਮਜਦੂਰ ਯੂਨੀਅਨ ਦੇ ਗੁਰਮੇਸ ਸਿੰਘ, ਜਮੀਨ ਪ੍ਰਾਪਤੀ ਸੰਘਰਸ ਕਮੇਟੀ ਦੇ ਪ੍ਰਧਾਨ ਮੁਕੇਸ ਮਲੌਦ, ਕ੍ਰਾਂਤੀਕਾਰੀ ਪੇਂਡੂ ਮਜਦੂਰ ਯੂਨੀਅਨ ਪੰਜਾਬ ਦੇ ਜਨਰਲ ਸਕੱਤਰ ਲਖਵੀਰ ਲੌਂਗੋਵਾਲ ਆਦਿ ਨੇ ਇਸ ਦਾ ਗੰਭੀਰ ਨੋਟਿਸ ਲੈਂਦੇ ਹੋਏ ਇਸ ਘਟਨਾ ਦੀ ਸਖਤ ਸਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਨੇ ਪੰਜਾਬ ਸਰਕਾਰ ਤੋਂ ਦੇਵ ਮਾਨ 'ਤੇ ਕਾਰਵਾਈ ਕਰਨ ਦੀ ਮੰਗ ਕੀਤੀ।

# ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਅਸਾਮੀਆਂ ਲਈ ਵਿਭਾਗੀ ਪ੍ਰੀਖਿਆ 11 ਤੋਂ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਸਹਾਇਕ ਕਮਿਸ਼ਨਰਾਂ, ਵਾਧੂ ਸਹਾਇਕ ਕਮਿਸ਼ਨਰ/ਤਹਿਸੀਲਦਾਰਾਂ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਦੀ ਅਗਲੀ ਵਿਭਾਗੀ ਪ੍ਰੀਖਿਆ 11 ਦਸੰਬਰ ਤੋਂ 15 ਦਸੰਬਰ ਤੱਕ ਹੋਵੇਗੀ। ਪੰਜਾਬ ਸਰਕਾਰ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਜਿਹੜੇ ਅਧਿਕਾਰੀ ਪ੍ਰੀਖਿਆ ਵਿੱਚ ਸ਼ਾਮਲ ਹੋਣਾ ਚਾਹੁੰਦੇ ਹਨ, ਉਹ 01 ਦਸੰਬਰ, 2023 ਤੱਕ ਆਪਣੇ ਵਿਭਾਗਾਂ ਰਾਹੀਂ ਪ੍ਰਸੋਨਲ ਵਿਭਾਗ ਦੇ ਸਕੱਤਰ ਅਤੇ ਸਕੱਤਰ, ਵਿਭਾਗੀ ਪ੍ਰੀਖਿਆ ਕਮੇਟੀ (ਪੀ.ਸੀ.ਐੱਸ. ਸ਼ਾਖਾ), ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਨੂੰ ਆਪਣੀਆਂ ਅਰਜ਼ੀਆਂ ਭੇਜ ਸਕਦੇ ਹਨ। ਉਨ੍ਹਾਂ ਕਿਹਾ ਕਿ ਸਿੱਧੇ ਤੌਰ 'ਤੇ ਭੇਜੀ ਗਈ ਅਰਜ਼ੀ ਨੂੰ ਕਿਸੇ ਵੀ ਸਥਿਤੀ ਵਿਚ ਵਿਚਾਰਿਆ ਨਹੀਂ ਜਾਵੇਗਾ, ਅਧੂਰੀਆਂ ਅਰਜ਼ੀਆਂ ਰੱਦ ਕੀਤੀਆਂ ਜਾਣਗੀਆਂ ਅਤੇ ਕੋਈ ਰੋਲ ਨੰਬਰ ਜਾਰੀ ਨਹੀਂ ਕੀਤਾ ਜਾਵੇਗਾ ਜਿਸ ਲਈ ਸਬੰਧਤ ਬਿਨੈਕਾਰ ਜ਼ਿੰਮੇਵਾਰ ਹੋਵੇਗਾ। ਉਨ੍ਹਾਂ ਅੱਗੇ ਕਿਹਾ ਕਿ ਜਿਸ ਉਮੀਦਵਾਰ ਨੂੰ 07 ਦਸੰਬਰ, 2023 ਤੱਕ ਪ੍ਰੀਖਿਆਵਾਂ ਲਈ ਆਪਣਾ ਰੋਲ ਨੰਬਰ ਨਹੀਂ ਮਿਲਦਾ, ਉਹ ਈ-ਮੇਲ ਜਾਂ ਟੈਲੀਫੋਨ (ਪੀ.ਬੀ.ਐਕਸ. - 4648) ਜ਼ਰੀਏ ਪੀ.ਸੀ.ਐਸ. ਸ਼ਾਖਾ ਨਾਲ ਸੰਪਰਕ ਕਰ ਸਕਦਾ ਹੈ।

# ਜ਼ੀਰਕਪੁਰ ਵਿਖੇ ਫਲਾਈਓਵਰ ਜਨਵਰੀ ਤੱਕ ਚਾਲੂ ਹੋ ਜਾਵੇਗਾ : ਡੀ ਸੀ

**ਜ਼ੀਰਕਪੁਰ (ਕ੍ਰਿਸ਼ਨ ਗਰਗ)** ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ੀਰਕਪੁਰ ਵਿਖੇ ਬਣਨ ਵਾਲੇ ਦੋ ਫਲਾਈਓਵਰਾਂ ਵਿੱਚੋਂ ਇੱਕ ਫਲਾਈਓਵਰ ਆਉਂਦੀ ਜਨਵਰੀ ਤੱਕ ਚਾਲੂ ਕਰ ਦਿੱਤਾ ਜਾਵੇਗਾ। ਉਹ ਜ਼ਿਲ੍ਹਾ ਐਸ ਏ ਐਸ ਨਗਰ ਵਿੱਚ ਚੱਲ ਰਹੇ ਐਨ ਐਚ ਏ ਆਈ ਪ੍ਰਾਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲੈ ਰਹੇ ਸਨ। ਉਸਨੇ ਬਕਾਇਆ ਭੌਂ-ਪ੍ਰਾਪਤੀ ਲਈ ਅਵਾਰਡਾਂ ਨੂੰ ਤੇਜ਼ ਕਰਨ ਦੇ ਨਾਲ-ਨਾਲ ਮੁਆਵਜ਼ੇ ਦੀ ਵੰਡ 'ਚ ਵੀ ਤੇਜ਼ੀ ਲਿਆਉਣ 'ਤੇ ਜ਼ੋਰ ਦਿੱਤਾ। ਜ਼ੀਰਕਪੁਰ ਵਿੱਚ ਐਨ.ਐਚ.ਏ.ਆਈ. ਦੀਆਂ ਸੜਕਾਂ 'ਤੇ ਗੈਰ-ਕਾਨੂੰਨੀ ਪਾਰਕਿੰਗਾਂ ਨੂੰ ਹਟਾਉਣ ਸਬੰਧੀ ਐਨ.ਐਚ.ਏ.ਆਈ. ਦੇ ਅਧਿਕਾਰੀਆਂ ਦੀ ਬੇਨਤੀ 'ਤੇ, ਉਨ੍ਹਾਂ ਨੇ ਇਸ ਮੁੱਦੇ ਨੂੰ ਜਲਦੀ ਤੋਂ ਜਲਦੀ ਹੱਲ ਕਰਨ ਲਈ ਜ਼ਿਲ੍ਹਾ ਪੁਲਸ ਕੋਲ ਮਾਮਲਾ ਉਠਾਉਣ ਦਾ ਭਰੋਸਾ ਦਿੱਤਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਆਈ.ਟੀ.ਸਿਟੀ-ਕੁਰਾਲੀ ਚੰਡੀਗੜ੍ਹ ਰੋਡ, ਐਨ.ਐਚ.-205-ਏ ਦੀ ਉਸਾਰੀ ਦਾ ਕੰਮ ਜ਼ੋਰਾਂ 'ਤੇ ਚੱਲ ਰਿਹਾ ਹੈ ਅਤੇ ਅਗਲੇ ਸਾਲ ਨਵੰਬਰ ਤੱਕ ਇਹ ਕੰਮ ਮੁਕੰਮਲ ਹੋਣ ਦੇ ਨੇੜੇ ਹੋ ਜਾਵੇਗਾ। ਉਨ੍ਹਾਂ ਜ਼ਿਲ੍ਹਾ ਮਾਲ ਅਫ਼ਸਰ ਨੂੰ ਇਸ ਸੜਕ ਨਾਲ ਸਬੰਧਤ ਟਿਊਬਵੈੱਲਾਂ ਅਤੇ ਢਾਂਚਿਆਂ/ਉਸਾਰੀਆਂ ਨਾਲ ਸਬੰਧਤ ਬਕਾਇਆ ਮੁਆਵਜ਼ਾ ਜਲਦ ਵੰਡਣ ਲਈ ਕਿਹਾ। ਉਨ੍ਹਾਂ ਸਰਹਿੰਦ-ਮੋਹਾਲੀ ਐਨਐਚ-205-ਏਜੀ ਸੜਕ ਦੀ ਪ੍ਰਕਿਰਿਆ ਨੂੰ ਜਲਦ ਮੁਕੰਮਲ ਕਰਨ ਲਈ ਭਾਗੋ ਮਾਜਰਾ ਅਤੇ ਰਾਏਪੁਰ ਕਲਾਂ ਦੇ ਭੌਂ-ਪ੍ਰਾਪਤੀ ਅਵਾਰਡਾਂ ਨੂੰ ਜਲਦ ਐਲਾਨਣ ਦੇ ਆਦੇਸ਼ ਦੇਣ ਦੇ ਨਾਲ-ਨਾਲ ਹੁਣ ਤੱਕ 151.86 ਕਰੋੜ ਵਿੱਚੋਂ 132 ਕਰੋੜ ਰੁਪਏ ਦੀ ਰਾਸ਼ੀ ਮੁਆਵਜ਼ੇ ਵਜੋਂ ਵੰਡੇ ਜਾਣ ਬਾਰੇ ਦੱਸਿਆ। ਅੰਬਾਲਾ-ਚੰਡੀਗੜ੍ਹ ਗ੍ਰੀਨ ਫੀਲਡ ਦੇ ਐਸ.ਏ.ਐਸ.ਨਗਰ 'ਚ ਪੈਂਦੇ ਹਿੱਸੇ ਬਾਰੇ ਚਰਚਾ ਕਰਦਿਆਂ ਉਨ੍ਹਾਂ ਕਿਹਾ ਕਿ ਕੁੱਲ 643 ਕਰੋੜ ਵਿੱਚੋਂ 515 ਕਰੋੜ ਰੁਪਏ ਦੇ ਮੁਆਵਜ਼ੇ ਦੀ ਵੰਡ ਕਰ ਦਿੱਤੀ ਗਈ ਹੈ। ਉਨ੍ਹਾਂ ਅਧਿਕਾਰੀਆਂ ਨੂੰ ਫੇਜ਼-2 ਭੌਂ-ਗ੍ਰਹਿਣ ਦੇ ਮੁਆਵਜ਼ੇ ਦੀ ਵੰਡ ਵਿੱਚ ਤੇਜ਼ੀ ਲਿਆਉਣ ਦੇ ਨਾਲ-ਨਾਲ ਰਹਿੰਦੇ ਪਲਾਟਾਂ ਦੀ 3ਏ ਨੋਟੀਫਿਕੇਸ਼ਨ ਦੀ ਪੜਤਾਲ ਮੁਕੰਮਲ ਕਰਨ ਲਈ ਕਿਹਾ।

ਨੈਸ਼ਨਲ ਹਾਈਵੇਅ ਅਧਿਕਾਰੀਆਂ ਨੇ ਡੀ ਸੀ ਨੂੰ ਦੱਸਿਆ ਕਿ 26 ਕਿਲੋਮੀਟਰ ਵਿੱਚੋਂ 18.5 ਏਕੜ ਦਾ ਕਬਜ਼ਾ ਲੈ ਲਿਆ ਗਿਆ ਹੈ। ਡਿਪਟੀ ਕਮਿਸ਼ਨਰ ਨੇ ਐਨ.ਐਚ.ਏ.ਆਈ ਦੀਆਂ ਲੰਬਿਤ ਪਈਆਂ ਸੜਕਾਂ ਨੂੰ ਜਲਦੀ ਨਿਪਟਾਉਣ ਲਈ ਹਰ ਸ਼ੁੱਕਰਵਾਰ ਨੂੰ ਸਮੀਖਿਆ ਮੀਟਿੰਗ ਕਰਨ ਦੇ ਹੁਕਮ ਵੀ ਦਿੱਤੇ। ਮੀਟਿੰਗ ਵਿੱਚ ਹਾਜ਼ਰ ਅਧਿਕਾਰੀਆਂ ਵਿੱਚ ਏ ਡੀ ਸੀ (ਜੀ) ਵਿਰਾਜ ਐਸ ਤਿੜਕੇ, ਐਨ ਐਚ ਏ ਆਈ ਦੇ ਪ੍ਰਾਜੈਕਟ ਡਾਇਰੈਕਟਰ ਪਰਦੀਪ ਅੱਤਰੀ, ਐਸ ਡੀ ਐਮ ਮੋਹਾਲੀ ਚੰਦਰਜੋਤੀ ਸਿੰਘ, ਜ਼ਿਲ੍ਹਾ ਮਾਲ ਅਫਸਰ ਅਮਨਦੀਪ ਚਾਵਲਾ ਸ਼ਾਮਲ ਸਨ।

# ਕੌਮੀ ਲੋਕ ਅਦਾਲਤ 9 ਨੂੰ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ. ਨਗਰ ਤੋਂ ਪ੍ਰਾਪਤ ਦਿਸ਼ਾ ਨਿਰਦੇਸ਼ਾ ਮਾਣਯੋਗ ਜਿਲ੍ਹਾ ਅਤੇ ਸੈਸਨ ਜੱਜ-ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਕੰਵਲਜੀਤ ਸਿੰਘ ਬਾਜਵਾ ਵੱਲੋ ਅੰਡਰ ਟਰਾਇਲ ਰੀਵਿਊ ਕਮੇਟੀ ਦੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸੀ ਜੇ ਐਮ-ਕਮ-ਸਕੱਤਰ ਕਮਲਦੀਪ ਸਿੰਘ ਧਾਲੀਵਾਲ, ਡੀ ਐਸ ਪੀ ਅਮਰ ਨਾਥ ਅਤੇ ਏ ਸੀ ਜੀ ਡਾ. ਗੁਰਲੀਨ ਸਿੱਧੂ ਹਾਜ਼ਰ ਸਨ। ਇਸ ਮੀਟਿੰਗ ਦੌਰਾਨ ਜਿਲ੍ਹਾ ਅਤੇ ਸੈਸਨ ਜੱਜ-ਕਮ-ਚੇਅਰਮੈਨ ਕੰਵਲਜੀਤ ਸਿੰਘ ਬਾਜਵਾ ਵੱਲੋਂ ਦੱਸਿਆ ਗਿਆ ਕਿ 9 ਦਸੰਬਰ 2023 ਨੂੰ ਜ਼ਿਲੇ 'ਚ ਅਦਾਲਤੀ ਤੇ ਪ੍ਰੀ-ਲਿਟੀਗੇਟਿਵ ਪੜਾਅ ਤੇ ਆਏ ਰਾਜ਼ੀਨਾਮਾ ਹੋਣ ਯੋਗ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਨ ਲਈ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ। ਉਨ੍ਹਾਂ ਨੇ ਮੀਟਿੰਗ ਦੌਰਾਨ ਡੀ.ਐਸ.ਪੀ ਨੂੰ ਹਦਾਇਤ ਕੀਤੀ ਗਈ ਕਿ ਉਹ ਪ੍ਰੀ ਅਰੈਸਟ ਸਟੇਜ ਤੇ ਫੜੇ ਗਏ ਵਿਅਕਤੀ ਨੂੰ ਮੁਫਤ ਕਾਨੂੰਨੀ ਸਹਾਇਤਾ ਦੇ ਬਾਰੇ ਜਾਗਰੂਕਤ ਕਰਵਾਉਣ। ਉਨ੍ਹਾਂ ਨੇ ਆਦਮਪਤਾ ਰਿਪੋਰਟ, ਕੈਂਸਲੇਸਨ ਕੇਸ ਇਸ ਕੌਮੀ ਲੋਕ ਅਦਾਲਤ ਵਿਚ ਲਗਵਾਉਣ ਬਾਰੇ ਕਿਹਾ ਅਤੇ ਪੈਡਿੰਗ ਟ੍ਰੈਫਿਕ ਚਲਾਨ ਵੀ ਲੋਕ ਅਦਾਲਤ ਭੇਜਨ ਲਈ ਕਿਹਾ। ਉਹਨਾਂ ਨੇ ਮੌਜੂਦ ਅਧਿਕਾਰੀਆ ਨੂੰ ਕਿਹਾ ਕਿ ਇਸ ਕੌਮੀ ਲੋਕ ਅਦਾਲਤ ਬਾਰੇ ਆਮ ਪਬਲਿਕ ਨੂੰ ਵੀ ਵੱਧ ਤੋ ਵੱਧ ਜਾਗਰੂਕ ਕੀਤਾ ਜਾਵੇ।

# ਲੀਗਲ ਅਵੇਅਰਨੈਸ ਮੰਚ ਨੇ ਸੰਵਿਧਾਨ ਦਿਵਸ ਮਨਾਇਆ

**ਜਲੰਧਰ (ਸੁਰਿੰਦਰ ਕੁਮਾਰ)**

ਵਕੀਲ ਭਾਈ ਚਾਰੇ ਦੀ ਸੰਸਥਾ ਲੀਗਲ ਅਵੇਅਰਨਸ ਮੰਚ ਜਲੰਧਰ ਵੱਲੋਂ ਸੰਵਿਧਾਨ ਦਿਵਸ ਬੜੀ ਧੂਮ- ਧਾਮ ਨਾਲ ਮਨਾਉਂਦਿਆਂ ਕਸਮ ਖਾਧੀ ਕਿ ਦੇਸ਼ ਦੇ ਸੰਵਿਧਾਨ ਤੇ ਦੇਸ਼ ਨੂੰ ਅੱਜ ਬਚਾਉਣ ਦੀ ਸਖਤ ਜਰੂਰਤ ਹੈ। ਸੰਵਿਧਾਨ ਦੇ ਨਿਰਮਾਤਾ ਡਾਕਟਰ ਅੰਬੇਡਗਰ ਅਤੇ ਦੇਸ਼ ਦੀ ਆਜਾਦੀ ਲਈ ਅਥਾਹ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਦੇ ਸੁਪਨੇ ਚਕਨਾ ਚੂਰ ਹੋਣ ਤੋਂ ਬਚਾਉਣ ਲਈ ਸੰਵਿਧਾਨ ਦਿਵਸ ਡਾਕਟਰ ਅੰਬੇਡਕਰ ਚੌਂਕ ਵਿਖੇ ਮਨਾਇਆ ਗਿਆ। ਮੰਚ ਦੇ ਜਨਰਲ ਸਕੱਤਰ ਐਡਵੋਕੇਟ ਹਰਭਜਨ ਸਾਂਪਲਾ, ਐਡਵੋਕੇਟ ਰਜਿੰਦਰ ਕੁਮਾਰ ਆਜਾਦ, ਐਡਵੋਕੇਟ ਰੋਸ਼ਨ ਲਾਲ ਦੁਗ, ਸਮਾਜ ਸੇਵਿਕਾ ਸਤਨਾਮ ਕੌਰ ਤੇ ਜਸਬੀਰ ਕੌਰ ਨੇ ਆਖਿਆ ਕਿ ਬਾਬਾ ਸਾਹਿਬ ਨੇ ਬੜੀ ਮਿਹਨਤ ਨਾਲ ਸੰਵਿਧਾਨ ਦੀ ਰਚਨਾ ਕੀਤੀ ਜਿਸ ਨਾਲ ਹਰ ਵਰਗ ,ਹਰ ਧਰਮ, ਮਰਦ ਔਰਤ ਦੇ ਅਧਿਕਾਰਾਂ ਨੂੰ ਸੁਰੱਖਿਅਤਾ ਪ੍ਰਦਾਨ ਕੀਤੀ ਗਈ ਹੈ। ਡਾਕਟਰ ਅੰਬੇਡਕਰ ਜੀ ਨੇ ਬੜੀ ਮਿਹਨਤ ਨਾਲ ਸੰਵਿਧਾਨ ਤਿਆਰ ਕੀਤਾ, ਸੰਵਿਧਾਨ 26 ਜਨਵਰੀ 1950 ਨੂੰ ਲਾਗੂ ਕੀਤਾ ਗਿਆ ਸੀ ਜਦੋਂ ਭਾਰਤ ਗੁਲਾਮ ਸੀ ਭਾਰਤ ਦਾ ਕੋਈ ਸੰਵਿਧਾਨ, ਕੌਮੀ ਗਾਣ, ਕੌਮੀ ਝੰਡਾ ਨਹੀਂ ਸੀ। ਆਜਾਦੀ ਦੇ ਪਰਵਾਨਿਆਂ ਨੇ ਅਥਾਹ ਕੁਰਬਾਨੀਆਂ ਕਰਕੇ ਇਹ ਤਿੰਨੋ ਨਿਸ਼ਾਨੀਆਂ ਭਾਰਤ ਨੂੰ ਦੁਆਈਆਂ। ਸੰਵਿਧਾਨ ਵਿੱਚ ਸਮੁੱਚੇ ਮਨੁੱਖੀ ਅਧਿਕਾਰਾਂ ਦੀ ਵਕਾਲਤ ਕੀਤੀ ਗਈ ਹੈ ਜਿਸ ਵਿੱਚ ਬਰਾਬਰੀ ,ਸਾਰੇ ਧਰਮ ਦੇ ਲੋਕਾਂ ਨੂੰ ਧਾਰਮਿਕ ਆਜਾਦੀ ਦਿੱਤੀ ਗਈ ਹੈ, ਵੱਡੀ ਗੱਲ ਇਹ ਹੈ ਕਿ ਉਹਨਾਂ ਲੋਕਾਂ ਨੂੰ ਵੀ ਜਮਹੂਰੀ ਅਧਿਕਾਰ ਮਿਲ ਗਏ ਹਨ ਜਿਨਾਂ ਨੂੰ ਛੱਪੜਾਂ ਤੋਂ ਵੀ ਪਾਣੀ ਨਹੀਂ ਪੀਣ ਦਿੱਤਾ ਜਾਂਦਾ ਸੀ। ਆਗੂਆਂ ਨੇ ਕਿਹਾ ਕਿ ਕਿਸੇ ਵੀ ਪ੍ਰਕਾਰ ਦੀ ਸੰਵਿਧਾਨਿਕ ਛੇੜ-ਛਾੜ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਰਾਜ ਕੁਮਾਰ ਬੈਂਸ, ਅਸ਼ਵਨੀ ਕੁਮਾਰ, ਜਸਵਿੰਦਰ ਪਾਲ ,ਦੀਪਕ ਕੁਮਾਨ ,ਰਾਮ ਕ੍ਰਿਸ਼ਨ ਚੋਪੜਾ, ਹਰਿਭਜਨ ਲਾਲ ਤੇ ਹੋਰ ਬਹੁਤ ਸਾਰੇ ਐਡਵੋਕੇਟ ਹਾਜ਼ਰ ਸਨ।



# ਆਲੂਆਂ ਦੀ ਫਸਲ 'ਤੇ ਤੁਰੰਤ ਕੀਤਾ ਜਾਵੇ ਛਿੜਕਾਅ : ਡਾ. ਗਿੱਲ



**ਨਵਾਂਸ਼ਹਿਰ**
**(ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਆਲੂਆਂ ਦੀ ਫਸਲ ਲਈ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅਹਿਮ ਸਥਾਨ ਰੱਖਦਾ ਹੈ। ਮੌਸਮ ਦੇ ਮਿਜ਼ਾਜ ਨੂੰ ਦੇਖਦੇ ਹੋਏ ਪੰਜਾਬ ਵਿੱਚ ਆਲੂ ਦੀ ਫਸਲ ਨੂੰ ਭਵਿੱਖ ਵਿੱਚ ਪਿਛੇਤਾ ਝੁਲਸ ਰੋਗ ਆਉਣ ਦੀ ਸੰਭਾਵਨਾ ਹੈ ਕਿਉਂਕਿ ਨਵੰਬਰ ਮਹੀਨੇ ਦੌਰਾਨ ਬੱਦਲਵਾਈ ਅਤੇ ਹਲਕੀ ਬਾਰਸ਼ ਹੋਣ ਕਰਕੇ ਆਲੂਆਂ ਦੀ ਫਸਲ ਤੇ ਝੁਲਸ ਰੋਗ ਲਈ ਤਾਪਮਾਨ ਬੜਾ ਢੁੱਕਵਾਂ ਹੋ ਗਿਆ ਹੈ। ਇਹ ਵਿਚਾਰ ਸਹਾਇਕ ਡਾਇਰੈਕਟਰ ਬਾਗਬਾਨੀ ਸ਼ਹੀਦ ਭਗਤ ਸਿੰਘ ਨਗਰ ਡਾ. ਦਲਜੀਤ ਸਿੰਘ ਗਿੱਲ ਅਤੇ ਸਟੇਟ ਨੋਡਲ ਅਫਸਰ (ਆਲੂ) ਡਾ. ਪਰਮਜੀਤ ਸਿੰਘ ਨੇ ਜ਼ਿਲ੍ਹੇ ਅੰਦਰ ਆਲੂਆ ਦੀਆਂ ਵੱਖ-ਵੱਖ ਫਸਲ ਦਾ ਨਿਰੀਖਣ ਕਰਨ ਉਪਰੰਤ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਆਲੂਆਂ ਦੀ ਕਿਸਮ ਕੁਫਰੀ ਪੁਖਰਾਜ ਅਤੇ ਕੁਫਰੀ ਚੰਦਰਮੁਖੀ 'ਤੇ ਇਹ ਬਿਮਾਰੀ ਜ਼ਿਆਦਾ ਆਉਂਦੀ ਹੈ। ਜਿਹਨਾਂ ਕਿਸਾਨ ਵੀਰਾਂ ਨੇ ਆਲੂ ਦੀ ਫਸਲ 'ਚ ਅਜੇ ਤੱਕ ਉੱਲੀਨਾਸ਼ਕ ਦਵਾਈ ਦਾ ਛਿੜਕਾਅ ਨਹੀਂ ਕੀਤਾ ਅਤੇ ਜਿਹਨਾਂ ਦੀ ਫਸਲ 'ਚ ਅਜੇ ਤੱਕ ਪਿਛੇਤਾ ਝੁਲਸ ਰੋਗ ਦੀ ਬਿਮਾਰੀ ਨਹੀਂ ਹੈ ਉਹਨਾਂ ਸਾਰੇ ਕਿਸਾਨ ਵੀਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਲੂ ਦੀ ਫਸਲ ਨੂੰ ਐਂਟਰਾਕੋਲ / ਇੰਡੋਫਿਲ ਐਮ-45 / ਕਵਚ ਆਦਿ ਦਵਾਈਆਂ ਨੂੰ 500 ਤੋਂ 700 ਗ੍ਰਾਮ ਪ੍ਰਤੀ ਏਕੜ ਦੇ ਹਿਸਾਬ ਨਾਲ 250-300 ਲਿਟਰ ਪਾਣੀ ਵਿਚ ਘੋਲ ਕੇ ਹਫਤੇ ਦੇ ਵਕਫੇ ਤੇ ਸਪਰੇ ਕਰਨ । ਜਿਹਨਾਂ ਖੇਤਾਂ ਵਿਚ ਇਹ ਬਿਮਾਰੀ ਆ ਚੁੱਕੀ ਹੈ ਉਥੇ ਕਿਸਾਨਾਂ ਨੂੰ ਰਿਡੋਮਿਲ ਗੋਲਡ/ਸੈਕਟਿਨ 60 ਡਬਲਯੂ ਜੀ / ਕਾਰਜੇਟ ਐਮ-8, 700 ਗ੍ਰਾਮ ਜਾਂ ਰੀਵਸ 250 ਐੱਸ ਸੀ 250 ਮਿਲੀ ਲੀਟਰ ਜਾਂ ਇਕੂਏਸ਼ਨ ਪ੍ਰੋ 200 ਮਿਲੀ ਲੀਟਰ ਪ੍ਰਤੀ ਏਕੜ ਦੇ ਹਿਸਾਬ ਨਾਲ 250-300 ਲਿਟਰ ਪਾਣੀ ਵਿਚ ਘੋਲ ਕੇ 10 ਦਿਨਾਂ ਦੇ ਵਕਫੇ ਤੇ ਸਪਰੇ ਕਰਨ ਦੀ ਲੋੜ ਹੈ। ਕਿਸਾਨ ਵੀਰਾਂ ਨੂੰ ਇਸ ਗੱਲ ਦਾ ਖਿਆਲ ਵੀ ਰੱਖਣਾ ਪਏਗਾ ਕਿ ਇੱਕ ਹੀ ਉੱਲੀਨਾਸ਼ਕ ਦਾ ਵਾਰ ਵਾਰ ਛਿੜਕਾਅ ਨਾ ਕਰਨ ਸਗੋਂ ਦਵਾਈ ਬਦਲ ਕੇ ਸਪਰੇਅ ਕਰਨ।

# ਮੁੱਖ ਮੰਤਰੀ ਨੇ ਭਾਰਤ ਸੰਕਲਪ ਯਾਤਰਾ ਦੀ ਕੀਤੀ ਸ਼ੁਰੂਆਤ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਿਕਸਿਤ ਭਾਰਤ ਸੰਕਲਪ ਯਾਤਰਾ ਦੌਰਾਨ ਝਾਰਖੰਡ ਦੇ ਦੇਵਗੜ੍ਹ ਸਥਿਤ ਏਮਸ ਤੋਂ 10 ਹਜ਼ਾਰ ਜਨ ਔਸ਼ਧੀ ਕੇਂਦਰਾਂ ਅਤੇ ਪ੍ਰਧਾਨ ਮੰਤਰੀ ਮਹਿਲਾ ਕਿਸਾਨ ਡਰੋਨ ਕੇਂਦਰ ਦੀ ਸ਼ੁਰੂਆਤ ਕੀਤੀ, ਜਿਸ ਦਾ ਉਨ੍ਹਾਂ ਨੇ ਨਮੋ ਡਰੋਨ ਦੀਦੀ ਦਾ ਨਾਂਅ ਦਿੱਤਾ। ਆਪਣੇ ਸੰਬੋਧਨ ਵਿੱਚ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਜਨ ਔਸ਼ਧੀ ਕੇਂਦਰਾਂ ਤੋਂ ਗਰੀਬਾਂ ਨੂੰ ਸਸਤੀ ਦਵਾਈਆਂ ਮਿਲੇਨਗੀਆਂ। ਚੰਗੀ ਦਵਾਈ-ਚੰਗੀ ਸੇਵਾ ਹੀ ਜਨ ਔਸ਼ਧੀ ਕੇਂਦਰ ਦਾ ਮੂਲ ਉਦੇਸ਼ ਹੈ। ਭਵਿੱਖ ਵਿਚ ਜਨ ਔਸ਼ਧੀ ਕੇਂਦਰਾਂ ਦੀ ਗਿਣਤੀ ਵਧਾ ਕੇ 25 ਹਜ਼ਾਰ ਕੀਤੀ ਜਾਵੇਗੀ। ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਦੀ ਅਗਵਾਈ ਹੇਠ ਫਰੀਦਾਬਾਦ ਦੇ ਬਿਲੋਂਚ ਪਿੰਡ ਵਿਚ ਰਾਜ ਪੱਧਰੀ ਸਮਾਰੋਹ ਦਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਮਨੋਹਰ ਲਾਲ ਨੇ ਵਿਕਸਿਤ ਭਾਰਤ ਸੰਕਲਪ ਯਾਤਰਾ ਰੱਥ ਨੂੰ ਰਵਾਨਾ ਕੀਤਾ। ਇਸ ਮੌਕੇ ਟ੍ਰਾਂਸਪੋਰਟ ਮੰਤਰੀ ਮੂਲਚੰਦ ਸ਼ਰਮਾ, ਵਿਧਾਇਕ ਨਰੇਂਦਰ ਗੁਪਤਾ, ਨੈਯਨਪਾਲ ਰਾਵਤ ਅਤੇ ਸ੍ਰੀਮਤੀ ਸੀਮਾ ਤ੍ਰਿਖਾ, ਪਿੰਡ ਤੋਂ ਸਰਪੰਚ ਅਤੇ ਜਨਸੰਵਾਦ ਪ੍ਰੋਗ੍ਰਾਮ ਵਿਚ ਮੌਜੂਦ ਸਨ। ਇਸ ਦੌਰਾਨ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਦੇਸ਼ ਨੂੰ ਦਿੱਤੇ ਗਏ ਵਿਕਸਿਤ ਭਾਰਤ ਸੰਕਲਪ ਯਾਤਰਾ ਦੇ ਸੰਬੋਧਨ ਨੂੰ ਸੁਣਿਆ। ਪ੍ਰੋਗ੍ਰਾਮ ਨੂੰ ਸੰਬੋਧਿਤ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਵਿਕਸਿਤ ਭਾਂਰਤ ਸੰਕਲਪ ਯਾਤਰਾ ਨੂੰ ਹਰਿਆਣਾ ਵਿਚ ਜਨਸੰਵਾਦ ਪ੍ਰੋਗ੍ਰਾਮ ਦੇ ਨਾਲ ਜੋੜਿਆ ਗਿਆ ਹੈ। ਜਿਸ ਦੀ ਸ਼ੁਰੂਆਤ ਫਰੀਦਾਬਾਦ ਜਿਲ੍ਹਾ ਦੇ ਬਿਲੌਂਚ ਪਿੰਡ ਤੋਂ ਕੀਤੀ ਗਈ ਹੈ।

# ਲੋਕਾਂ ਨੂੰ ਬਿਹਤਰ ਸਿਹਤ ਸੁਵਿਧਾਵਾਂ ਪ੍ਰਦਾਨ ਕਰਨਾ ਪੰਜਾਬ ਸਰਕਾਰ ਦਾ ਮੁੱਖ ਟੀਚਾ : ਜਿੰਪਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਲੋਕਾਂ ਨੂੰ ਬਿਹਤਰ ਸਿਹਤ ਸੁਵਿਧਾਵਾਂ ਦੇਣਾਂ ਪੰਜਾਬ ਸਰਕਾਰ ਦਾ ਮੁੱਖ ਟੀਚਾ ਹੈ, ਜਿਸ ਦਿਸ਼ਾ 'ਚ ਬੜੀ ਤੇਜ਼ੀ ਨਾਲ ਕੰਮ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਸਿਹਤ ਸੁਵਿਧਾਵਾਂ ਦੇਣ ਦੇ ਲਈ ਸਿਹਤ ਵਿਭਾਗ ਨੂੰ ਪਹਿਲਾਂ ਤੋਂ ਵੱਧ ਮਜ਼ਬੂਤ ਬਣਾਇਆ ਜਾ ਰਿਹਾ ਹੈ। ਉਹ ਸਰਕਾਰੀ ਹਸਪਤਾਲ ਹੁਸ਼ਿਆਰਪੁਰ ਵਿੱਚ ਵੱਖ-ਵੱਖ ਵਾਰਡਾਂ ਦੇ ਦੌਰੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨੇ ਸਰਕਾਰੀ ਹਸਪਤਾਲ ਵਿੱਚ ਦਿੱਤੀਆਂ ਜਾਣ ਵਾਲੀਆਂ ਸਿਹਤ ਸੁਵਿਧਾਵਾਂ ਦਾ ਜਾਇਜ਼ਾ ਵੀ ਲਿਆ। ਇਸ ਮੌਕੇ 'ਤੇ ਉਨ੍ਹਾਂ ਦੇ ਨਾਲ ਮੇਅਰ ਸੁਰਿੰਦਰ ਕੁਮਾਰ, ਡਿਪਟੀ ਮੇਅਰ ਰੰਜੀਤਾ ਚੌਧਰੀ, ਸਿਵਲ ਸਰਜਨ ਡਾ. ਬਲਵਿੰਦਰ ਕੁਮਾਰ ਡਮਾਣਾ, ਐਸ.ਐਮ.ਓ ਡਾ. ਸਵਾਤੀ ਸ਼ੀਮਾਰ, ਡਾ. ਮਨਮੋਹਨ ਸਿੰਘ, ਸਤਵੰਤ ਸਿੰਘ ਸਿਆਣ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਸਰਕਾਰੀ ਹਸਪਤਾਲ ਵਿੱਚ ਮਰੀਜ਼ਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਿਹਤ ਸੁਵਿਧਾਵਾਂ ਤਸੱਲੀਬਖ਼ਸ਼ ਸਨ। ਇਸ ਤੋਂ ਪਹਿਲਾਂ ਹਸਪਤਾਲ ਵਿੱਚ ਲੱਗੇ ਖੂਨਦਾਨ ਕੈਂਪ ਵਿੱਚ ਜਾ ਕੇ ਖੂਨਦਾਨ ਕਰਨ ਵਾਲਿਆਂ ਦਾ ਹੌਂਸਲਾ ਵੀ ਵਧਾਇਆ। ਕੈਬਨਿਟ ਮੰਤਰੀ ਨੇ ਇਸ ਦੌਰਾਨ ਮਰੀਜ਼ਾਂ ਨਾਲ ਗੱਲਬਾਤ ਕਰਕੇ ਹਸਪਤਾਲ ਵਿਚ ਮਿਲਣ ਵਾਲੀਆਂ ਸੁਵਿਧਾਵਾਂ ਦੇ ਬਾਰੇ ਜਾਣਕਾਰੀ ਵੀ ਹਾਸਲ ਕੀਤੀ। ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਵਿੱਚ ਮੈਡੀਕਲ ਕਾਲਜ ਖੁੱਲ੍ਹਣ ਜਾ ਰਿਹਾ ਹੈ, ਜਿਸ ਨਾਲ ਕੇਵਲ ਹੁਸ਼ਿਆਰਪੁਰ ਹੀ ਨਹੀਂ, ਬਲਕਿ ਆਸ ਪਾਸ ਦੇ ਜ਼ਿਲ੍ਹਿਆਂ ਦੇ ਲੋਕਾਂ ਨੂੰ ਵੀ ਵੱਡੀ ਸਹੂਲਤ ਮਿਲੇਗੀ।



# ਡਾ. ਬਲਜੀਤ ਕੌਰ ਨੇ ਕੰਬੋਜ ਭਾਈਚਾਰੇ ਦੇ ਪ੍ਰਤੀਨਿਧਾਂ ਨਾਲ ਕੀਤੀ ਮੀਟਿੰਗ

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੁਚੱਜੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਕਾਰਜਸ਼ੀਲ ਹੈ। ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਜਲਾਲਾਬਾਦ ਦੇ ਐਮ.ਐਲ.ਏ ਜਗਦੀਪ ਕੰਬੋਜ ਗੋਲਡੀ ਨਾਲ ਆਏ ਕੰਬੋਜ ਭਾਈਚਾਰੇ ਦੇ ਪ੍ਰਤੀਨਿਧਾਂ ਨਾਲ ਪੰਜਾਬ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਸਥਿਤ ਆਪਣੇ ਦਫ਼ਤਰ ਵਿੱਚ ਮੀਟਿੰਗ ਕੀਤੀ। ਮੀਟਿੰਗ ਦੌਰਾਨ ਜਲਾਲਾਬਾਦ ਦੇ ਐਮ.ਐਲ.ਏ ਗੋਲਡੀ ਕੰਬੋਜ਼ ਨੇ ਮੰਤਰੀ ਨੂੰ ਦੱਸਿਆ ਕਿ ਪੰਜਾਬ ਵਿੱਚ ਕੰਬੋਜ ਭਾਈਚਾਰਾ ਸਾਲ 1959 ਤੋਂ ਪੱਛੜੀਆਂ ਸ਼੍ਰੇਣੀਆਂ ਦੀ ਲਿਸਟ ਵਿੱਚ ਸ਼ਾਮਿਲ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਵਿੱਚ ਇਕੱਲੀ ਕੰਬੋਜ਼ ਭਾਈਚਾਰੇ ਦੇ ਕਰਵਾਏ ਜਾ ਰਹੇ ਸਰਵੇ ਨੂੰ ਤੁਰੰਤ ਰੋਕਿਆ ਜਾਵੇ ਅਤੇ ਕੰਬੋਜ ਜਾਤੀ ਨੂੰ ਪੱਛੜੀਆਂ ਸ਼੍ਰੇਣੀਆਂ ਦੀ ਲਿਸਟ ਵਿੱਚ ਪਹਿਲਾਂ ਦੀ ਤਰ੍ਹਾਂ ਹੀ ਬਰਕਰਾਰ ਰੱਖਿਆ ਜਾਵੇ। ਇਸ ਤੋਂ ਇਲਾਵਾ ਪਾਲਿਸੀ ਬਣਾਕੇ ਸੂਬੇ ਵਿੱਚ ਜਾਤੀਗਤ ਜਨਗਣਨਾ ਕਰਵਾਈ ਜਾਵੇ ਤਾਂ ਜੋ ਪੰਜਾਬ ਵਿੱਚ ਹਰ ਜਾਤੀ ਨੂੰ ਹਰ ਖੇਤਰ ਵਿੱਚ ਅਬਾਦੀ ਦੇ ਹਿਸਾਬ ਨਾਲ ਬਣਦੀ ਪ੍ਰਤੀਨਿਧਤਾ ਮਿਲ ਸਕੇ।ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕੰਬੋਜ ਭਾਈਚਾਰੇ ਦੀਆਂ ਦਲੀਲਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਕੰਬੋਜ ਭਾਈਚਾਰੇ ਦੀਆਂ ਮੰਗਾਂ ਨੂੰ ਪੂਰੀ ਹਮਦਰਦੀ ਨਾਲ ਵਿਚਾਰਿਆ ਜਾਵੇਗਾ। ਮੀਟਿੰਗ ਦੌਰਾਨ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਡਾਇਰੈਕਟਰ-ਕਮ-ਸੰਯੁਕਤ ਸਕੱਤਰ ਰਾਜ ਬਹਾਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਐਸ ਐਮ ਐਲ ਕੰਪਨੀ ਵੱਲੋਂ ਆਈ ਟੀ ਆਈ ਨੰਗਲ ਲਈ ਸੈਨਟਰੀ ਪੈਡ ਮਸ਼ੀਨਾਂ ਭੇਟ



**ਨੰਗਲ (ਸੁਰਜੀਤ ਸਿੰਘ)**

ਤਕਨੀਕੀ ਸਿੱਖਿਆਂ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਗਤੀਸ਼ੀਲ ਅਗਵਾਈ ਹੇਠ ਜਿਥੇ ਉਦਯੋਗਿਕ ਸਿਖਲਾਈ ਸੰਸਥਾਂ ਦੀ ਨੁਹਾਰ ਬਦਲਣ ਲਈ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ, ਉਥੇ ਦੁਨੀਆਂ ਦੀ ਵੱਡੀ ਅਤੇ ਨਾਮੀ ਉਦਯੋਗਿਕ ਇਕਾਈ ਐਸ ਐਮ ਐਲ ਕੰਪਨੀ ਵਲੋਂ ਸੀ ਐੱਸ ਆਰ ਸਕੀਮ ਤਹਿਤ ਸਥਾਨਕ ਉਦਯੋਗਿਕ ਸਿਖਲਾਈ ਸੰਸਥਾਂ ਇਸਤਰੀਆਂ ਨੰਗਲ ਲਈ ਸੈਨਟਰੀ ਪੈਡ ਮਸ਼ੀਨਾ ਭੇਟ ਕਰਕੇ ਸੰਸਥਾਂ ਵਿੱਚ ਨੂੰ ਸਾਫ ਸੁਥਰਾਂ ਬਣਾਉਣ ਲਈ ਅਹਿਮ ਯੋਗਦਾਨ ਦਿੱਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾਂ ਦੇ ਪ੍ਰਿੰ.ਗੁਰਨਾਮ ਸਿੰਘ ਭੱਲੜੀ ਨੇ ਦੱਸਿਆਂ ਕਿ ਉਦਯੋਗਿਕ ਸਿਖਲਾਈ ਸੰਸਥਾਂ ਇਸਤਰੀਆਂ ਨੰਗਲ ਵਲੋਂ ਐਸ ਐਮ ਐਲ ਕੰਪਨੀ ਨੂੰ ਕੀਤੀ ਗਈ ਬੇਨਤੀ ਨੂੰ ਪ੍ਰਵਾਨ ਕਰਦਿਆਂ ਉਕਤ ਮਸ਼ੀਨਾ ਭੇਟ ਕੀਤੀਆਂ ਗਈਆ ਹਨ। ਉਨ੍ਹਾਂ ਦੱਸਿਆਂ ਕਿ ਇਨਾਂ ਮਸ਼ੀਨਾ ਨਾਲ ਸੰਸਥਾਂ ਵਿੱਚ ਸਾਫ ਸਫਾਈ ਰੱਖਣ ਵਿੱਚ ਮਦਦ ਮਿਲੇਗੀ। ਇਸ ਮੌਕੇ ਉਨ੍ਹਾਂ ਐਸ ਐਮ ਐਲ ਕੰਪਨੀ ਦੀ ਮਨੇਜਮੈਂਟ ਦਾ ਧੰਨਵਾਦ ਕਰਦਿਆਂ ਆਸ ਪ੍ਰਗਟ ਕੀਤੀ ਕਿ ਸੰਸਥਾਂ ਦੀ ਤਰੱਕੀ 'ਚ ਭਵਿੱਖ 'ਚ ਵੀ ਅਪਣੇ ਯੋਗਦਾਨ ਪਾਉਂਦੇ ਰਹਿਣਗੇ। ਉਨਾਂ ਇਸ ਕਾਰਜ ਲਈ ਸੰਸਥਾਂ ਦੀ ਆਈ ਐੱਸ ਸੀ ਕਮੇਟੀ ਦੇ ਚੇਅਰਮੈਨ ਗੁਰਵੀਰ ਸਿੰਘ ਬੱਗਾ ਦਾ ਵਿਸ਼ੇਸ਼ ਰੂਪ ਧੰਨਵਾਦ ਕੀਤਾ। ਇਸ ਮੌਕੇ ਟਰੇਨਿੰਗ ਅਫਸਰ ਰਾਮ ਸਿੰਘ, ਟਰੇਨਿੰਗ ਅਫਸਰ ਨਰੋਤਮ ਲਾਲ, ਸੀਨੀਅਰ ਇੰਸਟਕਟਰ ਰਵਨੀਤ ਕੌਰ ਭੰਗਲ, ਅਲੀਲਮ ਸ਼ਰਮਾ, ਗੁਰਨਾਮ ਕੌਰ, ਜਗਦੀਪ ਕੁਮਾਰ, ਅਮਨਦੀਪ ਸਿੰਘ ਤੋਂ ਇਲਾਵਾ ਸੰਸਥਾਂ ਦੀਆਂ ਸਮੂਹ ਸਿੱਖਿਆਰਥਣਾ ਹਾਜ਼ਰ ਸਨ।

# ਆਧਾਰ ਕਾਰਡ ਅੱਪਡੇਟ ਕਰਵਾਏ ਜਾਣੇ ਯਕੀਨੀ ਬਣਾਏ ਜਾਣ : ਗਰਗ

**ਹੁਸ਼ਿਆਰਪੁਰ, (ਓ ਪੀ ਰਾਣਾ)** ਡਿਪਟੀ ਡਾਇਰੈਕਟਰ ਜਨਰਲ ਯੂ. ਆਈ. ਡੀ. ਏ. ਆਈ ਭਾਵਨਾ ਗਰਗ ਨੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਨਾਲ ਮੀਟਿੰਗ ਕਰਕੇ ਜ਼ਿਲ੍ਹੇ ਵਿਚ ਆਧਾਰ ਪ੍ਰੋਜੈਕਟ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਇਸ ਮੌਕੇ ਆਧਾਰ ਦੀ ਵੱਧ ਰਹੀ ਵਰਤੋਂ ਅਤੇ ਭਾਰਤ ਸਰਕਾਰ ਦੇ ਨਵੇਂ ਦਿਸ਼ਾ-ਨਿਰਦੇਸ਼ਾਂ ਬਾਰੇ ਵੀ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਭਾਵਨਾ ਗਰਗ ਨੇ ਦੱਸਿਆ ਕਿ ਸਰਕਾਰ ਨੇ ਭਾਰਤ ਵਾਸੀਆਂ ਦੇ ਆਧਾਰ ਨੂੰ ਉਨ੍ਹਾਂ ਦੇ ਨਵੀਨਤਮ ਪਛਾਣ ਦੇ ਸਬੂਤ ਅਤੇ ਪਤੇ ਦੇ ਸਬੂਤ ਨੂੰ ਅਪਡੇਟ ਕਰਕੇ ਮਜ਼ਬੂਤਕਰਨ ਲਈ ਇਕ ਅਭਿਆਸ ਸ਼ੁਰੂ ਕੀਤਾ ਹੈ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਨਾਗਰਕਿ ਨੇ 2015 ਤੋਂ ਪਹਿਲਾਂ ਆਧਾਰ ਲਈ ਨਾਂਅ ਦਰਜ ਕਰਵਾਇਆ ਸੀ ਅਤੇ ਇਸ ਨੂੰ ਇਕ ਵਾਰ ਵੀ ਅਪਡੇਟ ਨਹੀਂ ਕੀਤਾ ਹੈ ਤਾਂ ਉਹ ਨੇੜਲੇ ਆਧਾਰ ਕੇਂਦਰ 'ਤੇ ਜ਼ਰੂਰੀ ਦਸਤਾਵੇਜ ਲਿਜਾ ਕੇ ਆਧਾਰ ਨੂੰ ਅੱਪਡੇਟ ਕਰਵਾਉਣ। ਉਨ੍ਹਾਂ ਇਹ ਵੀ ਦੱਸਿਆ ਕਿ ਇਹ ਸਹੂਲਤ ਯੂ ਆਈ ਡੀ ਏ ਆਈ ਦੀਆਂ ਆਨਲਾਈਨ ਸੇਵਾਵਾਂ ਰਾਹੀਂ ਵੀ ਪ੍ਰਾਪਤ ਕੀਤੀ ਜਾ ਸਕਦੀ ਹੈ ਅਤੇ ਇਹ 14 ਦਸੰਬਰ ਤੱਕ ਮੁਫਤ ਹੈ।

2-DEC-PAGE-10.qxd 12/1/2023 9:56 PM Page 1



# ਸਿਵਲ ਹਸਪਤਾਲ 'ਚ ਡਾਕਟਰਾਂ ਦੀ ਘਾਟ ਕਾਰਨ ਮਰੀਜ਼ ਪ੍ਰੇਸ਼ਾਨ



**ਕੋਟਕਪੂਰਾ (ਸ਼ਾਮ ਚਾਵਲਾ)**

ਕੋਟਕਪੂਰਾ ਸ਼ਹਿਰ ਦੇ ਸਿਵਲ ਹਸਪਤਾਲ 'ਚ ਹਰ ਰੋਜ਼ ਹਜ਼ਾਰਾਂ ਪੀੜਤ ਮਰੀਜ਼ ਆਪਣਾ ਇਲਾਜ ਕਰਾਉਣ ਦਵਾਈ ਦਾਰੂ ਲੈਣ ਜਾਂਦੇ ਹਨ, ਜਿਨ੍ਹਾਂ ਨੂੰ ਤਕਰੀਬਨ 3 ਤੋਂ 4 ਘੰਟੇ ਡਾਕਟਰ ਤੱਕ ਪਹੁੰਚਣ ਲਈ ਲੱਗ ਜਾਂਦੇ ਹਨ ਅਤੇ ਫਿਰ ਡਿਸਪੈਂਸਰੀ ਤੋਂ ਦਵਾਈ ਲੈਣ ਲਈ ਅਤੇ ਆਪਣੇ ਟੈਸਟ ਕਰਾਉਣ ਲਈ ਅਗਲੇ ਦਿਨ ਆਉਣਾ ਪੈਂਦਾ ਹੈ। ਇੱਕ ਪਾਸੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਇਹ ਐਲਾਨ ਕਰਦੇ ਹਨ ਕਿ ਹਸਪਤਾਲਾਂ ਦਾ ਸੁਧਾਰ ਕੀਤਾ ਹੈ, ਪਰ ਅਸਲੀਅਤ ਇਹ ਹੈ ਕਿ ਕੋਟਕਪੂਰਾ ਹਸਪਤਾਲ 'ਚ ਕੋਈ ਵੀ ਐਮਰਜੈਂਸੀ ਈ ਐਮ ਓ ਡਾਕਟਰ ਹੀ ਨਹੀਂ ਹੈ। ਜਦਕਿ ਸਿਵਲ ਹਸਪਤਾਲ ਕੋਟਕਪੂਰਾ 'ਚ 9 ਪੋਸਟਾਂ ਖਾਲੀ ਪਈਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਸ਼ ਕੁਮਾਰ ਸਹਿਗਲ ਪ੍ਰਧਾਨ ਆਲ ਇੰਡੀਆ ਹਿੰਦੂ ਵੈਲਫੇਅਰ ਕਮੇਟੀ ਨੇ ਕਰਦੇ ਹੋਏ ਇਹ ਕਿਹਾ ਕਿ ਅੱਜ ਕੋਟਕਪੂਰਾ 'ਚ ਜਦ ਵੀ ਕਿਸੇ ਨੂੰ ਕੋਈ ਐਮਰਜੈਂਸੀ ਪੈਂਦੀ ਹੈ ਤੇ ਸਿਵਲ ਹਸਪਤਾਲ 'ਚ ਡਾਕਟਰਾਂ ਦੀਆਂ ਪੋਸਟਾਂ ਖਾਲੀ ਹੋਣ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਭਾਵੇਂ ਹਸਪਤਾਲ 'ਚ ਮੌਜੂਦਾ ਡਾਕਟਰਾਂ ਤੋਂ ਹੀ ਦਿਨ ਰਾਤ ਸ਼ਿਫਟਾਂ ਬਣਾ ਕੇ ਐਮਰਜੈਂਸੀ ਲਗਾ ਕੇ ਕੰਮ ਲਿਆ ਜਾ ਰਿਹਾ ਹੈ। ਇਹ ਵੀ ਵਰਨਣਯੋਗ ਹੈ ਇਸ ਵਕਤ ਸਿਵਲ ਹਸਪਤਾਲ ਕੋਟਕਪੂਰਾ 'ਚ ਐਸ ਐਮ ਓ ਡਾ. ਹਰਜਿੰਦਰ ਸਿੰਘ ਗਾਂਧੀ ਮੌਜੂਦ ਹਨ ਅਤੇ ਬੱਚਿਆਂ ਦੇ ਡਾ. ਪੰਕਜ ਬਾਂਸਲ, ਨੱਕ ਕੰਨ ਗਲਾ ਡਾ: ਪੁਨੀਤ ਕਾਜਲ, ਹੱਡੀਆਂ ਡਾਕਟਰ ਗੁਰਪ੍ਰੀਤ, ਛਾਤੀ ਡਾ. ਵਿਸ਼ਾਲ, ਔਰਤਾਂ ਦੇ ਰੋਗਾਂ ਦੇ ਮਾਹਰ ਡਾ. ਬਲਜੀਤ ਕੌਰ, ਐਨੇਸਥੀਸੀਆ ਡਾ: ਕੁਲਵਿੰਦਰ, ਚਮੜੀ ਡਾ: ਸਿਮਰਨਜੀਤ ਢਿੱਲੋਂ, ਸਰਜਰੀ ਡਾ: ਕੇਵਲ ਆਦਿ ਮੌਜੂਦ ਹਨ। ਜਿਨ੍ਹਾਂ ਨੂੰ ਹੀ ਓ ਪੀ ਡੀ ਦੇ ਨਾਲ ਨਾਲ ਐਮਰਜੈਂਸੀ ਡਿਊਟੀ ਵੀ ਕਰਨੀ ਪੈਂਦੀ ਹੈ। ਨਰੇਸ਼ ਕੁਮਾਰ ਸਹਿਗਲ ਨੇ ਮੁੱਖ ਮੰਤਰੀ ਪੰਜਾਬ ਨੂੰ ਭੇਜੇ ਪੱਤਰ 'ਚ ਦੱਸਿਆ ਹੈ ਕਿ ਮੈਡੀਸਨ ਦੇ ਡੈਂਟਲ, ਅੱਖਾਂ ਅਤੇ ਐਮਰਜੈਂਸੀ ਈ ਐਮ ਓ ਦੇ ਡਾਕਟਰ ਨਾ ਹੋਣ ਕਾਰਨ ਪੀੜਤ ਮਰੀਜਾਂ ਅਤੇ ਸ਼ਹਿਰ ਨਿਵਾਸੀਆਂ ਨੂੰ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨਰੇਸ਼ ਸਹਿਗਲ ਨੇ ਮੁੱਖ ਮੰਤਰੀ ਪੰਜਾਬ ਤੋਂ ਮੰਗ ਕੀਤੀ ਕਿ ਤੁਰੰਤ ਸਿਵਲ ਹਸਪਤਾਲ ਕੋਟਕਪੂਰਾ ਵਿੱਚ ਖਾਲੀ ਪਈਆਂ ਪੋਸਟਾਂ ਡਾਕਟਰਾਂ ਦੀਆਂ ਭਰੀਆਂ ਜਾਣ ਅਤੇ ਹਸਪਤਾਲ ਵਿੱਚ ਸਟਾਫ ਨਰਸ ਅਤੇ ਫਾਰਮਿਸਟ ਦੀ ਕਮੀ ਨੂੰ ਵੀ ਪੂਰਾ ਕੀਤਾ ਜਾਵੇ।

## ਮਾਨਸਿਕ ਪ੍ਰੇਸ਼ਾਨੀ ਦੇ ਚੱਲਦਿਆਂ ਸੇਵਾ-ਮੁਕਤ ਅਧਿਆਪਕ ਦੀ ਮੌਤ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਬ ਡਵੀਜਨ ਪਾਤੜਾਂ ਅਧੀਨ ਆਉਂਦੇ ਪਿੰਡ ਹਾਮਝੇੜੀ ਦੇ ਬਤੌਰ ਅਧਿਆਪਕ ਸੇਵਾ ਮੁਕਤ ਹੋਏ ਵਿਅਕਤੀ ਦੀ ਮਾਨਸਿਕ ਪ੍ਰੇਸ਼ਾਨੀ ਦੇ ਚਲਦਿਆਂ ਮੌਤ ਹੋ ਗਈ ਹੈ। ਮ੍ਰਿਤਕ ਵਿਅਕਤੀ ਦੇ ਲੜਕੇ ਨੇ ਸੇਵਾਮੁਕਤੀ ਉਪਰੰਤ ਮਿਲੀ ਜਮ੍ਹਾ ਪੂੰਜੀ ਨੂੰ ਪਾਤੜਾਂ ਦੇ ਇਕ ਆੜ੍ਹਤੀ ਵੱਲੋਂ ਹੜੱਪ ਲਏ ਜਾਣ ਦੇ ਦੋਸ਼ ਲਗਾਏ ਹਨ। ਜਾਣਕਾਰੀ ਦਿੰਦਿਆਂ ਹਾਮਝੇੜੀ ਵਾਸੀ ਮ੍ਰਿਤਕ ਮਾਸਟਰ ਮਲਕੀਤ ਸਿੰਘ ਦੇ ਸਪੁੱਤਰ ਜਸਕਰਨ ਸਿੰਘ ਨੇ ਦੱਸਿਆ ਕਿ ਉਸਦਾ ਪਿਤਾ ਸਿੱਖਿਆ ਵਿਭਾਗ 'ਚ ਨੌਕਰੀ ਉਪਰੰਤ ਕਰੀਬ 15 ਸਾਲ ਪਹਿਲਾਂ ਸੇਵਾ ਮੁਕਤ ਹੋਇਆ ਸੀ। ਸੇਵਾ ਮੁਕਤੀ ਉਪਰੰਤ ਮਿਲੀ 20 ਲੱਖ ਰੁਪਏ ਦੇ ਕਰੀਬ ਦੀ ਰਾਸ਼ੀ ਉਸ ਦੇ ਪਿਤਾ ਨੇ ਪਾਤੜਾਂ ਦੇ ਇੱਕ ਆੜ੍ਹਤੀ ਨੂੰ ਵਿਆਜ 'ਤੇ ਦੇ ਦਿੱਤੀ ਸੀ, ਪਰ ਆੜ੍ਹਤੀ ਪਿਛਲੇ ਕਾਫੀ ਸਮੇਂ ਤੋਂ ਉਹਨਾਂ ਨੂੰ ਪੈਸੇ ਦੇਣ ਤੋਂ ਆਨਾਕਾਨੀ ਕਰ ਰਿਹਾ ਸੀ। ਪੈਸੇ ਦੇ ਲੈਣ ਦੇਣ ਦੇ ਮਾਮਲੇ ਨੂੰ ਲੈ ਕੇ ਕਈ ਵਾਰ ਮੋਹਤਬਰ ਵਿਅਕਤੀਆਂ ਦੀਆਂ ਪੰਚਾਇਤਾਂ ਹੋਈਆਂ ਜਿਸ ਦੌਰਾਨ ਆੜ੍ਹਤੀ ਨੇ ਅੱਧੇ ਪੈਸੇ ਹੁਣ ਅਤੇ ਅੱਧੇ ਬਾਅਦ 'ਚ ਦੇਣ ਦਾ ਵਾਅਦਾ ਕੀਤਾ ਸੀ, ਪਰ ਪੈਸੇ ਦੇਣ ਤੋਂ ਪਹਿਲਾਂ ਹੀ ਉਕਤ ਆੜ੍ਹਤੀ ਕਰੀਬ ਤਿੰਨ ਚਾਰ ਮਹੀਨੇ ਪਹਿਲਾਂ ਕੈਨੇਡਾ ਫਰਾਰ ਹੋ ਗਿਆ ਹੈ। ਆੜ੍ਹਤੀ ਦੇ ਵਿਦੇਸ਼ ਚਲੇ ਜਾਣ ਮਗਰੋਂ ਉਹਨਾਂ ਦਾ ਪਿਤਾ ਮਾਨਸਿਕ ਪ੍ਰੇਸ਼ਾਨੀ ਦਾ ਸ਼ਿਕਾਰ ਹੋ ਗਿਆ, ਜਿਸ ਦੇ ਚੱਲਦਿਆਂ ਉਸ ਦੀ ਮੌਤ ਹੋ ਗਈ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਆੜ੍ਹਤੀ ਭੁਪਿੰਦਰ ਸਿੰਘ ਪਾਤੜਾਂ ਇਲਾਕੇ ਦੇ ਦਰਜਨਾਂ ਲੋਕਾਂ ਦੇ ਕਈ ਕਰੋੜ ਰੁਪਏ ਲੈ ਕੇ ਫਰਾਰ ਹੋਇਆ ਹੈ।

# ਕੇਂਦਰ ਸਰਕਾਰ ਪੰਜਾਬ ਨਾਲ ਵਿਤਕਰਾ ਕਰ ਰਹੀ : ਅਮਰ ਸਿੰਘ



ਅਢਿਆਣਾ 'ਚ ਵਿਕਾਸ ਕਾਰਜ ਦਾ ਨੀਂਹ ਪੱਥਰ ਰੱਖਦੇ ਹੋਏ ਮੈਂਬਰ ਪਾਰਲੀਮੈਂਟ ਡਾ. ਅਮਰ ਸਿੰਘ ਤੇ ਹੋਰ।

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਡਾ. ਅਮਰ ਸਿੰਘ ਵਲੋਂ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ਼ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਹੇਠ ਕਈ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਗ੍ਰਾਂਟਾ ਦੇ ਚੈੱਕ ਸੌਂਪੇ ਗਏ। ਬਲਾਕ ਮਾਛੀਵਾੜਾ ਦੇ ਪਿੰਡ ਅਢਿਆਣਾ, ਰਾਣਵਾਂ, ਬੋਹਾਪੁਰ, ਰਾਜਗੜ੍ਹ ਅਤੇ ਰਹੀਮਾਬਾਦ ਦੀਆਂ ਪੰਚਾਇਤਾਂ ਨੂੰ ਚੈੱਕ ਸੌਂਪਦਿਆਂ ਐੱਮ.ਪੀ. ਅਮਰ ਸਿੰਘ ਨੇ ਕਿਹਾ ਕਿ ਇਹ ਗ੍ਰਾਂਟ ਲੋਕ ਹਿੱਤਾਂ ਲਈ ਖਰਚ ਕੀਤੀ ਜਾਵੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਹਮੇਸ਼ਾ ਪੰਜਾਬ ਨਾਲ ਵਿਤਕਰਾ ਕਰਦੀ ਆ ਰਹੀ ਹੈ ਚਾਹੇ ਉਹ ਕਿਸਾਨੀ ਮੁੱਦੇ ਹੋਣ ਜਾਂ ਫਿਰ ਸੂਬੇ ਦੇ ਹਿੱਤਾਂ ਲਈ ਲਏ ਜਾਣ ਵਾਲੇ ਵੱਡੇ ਫੈਸਲੇ। ਉਨ੍ਹਾਂ ਕਿਹਾ ਕਿ ਕਿਸਾਨ ਅੰਦੋਲਨ ਦੀ ਜਿੱਤ ਅਤੇ ਕਾਲੇ ਕਾਨੂੰਨ ਰੱਦ ਕਰਵਾਉਣ ਤੋਂ ਬਾਅਦ ਕੇਂਦਰ ਦੀ ਮੋਦੀ ਸਰਕਾਰ ਨੂੰ ਪੰਜਾਬ ਬਹੁਤ ਰੜਕਦਾ ਹੈ ਅਤੇ ਉਹ ਕੋਈ ਵੀ ਮੌਕਾ ਨਹੀਂ ਛੱਡਦਾ ਜਿੱਥੇ ਕਿ ਸੂਬੇ ਦਾ ਨੁਕਸਾਨ ਹੋਵੇ। ਐੱਮ ਪੀ ਅਮਰ ਸਿੰਘ ਨੇ ਕਿਹਾ ਕਿ ਉਹ ਹਮੇਸ਼ਾ ਲੋਕ ਸਭਾ ਸੈਸ਼ਨ ਵਿਚ ਪੰਜਾਬ ਦੇ ਹਿੱਤਾਂ ਦੀ ਅਵਾਜ਼ ਬੁਲੰਦ ਕਰ ਆਪਣਾ ਫ਼ਰਜ਼ ਅਦਾ ਕਰਦੇ ਹਨ ਕਿਉਂਕਿ ਲੋਕ ਸਭਾ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਲੋਕਾਂ ਨੇ ਇਹ ਮੌਕਾ ਦਿੱਤਾ ਹੈ। ਇਸ ਮੌਕੇ ਹਲਕਾ ਇੰਚਾਰਜ਼ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਹਲਕਾ ਸਮਰਾਲਾ ਵਿਚ ਕਾਂਗਰਸ ਪਾਰਟੀ ਦੇ ਸਮੂਹ ਆਗੂ ਤੇ ਵਰਕਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ ਅਤੇ ਆਉਣ ਵਾਲੀਆਂ ਚੋਣਾਂ ਲਈ ਤਿਆਰ ਹਨ। ਇਸ ਮੌਕੇ ਹਲਕਾ ਕੋਆਰਡੀਨੇਟਰ ਜਗਜੀਤ ਸਿੰਘ ਪ੍ਰਿਥੀਪੁਰ, ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਸੁਖਜਿੰਦਰ ਸਿੰਘ ਮਾਨ, ਮੀਡੀਆ ਇੰਚਾਰਜ਼ ਵਿਨੀਤ ਕੁਮਾਰ ਝੜੌਦੀ, ਪੀ.ਏ. ਗੁਰਮੁਖ ਸਿੰਘ ਕੰਗ, ਹਰਚੰਦ ਸਿੰਘ, ਬਲਾਕ ਸੰਮਤੀ ਮੈਂਬਰ ਜਗੀਰ ਸਿੰਘ, ਚੇਅਰਮੈਨ ਓਬੀਸੀ ਸੈੱਲ ਵਿਜੇ ਰਾਣਾ, ਜਸਪ੍ਰੀਤ ਸਿੰਘ ਸਹਿਜੋ ਮਾਜਰਾ, ਅਮਨਦੀਪ ਸਿੰਘ ਗੁਰੋਂ, ਗੁਰਜੀਤ ਸਿੰਘ ਰਾਣਵਾਂ, ਦਲਬੀਰ ਸਿੰਘ ਨਾਗਰਾ, ਸੋਢੀਪਾਲ ਸਿੰਘ ਮਾਜਰਾ, ਯੁਵਰਾਜ ਸਿੰਘ ਰਾਏ ਵੀ ਮੌਜੂਦ ਸਨ।

## ਕਾਤਰਾਂ

### ਨੌਜਵਾਨ ਵੱਲੋਂ ਫਾਹਾ ਲੈ ਕੇ ਜੀਵਨ ਲੀਲ੍ਹਾ ਖਤਮ



**ਗੁਰੂਹਰਸਹਾਏ (ਫ਼ਕੀਰ ਚੰਦ ਸਿਕਰੀ)**-ਬੀਤੀ ਰਾਤ ਸ਼ਹਿਰ ਦੇ ਇੱਕ ਨੌਜਵਾਨ ਵੱਲੋਂ ਫਾਹਾ ਲੈ ਕੇ ਆਪਣੀ ਜੀਵਨ ਲੀਲ੍ਹਾ ਖਤਮ ਕਰ ਲੈ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਮੌਕੇ ਜਾਣਕਾਰੀ ਦੇਂਦੇ ਹੋਏ ਐੱਸ ਐਚ ਓ ਜਸਵਿੰਦਰ ਸਿੰਘ ਨੇ ਦੱਸਿਆ ਕਿ ਮਨਵੀਰ ਪੁੱਤਰ ਸੁਖਵਿੰਦਰ ਸਿੰਘ ਜੋ ਕਿ ਗੁਰੂਹਰਸਹਾਏ ਸ਼ਹਿਰ ਦੀ ਬਸਤੀ ਗੁਰੂ ਕਰਮ ਸਿੰਘ ਦਾ ਰਹਿਣ ਵਾਲਾ ਹੈ ਤੇ ਸੁਨਿਆਰੇ ਦਾ ਕੰਮ ਕਰਦਾ ਸੀ। ਉਸ ਦਾ ਕਿਸੇ ਵਿਅਕਤੀਆਂ ਦੇ ਨਾਲ ਲੱਖਾ ਰੁਪਿਆ ਦਾ ਪੈਸਿਆਂ ਦਾ ਲੈਣ-ਦੇਣ ਸੀ ਤੇ ਉਹ ਵਿਅਕਤੀ ਉਸ ਤੋਂ ਪੈਸੇ ਵਾਪਸ ਮੰਗਦੇ ਸਨ, ਜਿਸ ਕਰਕੇ ਉਹ ਪ੍ਰੇਸ਼ਾਨ ਰਹਿੰਦਾ ਸੀ। ਉਸ ਵੱਲੋਂ ਆਪਣੇ ਹੀ ਘਰ 'ਚ ਪੱਖੇ ਨਾਲ ਫਾਹਾ ਲੈ ਕੇ ਆਪਣੀ ਜੀਵਨ ਲੀਲ੍ਹਾ ਖਤਮ ਕਰ ਲਈ ਹੈ। ਉਨ੍ਹਾਂ ਦੱਸਿਆ ਕਿ ਇਸ ਨੌਜਵਾਨ ਕੋਲੋਂ ਇਕ ਸੁਸਾਈਡ ਨੋਟ ਵੀ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਲਾਸ਼ ਨੂੰ ਕਬਜੇ 'ਚ ਲੈ ਕੇ ਪੋਸਟਮਾਰਟਮ ਦੇ ਲਈ ਭੇਜ ਦਿੱਤਾ ਹੈ ਤੇ ਸੁਸਾਈਡ ਨੋਟ ਦੇ ਅਧਾਰ 'ਤੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

### ਅਫੀਮ ਤਸਕਰ ਕਾਬੂ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਪੁਲਸ ਨੇ ਅਫੀਮ ਤਸਕਰ ਤੋਂ 2 ਕਿੱਲੋ 20 ਗ੍ਰਾਮ ਅਫੀਮ ਬਰਾਮਦ ਕਰਨ 'ਚ ਸਫਲਤਾ ਪ੍ਰਾਪਤ ਕੀਤੀ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਥਾਣਾ ਬਾਘਾ ਪੁਰਾਣਾ ਦੇ ਇੰਚਾਰਜ਼ ਇੰਸਪੈਕਟਰ ਜਸਵਰਿੰਦਰ ਸਿੰਘ ਨੇ ਕਿਹਾ ਕਿ ਬਾਘਾ ਪੁਰਾਣਾ ਦੇ ਡੀ ਐਸ ਪੀ ਜਸਜੋਤ ਸਿੰਘ ਦੀ ਅਗਵਾਈ 'ਚ ਉਨ੍ਹਾਂ ਦੀ ਟੀਮ ਵੱਲੋਂ ਅਫੀਮ ਤਸਕਰ ਨੂੰ ਕਾਬੂ ਕੀਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਏ ਐਸ ਆਈ ਕਸ਼ਮੀਰ ਸਿੰਘ ਪੁਲਸ ਪਾਰਟੀ ਨਾਲ ਇਲਾਕੇ 'ਚ ਗਸ਼ਤ ਕਰ ਰਹੀ ਸੀ ਤਾਂ ਸ਼ੱਕ ਦੇ ਅਧਾਰ 'ਤੇ ਅਭਿਸ਼ੇਕ ਨਿਵਾਸੀ ਪਿੰਡ ਬਾਹਰੀਮਾ ਸੁਜਾਨਪੁਰ ਯੂ ਪੀ ਹਾਲ ਅਬਾਦ ਮੁਕੰਦਪੁਰ ਨਵੀਂ ਦਿੱਲੀ ਨੂੰ ਕਾਬੂ ਕੀਤਾ ਅਤੇ ਉਸਦੀ ਤਲਾਸ਼ੀ ਲੈਣ 'ਤੇ ਉਸ ਕੋਲੋਂ ਅਫੀਮ ਦੇ ਇਲਾਵਾ ਤਲਾਸ਼ੀ ਲੈਣ 'ਤੇ 1350 ਰੁਪਏ ਨਗਦ ਬਰਾਮਦ ਕੀਤੇ ਗਏ। ਥਾਣਾ ਮੁਖੀ ਇੰਸਪੈਕਟਰ ਜਸਵਰਿੰਦਰ ਸਿੰਘ ਨੇ ਦੱਸਿਆ ਕਿ ਕਥਿਤ ਸਮੱਗਲਰ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਇਸ ਮੌਕੇ ਥਾਣਾ ਮੁਖੀ ਨੇ ਕਿਹਾ ਕਿ ਉਨ੍ਹਾਂ ਵੱਲੋਂ ਨਸ਼ਿਆਂ ਦੇ ਖ਼ਿਲਾਫ਼ ਮੁਹਿੰਮ ਵਿੱਢੀ ਹੋਈ ਹੈ, ਜਿਸ ਦੇ ਤਹਿਤ ਬਾਘਾ ਪੁਰਾਣਾ ਵੱਲੋਂ ਦਿਨ ਰਾਤ ਗਸਤ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਇਹ ਵੀ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਪ੍ਰਗਟ ਸਿੰਘ, ਗੁਰਪ੍ਰੀਤ ਸਿੰਘ, ਅਤੇ ਹੋਰ ਪੁਲਸ ਮੁਲਾਜਮ ਹਾਜ਼ਰ ਸਨ।

### ਦਿਵਿਆਂਗਜਨਾਂ ਨੂੰ ਰਾਸ਼ਟਰੀ ਰਾਜਮਾਰਗਾਂ ਦੇ ਟੋਲ 'ਚ 100 ਫੀਸਦੀ ਛੋਟ : ਡਿਪਟੀ ਕਮਿਸ਼ਨਰ

**ਬਠਿੰਡਾ (ਰਾਜਦੀਪ ਜੋਸ਼ੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੇ ਹਿੱਤਾਂ ਲਈ ਲਗਾਤਾਰ ਕੰਮ ਰਹੀ ਹੈ। ਇਸ ਦਿਸ਼ਾ ਵਿੱਚ ਇਕ ਹੋਰ ਕਦਮ ਚੁੱਕਦਿਆਂ ਦਿਵਿਆਂਗਜਨਾਂ ਨੂੰ ਪੰਜਾਬ ਦੇ ਰਾਸ਼ਟਰੀ ਰਾਜਮਾਰਗਾਂ 'ਤੇ ਟੋਲ ਵਿੱਚ 100 ਫੀਸਦੀ ਛੋਟ ਦਿੱਤੀ ਗਈ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਸਾਂਝੀ ਕੀਤੀ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਦਿਵਿਆਂਗਜਨਾਂ ਦੇ ਨਾਮ ਤੇ ਰਜਿਸਟਰਡ ਵਹੀਕਲ, ਜੋ ਕਿ ਮੋਟਰ ਵਹੀਕਲ ਐਕਟ, 1988 ਅਤੇ ਇਸ ਦੇ ਅਧੀਨ ਬਣੇ ਨਿਯਮਾਂ ਦੇ ਅਧੀਨ ਦਿਵਿਆਂਗਜਨ ਮਲਕੀਅਤ ਅਧੀਨ ਰਜਿਸਟਰ ਹੋਏ ਹੋਣ, ਨੂੰ ਰਾਸ਼ਟਰੀ ਰਾਜਮਾਰਗਾਂ ਤੇ ਟੋਲ ਵਿੱਚ 100 ਪ੍ਰਤੀਸ਼ਤ ਰਿਆਇਤ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਦਿਵਿਆਂਗਜਨਾਂ ਨੂੰ ਆਪਣੇ ਵਹੀਕਲਜ਼ ਦੀ ਰਜਿਸਟਰੇਸ਼ਨ ਸਰਟੀਫਿਕੇਟ 'ਚ ਮਲਕੀਅਤ ਦਿਵਿਆਂਗਜਨ ਵਜੋਂ ਦਰਜ ਕਰਾਉਣੀ ਹੋਵੇਗੀ।

### ਲੌਂਗੋਵਾਲ ਵਿਖੇ ਅੱਖਾਂ ਦਾ ਮੁਫਤ ਕੈਂਪ 4 ਨੂੰ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸਥਾਨਕ ਗੁਰੂਦੁਆਰਾ ਆਲੇ ਦੀ ਢਾਬ ਵਿਖੇ 4 ਦਸੰਬਰ ਨੂੰ ਅੱਖਾਂ ਦਾ ਫਰੀ ਕੈਂਪ ਲਗਾਇਆ ਜਾ ਰਿਹਾ ਹੈ। ਕੈਂਪ 'ਚ ਅੱਖਾਂ ਦੇ ਪ੍ਰਸਿੱਧ ਡਾ. ਸੰਦੀਪ ਤਾਇਲ ਅਤੇ ਉਹਨਾਂ ਦੀ ਟੀਮ ਵੱਲੋਂ ਬਿਨ੍ਹਾਂ ਚੀਰੇ ਅਤੇ ਬਿਨ੍ਹਾਂ ਟਾਂਕੇ ਫੁੱਲ ਫੈਕੋ ਵਿਧੀ ਰਾਹੀਂ ਆਪ੍ਰੇਸ਼ਨ ਕਰਕੇ ਮਰੀਜ਼ਾਂ ਦੇ ਮੁਫਤ ਲੈਂਜ ਪਾਏ ਜਾਣਗੇ। ਪ੍ਰਬੰਧਕਾਂ ਨੇ ਦੱਸਿਆ ਕਿ ਇਹ ਕੈਂਪ 4 ਦਸੰਬਰ ਨੂੰ ਸਵੇਰੇ 9 ਤੋਂ 1 ਵਜੇ ਤੱਕ ਲੱਗੇਗਾ, ਜਿਸ ਦੌਰਾਨ ਮਰੀਜ਼ਾਂ ਨੂੰ ਭੋਜਨ, ਦੁੱਧ ਅਤੇ ਹੋਰ ਸਹੂਲਤਾਂ ਮੁਫਤ ਦਿੱਤੀਆਂ ਜਾਣਗੀਆਂ।

# ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਦੇਣ ਪਹੁੰਚਿਆ ਸਦਭਾਵਨਾ ਕਾਫ਼ਲਾ



**ਸੁਨਾਮ ਊਧਮ ਸਿੰਘ ਵਾਲਾ (ਪੱਤਰ ਪ੍ਰੇਰਕ)**-ਦੇਸ਼ ਦੇ 20 ਸੂਬਿਆਂ ਤੋਂ ਕਰੀਬ 500 ਬੱਚੇ ਸ਼ਹੀਦ ਊਧਮ ਸਿੰਘ ਦੀ ਜਨਮਭੂਮੀ ਸੁਨਾਮ ਵਿਖੇ ਸ਼ਰਧਾਂਜਲੀ ਦੇਣ ਪਹੁੰਚੇ।

ਦੇਸ਼ ਦੀ ਏਕਤਾ ਅਤੇ ਅਖੰਡਤਾ ਬਰਕਰਾਰ ਰੱਖਣ ਅਤੇ ਭਾਈਚਾਰਕ ਸਾਂਝ ਮਜ਼ਬੂਤ ਕਰਨ ਦੇ ਮੰਤਵ ਇਹ ਬੱਚੇ ਨੈਸ਼ਨਲ ਯੂਥ ਪ੍ਰੋਜੈਕਟ ਦੇ ਰਾਸ਼ਟਰੀ ਬਾਲ ਆਨੰਦ ਮਹਾਂਉਤਸਵ-2023 ਦਾ ਹਿੱਸਾ ਬਣਨ ਪੰਜਾਬ ਆਏ ਹੋਏ ਹਨ। ਵੱਖ-ਵੱਖ ਸੂਬਿਆਂ ਤੋਂ ਆਏ ਬੱਚਿਆਂ ਨੇ ਨੈਸ਼ਨਲ ਯੂਥ ਪ੍ਰੋਜੈਕਟ ਦੇ ਫਾਊਂਡਰ ਟਰੱਸਟੀ ਰਣ ਸਿੰਘ ਪਰਮਾਰ ਅਤੇ ਸੀਬਾ ਦੇ ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ ਦੀ ਅਗਵਾਈ ਹੇਠ ਸ਼ਹਿਰ 'ਚ ਸਦਭਾਵਨਾ ਰੈਲੀ ਕੱਢੀ। ਇਹ ਸਦਭਾਵਨਾ-ਰੈਲੀ ਬੱਸ ਸਟੈਂਡ ਤੋਂ ਸ਼ੁਰੂ ਹੋ ਕੇ, ਨਵਾਂ ਬਜ਼ਾਰ, ਪੁਰਾਣੀ ਅਨਾਜ ਮੰਡੀ, ਪੀਰਾਂ ਵਾਲਾ ਗੇਟ ਹੁੰਦੀ ਹੋਈ ਰੋਜ-ਗਾਰਡਨ 'ਚ ਸਮਾਪਤ ਹੋਈ, ਜਿੱਥੇ ਸ਼ਾਮ ਨੂੰ ਸਰਵ-ਧਰਮ ਪ੍ਰਾਰਥਨਾ ਹੋਈ। ਨਰਿੰਦਰ ਵਾਂਗਾਓਕਰ ਨਿਰਦੇਸ਼ਨਾ ਹੇਠ ਦੇਸ਼ ਦੇ ਵੱਖ-ਵੱਖ ਸੂਬਿਆਂ ਦੀਆਂ 18 ਭਾਸ਼ਾਵਾਂ ਦੀ ਪ੍ਰਤੀਨਿਧਤਾ ਕਰ ਰਹੇ ਬੱਚਿਆਂ ਨੇ 'ਭਾਰਤ ਕੀ ਸੰਤਾਨ' ਪ੍ਰੋਗਰਾਮ ਵਿਸ਼ੇਸ਼ ਕੀਤਾ। ਰੈਲੀ ਦੌਰਾਨ ਵੱਖ-ਵੱਖ ਬੱਚਿਆਂ ਨੇ ਭਾਰਤ-ਜੋੜੋ, ਹਮ ਸਭ ਬੱਚੋ ਕੀ ਕਾਮਨਾ ਸਦਭਾਵਨਾ-ਸਦਭਾਵਨਾ, ਸੁਨਾਮ ਹੋ ਜਾਂ ਗੁਹਾਟੀ-ਆਪਣਾ ਦੇਸ਼ ਆਪਣੀ ਮਾਟੀ ਅਤੇ ਕਸ਼ਮੀਰ ਹੋ ਜਾਂ ਕੰਨਿਆ ਕੁਮਾਰੀ-ਭਾਰਤ ਮਾਤਾ ਏਕ ਹਮਾਰੀ ਜਿਹੇ ਨਾਅਰੇ ਲਾਉਂਦਿਆਂ ਸਾਂਝੀਵਾਲਤਾ ਦਾ ਸੰਦੇਸ਼ ਦਿੱਤਾ।

ਇਸ ਤੋਂ ਪਹਿਲਾਂ ਇਹ ਬੱਚੇ ਸ਼ਹੀਦ ਊਧਮ ਸਿੰਘ ਦੇ ਸਮਾਰਕ ਵਿਖੇ ਪਹੁੰਚੇ ਅਤੇ ਊਧਮ ਸਿੰਘ ਬਾਰੇ ਜਾਣਕਾਰੀ ਹਾਸਲ ਕੀਤੀ। ਉਥੇ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਜਾਬ ਪਨਸੀਡ ਦੇ ਚੇਅਰਮੈਨ ਮਹਿੰਦਰ ਸਿੰਘ ਸਿੱਧੂ ਨੇ ਇਸ ਦੇਸ਼ ਪੱਧਰੀ ਕੈਂਪ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਬੱਚਿਆਂ ਨੂੰ ਦੇਸ਼ ਦੀ ਇਕਜੁੱਟਤਾ ਲਈ ਪ੍ਰੇਰਿਤ ਕਰਦੇ ਹਨ। ਇਸ ਮੌਕੇ ਕੰਵਰਜੀਤ ਸਿੰਘ ਲੱਕੀ ਧਾਲੀਵਾਲ, ਗੁਰਵਿੰਦਰ ਸਿੰਘ ਗਰੇਵਾਲ, ਅਵਤਾਰ ਸਿੰਘ, ਦੇਵ ਸਿੰਘ, ਅਮਰਿੰਦਰ ਸਿੰਘ ਮੋਨੀ, ਆਸ਼ਾ ਸਿੰਘ ਮਹਿਰੋਕ, ਰਣਇੰਦਰ ਸਿੰਘ ਧਾਲੀਵਾਲ, ਧਰਮਿੰਦਰ ਕੁਮਾਰ, ਸ਼ੀਤਲ ਜੈਨ ਸਮੇਤ ਵੱਖ-ਵੱਖ ਰਾਜਾਂ ਦੇ ਪ੍ਰਤੀਨਿਧ ਹਾਜ਼ਰ ਸਨ।

# ਮਜ਼ਦੂਰ ਜਥੇਬਦੀਆਂ ਨੇ ਮੁੱਖ ਮੰਤਰੀ ਦੇ ਨਾਂਅ ਦਿੱਤਾ ਮੰਗ ਪੱਤਰ



**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)**

ਪੰਜਾਬ ਖੇਤ ਮਜ਼ਦੂਰ ਯੂਨੀਅਨ, ਪੰਜਾਬ ਮੁਕਤੀ ਮੋਰਚਾ, ਦਿਹਾਤੀ ਮਜ਼ਦੂਰ ਸਭਾ, ਜ਼ਮੀਨ ਪ੍ਰਾਪਤੀ ਸ਼ੰਘਰਸ਼ ਕਮੇਟੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਆਦਿ ਵਲੋਂ ਸੂਬਾਈ ਆਗੂ ਲਛਮਣ ਸਿੰਘ ਸੇਵੇਵਾਲਾ ਦੀ ਅਗਵਾਈ ਹੇਠ ਮਜ਼ਦੂਰਾਂ ਦੀਆਂ ਮੰਗਾਂ ਦਾ ਇੱਕ ਮੰਗ ਪੱਤਰ ਪਿੰਡ ਖੁੱਡੀਆਂ ਵਿਖੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਭਤੀਜੇ ਰਣਧੀਰ ਸਿੰਘ ਧੀਰਾ ਨੂੰ ਸੌਂਪਿਆ ਗਿਆ। ਇਸ ਮੌਕੇ 'ਤੇ ਉਨ੍ਹਾਂ ਨਾਲ ਤਰਸੇਮ ਸਿੰਘ ਖੁੰਡੇਹਲਾਲ, ਕਾਕਾ ਸਿੰਘ ਅਤੇ ਗੁਰਜੰਟ ਸਿੰਘ ਸਾਉਂਕੇ ਵੀ ਹਾਜ਼ਰ ਸਨ। ਇਸ ਮੌਕੇ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿਛਲੇ ਇੱਕ ਸਾਲ ਤੋਂ ਮੁੱਖ ਮੰਤਰੀ ਵਲੋਂ ਮਜ਼ਦੂਰਾਂ ਨੂੰ ਮਿਲਣ ਦਾ ਸਮਾਂ ਹੀ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਨੂੰ 10-10 ਮਰਲਿਆਂ ਦੇ ਪਲਾਂਟ, 5-5 ਲੱਖ ਉਸਾਰੀ ਲਈ ਰਕਮ ਦਿੱਤੀ ਜਾਵੇ। ਉਸ ਤੋਂ ਇਲਾਵਾ ਪਹਿਲਾਂ ਕੱਟੇ ਜਾ ਚੁੱਕੇ ਪਲਾਟਾਂ ਦੇ ਤੁਰੰਤ ਕਬਜ਼ੇ ਦਿਵਾਏ ਜਾਣ, ਮਜ਼ਦੂਰਾਂ ਦਾ ਸਰਕਾਰੀ ਤੇ ਗੈਰ-ਸਰਕਾਰੀ ਸਾਰਾ ਕਰਜ਼ਾ ਮੁਆਫ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਵਿਧਵਾ, ਅੰਗਹੀਣਾਂ ਤੇ ਬੁਢਾਪਾ ਪੈਨਸ਼ਨ 5 ਹਜ਼ਾਰ ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ, ਪੰਚਾਇਤੀ ਜ਼ਮੀਨਾਂ ਦੀਆਂ ਡੰਮੀ ਬੋਲੀਆਂ ਰੱਦ ਕਰਕੇ ਉਨ੍ਹਾਂ ਦਾ ਪੱਕਾ ਹੱਲ ਕੀਤਾ ਜਾਵੇ, ਲਾਲ ਲਕੀਰਾਂ ਅੰਦਰ ਵੱਸਦੇ ਮਜ਼ਦੂਰਾਂ ਨੂੰ ਮਾਲਕਾਨਾ ਹੱਕ ਦਿੱਤਾ ਜਾਵੇ, ਆਯੂਸ਼ਮਾਨ ਸਕੀਮ ਨੂੰ ਲਾਗੂ ਕਰਕੇ, ਬੱਚਿਆਂ ਦੀ ਵਜ਼ੀਫਾ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ, ਭਾਰਤੀ ਸੰਵਿਧਾਨ ਤਹਿਤ 17 ਏਕੜ ਤੋਂ ਵੱਧ ਜ਼ਮੀਨਾਂ ਵਾਪਸ ਲੈ ਕੇ ਮਜ਼ਦੂਰਾਂ 'ਚ ਵੰਡੀਆਂ ਜਾਣ ਆਦਿ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਜੱਥੇਬੰਦੀ ਪੰਜਾਬ ਸਰਕਾਰ ਦੇ ਚਾਰ ਮੰਤਰੀਆਂ ਨੂੰ ਵੱਖ-ਵੱਖ ਥਾਵਾਂ 'ਤੇ ਮੰਗ ਪੱਤਰ ਦਿੱਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਜੇਕਰ ਸੁਣਵਾਈ ਨਾ ਹੋਈ ਤਾਂ ਉਹ ਆਉਣ ਵਾਲੀ 9 ਦਸੰਬਰ ਤੋਂ 12 ਦਸੰਬਰ ਤੱਕ ਤਿੰਨ ਦਿਨਾਂ ਦਾ ਲਗਾਤਾਰ ਮੰਤਰੀਆਂ ਦੀਆਂ ਬਰੂਹਾਂ 'ਤੇ ਧਰਨਾ ਪ੍ਰਦਰਸ਼ਨ ਕਰਨਗੇ। ਉਧਰ ਰਣਧੀਰ ਸਿੰਘ ਧੀਰਾ ਨੇ ਕਿਹਾ ਕਿ ਸ਼੍ਰੀ ਖੁੱਡੀਆਂ ਵਿਧਾਨ ਸਭਾ ਦੇ ਸੈਸ਼ਨ 'ਚ ਰੁੱਝੇ ਹੋਣ ਕਰਕੇ ਜੱਥੇਬੰਦੀਆਂ ਦੇ ਆਗੂਆਂ ਨੂੰ ਖੁਦ ਨਹੀਂ ਮਿਲ ਸਕੇ। ਉਨ੍ਹਾਂ ਮੰਗ ਪੱਤਰ ਲੈ ਲਿਆ ਹੈ ਜੋ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਤੱਕ ਪਹੁੰਚਦਾ ਕਰ ਦਿੱਤਾ ਜਾਵੇਗਾ।

# ਸਮਾਣਾ ਵਾਸੀਆਂ ਨੂੰ ਮਿਲੇਗਾ 6 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਬੱਸ ਅੱਡਾ : ਜੌੜਾਮਾਜਰਾ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਮਾਣਾ ਸ਼ਹਿਰ ਨਿਵਾਸੀਆਂ ਤੇ ਆਸ-ਪਾਸ ਦੇ ਇਲਾਕਿਆਂ ਦੀਆਂ ਸਵਾਰੀਆਂ ਨੂੰ 6 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਬੱਸ ਅੱਡਾ ਬਣਾ ਕੇ ਸੌਂਪਿਆ ਜਾਵੇਗਾ। ਇਹ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਸਮਾਣਾ ਵਾਸੀਆਂ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਕੇ ਇਸ ਲਈ ਗ੍ਰਾਂਟ ਵੀ ਜਾਰੀ ਕਰ ਦਿੱਤੀ ਹੈ। ਚੇਤਨ ਸਿੰਘ ਜੌੜਾਮਾਜਰਾ ਨੇ ਸਮਾਣਾ ਦੇ ਪੁਰਾਣੇ ਬੱਸ ਅੱਡੇ, ਜਿੱਥੇ ਕਿ ਨਵਾਂ ਬੱਸ ਅੱਡਾ ਉਸਾਰਿਆ ਜਾਣਾ ਹੈ, ਦਾ ਦੌਰਾ ਕੀਤਾ। ਉਨ੍ਹਾਂ ਦੱਸਿਆ ਕਿ ਇੱਥੇ ਪੌਣੇ 2 ਏਕੜ ਜ਼ਮੀਨ 'ਚ ਨਵਾਂ ਤੇ ਅਤਿ-ਆਧੁਨਿਕ ਬੱਸ ਅੱਡਾ ਬਣਾਉਣ ਲਈ ਟੈਂਡਰ ਜਾਰੀ ਕਰਕੇ ਵਰਕ ਆਰਡਰ ਵੀ ਜਾਰੀ ਕਰ ਦਿੱਤਾ ਗਿਆ ਹੈ। ਖਣਨ ਤੇ ਭੂ-ਵਿਗਿਆਨ, ਜਲ ਸਰੋਤ, ਜਲ ਤੇ ਭੂਮੀ ਰੱਖਿਆ, ਬਾਗਬਾਨੀ, ਸੁਤੰਤਰਤਾ ਸੰਗਰਾਮੀ ਅਤੇ ਰੱਖਿਆ ਸੇਵਾਵਾਂ ਭਲਾਈ ਬਾਰੇ ਮੰਤਰੀ ਜੌੜਾਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਮੌਜੂਦਾ ਸਰਕਾਰ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਲਾਅਰਿਆਂ 'ਚ ਢੰਗ ਨਹੀਂ ਟਪਾਉਂਦੀ ਸਗੋਂ ਤੁਰੰਤ ਕੰਮ ਕਰਨ 'ਚ ਵਿਸ਼ਵਾਸ਼ ਕਰਦੀ ਹੈ। ਜੌੜਾਮਾਜਰਾ ਨੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਸਮੇਂ ਵੀ ਇਸ ਬੱਸ ਅੱਡੇ ਨੂੰ ਬਣਾਉਣ ਦੇ ਸਮਾਣਾ ਵਾਸੀਆਂ ਨਾਲ ਲਾਅਰੇ ਲਗਾਏ ਗਏ ਸਨ, ਪਰੰਤੂ ਇਹ ਬੱਸ ਅੱਡਾ ਕਦੇ ਵੀ ਨਹੀਂ ਬਣ ਸਕਿਆ ਸੀ, ਪਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਮਾਣਾ ਵਾਸੀਆਂ ਦੀ ਸਮੱਸਿਆ ਨੂੰ ਸਮਝਦਿਆਂ ਤੁਰੰਤ ਇਸ ਲਈ ਗ੍ਰਾਂਟ ਜਾਰੀ ਕਰ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਨਵੇਂ ਬੱਸ ਅੱਡੇ ਦਾ ਕੰਮ ਬਹੁਤ ਜਲਦ ਸ਼ੁਰੂ ਹੋਣ ਜਾ ਰਿਹਾ ਹੈ।

ਇਸ ਮੌਕੇ ਐਸ.ਡੀ.ਐਮ. ਚਰਨਜੀਤ ਸਿੰਘ, ਕਾਰਜ ਸਾਧਕ ਅਫ਼ਸਰ ਬਰਜਿੰਦਰ ਸਿੰਘ, ਤੇ ਪ੍ਰਿੰਸੀਪਲ ਆਰਕੀਟੈਕਟ ਚੰਡੀਗੜ੍ਹ ਬਚਿੱਤਰ ਸਿੰਘ, ਸੀਨੀਅਰ ਆਰਕੀਟੈਕਟ ਸਾਂਚ ਕਪੂਰ ਤੇ ਆਰਕੀਟੈਕਟ ਅਨਿਕੇਤ ਨੇ ਨਵੇਂ ਬਣਨ ਵਾਲੇ ਬੱਸ ਅੱਡੇ ਦੇ ਡਿਜ਼ਾਇਨ ਤੇ ਹੋਰ ਪੱਖਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਓ ਐਸ ਡੀ ਗੁਲਜ਼ਾਰ ਸਿੰਘ ਵਿਰਕ, ਗੁਰਦੇਵ ਸਿੰਘ ਟਿਵਾਣਾ ਤੇ ਬਲਕਾਰ ਸਿੰਘ ਗੱਜੂਮਾਜਰਾ ਸਮੇਤ ਸੋਨੂ ਥਿੰਦ ਤੇ ਸੁਰਜੀਤ ਸਿੰਘ ਫੌਜੀ ਵੀ ਮੌਜੂਦ ਸਨ।

# ਦਰਬਾਰ ਸਾਹਿਬ ਦੇ ਦਰਸ਼ਨਾਂ ਲਈ ਅਮਲੋਹ ਤੋਂ ਬੱਸ ਰਵਾਨਾ




**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਅਮਲੋਹ ਸ਼ਹਿਰ ਦੀਆਂ ਸਮੁੱਚੀਆਂ ਸੰਗਤਾਂ ਦੀ ਬੱਸ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਲਈ ਸ਼੍ਰੋਮਣੀ ਅਕਾਲੀ ਦਲ ਦੇ ਅਮਲੋਹ ਦਫਤਰ ਅੱਗਿਓਂ ਦਰਸ਼ਨਾਂ ਲਈ ਰਵਾਨਾ ਕੀਤੀ ਗਈ। ਜਿਸ ਨੂੰ ਰਵਾਨਾ ਕਰਨ ਲਈ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਵਿੰਦਰ ਸਿੰਘ ਖਾਲਸਾ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਆਬਜ਼ਰਵਰ ਜਥੇਦਾਰ ਹਰਬੰਸ ਸਿੰਘ ਬਡਾਲੀ, ਕਰਮਜੀਤ ਸਿੰਘ ਭਗੜਾਣਾ, ਸੀਨੀਅਰ ਆਗੂ ਸੁਖਵਿੰਦਰ ਸਿੰਘ ਕਾਲਾ ਅਰੌੜਾ ਤੇ ਜਥੇਦਾਰ ਕੁਲਦੀਪ ਸਿੰਘ ਮਛਰਾਈ ਵੱਲੋਂ ਝੰਡੀ ਦਿਖਾ ਕਿ ਰਵਾਨਾ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਹਰਬੰਸ ਸਿੰਘ ਬਡਾਲੀ ਤੇ ਕਾਲਾ ਅਰੌੜਾ ਨੇ ਕਿਹਾ ਕਿ ਸੰਗਤਾਂ ਨੂੰ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਦੇ ਦਰਸ਼ਨਾਂ ਲਈ ਬਲਜਿੰਦਰ ਸਿੰਘ ਅਰੌੜਾ, ਹੈਪੀ ਰਾਜਪੁਰਾ ਤੇ ਮਾਲਵਾ ਟਰਾਂਸਪੋਰਟ ਦਾ ਵੱਡਾ ਉਪਰਾਲਾ ਹੈ। ਜਿਹਨਾਂ ਵੱਲੋਂ ਸਮੇਂ ਸਮੇਂ 'ਤੇ ਵੱਖ ਵੱਖ ਗੁਰੂਧਾਮਾਂ ਦੇ ਦਰਸ਼ਨਾਂ ਲਈ ਬੱਸਾਂ ਭੇਜ ਕੇ ਸੰਗਤਾਂ ਨੂੰ ਦਰਸ਼ਨ ਕਰਵਾਏ ਜਾ ਰਹੇ ਹਨ। ਇਸ ਮੌਕੇ ਬਾਬਾ ਗੁਰਦਿਆਲ ਸਿੰਘ ਅਮਲੋਹ, ਜਥੇਦਾਰ ਕੁਲਦੀਪ ਸਿੰਘ ਮਛਰਾਈ, ਗੁਲਜਾਰ ਸਿੰਘ, ਹਰਭਜਨ ਸਿੰਘ ਅਮਲੋਹ, ਕੇਵਲ ਖਾ ਧਰਮਗੜ, ਜਥੇਦਾਰ ਗੁਰਦੀਪ ਸਿੰਘ ਮੰਡੋਫਲ, ਕਾਲਾ ਗੋਸਲ, ਬਲਵਿੰਦਰ ਸਿੰਘ ਬਰੀਮਾ, ਜਥੇਦਾਰ ਸੁਰਜੀਤ ਸਿੰਘ ਬਰੌਂਗਾ, ਬਲਤੇਜ ਸਿੰਘ ਸਾਬਕਾ ਕੌਂਸਲਰ, ਦਮਨ ਸਿੰਘ ਮਾਨ, ਅਮਰੀਕ ਸਿੰਘ, ਰਵਿੰਦਰ ਸਿੰਘ, ਬਲਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# 'ਆਰਟੀਫੀਸ਼ੀਅਲ ਸਕਿੱਨ ਇੰਟੈਲੀਜੈਂਸ' ਵਿਸ਼ੇ 'ਤੇ ਕਾਨਫਰੰਸ




**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਐਂਡ ਸਾਇੰਸਸ ਫਰੀਦਕੋਟ ਅਧੀਨ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਫਰੀਦਕੋਟ ਦੇ ਚਮੜੀ ਵਿਭਾਗ ਦੁਆਰਾ ਕਿਊਟੀਕੋਨ 2023 ਕਾਨਫਰੰਸ ਸੀਨੇਟ ਹਾਲ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਐਂਡ ਸਾਇੰਸ ਵਿਖੇ ਕਰਵਾਈ ਗਈ। ਇਸ ਕਾਨਫਰੰਸ ਦੀ ਅਗਵਾਈ ਵਾਈਸ ਚਾਂਸਲਰ ਬੀ ਐਫ ਯੂ ਐਚ ਡਾਕਟਰ ਰਾਜੀਵ ਸੂਦ, ਰਜਿਸਟਰਾਰ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਐਂਡ ਸਾਇੰਸ ਡਾਕਟਰ ਦੀਪਕ ਜੇ ਭੱਟੀ, ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਐਂਡ ਹਸਪਤਾਲ ਡਾਕਟਰ ਸੰਜੇ ਗੁਪਤਾ, ਕੰਟਰੋਲਰ ਆਫ ਇਗਜ਼ਾਮੀਨਰ ਡਾਕਟਰ ਰਾਜੀਵ ਸ਼ਰਮਾ, ਐਮ ਐਸ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਐਂਡ ਹਸਪਤਾਲ ਡਾਕਟਰ ਨੀਤੂ ਕੁੱਕੜ ਵੱਲੋਂ ਕੀਤੀ ਗਈ ਅਤੇ ਇਸ ਕਾਨਫਰੰਸ ਦੇ ਆਰਗਨਾਈਜ਼ਿੰਗ ਚੇਅਰ ਪਰਸਨ ਡਾਕਟਰ ਸੁਮੀਰ ਕੁਮਾਰ (ਪ੍ਰੋਫੈਸਰ ਅਤੇ ਮੁਖੀ ਚਮੜੀ ਵਿਭਾਗ ਜੀ ਜੀ ਐਸ ਐਮ ਸੀ ਐਚ), ਮੈਡਮ ਬੀ ਕੇ ਬਰਾੜ (ਪੈਟਰਨ), ਡਾਕਟਰ ਅਮਰਬੀਰ ਸਿੰਘ ਬੋਪਾਰਾਏ (ਆਰਗਨਾਈਜ਼ਿੰਗ ਸੈਕਟਰੀ) ਡਾਕਟਰ ਨੀਰਜਾ ਪੁਰੀ (ਸਾਇੰਟਿਫਿਕ ਚੇਅਰ ਪਰਸਨ) ਅਤੇ ਬੋਰਡ ਆਫ ਮੈਨੇਜਮੈਂਟ ਡਾਕਟਰ ਪੀ ਐਸ ਬਰਾੜ ਦੀ ਯੋਗ ਅਗਵਾਈ ਸਦਕਾ ਅਤੇ ਸਮੂਹ ਟੀਮ ਕਿਊਟੀਕੋਨ 2023 ਵੱਲੋਂ ਇਹ ਦੋ ਰੋਜ਼ਾ ਕਾਨਫਰੰਸ ਥੀਮ 'ਆਰਟੀਫਿਸ਼ੀਅਲ ਸਕਿਨਟੈਲੀਜੈਂਸ' ਕਰਵਾਈ ਗਈ, ਜਿਸ 'ਚ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਤੋਂ ਆਏ ਚਮੜੀ ਰੋਗ ਦੇ ਮਾਹਿਰ ਡਾਕਟਰਾਂ ਵੱਲੋਂ ਤਿੰਨ ਤਰੀਕੇ ਦੀਆਂ ਹੈਂਡਸ-ਆਨ-ਵਰਕਸ਼ਾਪ ਕਰਵਾਈਆਂ ਗਈਆਂ।

# ਦੁਨੀਆ 'ਚ ਮਾਂ ਤੋਂ ਵੱਡਾ ਹੋਰ ਕੋਈ ਰੁਤਬਾ ਨਹੀਂ : ਸ਼ੌਕਤ ਅਹਿਮਦ ਪਰੇ




**ਬਠਿੰਡਾ (ਰਾਜਦੀਪ ਜੋਸ਼ੀ)**

ਦੁਨੀਆਂ 'ਚ ਮਾਂ ਤੋਂ ਵੱਡਾ ਹੋਰ ਕੋਈ ਵੀ ਰੁਤਬਾ ਨਹੀਂ ਹੁੰਦਾ। ਸਾਨੂੰ ਆਪਣੇ ਮਾਤਾ-ਪਿਤਾ ਦੀ ਹਮੇਸ਼ਾ ਕਦਰ ਕਰਨੀ ਚਾਹੀਦੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਯੁਵਕ ਸੇਵਾਵਾਂ ਵਿਭਾਗ ਪੰਜਾਬ ਵੱਲੋਂ ਸਥਾਨਕ ਸਰਕਾਰੀ ਰਾਜਿੰਦਰਾ ਕਾਲਜ ਵਿਖੇ ਕਰਵਾਏ ਗਏ ਦੋ ਰੋਜ਼ਾ ਜ਼ਿਲ੍ਹਾ ਪੱਧਰੀ ਯੁਵਕ ਮੇਲੇ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਉਪਰੰਤ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਭੱਲਾ ਤੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਰਘਵੀਰ ਸਿੰਘ ਮਾਨ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਹਮੇਸ਼ਾਂ ਆਪਣੇ ਮਾਤਾ-ਪਿਤਾ ਦੀ ਸੇਵਾ ਕਰਨ ਦੇ ਨਾਲ-ਨਾਲ ਸ਼ਾਮ ਦੇ ਸਮੇਂ 'ਚ ਥੋੜਾ ਸਮਾਂ ਆਪਣੇ ਮਾਪਿਆਂ ਨਾਲ ਜ਼ਰੂਰ ਬਿਤਾਉਣਾ ਚਾਹੀਦਾ ਹੈ। ਯੁਵਕ ਮੇਲੇ ਦੌਰਾਨ ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੀ ਗਈ ਰੰਗੋਲੀ ਤੇ ਪੇਸ਼ ਕੀਤੀਆਂ ਗਈਆਂ ਵੱਖ-ਵੱਖ ਤਰ੍ਹਾਂ ਦੀਆਂ ਸੱਭਿਆਚਾਰ ਵੰਨਗੀਆਂ ਦੀ ਵੀ ਖੂਬ ਪ੍ਰਸ਼ੰਸਾ ਕੀਤੀ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੂਬਾ ਸਰਕਾਰ ਵਲੋਂ ਲੋਕ ਭਲਾਈ ਦੇ ਕਾਰਜਾਂ 'ਚ ਵਿਸ਼ੇਸ਼ ਭੂਮਿਕਾ ਨਿਭਾਉਣ ਵਾਲੇ ਯੂਥ ਕਲੱਬਾਂ ਨੂੰ ਵਿਸ਼ੇਸ਼ ਤੌਰ ਸਨਮਾਨਿਤ ਕੀਤਾ ਜਾਂਦਾ ਹੈ। ਇਸ ਤੋਂ ਪਹਿਲਾਂ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਭੱਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਯੂਥ ਦੀ ਭਲਾਈ ਲਈ ਅਨੇਕਾਂ ਕਾਰਜ ਕੀਤੇ ਜਾ ਰਹੇ ਹਨ। ਇਸ ਦੋ ਰੋਜ਼ਾ ਯੁਵਕ ਮੇਲੇ ਦੌਰਾਨ ਜ਼ਿਲ੍ਹੇ ਨਾਲ ਸਬੰਧਤ 400 ਤੋਂ ਵਧੇਰੇ 15 ਤੋਂ 35 ਸਾਲ ਦੇ ਨੌਜਵਾਨਾਂ ਵਲੋਂ ਸ਼ਿਰਕਤ ਕੀਤੀ ਗਈ। ਇਸ ਦੌਰਾਨ ਫੁਲਕਾਰੀ, ਪੱਖੀ ਤੇ ਨਾਲੇ ਬੁਨਣਾ, ਰੰਗੋਲੀ ਬਣਾਉਣ, ਨਾ ਵਰਤੋਂਯੋਗ ਸਮਾਨ ਨੂੰ ਵਰਤੋਂਯੋਗ ਬਣਾਉਣ ਤੋਂ ਇਲਾਵਾ ਕਵੀਸ਼ਰੀ, ਲੋਕ ਗੀਤ, ਕਲੀ, ਡਿਬੇਟ, ਪੁਰਾਤਨ ਪੰਜਾਬੀ ਵਸਤਾਂ ਤੇ ਪਹਿਰਾਵੇ, ਗਿੱਧਾ ਤੇ ਭੰਗੜਾ ਦੇ ਮੁਕਾਬਲੇ ਕਰਵਾਏ ਗਏ। ਇਸ ਮੌਕੇ ਯੁਵਕ ਮੇਲੇ ਵਿੱਚ ਜੇਤੂ ਰਹੇ ਵਿਦਿਆਰਥੀਆਂ ਤੋਂ ਇਲਾਵਾ ਵੱਖ-ਵੱਖ ਖੇਤਰਾਂ 'ਚ ਮੱਲ੍ਹਾਂ ਮਾਰਨ ਵਾਲੇ ਵਿਅਕਤੀਆਂ ਤੇ ਪਹੁੰਚੀਆਂ ਸਖਸ਼ੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਮੈਡਮ ਜਯੋਤਸਨਾ ਤੋਂ ਇਲਾਵਾ ਸਮੂਹ ਸਟਾਫ਼ ਵਿਦਿਆਰਥੀ ਆਦਿ ਹਾਜ਼ਰ ਰਹੇ।

## ਸਟੂਡੀਓ ਸੰਸਥਾ ਲਗਾਤਾਰ ਲਗਵਾ ਰਹੀ ਹੈ ਸਟੱਡੀ ਵੀਜ਼ੇ



**ਬਾਘਾ ਪੁਰਾਣਾ (ਮਨੀ ਸਿਗਲਾ)**

ਕੋਟਕਪੂਰਾ ਰੋਡ ਪੈਟਰੋਲ ਪੰਪ ਦੇ ਸਾਹਮਣੇ ਸਥਿਤ ਸੰਸਥਾ ਇੰਗਲਿਸ਼ ਸਟੂਡੀਓ ਲਗਾਤਾਰ ਵਿਦਿਆਰਥੀਆਂ ਦੇ ਬਾਹਰ ਦੇਸ਼ਾਂ ਵਿੱਚ ਜਾ ਕੇ ਪੜ੍ਹਾਈ ਕਰਨ ਦੇ ਸੁਪਨਿਆਂ ਨੂੰ ਪੂਰਾ ਕਰ ਰਹੀ ਹੈ। ਇਸ ਵਾਰ ਸੰਸਥਾ ਦੀ ਵਿਦਿਆਰਥਣ ਸਿਮਰਨਜੀਤ ਕੌਰ ਸਪੁੱਤਰੀ ਪਵਿੱਤਰ ਸਿੰਘ ਵਾਸੀ ਚੰਦ ਪੁਰਾਣਾ ਦਾ ਕੈਨੇਡਾ ਦੇ ਸ਼ਹਿਰ ਸਰੀ ਵਿਚ ਸਥਿਤ ਵੈਸਟਰਨ ਕਮਿਊਨਿਟੀ ਕਾਲਜ ਦਾ ਸਟੱਡੀ ਵੀਜ਼ਾ ਬਹੁਤ ਹੀ ਘੱਟ ਸਮੇਂ ਵਿਚ ਲਗਵਾ ਕੇ ਦਿੱਤਾ। ਸੰਸਥਾ ਦੇ ਮੁਖੀ ਪੰਕਜ ਬਾਂਸਲ ਅਤੇ ਗੌਰਵ ਕਾਲੜਾ ਨੇ ਵੀਜਾ ਦੇ ਕੇ ਵਧਾਈ ਦਿੱਤੀ।

# ਦੇਸ਼ ਭਗਤ 'ਵਰਸਿਟੀ ਵੱਲੋਂ ਸਟੇਟ ਲੈਵਲ 'ਮੈਗਾ ਜੌਬ ਫੇਅਰ'



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਵੱਲੋਂ ਜ਼ਿਲ੍ਹਾ ਰੋਜ਼ਗਾਰ ਬਿਊਰੋ ਦੇ ਸਹਿਯੋਗ ਨਾਲ ਯੂਨੀਵਰਸਿਟੀ ਕੈਂਪਸ ਵਿਖੇ ਸਟੇਟ ਲੈਵਲ 'ਮੈਗਾ ਜੌਬ ਫੇਅਰ 2023' ਦਾ ਆਯੋਜਨ ਕੀਤਾ ਗਿਆ। ਇਸ ਜੌਬ ਫੇਅਰ ਦਾ ਮੁੱਖ ਮੰਤਵ +2 ਪਾਸ ਅਤੇ ਗ੍ਰੈਜੂਏਸ਼ਨ ਪੂਰੀ ਕਰ ਚੁੱਕੇ ਵਿਦਿਆਰਥੀਆਂ ਨੂੰ ਰੁਜ਼ਗਾਰ ਦੇਣਾ ਸੀ। ਸ਼੍ਰੀਮਤੀ ਪੂਜਾ ਕਥੂਰੀਆ, ਟੀ ਪੀ ਓ ਅਤੇ ਮੋਹਿਤ ਕੁਮਾਰ, ਸਹਾਇਕ ਟੀ ਪੀ ਓ ਨੇ ਡਾ. ਜ਼ੋਰਾ ਸਿੰਘ, ਮਾਣਯੋਗ ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ, ਡਾ. ਤਜਿੰਦਰ ਕੌਰ, ਪ੍ਰੋਚਾਂਸਲਰ ਦਾ ਵਿਸ਼ੇਸ਼ ਮਹਿਮਾਨ ਵਜੋਂ ਅਤੇ ਡਾ. ਨਡੇਲਾ ਵਿਸ਼ਨੂੰ ਵਰਧਨ (ਮੁੱਖ ਅੱਖਾਂ ਦੇ ਮਾਹਿਰ, ਚੇਅਰਮੈਨ ਸੈਂਟ ਸਰੋਜਨੀ ਵੈਂਕਟਾਰਤਨਮ ਮੈਮੋਰੀਅਲ ਸੋਸਾਇਟੀ ਦਾ ਮੁੱਖ ਮਹਿਮਾਨ ਵਜੋਂ ਅਤੇ ਡਾ. ਛਿੰਦਾ ਸ੍ਰੀਨਿਵਾਸ ਰਾਜੂ, ਏ ਪੀ ਸਟੇਟ ਆਈ ਐਮ ਏ ਦੇ ਪ੍ਰਧਾਨ, ਡਾ. ਸੇਨੋਰੀਤਾ ਇਸਹਾਕ (ਟ੍ਰੇਡ ਕਮਿਸ਼ਨਰ ਪੱਛਮੀ ਭਾਰਤ ਖੇਤਰ), ਵਿਜੇ ਮੋਹਨ ਜੀ ਐਮ ਮਾਧਵ ਗਰੁੱਪ ਦਾ ਇਸ ਸਮਾਗਮ 'ਚ ਸ਼ਾਮਲ ਹੋਣ 'ਤੇ ਜੀ ਆਈਆਂ ਆਖਿਆ। ਉਨ੍ਹਾਂ ਦੱਸਿਆ ਕਿ ਇਸ ਮੇਲੇ ਦਾ ਉਦੇਸ਼ ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਪਾਸ ਆਊਟ ਵਿਦਿਆਰਥੀਆਂ ਦੇ ਨਾਲ-ਨਾਲ ਨੇੜਲੇ ਖੇਤਰਾਂ ਦੇ ਨੌਜਵਾਨਾਂ ਨੂੰ ਆਪਣੇ ਖੇਤਰ ਵਿੱਚ ਵਧੀਆ ਨੌਕਰੀਆਂ ਲਈ ਚੁਣੇ ਜਾਣ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਹੈ। ਡਾ. ਤਜਿੰਦਰ ਕੌਰ, ਪ੍ਰੋਚਾਂਸਲਰ ਨੇ ਵੀ ਇਸ ਪ੍ਰਗਰਾਮ ਦੇ ਆਯੋਜਨ ਲਈ ਵਿਭਾਗ ਨੂੰ ਵਧਾਈ ਦਿੱਤੀ ਅਤੇ ਜਿਹੜੇ ਵਿਦਿਆਂਰਥੀਆਂ ਸ਼ੋਰਲਿਸਟ ਹੋਏ ਹਨ ਉਹਨਾਂ ਨੂੰ ਵੀ ਸ਼ੁਭ ਕਾਮਨਾਵਾਂ ਦਿੱਤੀਆਂ।

ਸ਼੍ਰੀਮਤੀ ਪੂਜਾ ਕਥੂਰਿਆ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਸ ਨੌਕਰੀ ਮੇਲੇ ਵਿੱਚ 700 ਤੋਂ ਵੱਧ ਉਮੀਦਵਾਰਾਂ ਨੇ ਭਾਗ ਲਿਆ ਸੀ, ਜਿਸ ਵਿੱਚ 28 ਕੰਪਨੀਆਂ ਨੂੰ ਸੱਦਾ ਦਿੱਤਾ ਗਿਆ ਸੀ। ਉਨ੍ਹਾਂ ਇਹ ਵੀ ਕਿਹਾ ਲਗਭਗ 300 ਦੇ ਕਰੀਬ ਵਿਦਿਆਰਥੀ ਸ਼ੋਰਲਿਸਟ ਕੀਤੇ ਗਏ ਹਨ ਅਤੇ ਉਮੀਦਵਾਰਾਂ ਨੂੰ 4.7 ਲੱਖ ਰੁਪਏ ਸਾਲਾਨਾ ਤੱਕ ਦਾ ਪੈਕੇਜ ਆਫਰ ਕੀਤਾ ਗਿਆ।

# ਐੱਸ ਡੀ ਕਾਲਜ ਫਾਰ ਵੂਮੈਨ ਮੋਗਾ ਨੇ 'ਖੇਡਾਂ ਵਤਨ ਪੰਜਾਬ ਦੀਆਂ 2023' 'ਚ ਜਿੱਤੇ 27 ਤਮਗੇ



**ਮੋਗਾ (ਅਮਰਜੀਤ ਬੱਬਰੀ)**

ਖੇਡਾਂ ਵਤਨ ਪੰਜਾਬ ਦੀਆਂ 2023 ਤਹਿਤ ਐੱਸ ਡੀ ਕਾਲਜ ਫਾਰ ਵੂਮੈਨ ਮੋਗਾ ਦੀਆਂ ਖਿਡਾਰਨਾਂ ਨੇ ਵਧੀਆ ਪ੍ਰਦਰਸ਼ਨ ਕੀਤਾ।ਖੇਡ ਪ੍ਰਾਪਤੀਆਂ ਬਾਰੇ ਵਿਸਥਾਰ ਦਿੰਦਿਆ ਕਾਲਜ ਪ੍ਰਿੰਸੀਪਲ ਡਾ. ਨੀਨਾ ਅਨੇਜਾ ਨੇ ਦੱਸਿਆ ਕਿ ਸੰਸਥਾ ਦੀਆਂ ਖਿਡਾਰਨ ਵਿਦਿਆਰਥਣਾਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਜਿਵੇ ਚੈੱਸ, ਬੈਡਮਿੰਟਨ, ਐਥਲੈਟਿਕਸ, ਬਾਸਕਟਬਾਲ ਆਦਿ 'ਚ ਪੂਰੇ ਉਤਸ਼ਾਹ ਨਾਲ ਭਾਗ ਲਿਆ। ਕਾਲਜ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਡਾ. ਆਰਸ਼ੀ ਮਿੱਤਲ, ਸਕੱਤਰ ਅਸ਼ੋਕ ਗਰਗ ਨੇ ਸਮੂਹ ਪ੍ਰਬੰਧਕੀ ਕਮੇਟੀ ਵੱਲੋਂ ਖਿਡਾਰਨਾਂ ਨੂੰ ਮੁਬਾਰਕਬਾਦ ਦਿੱਤੀ।ਪ੍ਰਿੰਸੀਪਲ ਨੇ ਸਮੂਹ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਵੱਲੋਂ ਖੇਡਾਂ ਵਤਨ ਪੰਜਾਬ 2023 ਦੀਆਂ ਜੇਤੂ ਖਿਡਾਰਨਾਂ ਅਤੇ ਭਾਗੀਦਾਰਾਂ ਦੀ ਹੌਸਲਾ ਅਫਜਾਈ ਲਈ ਉੱਚ ਪੱਧਰੀ ਚਾਹ ਪਾਰਟੀ ਦਾ ਵਿਸ਼ੇਸ ਤੌਰ 'ਤੇ ਪ੍ਰਬੰਧ ਕੀਤਾ।ਐਥਲੈਟਿਕਸ ਦੀਆਂ ਵੱਖ-ਵੱਖ ਵੰਨਗੀਆਂ 'ਚ ਬਲਾਕ ਪੱਧਰ 'ਤੇ ਭਾਗ ਲੈ ਕੇ ਸੰਸਥਾ ਦੀਆਂ ਖਿਡਾਰਨਾਂ ਨੇ ਪਹਿਲੇ ਦਰਜੇ ਦੀਆਂ ਸੱਤ ਪੁਜੀਸ਼ਨਾ ਹਾਸਲ ਕਰਕੇ ਸੱਤ ਸੋਨੇ ਦੇ ਤਗਮੇ, ਤਿੰਨ ਖਿਡਾਰਨਾਂ ਨੇ ਦੂਸਰਾ ਦਰਜਾ ਪ੍ਰਾਪਤ ਕਰਕੇ ਤਿੰਨ ਚਾਂਦੀ ਦੇ ਤਗਮੇ, ਚਾਰ ਖਿਡਾਰਨਾਂ ਨੇ ਤੀਸਰੇ ਦਰਜੇ ਦੀਆਂ ਪੁਜੀਸ਼ਨ ਹਾਸਲ ਕਰਕੇ ਚਾਰ ਤਾਂਬੇ ਦੇ ਤਗਮੇ ਜਿੱਤੇ।ਜ਼ਿਲ੍ਹਾ ਪੱਧਰ 'ਤੇ ਐਥਲੈਟਿਕਸ 'ਚ ਛੇ ਸੋਨੇ ਦੇ,ਬੈਡਮਿੰਟਨ 'ਚ ਦੋ ਚਾਂਦੀ ਦੇ, ਚੈੱਸ 'ਚ ਦੋ ਤਾਂਬੇ ਦੇ ਤਗਮੇ ਜਿੱਤੇ ਅਤੇ ਬਾਸਕਟ ਬਾਲ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸੋਨੇ ਦੇ ਤਗਮੇ ਜਿੱਤੇ। ਰਾਜ ਪੱਧਰ 'ਤੇ ਫਿਜ਼ੀਕਲ ਐਜੂਕੇਸ਼ਨ ਵਿਭਾਗ ਦੇ ਮੁਖੀ ਮਿਸ਼ਿਜ਼ ਨਮਿਤਾ ਬਰਮਨ ਨੇ ਮੋਗਾ ਵੋਮੈਨ ਬੈਡਮਿੰਟਨ ਉਮਰ ਵਰਗ 31-40 ਸਾਲ ਦੀ ਟੀਮ ਵੱਲੋਂ ਖੇਡ ਕੇ ਸੋਨੇ ਦਾ ਤਗਮਾ ਜਿੱਤਿਆ ਅਤੇ ਐਮਕਾਮ ਦੀ ਵਿਦਿਆਰਥਣ ਮਿਸ ਕਨਿਕਾ ਨੇ ਬੈਡਮਿੰਟਨ ਉਮਰ ਵਰਗ 21 ਸਾਲ 'ਚ ਤਾਂਬੇ ਦਾ ਤਗਮਾ ਹਾਸਲ ਕੀਤਾ। ਪ੍ਰਿੰਸੀਪਲ ਡਾ. ਨੀਨਾ ਅਨੇਜਾ ਨੇ ਫਿਜ਼ੀਕਲ ਐਜੂਕੇਸ਼ਨ ਵਿਭਾਗ ਦੇ ਮੁਖੀ ਮਿਸਿਜ਼ ਨਮਿਤਾ ਬਰਮਨ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਵਧਾਈ ਦਿੱਤੀ।

# ਜ਼ਿਲ੍ਹਾ ਪ੍ਰਧਾਨ ਵੱਲੋਂ ਦੀਪਕ ਤਲਵਾੜ ਦਾ ਸਨਮਾਨ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਬੀਤੇ ਦਿਨੀਂ ਮੋਗਾ ਵਿਖੇ ਕਰਵਾਏ ਗਏ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਮਹਾਂ ਪੂਰਵ ਨਿਵਾਰਨ ਦੇ ਸੰਬੰਧ 'ਚ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਅਤੇ ਜਨਰਲ ਸਕੱਤਰ ਸਾਬਕਾ ਐਸ.ਪੀ ਮੁਖਤਿਆਰ ਸਿੰਘ ਦੀ ਅਗਵਾਈ 'ਚ ਸਮਾਗਮ ਕਰਵਾਇਆ ਗਿਆ ਸੀ, ਜਿਸ 'ਚ ਵੱਡੀ ਗਿਣਤੀ ਵਿਚ ਆਪਣੀ ਕਾਰਜਕਾਰਨੀ ਸਮੇਤ ਬਾਘਾ ਪੁਰਾਣਾ ਦੇ ਬਲਾਕ ਪ੍ਰਧਾਨ ਦੀਪਕ ਤਲਵਾੜ ਆਪਣੀ ਟੀਮ ਸਮੇਤ ਪੁੱਜੇ ਸਨ ਅਤੇ ਇਸ ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਪੁੱਜੇ ਭਾਜਪਾ ਐੱਸ ਸੀ ਫਰੰਟ ਦੇ ਸੂਬਾ ਜਨਰਲ ਸਕੱਤਰ ਜਸਵੀਰ ਸਿੰਘ ਮਹਿਰਾਤ, ਸਾਬਕਾ ਸੰਸਦ ਮੈਂਬਰ ਕੇਵਲ ਸਿੰਘ, ਸਾਬਕਾ ਵਿਧਾਇਕ ਡਾ. ਹਰਜੋਤ ਕਮਲ ਪੁੱਜੇ। ਇਸ ਮੌਕੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਤਸਵੀਰ 'ਤੇ ਸ਼ਰਧਾਂਜਲੀ ਭੇਟ ਕੀਤੀ ਗਈ। ਸਮਾਗਮ ਵਿਚ ਬਾਘਾ ਪੁਰਾਣਾ ਦੇ ਬਲਾਕ ਪ੍ਰਧਾਨ ਦੀਪਕ ਤਲਵਾੜ ਵੱਲੋਂ ਬਾਘਾ ਪੁਰਾਣਾ ਵਿਚ ਵਿੱਢੀਆਂ ਗਈਆਂ ਸਰਗਰਮੀਆਂ ਦੀ ਪੰਜਾਬ ਪੱਧਰੀ ਟੀਮ ਅਤੇ ਜ਼ਿਲ੍ਹਾ ਪੱਧਰੀ ਟੀਮ ਨੇ ਪ੍ਰਸ਼ੰਸ਼ਾ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਲਾਕ ਪ੍ਰਧਾਨ ਦੀਪਕ ਤਲਵਾੜ ਨੇ ਕਿਹਾ ਕਿ ਭਾਜਪਾ ਨੇ 5 ਸੂਬਿਆਂ 'ਚ ਹੋਏ ਵਿਧਾਨ ਸਭਾ ਚੋਣਾਂ ਦੇ ਬਾਅਦ ਹੁਣ ਲੋਕ ਸਭਾ 2024 ਦੇ ਚੋਣਾਂ ਲਈ ਵੱਡੇ ਪੱਧਰ 'ਤੇ ਗਤੀਵਿਧੀਆਂ ਸ਼ੁਰੂ ਕੀਤੀਆਂ ਹਨ ਅਤੇ ਪੰਜਾਬ ਵਿਚ ਵੀ ਭਾਜਪਾ ਪਾਰਟੀ ਸਮਾਗਮ ਦੇ ਅਨੁਸਾਰ ਪਿੰਡਾਂ 'ਚ ਵੱਡੇ ਪੱਧਰ 'ਤੇ ਲੋਕਾਂ ਨੂੰ ਆਪਣੇ ਨਾਲ ਜੋੜ ਕੇ 2024 ਦੇ ਲੋਕ ਸਭਾ ਚੋਣਾਂ 'ਚ ਭਾਰੀ ਬਹੁਮਤ ਨਾਲ ਜਿੱਤ ਹਾਸਲ ਕਰਨਗੇ। ਇਸ ਮੌਕੇ ਗਗਨਦੀਪ ਲੂੰਬਾ ਯੁਵਾ ਮੋਰਚਾ ਪ੍ਰਧਾਨ, ਸੁਖਦੇਵ ਸਿੰਘ ਐਸ.ਸੀ ਮੋਰਚਾ ਪ੍ਰਧਾਨ, ਸੁਰਿੰਦਰ ਪਾਲ ਨੱਥਾ ਜ਼ਿਲਾ ਕਮੇਟੀ ਮੈਂਬਰ ਸ਼ਹਿਰੀ, ਬੱਟਲਾ ਵਾਈਸ ਪ੍ਰਧਾਨ ਯੁਵਾ ਮੋਰਚਾ, ਅਜੇ ਗੁੰਬਰ ਵਾਈਸ ਪ੍ਰਧਾਨ, ਸ਼ਿਵਮ ਸਿੰਗਲਾ ਸੈਕਟਰੀ, ਸੂਰਜਪਾਲ, ਸੋਨੂ ਮੈਨਰਾ ਮੈਂਬਰ, ਰੇਹੂ ਤਲਵਾਰ ਆਦਿ ਹਾਜ਼ਰ ਸਨ।

# ਅਰਵਿੰਦ ਕੇਜਰੀਵਾਲ ਤੇ ਸੀ ਐੱਮ ਮਾਨ ਅੱਜ ਕਰਨਗੇ ਵਿਕਾਸ ਕਾਰਜਾਂ ਦਾ ਉਦਘਾਟਨ

## ਨਗਰ ਸੁਧਾਰ ਟਰੱਸਟ ਦੀ ਸਕੀਮ ਨੰਬਰ -7 ਗੁਰਦਾਸਪੁਰ ਦੇ ਮੈਦਾਨ 'ਚ ਹੋਵੇਗੀ ਵਿਸ਼ਾਲ ਰੈਲੀ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਲੋਕ ਸਭਾ ਹਲਕਾ ਗੁਰਦਾਸਪੁਰ ਵੱਲੋਂ ਵਿਕਾਸ ਕ੍ਰਾਂਤੀ ਵੱਲ ਕਦਮ ਵਧਾਏ ਗਏ ਹਨ। ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ 2 ਦਸੰਬਰ ਨੂੰ ਗੁਰਦਾਸਪੁਰ ਵਿਖੇ 14.92 ਕਰੋੜ ਰੁਪਏ ਦੀ ਲਾਗਤ ਨਾਲ 6 ਏਕੜ ਵਿੱਚ ਬਣੇ ਬਾਬਾ ਬੰਦਾ ਸਿੰਘ ਬਹਾਦਰ ਇੰਟਰਸਟੇਟ ਬੱਸ ਟਰਮੀਨਲ ਅਤੇ ਰੇਲਵੇ ਅੰਡਰ ਪਾਸ ਦਾ ਉਦਘਾਟਨ ਕਰਨ ਦੇ ਨਾਲ ਲੋਕ ਸਭਾ ਹਲਕੇ ਵਿੱਚ 1854 ਕਰੋੜ ਰੁਪਏ ਦੀ ਲਾਗਤ ਵਾਲੇ ਹੋਰ ਵਿਕਾਸ ਪ੍ਰਾਜੈਕਟਾਂ ਦੀ ਸ਼ੁਰੂਆਤ ਵੀ ਕੀਤੀ ਜਾ ਰਹੀ ਹੈ। ਇਸ ਮੌਕੇ ਇੱਕ ਵਿਸ਼ਾਲ ਵਿਕਾਸ ਕ੍ਰਾਂਤੀ ਰੈਲੀ ਦਾ ਆਯੋਜਿਨ ਵੀ ਕੀਤਾ ਜਾ ਰਿਹਾ ਹੈ। ਬਟਾਲਾ ਤੋਂ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਉੱਪ ਪ੍ਰਧਾਨ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰਜੀਵ ਸ਼ਰਮਾਂ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਸ਼ਮਸ਼ੇਰ ਸਿੰਘ ਅਤੇ ਗੁਰਦੀਪ ਸਿੰਘ ਡੇਰਾ ਬਾਬਾ ਨਾਨਕ ਵੱਲੋਂ ਅੱਜ ਉਦਘਾਟਨੀ ਸਮਾਗਮ ਅਤੇ ਵਿਕਾਸ ਕ੍ਰਾਂਤੀ ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਭਲਕੇ 2 ਦਸੰਬਰ ਤੋਂ ਲੋਕ ਸਭਾ ਹਲਕਾ ਗੁਰਦਾਸਪੁਰ ਵਿੱਚ ਵਿਕਾਸ ਕ੍ਰਾਂਤੀ ਦੀ ਨਵੀਂ ਸ਼ੁਰੂਆਤ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਹੱਦੀ ਜ਼ਿਲ੍ਹੇ ਗੁਰਦਾਸਪੁਰ ਅਤੇ ਪਠਾਨਕੋਟ ਲਈ ਇਹ ਇਤਿਹਾਸਕ ਪਲ ਹਨ। ਉਨ੍ਹਾਂ ਕਿਹਾ ਕਿ ਇਸ ਮੌਕੇ ਬਹੁਤ ਵੱਡੀ ਗਿਣਤੀ ਵਿੱਚ ਲੋਕ ਆਪਣੇ ਹਰਮਨ ਪਿਆਰੇ ਆਗੂਆਂ ਨੂੰ ਸੁਣਨ ਲਈ ਅਤੇ ਇਨ੍ਹਾਂ ਇਤਿਹਾਸਕ ਪਲਾਂ ਦੇ ਗਵਾਹ ਬਣਨ ਲਈ ਰੈਲੀ ਵਿੱਚ ਪਹੁੰਚ ਰਹੇ ਹਨ। ਉਨ੍ਹਾਂ ਕਿਹਾ ਕਿ ਰੈਲੀ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੇ ਵਿਕਾਸ ਵੱਲ ਵੱਧਦੇ ਕਦਮ ਸੂਬੇ ਨੂੰ 'ਰੰਗਲਾ ਪੰਜਾਬ' ਬਣਾਉਣ ਵਿੱਚ ਸਹਾਈ ਹੋਣਗੇ। ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਨੂੰ ਤਰੱਕੀ ਦੀ ਲੀਹੇ ਲੈ ਆਂਦਾ ਹੈ ਅਤੇ 2 ਦਸੰਬਰ ਨੂੰ ਗੁਰਦਾਸਪੁਰ ਤੋਂ ਵਿਕਾਸ ਦੇ ਨਵੇਂ ਅਧਿਆਏ ਦੀ ਸ਼ੁਰੂਆਤ ਹੋਵੇਗੀ। ਉਨ੍ਹਾਂ ਸਮੂਹ ਲੋਕ ਸਭਾ ਹਲਕਾ ਗੁਰਦਾਸਪੁਰ ਦੇ ਵਸਨੀਕਾਂ ਨੂੰ ਵੱਧ-ਚੜ੍ਹ ਕੇ ਇਸ ਰੈਲੀ ਵਿੱਚ ਭਾਗ ਲੈਣ ਦੀ ਅਪੀਲ ਕੀਤੀ ਹੈ। ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ 2 ਦਸੰਬਰ ਨੂੰ ਗੁਰਦਾਸਪੁਰ ਵਿਖੇ ਹੋਣ ਵਾਲੀ ਰੈਲੀ 'ਚ ਰਿਕਾਰਡ ਇਕੱਠ ਹੋਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਲੋਕ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਸਿੰਘ ਮਾਨ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ।

# ਨੋਚ-ਨੋਚ ਖਾ ਰਹੇ ਕੁੱਤਿਆਂ ਤੋਂ ਨਵਜੰਮੇ ਬੱਚੇ ਦੇ ਮ੍ਰਿਤਕ ਸਰੀਰ ਨੂੰ ਬਚਾਇਆ



**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ ਦੇ ਨਾਲ ਲੱਗਦੇ ਪਿੰਡ ਨਬੀਪੁਰ ਕਾਲੋਨੀ ਦੇ ਨੇੜਿਓਂ ਇਕ ਨਵ ਜੰਮੇ ਬੱਚੇ ਦਾ ਮ੍ਰਿਤਕ ਸਰੀਰ ਮਿਲਣ ਕਾਰਨ ਕਾਲੋਨੀ ਵਾਸੀਆਂ 'ਚ ਹਾਹਾਕਾਰ ਮਚੀ ਹੋਈ ਹੈ। ਘਟਨਾ ਦਾ ਪਤਾ ਲੱਗਣ 'ਤੇ ਕਿਸਾਨ ਨੇਤਾ ਇੰਦਰਪਾਲ ਨੇ ਮੌਕੇ 'ਤੇ ਪਹੁੰਚ ਕੇ ਪੁਲਸ ਨੂੰ ਸੂਚਨਾ ਦਿੱਤੀ। ਥਾਣਾ ਸਦਰ ਪੁਲਸ ਦੇ ਅਧਿਕਾਰੀਆਂ ਨੇ ਮੌਕੇ 'ਤੇ ਪਹੁੰਚ ਕੇ ਨਵ ਜੰਮੇ ਬੱਚੇ ਦਾ ਮ੍ਰਿਤਕ ਸਰੀਰ ਆਪਣੇ ਕਬਜ਼ੇ ਵਿਚ ਲੈ ਕੇ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਪੋਸਟਮਾਰਟਮ ਲਈ ਭੇਜ ਦਿੱਤਾ। ਪੁਲਸ ਨੇ ਇਸ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਮੁਹੱਲਾ ਵਾਸੀ ਹਰਜੀਤ ਨੇ ਦੱਸਿਆ ਕਿ ਦੇਰ ਸ਼ਾਮ ਉਨ੍ਹਾਂ ਦੀ ਭਾਬੀ ਨੇ ਦੱਸਿਆ ਕਿ ਬਾਹਰ ਖਾਲੀ ਪਲਾਟ ਵਿਚ ਖੜ੍ਹੀ ਕੀਤੀ ਗੱਡੀ ਦੇ ਨਜ਼ਦੀਕ ਕੁਝ ਕੁੱਤੇ ਇਕ ਬੱਚੇ ਨੂੰ ਨੋਚ ਨੋਚ ਕੇ ਖਾ ਰਹੇ ਹਨ। ਉਨ੍ਹਾਂ ਨੇ ਉਸ ਸਮੇਂ ਕੁੱਤਿਆਂ ਨੂੰ ਭਜਾਉਣ ਦੀ ਕੋਸ਼ਿਸ਼ ਕੀਤੀ ਅਤੇ ਦੇਖਿਆ ਕਿ ਕੁੱਤਿਆਂ ਨੇ ਬੱਚੇ ਦਾ ਕੁਝ ਹਿੱਸਾ ਪੂਰੀ ਤਰ੍ਹਾਂ ਖਾ ਲਿਆ ਸੀ ਅਤੇ ਬੱਚਾ ਲੜਕਾ ਜਾਂ ਲੜਕੀ ਸੀ, ਇਸ ਬਾਰੇ ਕੁਝ ਵੀ ਪਤਾ ਨਹੀਂ ਲੱਗ ਸਕਿਆ। ਉਨ੍ਹਾਂ ਨੇ ਮੌਕੇ 'ਤੇ ਮੁਹੱਲਾ ਵਾਸੀਆਂ ਨੂੰ ਜਾਣਕਾਰੀ ਦਿੱਤੀ ਅਤੇ ਇਹ ਘਟਨਾ ਵੇਖ ਕੇ ਮੁਹੱਲੇ ਵਿਚ ਸੋਗ ਦੀ ਲਹਿਰ ਹੈ। ਥਾਣਾ ਸਦਰ ਪੁਲਸ ਨੇ ਇਸ ਬੇਦਰਦ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਧਾਰਾ 315, 318 ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਹਰਜੀਤ ਸੰਧੂ ਦੀ ਅਗਵਾਈ 'ਚ ਸੈਂਕੜੇ ਪਰਿਵਾਰ ਭਾਜਪਾ 'ਚ ਸ਼ਾਮਲ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਭਾਰਤੀ ਜਨਤਾ ਪਾਰਟੀ ਨੇ ਵਿਧਾਨ ਸਭਾ ਹਲਕਾ ਪੱਟੀ ਵਿੱਚ ਉਸ ਵਕਤ ਵੱਡੀ ਦਾਅਵੇਦਾਰੀ ਠੋਕੀ ਜਦੋਂ ਹਲਕੇ ਦੇ ਇਤਿਹਾਸਕ ਅਤੇ ਵੱਡੇ ਪਿੰਡ ਸਭਰਾ ਵਿਖੇ ਵਿਸ਼ਾਲ ਮੀਟਿੰਗ ਕੀਤੀ ਜੋ ਕਿ ਲੋਕਾਂ ਦੇ ਭਾਰੀ ਇਕੱਠ ਹੋਣ ਕਰਕੇ ਇੱਕ ਰੈਲੀ ਵਿੱਚ ਤਬਦੀਲ ਹੋ ਗਈ। ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਅਤੇ ਬਲਜਿੰਦਰ ਸਿੰਘ ਕੈਰੋਂ ਦੀ ਪ੍ਰੇਰਨਾ ਸਦਕਾ ਹੋਏ ਉਕਤ ਪ੍ਰਭਾਵਸ਼ਾਲੀ ਸਮਾਗਮ ਵਿੱਚ ਪ੍ਰਧਾਨ ਸੰਧੂ ਤੋਂ ਇਲਾਵਾ ਭਾਜਪਾ ਜ਼ਿਲ੍ਹਾ ਸਹਿ ਇੰਚਾਰਜ ਨਰੇਸ਼ ਸ਼ਰਮਾ, ਸਾਬਕਾ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਣਜੀਤ ਸਿੰਘ ਮੀਆਂਵਿੰਡ, ਜ਼ਿਲ੍ਹਾ ਮੀਤ ਪ੍ਰਧਾਨ ਅਮਰਪਾਲ ਸਿੰਘ ਖਹਿਰਾ, ਸ਼ਿਵ ਸੋਨੀ ਹਰੀਕੇ, ਕਿਸਾਨ ਵਿੰਗ ਦੇ ਜਨਰਲ ਸਕੱਤਰ ਬਲਜਿੰਦਰ ਸਿੰਘ ਕੈਰੋਂ, ਬਾਬਾ ਸਾਰਜ ਸਿੰਘ, ਜਸਬੀਰ ਸਿੰਘ ਗੋਲਡੀ ਰੱਤਾ ਗੁੱਦਾ, ਸਰਕਲ ਪ੍ਰਧਾਨ ਗੁਰਦੇਵ ਸਿੰਘ ਸਭਰਾ ਨੇ ਸੰਬੋਧਨ ਕੀਤਾ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਭਾਜਪਾ ਵੱਲੋਂ ਸਮਾਜ ਦੇ ਹਰੇਕ ਵਰਗ ਲਈ ਸਮਾਜ ਭਲਾਈ ਸਕੀਮਾਂ ਲਈ ਦਿਲ ਖੋਹਲ ਕੇ ਪੈਸੇ ਭੇਜੇ ਜਾ ਰਹੇ ਹਨ ਪਰ ਪੰਜਾਬ ਸਰਕਾਰ ਲਾਭਪਾਤਰਾਂ ਨੂੰ ਪਹੁੰਚਾ ਨਹੀਂ ਰਹੀ। ਉਨ੍ਹਾਂ ਨੇ ਪੰਜਾਬ ਵਿੱਚ ਵੱਧ ਰਹੇ ਨਸ਼ੇ, ਗੁੰਡਾਗਰਦੀ ਲਈ ਮੌਜੂਦਾ ਸਰਕਾਰ ਨੂੰ ਜ਼ਿੰਮੇਵਾਰ ਕਰਾਰ ਦਿੰਦਿਆਂ ਕਿਹਾ ਕਿ ਪੰਜਾਬ ਵਿੱਚੋਂ ਜੇਕਰ ਨਸ਼ੇ ਅਤੇ ਅਪਰਾਧ ਕੋਈ ਖ਼ਤਮ ਕਰ ਸਕਦਾ ਹੈ ਤਾਂ ਉਹ ਭਾਜਪਾ ਹੀ ਕਰ ਸਕਦੀ ਹੈ। ਉਨ੍ਹਾਂ ਨੇ ਇਲਾਕੇ ਵਿੱਚ ਪੱਕੇ ਧੁੱਸੀ ਬੰਨ੍ਹ ਦੀ ਮੰਗ ਨੂੰ ਜ਼ਾਇਜ਼ ਕਰਾਰ ਦਿੰਦਿਆਂ ਕਿਹਾ ਕਿ ਸਰਕਾਰਾਂ ਵੱਲੋਂ ਅਜਿਹੇ ਜ਼ਰੂਰੀ ਵਿਕਾਸ ਦੇ ਕੰਮ ਵੀ ਅੱਖੋਂ ਪਰੋਖੇ ਕੀਤੇ ਜਾਣੇ ਬਹੁਤ ਮੰਦਭਾਗੇ ਹਨ। ਇਸ ਮੌਕੇ ਜੈਕਾਰਿਆਂ ਦੀ ਗੂੰਜ ਵਿੱਚ ਮੱਸਾ ਸਿੰਘ, ਰਣਜੀਤ ਸਿੰਘ, ਸਲਵਿੰਦਰ ਕੌਰ ਪ੍ਰਧਾਨ ਚੀਮਾ, ਬਲਬੀਰ ਸਿੰਘ, ਨਿਰਮਲ ਸਿੰਘ, ਜਗਰੂਪ ਸਿੰਘ, ਸੰਧੂ, ਗੁਰਪ੍ਰੀਤ ਸਿੰਘ, ਹਰਦੇਬ ਸਿੰਘ, ਮਾਣਕ ਸਿੰਘ, ਮਨਪ੍ਰੀਤ ਸਿੰਘ, ਤਾਰਾ ਸਿੰਘ, ਅਕਾਸ਼ਦੀਪ ਸਿੰਘ, ਵਿਸ਼ਾਲ ਸਿੰਘ, ਜਸਵਿੰਦਰ ਸਿੰਘ, ਰਾਹੁਲ, ਲਵ ਮਾਣਕਪੁਰ, ਸਰਬਜੀਤ ਕੌਰ, ਜਸਬੀਰ ਕੌਰ, ਪਰਮਜੀਤ ਕੌਰ, ਅਮਰਜੀਤ ਕੌਰ, ਵੀਰ ਕੌਰ ਆਦਿ ਆਪਣੇ ਪਰਿਵਾਰਾਂ ਸਮੇਤ ਭਾਜਪਾ ਵਿੱਚ ਸ਼ਾਮਿਲ ਹੋ ਗਏ ਜਿਨ੍ਹਾਂ ਨੂੰ ਜ਼ਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਪਾਰਟੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਸਮਾਗਮ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਸੀਨੀਅਰ ਭਾਜਪਾ ਆਗੂ ਹਰਪ੍ਰੀਤ ਸਿੰਘ ਸਿੰਦਬਾਦ, ਜ਼ਿਲਾ ਜਨਰਲ ਸਕੱਤਰ ਸੁਰਜੀਤ ਸਾਗਰ, ਜ਼ਿਲਾ ਸਕੱਤਰ ਵਿਕਾਸ ਮਿੰਟਾ, ਸਰਕਲ ਪ੍ਰਧਾਨ ਪਵਨ ਦੇਵਗਨ ਚੋਹਲਾ ਸਾਹਿਬ, ਗੌਰਵ ਦੇਵਗਨ ਸਰਹਾਲੀ, ਰੋਹਿਤ ਵੇਦੀ ਹਰੀਕੇ, ਕੁਲਦੀਪ ਸਿੰਘ ਕੈਰੋਂ, ਅਵਤਾਰ ਸਿੰਘ ਬੰਟੀ, ਅਮਨਦੀਪ ਸਿੰਘ ਘੁੰਮਣ, ਮਾਸਟਰ ਰਜਵੰਤ ਸਿੰਘ, ਲਖਬੀਰ ਸਿੰਘ ਪੱਪੂ, ਨਿਰਵੈਰ ਸਿੰਘ, ਮੁਖਤਾਰ ਸਿੰਘ, ਸੁਰਜੀਤ ਸਿੰਘ, ਸਰਵਣ ਸਿੰਘ, ਬਗੀਚਾ ਸਿੰਘ, ਰਛਪਾਲ ਸਿੰਘ, ਪ੍ਰਗਟ ਸਿੰਘ, ਲੱਖਾ ਸਿੰਘ, ਮੋਹਣ ਸਿੰਘ, ਦਿਲਬਾਗ ਸਿੰਘ ਆਦਿ ਆਗੂ ਮੌਜੂਦ ਸਨ।

# ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਮੰਗ ਪੱਤਰ ਸੌਂਪਿਆ




**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਪੇਂਡੂ ਤੇ ਖੇਤ ਮਜਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਪੱਟੀ ਤੋਂ ਵਿਧਾਇਕ ਤੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨਾ ਹੋਣ ਕਾਰਨ ਉਨ੍ਹਾਂ ਦੀ ਗੈਰ-ਹਾਜ਼ਰੀ ਵਿਚ ਬਲਾਕ ਪ੍ਰਧਾਨ ਤੇਜਪਰੀਤ ਸਿੰਘ ਦੇ ਰਾਹੀਂ ਮੰਗ ਪੱਤਰ ਦਿੱਤਾ ਗਿਆ, ਜਿਸ ਦੀ ਅਗਵਾਈ ਦਿਹਾਤੀ ਮਜ਼ਦੂਰ ਸਭਾ ਦੇ ਤਹਿਸੀਲ ਪ੍ਰਧਾਨ ਦਿਆਲ ਸਿੰਘ ਲੌਹਕਾ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਆਗੂ ਰਸਪਾਲ ਸਿੰਘ ਘੁਰਕਵਿੰਡ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਆਗੂ ਪ੍ਰਗਟ ਸਿੰਘ ਪੱਟੀ ਨੇ ਕੀਤੀ। ਇਸ ਮੌਕੇ ਮਜ਼ਦੂਰਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਚਮਨ ਲਾਲ ਦਰਾਜਕੇ ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾ ਸਕੱਤਰ ਦੇਵੀ ਕੁਮਾਰੀ ਸਰਿਹਾਲੀ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਾਣਾ ਮਸੀਹ ਚੂਸਲੇਵੜ ਨੇ ਕਿਹਾ ਕੇ ਪੰਜਾਬ ਸਰਕਾਰ ਬਜ਼ੁਰਗਾਂ ਨੂੰ ਬੁਢਾਪਾ ਵਿਧਵਾ ਅੰਗਹੀਣ ਪੈਨਸ਼ਨ ਘੱਟੋ ਘੱਟ ਪੰਜ ਹਜ਼ਾਰ ਰੁਪਏ ਦੇਵੇ ਅਤੇ ਪੈਨਸ਼ਨ ਵਿੱਚ ਉਮਰਾਂ ਦੀ ਹੱਦ ਘਟਾਈ ਜਾਵੇ, ਮਰਦ ਦੀ ਉਮਰ 65 ਸਾਲ ਤੋਂ ਘਟਾ ਕੇ 58 ਸਾਲ ਕੀਤੀ ਜਾਵੇ ਅਤੇ ਔਰਤ ਦੀ ਉਮਰ 60 ਸਾਲ ਘਟਾ ਕੇ 55 ਸਾਲ ਕੀਤੀ ਜਾਵੇ, ਦਸ-ਦਸ ਮਰਲੇ ਦੇ ਪਲਾਟ ਅਲਾਟ ਕਰਕੇ ਦਿੱਤੇ ਜਾਣ, ਵਧੀ ਮੰਗਿਆਈ ਨੂੰ ਨੱਥ ਪਾਈ ਜਾਵੇ, ਪੰਜਾਬ ਅੰਦਰੋਂ ਨਸ਼ਿਆਂ ਦਾ ਖਾਤਮਾ ਕੀਤਾ ਜਾਵੇ। ਜੇਕਰ ਸਾਡੀਆਂ ਇਨ੍ਹਾਂ ਹੱਕੀ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਘਰ ਅੱਗੇ 9 ,10,11ਦਸੰਬਰ ਨੂੰ ਤਿੰਨ ਰੋਜ਼ਾ ਰਾਤ-ਦਿਨ ਦਾ ਵਿਸ਼ਾਲ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੋਰਚੇ ਦੇ ਸੀਨੀਅਰ ਆਗੂ ਹਰਜਿੰਦਰ ਸਿੰਘ ਚੂੰਘ, ਸਵਿੰਦਰ ਸਿੰਘ ਚੱਕ, ਮਨਦੀਪ ਕਲਸੀ, ਲਾਜਰ ਸਿੰਘ ਮਸੀਹ ਚੂਸਲੇਵੜ, ਚੰਦ ਸਿੰਘ ਤੂਤ, ਜਸਵੰਤ ਸਿੰਘ ਸੀਤੋ, ਨਵਜੋਤ ਸਿੰਘ ਕਿਰਤੋਵਾਲ, ਮਿੰਦਰ ਸਿੰਘ ਪੱਟੀ, ਸੁਖਦੇਵ ਸਿੰਘ ਪੱਟੀ ਆਦਿ ਆਗੂ ਹਾਜ਼ਰ ਸਨ।

# ਕਲਾਸਵਾਲਾ ਖਾਲਸਾ ਸਕੂਲ 'ਚ ਵਿਸ਼ਵ ਏਡਜ਼ ਦਿਵਸ ਮਨਾਇਆ




**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਕਲਾਸਵਾਲਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਕਾਦੀਆਂ ਵਿਖੇ ਵਿਸ਼ਵ ਏਡਜ਼ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਵਿਦਿਆਰਥੀਆਂ ਅਤੇ ਐੱਨਐੱਸਐੱਸ ਵਲੰਟਰੀਆਂ ਵੱਲੋਂ ਪ੍ਰੋਗਰਾਮ ਅਫਸਰ ਪਰਮਿੰਦਰ ਕੌਰ ਅਤੇ ਹਰਦੀਪ ਸਿੰਘ ਦੀ ਦੇਖ-ਰੇਖ ਵਿੱਚ ਰੈਲੀ ਕੱਢੀ ਗਈ। ਰੈਲੀ ਦੌਰਾਨ ਨਾਅਰੇਬਾਜ਼ੀ ਕਰਕੇ ਲੋਕਾਂ ਨੂੰ ਏਡਜ਼ ਪ੍ਰਤੀ ਜਾਗਰੂਕ ਕੀਤਾ ਗਿਆ। ਸਕੂਲ ਵਿਦਿਆਰਥੀਆਂ ਨੇ ਪੋਸਟਰ ਬਣਾ ਕੇ ਇਸ ਰੈਲੀ ਵਿੱਚ ਆਪਣਾ ਯੋਗਦਾਨ ਦਿੱਤਾ। ਸਕੂਲ ਪ੍ਰਿੰਸੀਪਲ ਸ਼ਾਲਿਨੀ ਦੱਤਾ ਨੇ ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਇਸ ਬਿਮਾਰੀ ਬਾਰੇ ਅਤੇ ਇਸ ਦੀ ਰੋਕਥਾਮ ਬਾਰੇ ਦੱਸਿਆ। ਐੱਨ. ਐੱਸ. ਐੱਸ. ਵਲੰਟੀਅਰਾਂ ਵੱਲੋਂ ਇਸ ਦਿਵਸ 'ਤੇ ਭਾਸ਼ਣ ਅਤੇ ਵਿਚਾਰ-ਵਟਾਂਦਰੇ ਵੀ ਕੀਤੇ ਗਏ। ਪ੍ਰੋਗਰਾਮ ਦੌਰਾਨ ਸਾਰੇ ਸਕੂਲ ਵਿਦਿਆਰਥੀ ਅਤੇ ਸਮੂਹ ਸਟਾਫ ਹਾਜ਼ਰ ਸੀ।

# 'ਆਪ' ਤੋਂ ਹਰ ਵਰਗ ਦਾ ਮੋਹ ਭੰਗ ਹੋਇਆ : ਗੋਪੀ ਕਲਸੀਆਂ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਸੂਬਾ ਵਾਸੀਆਂ ਨੂੰ ਬਦਲਾਅ ਦੇ ਸੁਪਨੇ ਵਿਖਾ ਕੇ ਸੱਤਾ 'ਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਮੁਕਾਮ 'ਤੇ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ।

ਚੋਣਾਂ ਦੌਰਾਨ ਸੂਬੇ 'ਚੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ, ਨੌਜਵਾਨਾਂ ਨੂੰ ਰੁਜ਼ਗਾਰ ਦੇਣ, ਸਰਕਾਰੀ ਅਦਾਰਿਆਂ 'ਚੋਂ ਭ੍ਰਿਸ਼ਟਾਚਾਰ ਨੂੰ ਖਤਮ ਕਰਨ, ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦੇ ਵਾਅਦਿਆਂ ਤੋਂ ਮੁੱਕਰ ਰਹੀ 'ਆਪ' ਤੋਂ ਲੋਕਾਂ ਦਾ ਮੋਹ ਪੂਰੀ ਤਰ੍ਹਾਂ ਭੰਗ ਹੋ ਚੁੱਕਾ ਹੈ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਖੇਮਕਰਨ ਤੋਂ ਭਾਜਪਾ ਦੇ ਸੀਨੀਅਰ ਆਗੂ ਗੋਪੀ ਕਲਸੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਕਲਸੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ 'ਆਪ' ਸੁਪਰੀਮੋ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਚੋਣ ਰੈਲੀਆਂ ਵਿੱਚ ਪੰਜਾਬ ਨੂੰ ਨਸ਼ਾ ਮੁਕਤ ਕਰਨ, ਸਿੱਖਿਆ ਦਾ ਮਿਆਰ ਉੱਚਾ ਚੁੱਕਣ, ਚੰਗੀਆਂ ਸਿਹਤ ਸੇਵਾਵਾਂ ਦੇਣ ਆਦਿ ਦੇ ਵੱਡੇ-ਵੱਡੇ ਦਾਅਵੇ ਕੀਤੇ ਸਨ,ਪ੍ਰੰਤੂ ਲਗਭੱਗ ਡੇਢ ਸਾਲ ਤੋਂ ਸੱਤਾ 'ਤੇ ਕਾਬਜ਼ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਵਾਅਦਿਆਂ ਤੇ ਖਰੀ ਉੱਤਰਦੀ ਨਜ਼ਰ ਨਹੀਂ ਆ ਰਹੀ। ਚੋਣਾਂ ਦੌਰਾਨ ਕਾਂਗਰਸ ਅਤੇ ਅਕਾਲੀ ਦਲ ਨੂੰ ਨਸ਼ਿਆਂ ਦੇ ਮੁੱਦੇ 'ਤੇ ਭੰਡ ਕੇ ਵੋਟਾਂ ਬਟੋਰਨ ਵਾਲੀ 'ਆਪ' ਸਰਕਾਰ ਦੇ ਰਾਜ 'ਚ ਨਸ਼ੇ ਧੜੱਲੇ ਨਾਲ ਵਿਕ ਰਹੇ ਹਨ।

ਸੂਬੇ ਅੰਦਰ ਦਿਨ ਪ੍ਰਤੀ ਦਿਨ ਅਮਨ ਕਾਨੂੰਨ ਦੀ ਸਥਿਤੀ ਵਿਗੜਦੀ ਜਾ ਰਹੀ ਹੈ। ਆਏ ਦਿਨ ਗੈਂਗਸਟਰ ਵਪਾਰੀਆਂ ਨੂੰ ਧਮਕੀਆਂ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਕਿਸਾਨ, ਸਰਕਾਰੀ ਕਰਮਚਾਰੀ ਅਤੇ ਨੌਕਰੀਆਂ ਖਾਤਰ ਧਰਨੇ 'ਤੇ ਬੈਠੇ ਨੌਜਵਾਨ ਇਸ ਗੱਲ ਦਾ ਸਬੂਤ ਹਨ ਕਿ ਮਾਨ ਸਰਕਾਰ ਹਰ ਫਰੰਟ 'ਤੇ ਫੇਲ ਹੋ ਚੁੱਕੀ ਹੈ।

# ਅੱਜ ਹੋ ਰਹੀ ਰੈਲੀ ਦੇ ਮੱਦੇਨੇਜ਼ਰ ਪੁਲਸ ਵੱਲੋਂ ਟਰੈਫਿਕ ਡਾਈਵਰਟ

**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਅੱਜ ਗੁਰਦਾਸਪੁਰ ਵਿਖੇ ਹੋ ਰਹੀ ਵਿਕਾਸ ਕ੍ਰਾਂਤੀ ਰੈਲੀ ਦੇ ਮੱਦੇਨਜ਼ਰ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਪੁਲਸ ਵਿਭਾਗ ਵੱਲੋਂ ਟਰੈਫਿਕ ਦੇ ਬਦਲਵੇਂ ਪ੍ਰਬੰਧ ਕੀਤੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸਐੱਸਪੀ ਗੁਰਦਾਸਪੁਰ ਹਰੀਸ਼ ਦਾਯਮਾ ਨੇ ਦੱਸਿਆ ਕਿ ਅੰਮ੍ਰਿਤਸਰ ਤੋਂ ਪਠਾਨਕੋਟ ਤੱਕ ਜਾਣ ਵਾਲੀ ਟਰੈਫਿਕ ਨੂੰ ਬਟਾਲਾ ਸ਼ਹਿਰ ਦੇ ਅੰਮ੍ਰਿਤਸਰ ਬਾਈਪਾਸ ਨਜ਼ਦੀਕ ਸੈਦ ਮੁਬਾਰਕ ਪਿੰਡ ਤੋਂ ਸ੍ਰੀ ਹਰਗੋਬਿੰਦਪੁਰ, ਮੁਕੇਰੀਆਂ ਅਤੇ ਟਾਂਡੇ ਵੱਲ ਨੂੰ ਡਾਈਵਰਟ ਕੀਤਾ ਗਿਆ ਹੈ। ਅੰਮ੍ਰਿਤਸਰ ਤੋਂ ਪਠਾਨਕੋਟ ਨੂੰ ਜਾਣ ਵਾਲੇ ਹਲਕੇ ਵਾਹਨਾਂ ਨੂੰ ਖੁੰਡਾ ਬਾਈਪਾਸ ਤੋਂ ਸਠਿਆਲੀ ਪੁਲ ਵਾਇਆ ਮੁਕੇਰੀਆਂ ਰਾਹੀਂ ਪਠਾਨਕੋਟ ਵੱਲ ਨੂੰ ਡਾਈਵਰਟ ਕੀਤਾ ਗਿਆ ਹੈ।

ਅੰਮ੍ਰਿਤਸਰ ਤੋਂ ਗੁਰਦਾਸਪੁਰ ਤੱਕ ਜਾਣ ਵਾਲੇ ਹਲਕੇ ਵਾਹਨਾਂ ਨੂੰ ਬੱਬਰੀ ਬਾਈਪਾਸ ਤੋਂ ਨਬੀਪੁਰ ਤੋਂ ਬਹਿਰਾਮਪੁਰ ਵਾਇਆ ਦੀਨਾਨਗਰ ਡਾਈਵਰਟ ਕੀਤਾ ਗਿਆ ਹੈ। ਪਠਾਨਕੋਟ ਤੋਂ ਅੰਮ੍ਰਿਤਸਰ ਵੱਲ ਜਾਣ ਵਾਲੀ ਹੈਵੀ ਟਰੈਫਿਕ ਨੂੰ ਮਲਕਪੁਰ ਚੌਕ ਤੋਂ ਵਾਇਆ ਮੁਕੇਰੀਆਂ, ਟਾਂਡਾ, ਬਟਾਲਾ ਤੋਂ ਅੰਮ੍ਰਿਤਸਰ ਨੂੰ ਡਾਈਵਰਟ ਕੀਤਾ ਗਿਆ ਹੈ। ਪਠਾਨਕੋਟ ਤੋਂ ਅੰਮ੍ਰਿਤਸਰ ਵੱਲ ਜਾਣ ਵਾਲੇ ਹਲਕੇ ਵਾਹਨਾਂ ਦੀ ਟਰੈਫਿਕ ਨੂੰ ਝੰਡੇ ਚੱਕ ਤੋਂ ਪਨਿਆੜ ਰੋਡ ਵਾਇਆ ਗੁਰਦਾਸਪੁਰ ਸਿਟੀ ਡਾਈਵਰਟ ਕੀਤਾ ਗਿਆ ਹੈ। ਹੁਸ਼ਿਆਰਪੁਰ ਤੋਂ ਗੁਰਦਾਸਪੁਰ ਹੈਵੀ ਟਰੈਫਿਕ ਨੂੰ ਮੁਕੇਰੀਆਂ ਤੋਂ ਵਾਇਆ ਪਠਾਨਕੋਟ ਡਾਈਵਰਟ ਕੀਤਾ ਗਿਆ ਹੈ। ਸ੍ਰੀ ਹਰਗੋਬਿੰਦਪੁਰ ਤੋਂ ਗੁਰਦਾਸਪੁਰ ਹੈਵੀ ਟਰੈਫਿਕ ਨੂੰ ਘੁਮਾਣ ਤੋਂ ਬਟਾਲਾ ਡਾਈਵਰਟ ਕੀਤਾ ਗਿਆ ਹੈ।

ਕਲਾਨੌਰ ਤੋਂ ਅੰਮ੍ਰਿਤਸਰ ਦੀ ਹੈਵੀ ਟਰੈਫਿਕ ਨੂੰ ਬੱਬਰੀ ਬਾਈਪਾਸ ਤੋਂ ਅੰਮ੍ਰਿਤਸਰ ਡਾਈਵਰਟ ਕੀਤਾ ਗਿਆ ਹੈ। ਕਲਾਨੌਰ ਤੋਂ ਪਠਾਨਕੋਟ ਦੀ ਹੈਵੀ ਟਰੈਫਿਕ ਨੂੰ ਹਰਦੋਛੰਨੀ ਰੋਡ ਤੋਂ ਦੀਨਾਨਗਰ, ਪਠਾਨਕੋਟ ਡਾਈਵਰਟ ਕੀਤਾ ਗਿਆ ਹੈ। ਪਠਾਨਕੋਟ ਤੋਂ ਗੁਰਦਾਸਪੁਰ ਹਲਕੇ ਵਾਹਨਾਂ ਦੀ ਟਰੈਫਿਕ ਨੂੰ ਪਰਮਾਨੰਦ, ਦੀਨਾਨਗਰ, ਬਹਿਰਾਮਪੁਰ ਤੋਂ ਬੱਬਰੀ ਬਾਈਪਾਸ ਡਾਈਵਰਟ ਕੀਤਾ ਗਿਆ ਹੈ। ਐੱਸਐੱਸਪੀ ਗੁਰਦਾਸਪੁਰ ਹਰੀਸ਼ ਦਾਯਮਾ ਨੇ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਰੈਲੀ ਦੇ ਮੱਦੇਨਜ਼ਰ ਬਦਲਵੇ ਰੂਟਾਂ ਦਾ ਇਸਤੇਮਾਲ ਕਰਨ।

# ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ ਵਿਖੇ ਵਿਸ਼ਵ ਏਡਜ਼ ਦਿਵਸ ਮਨਾਇਆ




**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਅਗਵਾਈ ਹੇਠ ਵਿਸ਼ਵ ਏਡਜ਼ ਦਿਵਸ ਮਨਾਇਆ ਗਿਆ। ਇਸ ਦਿਹਾੜੇ ਨੂੰ ਸਮਰਪਿਤ ਰੈੱਡ ਰਿਬਨ ਕਲੱਬ ਵਲੋਂ ਵਿਸਵ ਏਡਜ਼ ਦਿਵਸ ਤੇ ਏਡਜ਼ ਜਾਗਰੂਕਤਾ ਸੈਮੀਨਾਰ ਅਤੇ ਸਲੋਗਨ ਮੇਕਿੰਗ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਵੱਲੋਂ ਏਡਜ਼ ਦੇ ਕਾਰਨ, ਲੱਛਣ ਅਤੇ ਏਡਜ਼ ਤੋਂ ਬਚਣ ਦੇ ਉਪਰਾਲਿਆਂ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ। ਏਡਜ਼ ਵਿਸ਼ੇ ਤੇ ਸਲੋਗਨ ਮੇਕਿੰਗ ਮੁਕਾਬਲੇ ਵਿੱਚ ਬੀ. ਐੱਡ. ਅਤੇ ਡੀ. ਐੱਲ. ਐੱਡ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ ਜਿਸ ਵਿੱਚ ਨਵਜੋਤ ਬਾਲਾ ਨੇ ਪਹਿਲਾ, ਅਨੀਸ਼ਾ ਨੇ ਦੂਜਾ ਸਥਾਨ ਅਤੇ ਪ੍ਰੀਤੀ ਤੇ ਕਿਰਨਪ੍ਰੀਤ ਨੇ ਤੀਜਾ ਸਥਾਨ ਹਾਸਿਲ ਕੀਤਾ। ਅੰਤ ਵਿੱਚ ਰਿਸੋਰਸਪਰਸਨ ਸੁਮਨ ਲਤਾ ਵੱਲੋਂ ਵਿਦਿਆਰਥੀਆਂ ਨੂੰ ਲਾ-ਇਲਾਜ ਬਿਮਾਰੀ ਏਡਜ਼ ਬਾਰੇ ਜਾਣੂ ਕਰਵਾਇਆ। ਇਸ ਮੌਕੇ ਵਿਸ਼ਵ ਏਡਜ਼ ਦਿਵਸ ਤੇ ਸਲੋਗਨ ਮੇਕਿੰਗ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਗਏ।

# ਸੁਖਜਿੰਦਰ ਰੰਧਾਵਾ ਵੱਲੋਂ ਯੂਥ ਕਾਂਗਰਸੀ ਆਗੂ ਦੀਪਕ ਸ਼ਰਮਾ ਨਾਲ ਦੁੱਖ ਦਾ ਪ੍ਰਗਟਾਵਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਬੀਤੇ ਦਿਨੀਂ ਕਸਬਾ ਡੇਰਾ ਬਾਬਾ ਨਾਨਕ ਦੇ ਯੂਥ ਕਾਂਗਰਸੀ ਆਗੂ ਦੀਪਕ ਸ਼ਰਮਾ ਦੇ ਪਿਤਾ ਕਾਰੋਬਾਰੀ ਵੇਦ ਮਿੱਤਰ ਸ਼ਰਮਾ (ਬਰਤਨਾਂ ਵਾਲੇ) ਜੋ ਕੁਝ ਦਿਨ ਪਹਿਲਾਂ ਸਦੀਵੀ ਵਿਛੋੜਾ ਦੇ ਗਏ ਸਨ, ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਪੰਜਾਬ ਦੇ ਸਾਬਕਾ ਗ੍ਰਹਿ ਮੰਤਰੀ ਤੇ ਹਲਕਾ ਡੇਰਾ ਬਾਬਾ ਨਾਨਕ ਤੋਂ ਕਾਂਗਰਸ ਦੇ ਵਿਧਾਇਕ ਸੁਖਜਿੰਦਰ ਸਿੰਘ ਰੰਧਾਵਾ ਸਾਥੀਆਂ ਸਮੇਤ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜੇ।

ਇਸ ਮੌਕੇ ਰੰਧਾਵਾ ਵੱਲੋਂ ਯੂਥ ਕਾਂਗਰਸੀ ਆਗੂ ਦੀਪਕ ਸ਼ਰਮਾ, ਮਾਤਾ ਵੀਨਾ ਸ਼ਰਮਾ ਅਤੇ ਉਨ੍ਹਾਂ ਦੇ ਹੋਰ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਨ ਉਪਰੰਤ ਰੰਧਾਵਾ ਨੇ ਕਿਹਾ ਕਿ ਬਾਊ ਵੇਦ ਮਿੱਤਰ ਦੀ ਹੋਈ ਬੇਵਕਤੀ ਮੌਤ ਨਾਲ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਉਨ੍ਹਾਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਰੰਧਾਵਾ ਪਰਿਵਾਰ ਉਨ੍ਹਾਂ ਦੇ ਪਰਿਵਾਰ ਨਾਲ ਖੜਾ ਹੈ। ਅਸੀਂ ਪ੍ਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਬਾਊ ਵੇਦ ਮਿੱਤਰ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਇਸ ਮੌਕੇ ਕਾਂਗਰਸ ਦੇ ਬਲਾਕ ਪ੍ਰਧਾਨ ਸਵਿੰਦਰ ਸਿੰਘ ਖਹਿਰਾ, ਕਾਂਗਰਸੀ ਆਗੂ ਦਵਿੰਦਰਪਾਲ ਸਿੰਘ ਬੇਦੀ, ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ ਵਿਨੋਦ ਕੁਮਾਰ ਮੱਤਰੀ, ਜਨਕ ਰਾਜ ਮਹਾਜਨ, ਪਵਨ ਕੁਮਾਰ ਪੰਮਾ, ਸੌਰਵ ਸ਼ਰਮਾ, ਅਮਰ ਮਹਾਜਨ, ਅੰਕੂ ਹਾਂਡਾ, ਗਗਨਬੀਰ ਸਿੰਘ ਬੇਦੀ, ਐੱਸਐੱਸ ਖੰਨਾ, ਨਰਿੰਦਰ ਸਿੰਘ ਕਾਮਰੇਡ, ਚਰਨਜੀਤ ਸਿੰਘ, ਬਲਵਿੰਦਰ ਸਿੰਘ ਉਦੋਵਾਲੀ, ਮਨਿੰਦਰ ਖਹਿਰਾ ਆਦਿ ਵੀ ਹਾਜ਼ਰ ਸਨ।

# ਸਕੂਲ 'ਚ ਸੰਵਿਧਾਨ ਦਿਵਸ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**—ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ ਸੀ. ਬੀ. ਐੱਸ. ਸੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੰਵਿਧਾਨ ਦਿਵਸ ਮਨਾਇਆ ਗਿਆ। ਸਵੇਰ ਦੀ ਸਭਾ ਵਿੱਚ ਸਕੂਲ ਸ਼ਬਦ ਗਾਇਨ ਉਪਰੰਤ ਮੈਡਮ ਸਰਬਜੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਸੰਵਿਧਾਨ ਸੰਬੰਧੀ ਜਾਣਕਾਰੀ ਦਿੱਤੀ ਗਈ ਅਤੇ ਬੱਚਿਆਂ ਵੱਲੋਂ ਅਸੈਂਬਲੀ ਵਿੱਚ 'ਸੰਵਿਧਾਨ ਪ੍ਰਸਤਾਵਨਾ' ਪੜ੍ਹੀ ਗਈ। ਇਸੇ ਸੰਬੰਧੀ ਜਮਾਤਾਂ ਵਿੱਚ ਲੇਖ ਲਿਖਣ ਗਤੀਵਿਧੀ ਕਰਵਾਈ ਗਈ। ਸਕੂਲ ਦੀ ਸਮੂਹ ਮੈਨੇਜਮੈਂਟ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਇੱਕ ਜ਼ਿੰਮੇਵਾਰ ਨਾਗਰਿਕ ਬਣਦੇ ਹੋਏ ਆਪਣੇ ਸੰਵਿਧਾਨ ਦੀ ਪਾਲਣਾ ਕਰਕੇ ਦੇਸ਼ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।

# ਮਾਊਂਟ ਲਿਟਰਾ ਜ਼ੀ ਸਕੂਲ ਵਿਖੇ ਜ਼ਿਲਾ ਪੱਧਰੀ ਗਤਕਾ ਮੁਕਾਬਲਾ ਆਜੋਜਿਤ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਮਾਊਂਟ ਲਿਟਰਾ ਜ਼ੀ ਸਕੂਲ ਤਰਨ ਤਾਰਨ ਵਿਖੇ ਜ਼ਿਲ੍ਹਾ ਪੱਧਰ 'ਤੇ ਗਤਕਾ ਮੁਕਾਬਲਾ ਕਰਵਾਇਆ ਜਿਸ ਵਿੱਚ ਵੱਖ-ਵੱਖ ਸਕੂਲਾਂ ਜਿਵੇਂ ਮਾਊਂਟ ਲਿਰਟਾ ਜ਼ੀ ਸਕੂਲ ਤਰਨ ਤਾਰਨ, ਹਰਕ੍ਰਿਸ਼ਨ ਸਕੂਲ ਝਬਾਲ, ਬਾਬਾ ਬੁੱਢਾ ਸਾਹਿਬ ਸਕੂਲ, ਸੀਨੀਅਰ ਸੈਕੰਡਰੀ ਸਕੂਲ ਪੰਡੋਰੀ ਗੋਲਾ, ਹਰਕ੍ਰਿਸ਼ਨ ਸਕੂਲ ਪੱਟੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੈਰੋਂ, ਮਿਲੇਨੀਅਮ ਸਕੂਲ ਕੈਰੋਂ, ਗੁਰੂ ਨਾਨਕ ਦੇਵ ਅਕੈਡਮੀ ਦੇ ਬੱਚਿਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਇਸ ਮੁਕਾਬਲੇ ਦਾ ਉਦਘਾਟਨ ਸਕੂਲ ਦੇ ਡਾਇਰੈਕਟਰ ਕੁਲਦੀਪ ਸਿੰਘ, ਪ੍ਰਿੰਸੀਪਲ ਗਗਨਦੀਪ ਸ਼ਰਮਾ ਅਤੇ ਮਨਜਿੰਦਰ ਸਿੰਘ ਨੇ ਕੀਤਾ। ਇਸ ਮੁਕਾਬਲੇ ਵਿੱਚ ਰਾਜੇਸ਼ ਥਾਪਾ, ਨਿਰਮਲ ਕੌਰ, ਅਮਰਜੀਤ ਸਿੰਘ, ਗੁਰਪ੍ਰੀਤ ਸਿੰਘ ਅਤੇ ਨਿਸ਼ਾਨ ਸਿੰਘ ਨੇ ਮੁੱਖ ਮਹਿਮਾਨ ਵਜੋਂ ਭੂਮਿਕਾ ਨਿਭਾਈ। ਇਸ ਮੁਕਾਬਲੇ ਵਿੱਚ ਮਾਊਂਟ ਲਿਟਰਾ ਜ਼ੀ ਸਕੂਲ ਤਰਨ ਤਾਰਨ ਦੇ ਬੱਚਿਆਂ ਨੇ ਖੂਬ ਮੱਲਾਂ ਮਾਰੀਆਂ। ਅੰਡਰ 14 ਦੇ ਲੜਕਿਆਂ ਨੇ ਪਹਿਲੇ ਸਥਾਨ 'ਤੇ ਜਿੱਤ ਪ੍ਰਾਪਤ ਕੀਤੀ। ਅੰਡਰ 17 ਲੜਕੀਆਂ ਨੇ ਪਹਿਲਾ ਅਤੇ ਅੰਡਰ 17 ਲੜਕਿਆਂ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਇਸ ਮੁਕਾਬਲੇ ਵਿੱਚ ਪਲਵਿੰਦਰ ਸਿੰਘ ਕੰਡਾ ਅਤੇ ਕਵਰਪਾਲ ਸਿੰਘ ਨੇ ਜੱਜ ਵਜੋਂ ਵਿਸ਼ੇਸ਼ ਭੂਮਿਕਾ ਨਿਭਾਈ। ਸਕੂਲ ਦੇ ਮੁੱਖ ਅਧਿਆਪਕਾ ਗਗਨਦੀਪ ਸ਼ਰਮਾ ਨੇ ਕਤਕਾ ਕੋਚ ਬਲਵਿੰਦਰ ਸਿੰਘ ਨੂੰ ਵਧਾਈ ਦਿੰਦੇ ਹੋਏ ਅੱਗੇ ਤੋਂ ਵੀ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਸਕੂਲ ਦੇ ਚੇਅਰਮੈਨ ਗੁਰਵੰਤ ਸਿੰਘ ਵੱਲੋਂ ਬੱਚਿਆਂ ਨੂੰ ਮੈਡਲ ਦਿੰਦੇ ਹੋਏ ਬੱਚਿਆਂ ਨੂੰ ਵਧਾਈਆਂ ਦਿੱਤੀਆਂ।

# 'ਅੱਜ ਤੇ ਭਲਕ ਬੀਐੱਲਓਜ਼ ਆਪਣੇ-ਆਪਣੇ ਪੋਲੰਗ ਸਟੇਸ਼ਨਾਂ 'ਤੇ ਬਣਾਉਣਗੇ ਵੋਟਰ ਕਾਰਡ'

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲਾ ਚੋਣ ਅਧਿਕਾਰੀ ਅੰਮ੍ਰਿਤਸਰ ਹਰਪ੍ਰੀਤ ਸਿੰਘ ਸੈਕਟਰ ਅਫਸਰਾਂ ਅਤੇ ਬੀਐੱਲਓਜ਼ ਨਾਲ ਮੀਟਿੰਗ ਕਰਦੇ ਹੋਏ ਸਖਤ ਸ਼ਬਦਾਂ ਵਿੱਚ ਕਿਹਾ ਕਿ ਜਿਨ੍ਹਾਂ ਸੈਕਟਰ ਅਫਸਰਾਂ ਅਤੇ ਬੀਐੱਲਓਜ਼ ਵਲੋਂ 18 ਤੋਂ 19 ਸਾਲ ਨੌਜਵਾਨਾਂ ਦੀ ਘੱਟ ਰਜਿਸਟਰੇਸ਼ਨ ਕੀਤੀ ਜਾਵੇਗੀ ਉਨ੍ਹਾਂ ਨੂੰ ਸ਼ੋਅ ਕਾਜ਼ ਨੋਟਿਸ ਜਾਰੀ ਹੋਣਗੇ। ਵਧੀਕ ਜ਼ਿਲਾ ਚੋਣ ਅਧਿਕਾਰੀ ਨੇ ਦੱਸਿਆ ਕਿ 2 ਦਸੰਬਰ ਸ਼ਨੀਵਾਰ ਅਤੇ 3 ਦਸੰਬਰ 2023 ਐਤਵਾਰ ਵਾਲੇ ਦਿਨ ਸਵੇਰੇ 10:00 ਵਜੇ ਤੋਂ ਸ਼ਾਮ 5:00 ਵਜੇ ਤੱਕ ਜ਼ਿਲੇ ਦੇ ਸਮੂਹ ਪੋਲਿੰਗ ਸਟੇਸ਼ਨਾਂ ਉੱਪਰ ਬੀਐੱਲਓਜ਼ ਆਪਣੇ ਅਧਿਕਾਰ ਖੇਤਰ ਵਿੱਚ ਲੋਕਾਂ ਦੀਆਂ ਵੋਟਾਂ ਬਣਾਉਣਗੇ ਅਤੇ ਡੋਰ ਟੂ ਡੋਰ ਲੋਕਾਂ ਦੇ ਘਰ ਜਾ ਕੇ ਵੀ ਨਵੇਂ ਵੋਟਰ ਰਜਿਸਟਰੇਸ਼ਨ ਕਰਨਗੇ।

ਉਨ੍ਹਾਂ ਦੱਸਿਆ ਕਿ ਸਮੂਹ ਬੀਐੱਲਓਜ਼ ਵੱਲੋਂ ਬਿਨੈਕਾਰਾਂ ਪਾਸੋਂ ਫਾਰਮ ਪ੍ਰਾਪਤ ਕੀਤੇ ਜਾਣਗੇ ਤਾਂ ਜੋ ਕੋਈ ਵੀ ਵੋਟਰ ਆਪਣੀ ਵੋਟ ਬਣਾਉਣ ਦੇ ਹੱਕ ਤੋਂ ਵਾਂਝਾ ਨਾ ਰਹੇ। ਉਨ੍ਹਾਂ ਜ਼ਿਲੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਵੋਟ ਜ਼ਰੂਰ ਬਣਵਾਉਣ। ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫਸਰ, ਪੰਜਾਬ ਵੱਲੋਂ ਪ੍ਰਾਪਤ ਹੋਏ ਸ਼ਡਿਊਲ ਅਨੁਸਾਰ ਯੋਗਤਾ ਮਿਤੀ 1 ਜਨਵਰੀ 2024 ਦੇ ਅਧਾਰ 'ਤੇ ਜ਼ਿਲੇ ਦੇ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਸੁਧਾਈ ਦਾ ਕੰਮ ਮਿਤੀ 27 ਅਕਤੂਬਰ 2023 ਤੋਂ ਸ਼ੁਰੂ ਹੋ ਗਿਆ ਹੈ ਜੋ 9 ਦਸੰਬਰ 2023 ਤੱਕ ਚੱਲੇਗਾ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਸਪੈਸਲ ਸੁਧਾਈ ਤਹਿਤ ਨਵੀਆਂ ਵੋਟਾਂ ਬਣਾਉਣ ਲਈ ਦਾਅਵੇ/ਇਤਰਾਜ਼ ਫਾਰਮ ਨੰਬਰ-6, ਵੋਟ ਕਟਵਾਉਣ ਲਈ ਫਾਰਮ ਨੰਬਰ-7, ਵੇਰਵਿਆਂ ਦੀ ਸੋਧ ਕਰਵਾਉਣ/ਰਿਹਾਇਸ਼ ਦੀ ਤਬਦੀਲੀ ਲਈ ਫਾਰਮ ਨੰਬਰ-8, ਬੂਥ ਲੈਵਲ ਅਫਸਰਾਂ, ਚੋਣਕਾਰ ਰਜਿਸਟਰੇਸ਼ਨ ਅਫਸਰਾਂ, ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫਸਰਾਂ ਵੱਲੋਂ ਪ੍ਰਾਪਤ ਕੀਤੇ ਜਾ ਰਹੇ ਹਨ। ਇਸ ਮੀਟਿੰਗ ਵਿੱਚ ਚੋਣ ਤਹਿਸੀਲਦਾਰ ਰਜਿੰਦਰ ਸਿੰਘ ਚੋਣ ਕਾਨੂੰਨਗੋ ਸੌਰਵ ਖੋਸਲਾ ਤੋਂ ਇਲਾਵਾ ਸੈਕਟਰ ਅਫਸਰ ਅਤੇ ਬੀਐੱਲਓਜ਼ ਵੀ ਹਾਜ਼ਰ ਸਨ।

# ਨਸ਼ੇ ਦੇ ਸੌਦਾਗਰਾਂ ਤੇ ਸ਼ਰਾਰਤੀ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ : ਥਾਣਾ ਮੁਖੀ



**ਭਿੱਖੀਵਿੰਡ/ਖਾਲੜਾ(ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਤਰਨਤਾਰਨ ਜ਼ਿਲ੍ਹੇ ਦੇ ਐੱਸਐੱਸਪੀ ਅਸ਼ਵਨੀ ਕਪੂਰ ਤੇ ਡੀਐੱਸਪੀ ਪ੍ਰੀਤਇੰਦਰ ਸਿੰਘ ਭਿੱਖੀਵਿੰਡ ਦੀਆਂ ਹਦਾਇਤਾਂ ਅਨਸਾਰ ਐੱਸਐੱਚਓ ਥਾਣਾ ਮੁਖੀ ਗੁਰਚਰਨ ਸਿੰਘ ਭਿੱਖੀਵਿੰਡ ਨੇ ਨਸ਼ੇ ਦੇ ਸੌਦਾਗਰਾਂ ਅਤੇ ਸ਼ਰਾਰਤੀ ਅਨਸਰਾਂ 'ਤੇ ਲਗਾਮ ਕੱਸ ਦਿੱਤੀ ਹੈ ਅਤੇ ਨਸ਼ੇ ਦੇ ਸੌਦਾਗਰਾਂ ਨੂੰ ਕਨੂੰਨੀ ਸ਼ਿਕੰਜੇ 'ਚ ਲਿਆਉਣ ਲਈ ਦਿਨ-ਰਾਤ ਇੱਕ ਕਰ ਦਿੱਤਾ ਹੈ। ਇਸ ਮੌਕੇ ਥਾਣਾ ਮੁਖੀ ਗੁਰਚਰਨ ਸਿੰਘ ਭਿੱਖੀਵਿੰਡ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਜੋ ਵੀ ਨਸ਼ੇ ਦਾ ਕਾਰੋਬਾਰ ਕਰਦੇ ਹਨ ਉਨ੍ਹਾਂ ਨੂੰ ਅਪੀਲ ਹੈ ਕਿ ਨਸ਼ੇ ਦਾ ਕਾਰੋਬਾਰ ਛੱਡ ਦੇਣ ਨਹੀਂ ਤਾਂ ਉਨ੍ਹਾਂ 'ਤੇ ਬਣਦੀ ਕਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਜੋ ਵੀ ਸ਼ਰਾਰਤੀ ਅਨਸਰ ਹਨ ਜਿਨ੍ਹਾਂ ਦੇ ਵਹੀਕਲਾਂ ਦੇ ਕਾਗਜ਼ ਅਧੂਰੇ ਹਨ ਉਨ੍ਹਾਂ ਤੇ ਵੀ ਨਕੇਲ ਕੱਸੀ ਜਾਵੇਗੀ। ਅਖੀਰ ਵਿੱਚ ਇੰਸਪੈਕਟਰ ਗੁਰਚਰਨ ਸਿੰਘ ਨੇ ਸਮਾਜ ਵਿੱਚੋਂ ਗੰਦਗੀ ਦੂਰ ਕਰਨ ਲਈ ਮੀਡੀਆ ਅਤੇ ਆਮ ਜਨਤਾ ਦਾ ਸਹਿਯੋਗ ਮੰਗਿਆ ਅਤੇ ਆਪਣੇ ਵਿਚਾਰਾਂ ਰਾਹੀਂ ਪੰਚਾਇਤਾਂ ਅਤੇ ਆਮ ਮੋਹਤਬਰ ਵਿਅਕਤੀਆਂ ਨੂੰ ਅਪੀਲ ਕੀਤੀ ਹੈ ਕਿ ਕਿਸੇ ਵੀ ਨਸ਼ੇ ਦੇ ਸੌਦਾਗਰ ਦੀ ਹੈਲਪ ਕਰਨ ਲਈ ਉਨ੍ਹਾਂ ਨੂੰ ਨਾ ਆਖਿਆ ਜਾਵੇ। ਇਸ ਮੌਕੇ ਉਨ੍ਹਾਂ ਨਾਲ ਮੁੱਖ ਮੁਨਸ਼ੀ ਅਰਸਦੀਪ ਸਿੰਘ ਅਤੇ ਏਐੱਸਆਈ ਸਤਨਾਮ ਸਿੰਘ, ਏਐੱਸਆਈ ਰੇਸਮ ਸਿੰਘ ਤੇ ਹੈੱਡਕਾਂਸਟੇਬਲ ਪ੍ਰਦੀਪ ਕੁਮਾਰ ਆਦਿ ਪੁਲਸ ਕਰਮਚਾਰੀ ਹਾਜ਼ਰ ਸਨ।

# ਸਤਲੁਜ ਪਬਲਿਕ ਸਕੂਲ ਠੱਕਰਪੁਰਾ 'ਚ ਇੰਟਰ ਹਾਊਸ ਮੁਕਾਬਲੇ ਕਰਵਾਏ



**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਇਲਾਕੇ ਦੇ ਸਭ ਤੋਂ ਪੁਰਾਣੀ ਤੇ ਨਾਮਵਰ ਸਿੱਖਿਆ ਦੇ ਖੇਤਰ ਵਿਚ ਲੰਮੀਆਂ ਪੁਲਾਂਘਾਂ ਪੁੱਟਣ ਵਾਲੇ ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਠੱਕਰਪੁਰਾ ਵਿਖੇ ਵੱਖ-ਵੱਖ ਇੰਟਰ ਹਾਊਸ ਮੁਕਾਬਲੇ ਕਰਵਾਏ ਗਏ। ਸਕੂਲ ਦੇ ਹਾਊਸ ਨੂੰ ਵਿਦਿਆਰਥੀਆਂ 'ਚ ਚਾਰ ਹਾਊਸਾਂ ਰਾਵੀ, ਬਿਆਸ, ਸਤਲੁਜ ਤੇ ਝਨਾਬ 'ਚ ਵੰਡਿਆ ਗਿਆ। ਵਿਦਿਆਰਥੀਆਂ ਨੇ ਆਪਣੇ ਆਪਣੇ ਹਾਊਸ ਵੱਲੋਂ ਅਥਲੈਟਿਕਸ, ਭਾਸ਼ਣ, ਕਵਿਤਾ ਅਤੇ ਕੁਇਜ਼ ਆਦਿ ਮੁਕਾਬਲਿਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ। ਖੇਡਾਂ ਦੀ ਸ਼ੁਰੂਆਤ ਤੋਂ ਪਹਿਲਾਂ ਗੁਬਾਰੇ ਛੱਡੇ ਗਏ। ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਹਰਬੀਰ ਸਿੰਘ ਗਿੱਲ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿਚ ਹਿੱਸਾ ਲੈ ਲਈ ਪ੍ਰੇਰਿਤ ਕੀਤਾ। ਸਕੂਲ ਮੈਨੇਜਮੈਂਟ ਤੇ ਪ੍ਰਿੰਸੀਪਲ ਰਾਜਬੀਰ ਕੌਰ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਇਨਾਮ ਤਕਸੀਮ ਕੀਤੇ ਤੇ ਹਾਰੇ ਖਿਡਾਰੀਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

# ਲਾਲ ਝੰਡਾ ਈ ਰਿਕਸ਼ਾ ਵਰਕਰਜ਼ ਯੂਨੀਅਨ ਪੁਰਾਣਾ ਅੱਡਾ ਦੋਰਾਂਗਲਾ ਰੋਡ ਗੁਰਦਾਸਪੁਰ ਦਾ ਗਠਨ




**ਗੁਰਦਾਸਪੁਰ (ਜਨਕ ਮਹਾਜਨ)**-ਸੈਂਟਰ ਆਫ ਟਰੇਡ ਯੂਨੀਅਨਜ਼ (ਸੀਟੀਯੂ) ਪੰਜਾਬ ਜ਼ਿਲ੍ਹਾ ਜਨਰਲ ਸਕੱਤਰ ਕਾਮਰੇਡ ਧਿਆਨ ਸਿੰਘ ਠਾਕੁਰ ਦੀ ਅਗਵਾਈ ਹੇਠ ਮੁੱਖ ਦਫਤਰ ਸ਼ਹੀਦ ਕਾਮਰੇਡ ਬਲਜੀਤ ਸਿੰਘ ਫਜ਼ਲਾਬਾਦ ਭਵਨ ਜੇਲ੍ਹ ਰੋਡ ਰੁਲੀਆ ਰਾਮ ਕਲੋਨੀ ਗੁਰਦਾਸਪੁਰ ਵਿਖੇ ਦੋਰਾਂਗਲਾ ਰੋਡ 'ਤੇ ਚਲਦੇ ਈ ਰਿਕਸ਼ਾ ਚਾਲਕਾਂ ਵਲੋਂ ਲਾਲ ਝੰਡਾ ਈ ਰਿਕਸ਼ਾ ਵਰਕਰਜ਼ ਯੂਨੀਅਨ ਪੁਰਾਣਾ ਅੱਡਾ ਦੋਰਾਂਗਲਾ ਰੋਡ ਗੁਰਦਾਸਪੁਰ ਦਾ ਗਠਨ ਕੀਤਾ ਗਿਆ। ਇਸ ਮੌਕੇ ਐਨਥਨੀ ਉਰਫ ਸੋਨੂੰ ਯੂਨੀਅਨ ਦਾ ਪ੍ਰਧਾਨ, ਅਕਾਸ਼ ਗਿੱਲ ਬਰਨਾਲਾ ਜਨਰਲ ਸਕੱਤਰ, ਰੋਹਿਤ ਕੁਮਾਰ ਉਰਫ਼ ਲਵਲੀ ਕੈਸ਼ੀਅਰ, ਓਮ ਪ੍ਰਕਾਸ਼ ਮਹਾਜਨ ਤੇ ਰੂਪ ਲਾਲ ਮੀਤ ਪ੍ਰਧਾਨ ਅਤੇ ਜਾਇੰਟ ਸਕੱਤਰ ਬੂਟਾ ਰਾਮ ਤੇ ਅਸ਼ੋਕ ਸ਼ੰਮੀ ਸਮੇਤ ਸੱਤ ਮੈਂਬਰੀ ਕਮੇਟੀ ਦੀ ਚੋਣ ਕੀਤੀ। ਇਸ ਮੌਕੇ ਫੈਸਲਾ ਕੀਤਾ ਕਿ ਜਿਵੇਂ ਜਿਵੇਂ ਯੂਨੀਅਨ ਦੇ ਮੈਂਬਰਾਂ ਦੀ ਗਿਣਤੀ ਵਧੇਗੀ ਲੋੜ ਅਨੁਸਾਰ ਹੋਰ ਮੈਂਬਰਾਂ ਨੂੰ ਕਮੇਟੀ ਵਿੱਚ ਸ਼ਾਮਲ ਕੀਤਾ ਜਾਵੇਗਾ। ਚੋਣ ਕਰਨ ਉਪਰੰਤ ਸਾਥੀਆਂ ਸੰਬੋਧਨ ਕਰਦਿਆਂ ਸੀਟੀਯੂ ਪੰਜਾਬ ਦੇ ਵਿੱਤ ਸਕੱਤਰ ਕਾਮਰੇਡ ਸ਼ਿਵ ਕੁਮਾਰ, ਠਾਕੁਰ ਧਿਆਨ ਸਿੰਘ, ਜ਼ਿਲ੍ਹਾ ਪ੍ਰਧਾਨ ਜਸਵੰਤ ਸਿੰਘ ਬੁੱਟਰ ਅਤੇ ਮਨਹਰਨ ਨੇ ਕਿਹਾ ਕਿ ਈ ਰਿਕਸ਼ਾ ਚਾਲਕਾਂ ਪੇਸ਼ ਆ ਰਹੀਆਂ ਮੁਸ਼ਕਲਾਂ ਨੂੰ ਦੂਰ ਕਰਨ ਲਈ ਹੋਰ ਈ ਰਿਕਸ਼ਾ ਚਾਲਕਾਂ ਨੂੰ ਯੂਨੀਅਨ ਨਾਲ ਜੁੜਨ ਦੀ ਅਪੀਲ ਕੀਤੀ ਅਤੇ ਗੁਰਦਾਸਪੁਰ ਸ਼ਹਿਰ ਅੰਦਰ ਸੁਚਾਰੂ ਢੰਗ ਨਾਲ ਨਿਰਵਿਘਨ ਆਵਾਜਾਈ ਚਲਦੇ ਰੱਖਣ ਲਈ ਪ੍ਰਸ਼ਾਸਨ ਦਾ ਸਹਿਯੋਗ ਕੀਤਾ ਜਾਵੇਗਾ।

# 4 ਨੂੰ ਥਾਣਾ ਵੈਰੋਵਾਲ ਸਾਹਮਣੇ ਰੋਸ ਧਰਨਾ ਦੇਣ ਦਾ ਐਲਾਨ



**ਮੀਆਂਵਿੰਡ (ਰਵੀ ਖਹਿਰਾ)**-ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇਪੀਐੱਮਓ) ਦੀਆਂ ਬਾਬਾ ਬਕਾਲਾ ਸਾਹਿਬ ਅਤੇ ਖਡੂਰ ਸਾਹਿਬ ਦੀਆਂ ਤਹਿਸੀਲ ਕਮੇਟੀਆਂ ਵੱਲੋਂ 4 ਦਸੰਬਰ ਨੂੰ ਥਾਣਾ ਵੈਰੋਵਾਲ ਸਾਹਮਣੇ ਰੋਸ ਧਰਨਾ ਦੇਣ ਦਾ ਐਲਾਨ ਕੀਤਾ ਗਿਆ। ਪ੍ਰੈੱਸ ਬਿਆਨ ਜਾਰੀ ਕਰਦਿਆਂ ਗੁਰਨਾਮ ਸਿੰਘ ਦਾਊਦ, ਗੁਰਮੇਜ ਸਿੰਘ ਤਿੰਮੋਵਾਲ, ਹਰਮੀਤ ਸਿੰਘ ਦਾਊਦ, ਸਰਪੰਚ ਸੁਲੱਖਣ ਸਿੰਘ ਤੁੜ, ਮੁਖਤਾਰ ਸਿੰਘ ਮੱਲਾ, ਜਸਬੀਰ ਸਿੰਘ ਵੈਰੋਵਾਲ ਨੇ ਕਿਹਾ ਵੈਰੋਵਾਲ ਥਾਣੇ ਦੀ ਪੁਲਸ ਹਾਕਮ ਧਿਰ ਦੇ ਇਸ਼ਾਰੇ 'ਤੇ ਕੰਮ ਕਰ ਰਹੀ ਹੈ ਅਤੇ ਲੋਕਾਂ ਨੂੰ ਇਨਸਾਫ ਨਹੀਂ ਦੇ ਰਹੀ।

ਉਨ੍ਹਾਂ ਕਿਹਾ ਕਿ ਬੋਦੇਵਾਲ ਵਾਸੀ ਕਿਸਾਨ ਨਾਲ ਕੁੱਟਮਾਰ ਕਰਨ ਵਾਲੇ ਲੋਕਾਂ ਖਿਲਾਫ ਕਾਰਵਾਈ ਨਹੀਂ ਕੀਤੀ ਗਈ ਜਿਸ ਬਾਰੇ ਪੁਲਸ ਨੂੰ ਸੂਚਿਤ ਕੀਤਾ ਗਿਆ ਪਰ ਪੁਲਸ ਨੇ ਕੋਈ ਕਾਰਵਾਈ ਨਹੀਂ ਕੀਤੀ ਅਤੇ ਆਮ ਆਦਮੀ ਪਾਰਟੀ ਦੇ ਆਗੂਆਂ ਦੇ ਦਬਾਅ ਤਹਿਤ ਪੀੜਤ ਪਰਿਵਾਰ ਨੂੰ ਨੂੰ ਇਨਸਾਫ ਨਹੀਂ ਦਿੱਤਾ। ਇਸ ਮੌਕੇ ਅਮਰੀਕ ਸਿੰਘ ਦਾਊਦ, ਗੁਰਨਾਮ ਸਿੰਘ ਭਿੰਡਰ, ਪਲਵਿੰਦਰ ਸਿੰਘ ਮਹਿਸਮਪੁਰ, ਬਲਦੇਵ ਸਿੰਘ ਸੈਦਪੁਰ, ਹਰਪ੍ਰੀਤ ਸਿੰਘ ਬੁਟਾਰੀ, ਹਰਨੇਕ ਸਿੰਘ ਸੋਨੂੰ ਬੁਟਾਰੀ ਵੀ ਹਾਜ਼ਰ ਸਨ।

# ਭਾਈ ਗੁਰਦਾਸ ਮਾਡਰਨ ਸਕੂਲ ਲੱਖਣ ਕਲਾਂ ਨੇ ਬੜੀ ਸ਼ਰਧਾ ਨਾਲ ਮਨਾਇਆ ਪ੍ਰਕਾਸ਼ ਦਿਹਾੜਾ



**ਕਲਾਨੌਰ (ਮਨਦੀਪ ਕੁਮਾਰ ਕੋਹਲੀ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ ਦਿਹਾੜੇ ਨੂੰ ਸਮਰਪਿਤ ਭਾਈ ਗੁਰਦਾਸ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਲੱਖਣ ਕਲਾਂ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਆਰੰਭ ਕੀਤੇ ਗਏ 13 ਸਹਿਜ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਿੰਘ ਸਭਾ ਗੁਰਦੁਆਰਾ ਪਿੰਡੀ ਸੈਦਾਂ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਭਾਈ ਗੁਰਦਾਸ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਲੱਖਣ ਕਲਾਂ ਦੇ ਚੇਅਰਮੈਨ ਬਲਬੀਰ ਸਿੰਘ ਕਾਹਲੋਂ ਤੇ ਪ੍ਰਿੰਸੀਪਲ ਬਲਜਿੰਦਰ ਕੌਰ ਦੀ ਦੇਖ-ਰੇਖ ਹੇਠ ਗੁਰਦੁਆਰਾ ਸਾਹਿਬ ਵਿੱਚ ਕੀਤੇ ਗਏ ਇਸ ਵਿਸ਼ਾਲ ਧਾਰਮਿਕ ਸਮਾਗਮ ਵਿੱਚ ਸਕੂਲੀ ਵਿਦਿਆਰਥੀਆਂ ਦੇ ਮਾਪਿਆਂ ਅਤੇ ਇਲਾਕੇ ਦੀਆਂ ਸ਼ਖਸੀਅਤਾਂ ਵੱਲੋਂ ਵੱਡੇ ਪੱਧਰ 'ਤੇ ਸ਼ਮੂਲੀਅਤ ਕੀਤੀ। ਇਸ ਧਾਰਮਿਕ ਸਮਾਗਮ ਵਿੱਚ ਸਕੂਲ ਦੇ ਹੋਣਹਾਰ ਵਿਦਿਆਰਥਣਾਂ ਹਰਪ੍ਰੀਤ ਦੀਆਂ ਸਾਥਣਾਂ ਦੀ ਸੁਰੀਲੀ ਆਵਾਜ਼ ਵਿੱਚ ਸ਼ਬਦ ਗਾਏ ਗਏ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪਵਿੱਤਰ ਬਾਣੀ ਦੇ ਸ਼ਬਦਾਂ ਨੇ ਪੰਡਾਲ ਵਿੱਚ ਬੈਠੀਆਂ ਸੰਗਤਾਂ ਨੂੰ ਮੰਤਰਮੁਗਧ ਕਰ ਦਿੱਤਾ। ਇਸ ਧਾਰਮਿਕ ਸਮਾਗਮ ਵਿੱਚ ਸਕੂਲ ਦੇ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਿਤ ਦਿਲ ਖਿਚਵੀਆਂ ਪੋਸਟਰ ਤੇ ਚਾਟ ਬਣਾਏ ਹੋਏ ਸਨ ਜੋ ਸੰਗਤਾਂ ਲਈ ਖਿੱਚ ਦਾ ਕੇਂਦਰ ਬਣੇ ਰਹੇ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਬਲਜਿੰਦਰ ਕੌਰ ਨੇ ਸਕੂਲੀ ਵਿਦਿਆਰਥੀਆਂ ਵੱਲੋਂ ਰਸ-ਭਿੰਨੇ ਕੀਤੇ ਕੀਰਤਨ ਤੋਂ ਇਲਾਵਾ ਕਵੀਸ਼ਰੀ ਕਥਾ ਵਿਚਾਰਾਂ ਦੀ ਸ਼ਲਾਘਾ ਕਰਦਿਆਂ ਹੋਇਆਂ ਕਿਹਾ ਕਿ ਭਾਈ ਗੁਰਦਾਸ ਮਾਡਰਨ ਸਕੂਲ ਦੇ ਵਿਦਿਆਰਥੀ ਵਿੱਦਿਆ ਦੇ ਖੇਤਰ ਤੋਂ ਇਲਾਵਾ ਪਰਮਾਤਮਾ ਨਾਲ ਜੁੜਨ ਲਈ ਗੁਰਬਾਣੀ ਵਿੱਚ ਵੀ ਮੱਲਾਂ ਮਾਰ ਰਹੇ ਹਨ। ਉਨ੍ਹਾਂ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਨੂੰ ਵਿੱਦਿਆਂ ਦੇ ਗਿਆਨ ਦੇ ਨਾਲ ਨਾਲ ਗੁਰਬਾਣੀ ਦੇ ਗਿਆਨ ਦਾ ਵੀ ਚਾਨਣਾ ਹੋ ਗਿਆ ਹੈ ਅਤੇ ਵਿਦਿਆਰਥੀਆਂ ਵੱਲੋ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 13 ਸਹਿਜ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਹਨ ਜੋ ਗੁਰਬਾਣੀ ਨਾਲ ਜੁੜਨ ਦੀ ਵੱਡੀ ਮਿਸਾਲ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਸਾਨੂੰ ਆਪਣਾ ਜੀਵਨ ਸਫਲਾ ਕਰਨ ਲਈ ਵਿੱਦਿਆ ਦੇ ਨਾਲ ਨਾਲ ਗੁਰੂ ਵਾਲੇ ਬਣਨ ਅਤੇ ਬਾਣੀ ਪੜ੍ਹ ਕੇ ਅੱਗਾ ਸੁਧਾਰਨ ਦੀ ਵੱਡੀ ਲੋੜ ਹੈ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਲੰਗਰ ਛਕਾਉਣ ਅਤੇ ਬਰਤਨ ਸਾਫ ਕਰਨ ਦੀ ਵੀ ਸੇਵਾ ਕੀਤੀ ਗਈ। ਇਸ ਮੌਕੇ ਸ਼ਹਿਨਾਜ਼ ਕਾਹਲੋਂ, ਮਨਜਿੰਦਰ ਕੌਰ, ਸ਼ਿਵਪਾਲ ਸਿੰਘ, ਮਨਜਿੰਦਰ ਪਾਲ ਸਿੰਘ, ਸਤਨਾਮ ਸਿੰਘ, ਗਗਨਦੀਪ ਸਿੰਘ, ਰਜਿੰਦਰ ਸਿੰਘ, ਜਗਰੂਪ ਕੌਰ, ਰਾਜਬੀਰ ਕੌਰ, ਮੈਡਮ ਪ੍ਰਿਆ, ਸ਼ਰਨਦੀਪ, ਰਣਜੀਤ ਕੌਰ, ਸੁਖਜੀਤ ਕੌਰ, ਪ੍ਰਭਜੋਤ ਕੌਰ, ਐੱਸ. ਪੀ. ਸਿੰਘ ਆਦਿ ਸਾਰੇ ਸਟਾਫ ਮੈਂਬਰ ਅਤੇ ਇਲਾਕੇ ਦੇ ਲੋਕ ਹਾਜ਼ਰ ਸਨ।

# ਪੰਜਾਬ ਖੇਤ ਮਜ਼ਦੂਰ ਸਭਾ ਨੇ ਬਲਾਚੌਰ ਵਿਧਾਇਕਾ ਨੂੰ ਦਿੱਤਾ ਮੰਗ ਪੱਤਰ




**ਬਹਿਰਾਮ (ਅਵਤਾਰ ਕਲੇਰ)**

ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਫਰੰਟ ਵੱਲੋਂ ਦਿੱਤੇ ਪ੍ਰੋਗਰਾਮ ਅਨੁਸਾਰ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਆਮ ਆਦਮੀ ਪਾਰਟੀ ਦੇ ਬਲਾਚੌਰ ਦੀ ਐਮ ਐਲ ਏ ਸ੍ਰੀਮਤੀ ਸੰਤੋਸ਼ ਚੌਧਰੀ ਰਾਹੀਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਮੁਕੰਦ ਲਾਲ ਮਹਿੰਦੀਪੁਰ, ਪਰਵਿੰਦਰ ਕੁਮਾਰ ਮੇਨਕਾ, ਕਾਮਰੇਡ ਨਰੰਜਣ ਦਾਸ ਮੇਹਲੀ, ਪੇਂਡੂ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਕਮਲਜੀਤ ਸਨਾਵਾ, ਕਾਮਰੇਡ ਗੁਰਦਿਆਲ ਰੱਕੜ, ਹਰੀ ਰਾਮ ਰਸੂਲਪੁਰੀ, ਸੁਰਿੰਦਰ ਮੀਰਪੁਰ ਦੀ ਅਗਵਾਈ ਹੇਠ ਮੰਗ ਪੱਤਰ ਦਿੱਤਾ ਗਿਆ। ਉਨ੍ਹਾਂ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਪ ਸਰਕਾਰ ਤੋਂ ਪੰਜਾਬ ਦੇ ਮਜ਼ਦੂਰਾਂ ਨੂੰ ਬਹੁਤ ਆਸਾਂ ਸਨ ਕਿ ਉਨ੍ਹਾਂ ਦੀਆਂ ਮੰਗਾਂ ਦੇ ਵਿਚਾਰ ਕੀਤਾ ਜਾਵੇਗਾ।ਪਰ ਉਨ੍ਹਾਂ ਦੀ ਆਵਾਜ ਨੂੰ ਪੁਲਿਸ ਤੰਤਰ ਰਾਹੀਂ ਦਬਾਉਣ ਦਾ ਯਤਨ ਕੀਤਾ ਗਿਆ। ਉਨ੍ਹਾਂ ਨੂੰ ਮਿਲਣ ਦਾ ਸਮਾਂ ਦੇ ਕੇ ਅੱਗੇ ਪਾ ਦਿੱਤਾ ਗਿਆ। ਉਨ੍ਹਾਂ 'ਤੇ ਲਾਠੀਚਾਰਜ ਕੀਤਾ ਅਤੇ ਪਾਣੀ ਦੀਆਂ ਬੁਛਾੜਾਂ ਮਾਰੀਆਂ ਗਈਆਂ। ਇਸ ਨਾਲ ਮਜ਼ਦੂਰ ਵਰਗ ਵਿੱਚ ਸਰਕਾਰ ਪ੍ਰਤੀ ਰੋਸ ਵਧਦਾ ਗਿਆ। ਉਨ੍ਹਾਂ ਦੀਆਂ ਜਾਇਜ਼ ਮੰਗਾਂ ਬੇਘਰਿਆਂ ਲੋਕਾਂ ਨੂੰ ਦਸ ਦਸ ਮਰਲੇ ਦੇ ਪਲਾਟ, ਮਕਾਨ ਬਣਾਉਣ ਲਈ ਪੰਜ ਲੱਖ ਰੁਪਏ ਬਿਨਾਂ ਵਿਆਜ ਗਰਾਂਟ ਦੇਣ, ਮਜ਼ਦੂਰਾਂ ਦੇ ਮਾਇਕਰੋ ਫਾਈਨਾਂਸ ਕੰਪਨੀਆਂ ਸਮੇਤ ਹਰ ਤਰ੍ਹਾਂ ਦੇ ਕਰਜ਼ੇ ਮੁਆਫ ਕਰਨ, ਨਰੇਗਾ ਸਕੀਮ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਕਰਕੇ ਸਾਲ ਵਿੱਚ ਦੋ ਸੌ ਦਿਨ ਕੰਮ ਤੇ ਕੰਮ ਦਿਹਾੜੀ ਸੱਤ ਸੌ ਰੁਪਏ ਕਰਨ ਅਤੇ ਆਪ ਸਰਕਾਰ ਵੱਲੋਂ ਕੰਮ ਦੇ ਘੰਟੇ ਬਾਰਾਂ ਕਰਨ ਦੇ ਨੋਟੀਫਿਕੇਸ਼ਨ ਨੂੰ ਰੱਦ ਕਰਨ ਦੀਆਂ ਮੰਗਾਂ ਸਮੇਤ ਹੋਰ ਮੰਗਾਂ ਹਨ। ਇਨ੍ਹਾਂ ਨੂੰ ਲਾਗੂ ਕਰਨ ਦੀ ਮੰਗ ਕੀਤੀ ਗਈ ਹੈ ਤੇ ਆਸ ਕੀਤੀ ਜਾਂਦੀ ਹੈ ਮੁੱਖ ਮੰਤਰੀ ਮੰਗਾਂ ਨੂੰ ਮੰਨ ਕੇ ਮਜ਼ਦੂਰਾਂ ਦਾ ਰੋਸ ਸ਼ਾਂਤ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਸੰਤੋਖ ਪਾਲ, ਉਪਿੰਦਰ ਸਿੰਘ ਰਾਣਾ, ਧਰਮ ਪਾਲ ਸਿਆਣਾ, ਰਮੇਸ਼ ਬਿੱਲਾ, ਚਰਨ ਦਾਸ ਮੋਹਲਾ, ਸੱਤਪਾਲ, ਮਨੋਹਰ ਲਾਲ ਸੋਂਧੀ,ਬਗੀਚਾ ਸਿੰਘ ਸਾਧੜਾ, ਬੂਟਾ ਰਾਮ, ਮੋਹਣ ਰਾਮ ਬੰਗੜ ਆਦਿ ਸ਼ਾਮਲ ਸਨ।

# ਲੜਕੇ ਨੂੰ ਵਿਦੇਸ਼ ਲਿਜਾਣ ਦੇ ਨਾਂਅ 'ਤੇ ਠੱਗੀ ਮਾਰਨ ਵਾਲਿਆਂ ਖਿਲਾਫ਼ ਮਾਮਲਾ ਦਰਜ

**ਮਾਹਿਲਪੁਰ (ਸਫਰੀ)** – ਥਾਣਾ ਮਾਹਿਲਪੁਰ ਦੀ ਪੁਲਸ ਨੇ ਇਕ ਲੜਕੀ ਸਮੇਤ ਉਸ ਦੇ ਮਾਤਾ-ਪਿਤਾ ਖਿਲਾਫ ਇਕ ਲੜਕੇ ਦੇ ਪਰਵਾਰਕ ਮੈਬਰਾਂ ਤੋਂ ਪੈਸੇ ਲੈ ਕੇ ਉਨ੍ਹਾਂ ਦੇ ਲੜਕੇ ਨੂੰ ਵਿਦੇਸ਼ ਲੈ ਕੇ ਜਾਣ ਦੇ ਨਾਂਅ 'ਤੇ 8 ਲੱਖ 57 ਹਜਾਰ ਦੀ ਠੱਗੀ ਮਾਰਨ 'ਤੇ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣੇਦਾਰ ਗੁਰਨੇਕ ਸਿੰਘ ਨੇ ਦੱਸਿਆ ਕਿ ਲਖਵੀਰ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਗੋਂਦਪੁਰ ਨੇ ਪੁਲਸ ਨੂੰ ਦਰਖਾਸਤ ਦਿੱਤੀ ਸੀ ਕਿ ਉਹ ਆਪਣੇ ਲੜਕੇ ਨੂੰ ਕਨੇਡਾ ਭੇਜਣਾ ਚਾਹੁੰਦਾ ਸੀ ਤਾਂ ਮੇਰੇ ਕਿਸੇ ਜਾਣਕਾਰ ਰਾਹੀਂ ਪਿੰਡ ਜੀਵਨਪੁਰ ਜੱਟਾਂ ਦੇ ਮਨਜਿੰਦਰ ਸਿੰਘ ਨਾਲ ਰਾਬਤਾ ਕਾਇਮ ਹੋਇਆ। ਜਿਸ ਨੇ ਦੱਸਿਆ ਕਿ ਉਸ ਦੀ ਲੜਕੀ ਦੇ ਆਇਲਟਸ ਵਿਚੋਂ 08 ਬੈਂਡ ਆਏ ਹਨ ਅਤੇ ਉਹ ਲੜਕੀ ਦੀ ਕਨੇਡਾ ਦੀ ਫਾਇਲ ਲਾ ਰਹੇ ਹਨ ਅਤੇ ਜੇਕਰ ਤੁਸੀਂ ਅਪਣੇ ਲੜਕੇ ਨੂੰ ਕਨੇਡਾ ਭੇਜਣਾ ਤਾਂ ਮੇਰੀ ਲੜਕੀ ਤੁਹਾਡੇ ਲੜਕੇ ਅਮਰਜੀਤ ਸਿੰਘ ਨਾਲ ਵਿਆਹ ਕਰਵਾ ਕੇ ਉਸ ਨੂੰ ਕਨੇਡਾ ਲੈ ਜਾਵੇਗੀ। ਤਾਂ ਅਸੀਂ ਉਨ੍ਹਾਂ ਦੀਆਂ ਗੱਲਾਂ ਵਿੱਚ ਆਕੇ ਉਨ੍ਹਾਂ ਦੇ ਵੱਖ-ਵੱਖ ਖਾਤਿਆਂ ਵਿੱਚ 12 ਲੱਖ 39 ਹਜਾਰ ਰੁਪਏ ਪਾ ਦਿੱਤੇ। ਲਖਵੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਬਾਅਦ ਵਿੱਚ ਪਤਾ ਲੱਗਿਆ ਕਿ ਉਕਤ ਲੜਕੀ ਦੇ 5.5 ਬੈਂਡ ਆਏ ਸਨ। ਫਿਰ ਜਦੋਂ ਅਸੀਂ ਆਪਣੇ ਪੈਸੇ ਵਾਪਸ ਮੰਗੇ ਤਾਂ ਉਨ੍ਹਾਂ ਨੇ ਲਾਰੇ ਲਾਉਣੇ ਸ਼ੁਰੂ ਕਰ ਦਿੱਤੇ। ਲਖਬੀਰ ਸਿੰਘ ਨੇ ਦੱਸਿਆ ਕਿ ਜਦੋਂ ਉਨ੍ਹਾਂ ਨੇ ਇਸ ਦੀ ਸ਼ਿਕਾਇਤ ਐਸ.ਐਸ.ਪੀ ਹੁਸ਼ਿਆਰਪੁਰ ਨੂੰ ਕੀਤੀ ਤਾਂ ਲੜਕੀ ਵਾਲਿਆਂ ਨੇ ਮੇਰੇ ਲੜਕੇ ਦੇ ਖਾਤੇ ਵਿੱਚ 3 ਲੱਖ 82 ਹਜਾਰ ਰੁਪਏ ਸਾਨੂੰ ਵਾਪਸ ਕਰ ਦਿੱਤੇ ਪਰ ਬਾਕੀ ਪੈਸੇ ਅਜੇ ਤੱਕ ਸਾਨੂੰ ਨਹੀਂ ਦਿੱਤੇ। ਜਿਸ ਦੀ ਸ਼ਿਕਾਇਤ ਤੋਂ ਬਾਅਦ ਪੁਲਸ ਨੇ ਮਨਜਿੰਦਰ ਸਿੰਘ ਉਸ ਦੀ ਪਤਨੀ ਦਲਜੀਤ ਕੌਰ ਅਤੇ ਲੜਕੀ ਸਿਮਰਨਜੀਤ ਕੌਰ ਪੁੱਤਰੀ ਮਨਜਿੰਦਰ ਸਿੰਘ ਵਾਸੀ ਜੀਵਨਪੁਰ ਜੱਟਾਂ, ਇਨ੍ਹਾਂ ਤਿੰਨਾਂ ਦੇ ਖਿਲਾਫ਼ ਮਾਮਲਾ ਦਰਜ ਕੀਤਾ।

# ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦਾ ਜਨਮ ਦਿਹਾੜਾ ਭਲਕੇ

**ਮੋਹਾਲੀ (ਗੁਰਜੀਤ ਬਿੱਲਾ)**



ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਿਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦਾ ਜਨਮ ਦਿਹਾੜਾ ਮਿਤੀ 3 ਦਸੰਬਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾ ਰਿਹਾ ਹੈ ਜੀ। ਜਨਮ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ ਜਿਸ ਵਿੱਚ ਭਾਈ ਕਰਨੈਲ ਸਿੰਘੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ, ਭਾਈ ਸਤਨਾਮ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ, ਸ਼੍ਰੋਮਣੀ ਪ੍ਰਚਾਰਕ ਭਾਈ ਸਾਹਿਬ ਗਿ: ਪਿੰਦਰਪਾਲ ਸਿੰਘ ਲੁਧਿਆਣੇ ਵਾਲੇ, ਬੀਬੀ ਦਲੇਰ ਕੌਰ ਖਾਲਸਾ ਦਾ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਗੁਰਪ੍ਰੀਤ ਸਿੰਘ ਦਾ ਇੰਟਰਨੈਸ਼ਨਲ ਢਾਡੀ ਜੱਥਾ, ਮੀਰੀ ਪੀਰੀ ਖਾਲਸਾ ਕੀਰਤਨੀ ਜੱਥਾ ਜਗਾਧਰੀ ਵਾਲੇ ਅਤੇ ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ। ਇਸ ਦਿਨ ਸਮੂਹ ਮਾਨਵਤਾ ਦੇ ਭਲੇ ਲਈ ਵਿਸ਼ਾਲ ਖੂਨਦਾਨ ਕੈਂਪ ਸਵੇਰੇ 8:00 ਵਜੇ ਤੋਂ ਸ਼ਾਮ 6:00 ਵਜੇ ਤੱਕ ਲਗਾਇਆ ਜਾਵੇਗਾ ਜੀ। ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਜਾਵੇਗਾ।

# ਅੰਤਰਰਾਸ਼ਟਰੀ ਦਿਵਿਆਂਗ ਦਿਵਸ ਸੰਬੰਧੀ 5 ਨੂੰ ਹੋਵੇਗਾ ਰਾਜ ਪੱਧਰੀ ਸਮਾਗਮ

**ਚੰਡੀਗੜ੍ਹ, (ਗੁਰਜੀਤ ਬਿੱਲਾ)**–ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਦਿਵਿਆਂਗ ਦਿਵਸ ਸਬੰਧੀ ਰਾਜ ਪੱਧਰੀ ਸਮਾਗਮ 5 ਦਸੰਬਰ ਨੂੰ ਚੰਡੀਗੜ੍ਹ ਵਿਖੇ ਮਨਾਇਆ ਜਾ ਰਿਹਾ ਹੈ। ਇਸ ਸਮਾਗਮ ਵਿੱਚ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ.ਬਲਜੀਤ ਕੌਰ ਬਤੌਰ ਮੁੱਖ ਮਹਿਮਾਨ ਸਾਮਲ ਹੋਣਗੇ। ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ 3 ਦਸੰਬਰ ਤੋਂ 10 ਦਸੰਬਰ ਤੱਕ ਅੰਤਰਰਾਸ਼ਟਰੀ ਦਿਵਿਆਂਗ ਹਫ਼ਤਾ ਮਨਾਇਆ ਜਾ ਰਿਹਾ ਹੈ ਅਤੇ 5 ਦਸੰਬਰ ਨੂੰ ਰਾਜ ਪੱਧਰੀ ਸਮਾਗਮ ਚੰਡੀਗੜ੍ਹ ਵਿਖੇ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਨਿਵੇਕਲੀ ਪਹਿਲ ਕਦਮੀ ਕਰਦਿਆਂ ਹੋਇਆ ਇਸ ਸਾਲ ਪੰਜਾਬ ਸਰਕਾਰ ਵੱਲੋਂ ਦਿਵਿਆਂਗਜਨਾਂ ਦੀ ਭਲਾਈ ਸਬੰਧੀ ਚੱਲ ਰਹੀਆਂ ਸਕੀਮਾਂ ਨੂੰ ਜਮੀਨੀ ਪੱਧਰ ਤੱਕ ਪਹੁੰਚਾਉਣ ਦੇ ਲਈ ਹਰੇਕ ਜ਼ਿਲ੍ਹੇ ਵਿੱਚ ਸਮਾਗਮ ਆਯੋਜਿਤ ਕਰਨ ਲਈ ਸਮੂਹ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰਾਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਅੱਗੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਦਿਵਿਆਂਗ ਵਿਅਕਤੀਆਂ ਦੀ ਭਲਾਈ ਲਈ ਵਚਨਬੱਧ ਹੈ। ਇਸ ਸਮਾਗਮ ਮੌਕੇ ਪੰਜਾਬ ਦੇ ਦਿਵਿਆਂਗਜਨਾਂ, ਉਨ੍ਹਾਂ ਦੀ ਭਲਾਈ ਲਈ ਕੰਮ ਕਰ ਰਹੇ ਵਿਅਕਤੀਆਂ ਅਤੇ ਗੈਰ ਸਰਕਾਰੀ ਸੰਸਥਾਵਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਦਿਵਿਆਂਗਜਨਾਂ ਨੂੰ ਇਨ੍ਹਾਂ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਤਾਂ ਜੋ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਕੇ ਆਪਣਾ ਜੀਵਨ ਸਮਰੱਥ ਬਣਾ ਸਕਣ।



ਪੱਤਰਕਾਰ ਰਾਜ ਨੰਗਲ ਦਾ 48ਵਾਂ ਜਨਮ ਦਿਨ ਪੱਤਰਕਾਰ ਭਾਈਚਾਰੇ ਨੇ ਮਨਾਇਆ। ਇਸ ਮੌਕੇ ਉਨ੍ਹਾਂ ਨੂੰ ਸੀਨੀਅਰ ਪੱਤਰਕਾਰ ਨਿਰਮਲ ਕੁਮਾਰ, ਅਜੇ ਸਿੰਘ ਨਾਗੀ, ਸੰਦੀਪ ਭਟਿਆਰਾ, ਹੈਰੀ, ਰਵੀ ਕੁਮਾਰ ਵੱਲੋਂ ਵਧਾਈਆਂ ਦਿੱਤੀਆਂ ਗਈਆਂ। (ਫੋਟੋ ਤੇ ਵਰੇਵਾ : ਨਿਰਮਲ ਫਿਲੌਰ)

# ਪੰਜਾਬ 'ਚ ਆਏ ਦਿਨ ਹਥਿਆਰਾਂ ਨਾਲ ਅੱਤਵਾਦੀਆਂ ਦਾ ਫੜਿਆ ਜਾਣਾ ਚਿੰਤਾ ਦਾ ਵਿਸ਼ਾ : ਰਾਹੁਲ ਖੰਨਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**

ਅੱਜ ਤੋਂ 35-40 ਸਾਲ ਪਹਿਲਾਂ ਅੱਤਵਾਦ ਦੌਰਾਨ ਪੰਜਾਬ ਦਾ ਮਾਹੌਲ ਖਰਾਬ ਹੋਇਆ ਸੀ ਤੇ ਪੰਜਾਬ ਵਾਸੀਆਂ ਨੇ ਇਸ ਦੇ ਸਿੱਟੇ ਵਜੋਂ ਜਿਹੜਾ ਸੰਤਾਪ ਭੋਗਿਆ ਸੀ, ਉਸਦੇ ਜ਼ਖਮ ਅਜੇ ਤੱਕ ਸੁੱਕੇ ਵੀ ਨਹੀਂ ਹਨ ਕਿ ਹੁਣ ਮੁੜ ਤੋਂ ਪੰਜਾਬ ਵਿੱਚ ਆਏ ਦਿਨ ਹਥਿਆਰਾਂ ਨਾਲ ਅੱਤਵਾਦੀਆਂ ਦਾ ਫੜਿਆ ਜਾਣਾ ਇਕ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ। ਇਨ੍ਹਾਂ ਅੱਤਵਾਦੀਆਂ ਦੇ ਨਿਸ਼ਾਨਿਆਂ 'ਤੇ ਹਿੰਦੂ ਨੇਤਾਵਾਂ ਦੇ ਹੋਣ ਦੇ ਬਾਵਜੂਦ ਸਰਕਾਰ ਹਿੰਦੂ ਨੇਤਾਵਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਕੋਈ ਠੋਸ ਉਪਰਾਲੇ ਨਹੀਂ ਕਰ ਰਹੀ। ਵਿਦੇਸ਼ੀ ਤਾਕਤਾਂ ਦੇ ਹੱਥੇ ਚੜ੍ਹ ਕੇ ਕੁਝ ਸ਼ਰਾਰਤੀ ਅਨਸਰ ਪੰਜਾਬ ਦਾ ਮਾਹੌਲ ਖਰਾਬ ਕਰਨ ਦੇ ਹਰ ਸੰਭਵ ਯਤਨ ਕਰ ਰਹੇ ਹਨ, ਜਿਸਨੂੰ ਸ਼ਿਵ ਸੈਨਾ ਪੰਜਾਬ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ ਅਤੇ ਇਸਦਾ ਡਟ ਕੇ ਵਿਰੋਧ ਕੀਤਾ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਟਾਂਡਾ ਵਿਖੇ ਸ਼ਿਵ ਸੈਨਾ ਪੰਜਾਬ ਦੇ ਉੱਤਰੀ ਭਾਰਤ ਪ੍ਰਧਾਨ ਮਿੱਕੀ ਪੰਡਿਤ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਲਾਕ ਪ੍ਰਧਾਨ ਵਿਵੇਕ ਵਿਜਨ ਦੀ ਅਗਵਾਈ ਵਿੱਚ ਹੋਈ ਹੰਗਾਮੀ ਮੀਟਿੰਗ 'ਚ ਸ਼ਾਮਿਲ ਹੋਏ ਸ਼ਿਵ ਸੈਨਾ ਪੰਜਾਬ ਦੇ ਦੋਆਬਾ ਪ੍ਰਧਾਨ ਰਾਹੁਲ ਖੰਨਾ ਨੇ ਕੀਤਾ। ਇਸ ਮੌਕੇ ਤੇ ਉਨ੍ਹਾਂ ਨਾਲ ਕਰਮ ਸਿੰਘ, ਪ੍ਰੀਤ ਕੁਮਾਰ, ਰਾਜੀਵ ਖੰਨਾ, ਜੋਨਾ, ਰੇਬਨ, ਆਕਾਸ਼, ਬਬਲੂ, ਹੈਪੀ, ਸੰਨੀ ਖੋਸਲਾ ਹਾਜਰ ਸਨ। ਮੀਟਿੰਗ ਵਿੱਚ ਸ਼ਾਮਿਲ ਸ਼ਿਵ ਸੈਨਾ ਵਲੰਟੀਅਰਾਂ ਨੂੰ ਸੰਬੋਧਨ ਕਰਦੇ ਹੋਏ ਰਾਹੁਲ ਖੰਨਾ ਨੇ ਕਿਹਾ ਕਿ ਸ਼ਿਵ ਸੈਨਾ ਹਮੇਸ਼ਾ ਅੱਤਵਾਦ ਦਾ ਵਿਰੋਧ ਕਰਦੀ ਆ ਰਹੀ ਹੈ ਅਤੇ ਵਿਦੇਸ਼ਾਂ ਤੋਂ ਪੈਸੇ ਲੈ ਕੇ ਪੰਜਾਬ ਦਾ ਮਾਹੌਲ ਖਰਾਬ ਕਰਨ ਵਾਲੇ ਸ਼ਰਾਰਤੀ ਅਨਸਰਾਂ ਨੂੰ ਨਕੇਲ ਪਾਉਣ ਲਈ ਵਾਰ-ਵਾਰ ਪੰਜਾਬ ਸਰਕਾਰਾਂ ਨੂੰ ਅਪੀਲਾਂ ਕਰਦੀ ਆਈ ਹੈ, ਪਰ ਨਾ ਜਾਣੇ ਕਿਸ ਮਜਬੂਰੀ ਵਿੱਚ ਪਹਿਲੀ ਸਰਕਾਰਾਂ ਨੇ ਇਨ੍ਹਾਂ 'ਤੇ ਕਾਨੂੰਨੀ ਸ਼ਿਕੰਜਾ ਨਹੀਂ ਕੱਸਿਆ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਨੂੰ ਮਾਨ ਸਰਕਾਰ ਤੋਂ ਪੰਜਾਬ ਦੇ ਵਿਕਾਸ ਤੇ ਅਮਨ ਕਾਨੂੰਨ ਵਿਵਸਥਾ ਨੂੰ ਕਾਇਮ ਰੱਖਣ ਲਈ ਬੜੀਆਂ ਆਸਾਂ ਉਮੀਦਾਂ ਸਨ ਪਰ ਪੰਜਾਬ ਵਿੱਚ ਵੱਧ ਰਹੇ ਗੈਂਗਵਾਰ ਅਤੇ ਆਏ ਦਿਨ ਪੰਜਾਬ ਵਿੱਚ ਨਜਾਇਜ ਹਥਿਆਰਾਂ ਦਾ ਫੜਿਆ ਜਾਣਾ ਸਰਕਾਰ ਦੀ ਕਾਨੂੰਨ ਵਿਵਸਥਾ ਨੂੰ ਹਰ ਪੱਖੋਂ ਫੇਲ੍ਹ ਕਰ ਰਿਹਾ ਹੈ। ਅਜਿਹੇ ਸ਼ਰਾਰਤੀ ਅਨਸਰਾਂ ਦਾ ਕੋਈ ਧਰਮ ਨਹੀਂ ਹੁੰਦਾ ਅਤੇ ਇਹ ਲੋਕ ਵਿਦੇਸਾਂ ਵਿੱਚ ਬੈਠੇ ਭਾਰਤ ਵਿਰੋਧੀ ਤਾਕਤਾਂ ਤੋਂ ਪੈਸੇ ਲੈ ਕੇ ਹਿੰਦੂ ਨੇਤਾਵਾਂ ਤੇ ਜਾਨਲੇਵਾ ਹਮਲਾ ਕਰਕੇ ਪੰਜਾਬ ਦਾ ਸ਼ਾਂਤਮਈ ਮਾਹੌਲ ਨੂੰ ਖਰਾਬ ਕਰਨ ਦੇ ਯਤਨ ਕਰ ਰਹੇ ਹਨ, ਪਰ ਸ਼ਿਵ ਸੈਨਾ ਪੰਜਾਬ ਦਾ ਹਰ ਵਲੰਟੀਅਰ ਉਨ੍ਹਾਂ ਦੀਆਂ ਅਜਿਹੀਆਂ ਘਿਨਾਉਣੀਆਂ ਚਾਲਾਂ ਨੂੰ ਕਾਮਯਾਬ ਨਹੀਂ ਹੋਣ ਦੇਵੇਗਾ। ਉਨ੍ਹਾਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਜਲਦ ਹੀ ਕਾਨੂੰਨ ਤੋਂ ਬੇਖੌਫ ਹੋ ਕੇ ਨਜਾਇਜ ਹਥਿਆਰਾਂ ਨਾਲ ਘੁੰਮ ਰਹੇ ਸ਼ਰਾਰਤੀ ਅਨਸਰਾਂ ਨੂੰ ਨਕੇਲ ਨਾ ਪਾਈ ਤਾਂ ਪੰਜਾਬ ਦਾ ਮਾਹੌਲ ਹੋਰ ਖਰਾਬ ਹੋ ਜਾਵੇਗਾ।




# ਇਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਲੋਹਾਰਾਂ ਵੱਲੋਂ ਦੂਜਾ ਸਾਲਾਨਾ ਐਕਸੀਲੈਂਸ ਐਵਾਰਡ ਸਮਾਰੋਹ

**ਜਲੰਧਰ (ਸ਼ੈਲੀ ਐਲਬਰਟ)**

ਇਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਲੋਹਾਰਾਂ ਨੇ ਜਲੰਧਰ ਦੇ ਵੱਖ-ਵੱਖ ਸਕੂਲਾਂ ਦੇ ਦੱਸਵੀਂ ਜਮਾਤ ਦੇ ਸਿਖਰਲੇ ਵਿਦਿਆਰਥੀਆਂ, ਉਨ੍ਹਾਂ ਦੇ ਸਲਾਹਕਾਰਾਂ ਅਤੇ ਪ੍ਰਿੰਸੀਪਲਾਂ ਦੀ ਅਕਾਦਮਿਕ ਪ੍ਰਾਪਤੀ ਨੂੰ ਸਨਮਾਨਿਤ ਕਰਨ ਲਈ ਦੂਜਾ ਸਾਲਾਨਾ ਅਕਾਦਮਿਕ ਐਕਸੀਲੈਂਸ ਐਵਾਰਡ ਸਮਾਰੋਹ ਕਰਵਾਇਆ। ਸਮਾਗਮ ਵਿੱਚ ਸੌ ਦੇ ਕਰੀਬ ਸਕੂਲਾਂ ਨੇ ਭਾਗ ਲਿਆ। ਮੁੱਖ ਮਹਿਮਾਨ ਡਾ: ਰੋਹਨ ਬੌਰੀ, ਫੈਕੋ ਰਿਫ੍ਰੈਕਟਿਵ ਸਰਜਨ ਅਤੇ ਮੈਡੀਕਲ ਰੈਟੀਨਾ ਸਪੈਸ਼ਲਿਸਟ (ਡਿਵਾਈਡਰ ਮੈਡੀਕਲ ਸਰਵਿਸਿਜ਼ ਇਨੋਸੈਂਟ ਹਾਰਟਸ ਗਰੁੱਪ) ਨੇ ਪੁਰਸਕਾਰ ਜੇਤੂਆਂ ਨੂੰ ਸਨਮਾਨਿਤ ਕੀਤਾ। ਡਾ: ਪਲਕ ਗੁਪਤਾ ਬੌਰੀ, ਡਾਇਰੈਕਟਰ ਸੀ.ਐਸ.ਆਰ. ਨੇ ਵੀ ਯੋਗ ਉਮੀਦਵਾਰਾਂ ਨੂੰ ਇਨਾਮ ਵੰਡੇ। ਸ਼੍ਰੀਮਤੀ ਅਰਾਧਨਾ ਬੌਰੀ, ਐਗਜ਼ੀਕਿਊਟਿਵ ਡਾਇਰੈਕਟਰ ਫਾਈਨੈਂਸ,ਹੈਲਥ ਐਂਡ ਕਾਲਜਿਜ, ਨੇ ਵੀ ਆਪਣੀ ਮੌਜੂਦਗੀ ਨਾਲ ਇਸ ਸਮਾਗਮ ਦੀ ਸ਼ੋਭਾ ਵਧਾਈ। ਰਾਹੁਲ ਜੈਨ, ਡਿਪਟੀ ਡਾਇਰੈਕਟਰ ਸਕੂਲਜ਼ ਅਤੇ ਕਾਲਜਿਜ, ਡਾ: ਧੀਰਜ ਬਨਾਤੀ, ਡਾਇਰੈਕਟਰ ਪਲੈਨਿੰਗ ਐਂਡ ਐਕਸਪੈਂਸ਼ਨਸ ਅਤੇ ਡਾ: ਗਗਨਦੀਪ ਕੌਰ ਧੰਜੂ, ਕਾਰਜਕਾਰੀ ਇੰਚਾਰਜ ਵੀ ਸਨਮਾਨ ਸਮਾਰੋਹ ਵਿੱਚ ਸ਼ਾਮਲ ਹੋਏ। ਕਾਲਜ ਦੇ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਸ਼ੋਅ ਵਿੱਚ ਰੌਣਕ ਲਿਆ ਦਿੱਤੀ। ਅੰਤ ਵਿੱਚ ਮੁੱਖ ਮਹਿਮਾਨ ਡਾ: ਰੋਹਨ ਬੌਰੀ ਨੇ ਮੌਜੂਦ ਦਰਸ਼ਕਾਂ ਨੂੰ ਸੰਬੋਧਨ ਕੀਤਾ ਅਤੇ ਅਕਾਦਮਿਕ ਖੇਤਰ ਵਿੱਚ ਆਪਣੀ ਪਛਾਣ ਬਣਾਉਣ ਵਾਲੇ ਸਕੂਲਾਂ ਦੀ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ। ਸਮਾਗਮ ਦੀ ਸਮਾਪਤੀ ਸਾਰੇ ਪ੍ਰਤੀਯੋਗੀਆਂ ਲਈ ਦੁਪਹਿਰ ਦੇ ਖਾਣੇ ਨਾਲ ਹੋਈ।




# ਬਿਜਲੀ ਮੰਤਰੀ ਵੱਲੋਂ ਸ਼ਕਤੀ ਸਦਨ 'ਚ ਚੈਕਿੰਗ



**ਜਲੰਧਰ (ਸ਼ੈਲੀ ਐਲਬਰਟ)**-ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਵੀਰਵਾਰ ਸ਼ਾਮ ਕਰਮਚਾਰੀਆਂ ਦੀ ਹਾਜਰੀ ਦੀ ਚੈਕਿੰਗ ਲਈ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐੱਲ.) ਦੇ ਦਫਤਰ, ਸ਼ਕਤੀ ਸਦਨ ਵਿੱਚ ਅਚਨਚੇਤ ਨਿਰੀਖਣ ਕੀਤਾ ਗਿਆ। ਬਿਜਲੀ ਮੰਤਰੀ ਸ਼ਾਮ ਨੂੰ ਪੀ.ਐਸ.ਪੀ.ਸੀ.ਐਲ. ਦੇ ਦਫਤਰ ਪਹੁੰਚੇ ਅਤੇ ਮੁਲਾਜਮਾਂ ਦੇ ਹਾਜਰੀ ਰਜਿਸਟਰਾਂ ਦੀ ਖੁਦ ਜਾਂਚ ਕੀਤੀ। ਉਨ੍ਹਾਂ ਵੱਖ-ਵੱਖ ਸ਼ਾਖਾਵਾਂ 'ਚ ਤਾਇਨਾਤ ਸਾਰੇ ਕਰਮਚਾਰੀਆਂ ਨੂੰ ਇਕ-ਇਕ ਕਰਕੇ ਬੁਲਾਇਆ ਅਤੇ ਉਨ੍ਹਾਂ ਦੀ ਹਾਜਰੀ ਚੈੱਕ ਕੀਤੀ। ਚੈਕਿੰਗ ਉਪਰੰਤ ਉਨ੍ਹਾਂ ਕਿਹਾ ਕਿ ਅਚਨਚੇਤ ਦੌਰੇ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਵਿਭਾਗ ਦਾ ਸਟਾਫ ਸਮੇਂ ਸਿਰ ਡਿਊਟੀ 'ਤੇ ਹਾਜਰ ਰਹੇ। ਉਨ੍ਹਾਂ ਮੁਲਾਜ਼ਮਾਂ ਨੂੰ ਡਿਊਟੀ ਦੌਰਾਨ ਆਪਣੇ ਸ਼ਨਾਖਤੀ ਕਾਰਡ ਪਹਿਨਣ ਲਈ ਵੀ ਕਿਹਾ। ਹਰਭਜਨ ਸਿੰਘ ਨੇ ਅਧਿਕਾਰੀਆਂ ਨੂੰ ਸਪੱਸ਼ਟ ਕਿਹਾ ਕਿ ਕੰਮਕਾਜ ਵਿੱਚ ਕਿਸੇ ਵੀ ਕਿਸਮ ਦੀ ਕੁਤਾਹੀ ਨਹੀਂ ਹੋਣੀ ਚਾਹੀਦੀ ਅਤੇ ਲੋਕਾਂ ਨੂੰ ਆਪਣੇ ਕੰਮ ਕਰਵਾਉਣ ਲਈ ਪ੍ਰੇਸ਼ਾਨੀ ਨਹੀਂ ਆਉਣੀ ਚਾਹੀਦੀ। ਮੰਤਰੀ ਨੇ ਉਨ੍ਹਾਂ ਨੂੰ ਲੋਕਾਂ ਨੂੰ ਆਪਣੇ ਰੋਜ਼ਾਨਾ ਦੇ ਕੰਮ ਆਸਾਨੀ ਨਾਲ ਕਰਵਾਉਣ ਵਿੱਚ ਮਦਦ ਕਰਨ ਲਈ ਵੀ ਉਤਸ਼ਾਹਿਤ ਕੀਤਾ। ਇਸ ਮੌਕੇ ਮੰਤਰੀ ਨੇ ਉਨ੍ਹਾਂ ਨੂੰ ਜੀਰੋ ਪੈਂਡੈਂਸੀ ਦਾ ਟੀਚਾ ਹਾਸਲ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਲੋਕਾਂ ਦੇ ਭਲੇ ਲਈ ਲੋਕ ਪੱਖੀ ਅਤੇ ਵਿਕਾਸ ਪੱਖੀ ਨੀਤੀਆਂ ਨੂੰ ਲਾਗੂ ਕਰਨ ਲਈ ਵਚਨਬੱਧ ਹੈ। ਇਸ ਮੌਕੇ ਪੀ.ਐਸ.ਪੀ.ਸੀ.ਐਲ. ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਤਹਿਤ ਸਕੂਲਾਂ ਤੇ ਹੋਰ ਥਾਵਾਂ 'ਤੇ ਕੀਤਾ ਲਾਰਵਾ ਚੈੱਕ

**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**



ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਬਲਾਕ ਭਰ ਵਿੱਚ ਸਿਹਤ ਕਰਮਚਾਰੀਆਂ ਵੱਲੋਂ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਵਿਸ਼ੇਸ਼ ਤੌਰ 'ਤੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਲਾਰਵਾ ਚੈੱਕ ਕੀਤਾ ਗਿਆ ਅਤੇ ਡੇਂਗੂ ਤੋਂ ਬਚਾਅ ਲਈ ਜਾਣਕਾਰੀ ਦਿੱਤੀ ਗਈ। ਇਸੇ ਤਹਿਤ ਵੱਖ ਵੱਖ ਪਿੰਡਾਂ ਵਿੱਚ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਗਈਆਂ। ਇਹ ਜਾਣਕਾਰੀ ਡਾ.ਵਿਧਾਨ ਚੰਦਰ ਨੇ ਦਿੰਦੇ ਹੋਏ ਦੱਸਿਆ ਕਿ ਸਰਕਾਰ ਵੱਲੋਂ ਆਮ ਲੋਕਾਂ ਨੂੰ ਡੇਂਗੂ ਤੋ ਬਚਾਉਣ ਲਈ ਇਹ ਮੁਹਿੰਮ ਸ਼ੁਰੂ ਕੀਤੀ ਗਈ ਹੈ, ਇਸੇ ਤਹਿਤ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਸਲੋਗਨ ਅਨੁਸਾਰ ਕੂਲਰਾਂ, ਡਰੰਮਾਂ, ਫਰਿੱਜਾਂ ਦੀਆਂ ਟ੍ਰੇਆਂ, ਟਾਇਰਾਂ, ਗਮਲਿਆਂ ਵਿੱਚ ਖੜ੍ਹੇ ਪਾਣੀ ਨੂੰ ਜ਼ਰੂਰ ਸਾਫ ਕੀਤਾ ਜਾਵੇ, ਕਿਉਂਕਿ ਡੇਂਗੂ ਦਾ ਮੱਛਰ ਖੜੇ ਸਾਫ ਪਾਣੀ ਵਿਚ ਪੈਦਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਰੀਰ ਨੂੰ ਪੂਰੀ ਤਰ੍ਹਾਂ ਢੱਕਣ ਵਾਲੇ ਕੱਪੜੇ ਪਹਿਨਕੇ ਰੱਖੋ, ਮੱਛਰਦਾਨੀ ਅਤੇ ਮੱਛਰ ਭਜਾਊ ਕਰੀਮਾਂ, ਤੇਲ ਆਦਿ ਦੀ ਵਰਤੋਂ ਕੀਤੀ ਜਾਵੇ, ਬੁਖਾਰ ਹੋਣ ਤੇ ਕੋਈ ਵੀ ਦਵਾਈ ਨਾ ਲਈ ਜਾਵੇ, ਸਿਰਫ ਪੈਰਾਸਿਟਾਮੋਲ ਦੀ ਗੋਲੀ ਹੀ ਲਈ ਜਾਵੇ। ਉਨ੍ਹਾਂ ਕਿਹਾ ਕਿ ਛੱਤਾਂ ਤੇ ਰੱਖੀਆਂ ਪਾਣੀ ਦੀਆਂ ਟੈਂਕੀਆਂ ਦੇ ਢੱਕਣਾ ਨੂੰ ਬੰਦ ਰੱਖੋ, ਟੁੱਟੇ ਬਰਤਨਾਂ, ਡਰੰਮਾਂ ਤੇ ਟਾਇਰਾਂ ਨੂੰ ਖੁਲ੍ਹੇ ਵਿਚ ਨਾ ਰੱਖੋ, ਪਸ਼ੂ-ਪੰਛੀਆਂ ਲਈ ਪੀਣ ਦੇ ਪਾਣੀ ਦੇ ਬਰਤਨਾਂ ਨੂੰ ਹਰ ਸ਼ੁੱਕਰਵਾਰ ਨੂੰ ਸਾਫ ਕਰੋ, ਵਧੇਰੇ ਮਾਤਰਾਂ ਵਿਚ ਤਰਲ ਪਦਾਰਥਾਂ ਦਾ ਸੇਵਨ ਕਰੋ। ਉਨ੍ਹਾਂ ਦੱਸਿਆ ਕਿ ਜੇਕਰ ਤੇਜ ਬੁਖਾਰ, ਚਮੜੀ ਤੇ ਲਾਲ ਨਿਸ਼ਾਨ, ਮਾਸਪੇਸ਼ੀਆਂ ਵਿਚ ਦਰਦ, ਅੱਖਾਂ ਦੇ ਪਿਛਲੇ ਹਿੱਸੇ ਵਿਚ ਦਰਦ, ਮਸੂੜਿਆਂ ਅਤੇ ਨੱਕ ਵਿਚੋਂ ਖੂਨ ਦਾ ਵਗਣਾ ਆਦਿ ਵਰਗੇ ਲੱਛਣ ਹੋਣ ਤਾਂ ਤੁਰੰਤ ਨੇੜੇ ਦੀ ਸਿਹਤ ਸੰਸਥਾ ਨਾਲ ਸੰਪਰਕ ਕੀਤਾ ਜਾਵੇ, ਡੇਂਗੂ ਦਾ ਟੈਸਟ ਅਤੇ ਸਪੋਰਟਿਵ ਇਲਾਜ ਸਾਰੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਬਿਲਕੁੱਲ ਮੁਫਤ ਕੀਤਾ ਜਾਂਦਾ ਹੈ।

# ਮੁੱਖ ਮੰਤਰੀ ਨੇ 5 ਪ੍ਰਮੁੱਖ ਜ਼ਿਲ੍ਹਾ ਸੜਕਾਂ ਦੇ ਸੁਧਾਰੀਕਰਣ ਦੇ ਲਈ 60.24 ਕਰੋੜ ਰੁਪਏ ਦੀ ਦਿੱਤੀ ਮਨਜ਼ੂਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਵਿਚ ਕਨੈਕਟੀਵਿਟੀ ਵਧਾਉਣ ਅਤੇ ਬਿਨਾਂ ਰੁਕਾਵਟ ਟ੍ਰਾਂਸਪੋਰਟ ਦੀ ਸਹੂਲਤ ਦੀ ਦਿਸ਼ਾ ਵਿਚ ਇਕ ਮਹਤੱਵਪੂਰਨ ਕਦਮ ਚੁੱਕਦੇ ਹੋਏ ਮੁੱਖ ਮੰਤਰੀ ਮਨੋਹਰ ਲਾਲ ਨੇ 60.24 ਕਰੋੜ ਰੁਪਏ ਦੀ ਅੰਦਾਜਾ ਲਾਗਤ ਦੀ ਮਹਤੱਵਪੂਰਨ ਸੜਕ ਬੁਨਿਆਦੀ ਢਾਂਚਾ ਪਰਿਯੋਜਨਾਵਾਂ ਦੇ ਲਈ ਪ੍ਰਸਾਸ਼ਨਿਕ ਮੰਜੂਰੀ ਪ੍ਰਦਾਨ ਕੀਤੀ ਹੈ। ਇਸ ਸਬੰਧ ਵਿਚ ਇਕ ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਪਰਿਯੋਜਨਾਵਾਂ ਵਿਚ ਹਿਸਾਰ ਜ਼ਿਲ੍ਹੇ ਵਿਚ ਹਿਸਾਰ-ਘੁੜਸਾਲ ਰੋਡ (ਐਮਡੀਆਰ) ਦੇ 24.79 ਕਿਲੋਮੀਟਰ ਦਾ ਸੁਧਾਰ ਕੰਮ ਸ਼ਾਮਿਲ ਹੈ, ਜਿਸ ਦੇ ਲਹੀ 25.84 ਕਰੋੜ ਰੁਪਏ ਮੰਜੂਰ ਕੀਤੇ ਗਏ ਹਨ। ਇਸ ਦੇ ਨਾਲ ਹੀ ਚਰਖੀ ਦਾਦਰੀ ਜਿਲ੍ਹੇ ਵਿਚ 5.76 ਕਰੋੜ ਰੁਪਏ ਦੀ ਲਾਗਤ ਨਾਲ ਸਤਨਾਲੀ-ਬਾਡੜਾ-ਜੂਈ ਸੜਕ (ਐਮਡੀਆਰ-125) ਦਾ 19 ਕਿਲੋਮੀਟਰ ਦਾ ਹਿੱਸੇ ਦਾ ਸੁਧਾਰ, ਪਲਵਲ ਜਿਲ੍ਹੇ ਵਿਚ 13.27 ਕਰੋੜ ਰੁਪਏ ਦੀ ਲਾਗਤ ਨਾਲ ਹੋਡਲ-ਨੂੰਹ-ਪਟੌਦੀ-ਪਟੌਦਾ ਸੜਕ ਦੇ 26 ਕਿਲੋਮੀਟਰ ਤਕ ਦਾ ਸੁਧਾਰ ਕੰਮ ਸ਼ਾਮਿਲ ਹੈ। ਇਸ ਤੋਂ ਇਲਾਵਾ, ਪਾਨੀਪਤ ਜਿਲ੍ਹੇ ਵਿਚ 5.66 ਕਰੋੜ ਰੁਪਏ ਦੀ ਲਾਗਤ ਨਾਲ ਗਨੌਰ ਤੋਂ ਸ਼ਾਹਪੁਰ (ਐਮਡੀਆਰ-121) ਸੜਕ ਦੇ 8.64 ਕਿਲੋਮੀਟਰ ਦਾ ਸੁਧਾਰ, ਝੱਜਰ ਜਿਲ੍ਹੇ ਵਿਚ 9.71 ਕਰੋੜ ਰੁਪਏ ਦੀ ਲਾਗਤ ਨਾਲ ਛਾਰਾ-ਦੁਜਾਨਾ-ਬੇਰੀ-ਕਲਾਨੌਰ+ ਸੜਕ ਦੇ 20.41 ਕਿਲੋਮੀਟਰ ਤਕ ਦੇ ਹਿੱਸੇ ਦਾ ਸੁਧਾਰ ਕੰਮ ਨੂੰ ਵੀ ਮੰਜੂਰੀ ਪ੍ਰਦਾਨ ਕੀਤੀ ਗਈ ਹੈ। ਬੁਲਾਰੇ ਨੇ ਕਿਹਾ ਕਿ ਮੁੱਖ ਮੰਤਰੀ ਦੀ ਇਹ ਪਹਿਲ ਹਰਿਆਣਾ ਸਰਕਾਰ ਦੀ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਪ੍ਰਤੀ ਪ੍ਰਤੀਬੱਧ ਨੂੰ ਦਰਸਾਉਂਦੀ ਹੈ। ਪੂਰੇ ਰਾਜ ਵਿਚ ਸੜਕ ਨੈਟਵਰਕ ਅਤੇ ਕਨੈਕਟੀਵਿਟੀ ਵਿਚ ਸੁਧਾਰ ਹੋਣ ਨਾਲ ਜਨਤਾ ਨੂੰ ਕਾਫੀ ਲਾਭ ਪਹੁੰਚੇਗਾ।

# ਗੰਨੇ ਦੇ ਰੇਟ 'ਚ ਕੀਤਾ ਵਾਧਾ ਨਿਗੂਣਾ ਤੇ ਗੰਨਾ ਕਾਸ਼ਤਕਾਰਾਂ ਨਾਲ ਧੋਖਾ : ਕਿਰਤੀ ਕਿਸਾਨ ਯੂਨੀਅਨ

**ਜਲੰਧਰ (ਕੇਸਰ)**

ਕਿਰਤੀ ਕਿਸਾਨ ਯੂਨੀਅਨ ਨੇ ਭਗਵੰਤ ਮਾਨ ਸਰਕਾਰ ਵਲੋਂ ਗੰਨੇ ਦੇ ਰੇਟ ਵਿੱਚ ਕੀਤੇ 11 ਰੁਪਏ ਦੇ ਵਾਧੇ ਨੂੰ ਨਿਗੂਣਾ ਕਰਾਰ ਦਿੰਦਿਆਂ ਕਿਹਾ ਹੈ ਕਿ ਇਸ ਨਾਲ ਤਾਂ ਗੰਨਾ ਕਾਸ਼ਤਕਾਰਾਂ ਨੂੰ ਲਾਗਤ ਤੇ ਆਉਂਦਾ ਖਰਚ ਵੀ ਪੂਰਾ ਨਹੀਂ ਹੁੰਦਾ। ਜੱਥੇਬੰਦੀ ਨੇ ਕਿਹਾ ਹੈ ਕਿ ਸਵਾਮੀਨਾਥਨ ਫਾਰਮੂਲੇ ਅਨੁਸਾਰ ਗੰਨੇ ਦਾ ਰੇਟ 700 ਰੁਪਏ ਤੋਂ ਵੱਧ ਬਣਦਾ ਪਰ ਸਰਕਾਰਾਂ ਗੰਨਾ ਕਾਸ਼ਤਕਾਰਾਂ ਨੂੰ ਲਾਗਤ 'ਤੇ ਆਉਂਦਾ ਖਰਚ ਵੀ ਦੇਣ ਤੋਂ ਕਿਨਾਰਾ ਕਰਕੇ ਜ਼ਿੰਮੇਵਾਰੀ ਤੋਂ ਭੱਜ ਰਹੀਆਂ ਹਨ। ਕਿਰਤੀ ਕਿਸਾਨ ਯੂਨੀਅਨ ਨੇ ਪੰਜਾਬ ਸਰਕਾਰ ਨੂੰ ਮਿਲਾਂ ਚਲਾਉਣ ਵਿਚ ਕੀਤੀ ਜਾ ਰਹੀ ਦੇਰੀ ਲਈ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਗੰਨਾ ਕਾਸਤਕਾਰਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਵਿਚ ਫੇਲ੍ਹ ਸਾਬਤ ਹੋਈ ਹੈ। ਗੰਨਾ ਕਾਸ਼ਤਕਾਰਾਂ ਨੂੰ ਹੋ ਰਹੇ ਨੁਕਸਾਨ ਲਈ ਸੰਘਰਸ ਹੀ ਇੱਕੋ ਇੱਕ ਰਸਤਾ ਬਚਿਆ ਹੈ। ਯੂਨੀਅਨ ਨੇ ਮੰਗ ਕੀਤੀ ਹੈ ਕਿ ਸਰਕਾਰ ਮਿਲਾਂ ਨੂੰ ਤੁਰੰਤ ਚਲਾਉਣ ਦਾ ਪ੍ਰਬੰਧ ਕਰੇ। ਪ੍ਰੈਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਜਨਰਲ ਸਕੱਤਰ ਰਜਿੰਦਰ ਸਿੰਘ ਦੀਪ ਸਿੰਘ ਵਾਲਾ ਅਤੇ ਪ੍ਰੈਸ ਸਕੱਤਰ ਰਮਿੰਦਰ ਸਿੰਘ ਪਟਿਆਲਾ ਨੇ ਕਿਹਾ ਕਿ ਲਾਗਤ ਖਰਚਿਆਂ ਦੀਆਂ ਵੱਧਦੀਆਂ ਕੀਮਤਾਂ ਦੇ ਮੁਕਾਬਲੇ ਘੱਟ ਰੇਟ ਮਿਲਣ ਕਰਕੇ ਹੀ ਖੇਤੀ ਲਾਹੇਵੰਦਾ ਧੰਦਾ ਨਹੀ ਰਹੀ। ਕਿਸਾਨ ਦੀ ਕਰਜੇ ਦੀ ਪੰਡ ਇਸੇ ਕਾਰਨ ਦਿਨੋਂ ਦਿਨ ਭਾਰੀ ਹੁੰਦੀ ਜਾ ਰਹੀ ਹੈ। ਇਸ ਲਈ ਹੀ ਇਹ ਮੰਗ ਕੀਤੀ ਜਾ ਰਹੀ ਹੈ ਕਿ ਸਵਾਮੀਨਾਥਨ ਫਾਰਮੂਲੇ ਤਹਿਤ ਐਮ ਐਸ ਪੀ ਤੇ ਖ੍ਰੀਦ ਦੀ ਗਾਰੰਟੀ ਦਾ ਕਾਨੂੰਨ ਬਣਾਉਣ ਅਤੇ ਕਿਸਾਨਾਂ ਮਜਦੂਰਾਂ ਨੂੰ ਕਰਜਾ ਮੁਕਤ ਕਰਨ ਦੀ ਮੰਗ ਲਈ ਕਿਸਾਨ ਜਥੇਬੰਦੀਆਂ ਸੰਘਰਸ਼ ਦੇ ਮੈਦਾਨ ਵਿੱਚ ਹਨ। ਕਿਸਾਨ ਆਗੂਆਂ ਨੇ ਕਿਹਾ ਕਿ ਵੱਖ ਵੱਖ ਸਿਆਸੀ ਪਾਰਟੀਆਂ ਦੀਆਂ ਕੇਂਦਰ ਅਤੇ ਸੂਬਾ ਸਰਕਾਰਾਂ ਇਸ ਮਾਮਲੇ ਨੂੰ ਇੱਕ ਦੂਜੇ ਵਿਰੁੱਧ ਸਿਆਸੀ ਚਾਂਦਮਾਰੀ ਲਈ ਤਾਂ ਵਰਤਦੀਆਂ ਹਨ ਪ੍ਰੰਤੂ ਕਿਸਾਨਾਂ ਦੀਆਂ ਮੰਗਾਂ ਮੰਨ ਕੇ ਮਸਲਾ ਹੱਲ ਕਰਨ ਤੋਂ ਟਾਲਾ ਵੱਟ ਜਾਂਦੀਆਂ ਹਨ। ਕਿਰਤੀ ਕਿਸਾਨ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ 11 ਰੁਪਏ ਦਾ ਨਿਗੂਣਾ ਵਾਧਾ ਕਰਕੇ ਆਪਣੀ ਹੀ ਪਿੱਠ ਥਾਪੜ ਕੇ ਗੰਨਾ ਕਾਸ਼ਤਕਾਰਾਂ ਨਾਲ ਧੋਖਾ ਕੀਤਾ ਗਿਆ ਹੈ।

# ਅੱਜ ਤੇ ਭਲਕੇ ਪੋਲਿੰਗ ਬੂਥਾਂ 'ਤੇ ਬੈਠਣਗੇ ਬੀ ਐਲ ਓਜ਼-ਜ਼ਿਲ੍ਹਾ ਚੋਣ ਅਫ਼ਸਰ

ਹੁਸ਼ਿਆਰਪੁਰ, (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)-ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਦਾ ਕੰਮ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਸਬੰਧੀ ਜ਼ਿਲ੍ਹੇ ਦੇ ਸਮੂਹ ਪੋਲਿੰਗ ਬੂਥਾਂ 'ਤੇ ਮਿਤੀ 2 ਦਸੰਬਰ 2023 (ਸਨਿੱਚਰਵਾਰ) ਅਤੇ ਮਿਤੀ 3 ਦਸੰਬਰ 2023 (ਐਤਵਾਰ) ਨੂੰ ਸਪੈਸ਼ਲ ਕੈਂਪ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਵਿਚ ਬੀ.ਐਲ.ਓਜ਼ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਆਪਣੇ-ਆਪਣੇ ਪੋਲਿੰਗ ਬੂਥਾਂ 'ਤੇ ਬੈਠਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਵਿਚ ਆਮ ਲੋਕ ਫਾਰਮ ਨੰ. 6 (ਨਵੀਂ ਵੋਟ ਬਨਾਉਣ ਲਈ), ਫਾਰਮ ਨੰ. 6ਏ (ਐਨ.ਆਰ.ਆਈ ਵੋਟਰਜ਼ ਲਈ), ਫਾਰਮ ਨੰ. 6ਬੀ (ਵੋਟਰ ਕਾਰਡਾਂ ਨੂੰ ਆਧਾਰ ਕਾਰਡ ਨਾਲ ਲਿੰਕ ਕਰਨ ਲਈ), ਫਾਰਮ ਨੰ: 7 (ਵੋਟ ਕਟਵਾਉਣ ਲਈ) ਅਤੇ ਫਾਰਮ ਨੰ: 8 (ਵੋਟਰ ਕਾਰਡ ਵਿਚ ਕਿਸੇ ਤਰ੍ਹਾਂ ਦੀ ਸੋਧ ਕਰਨ, ਵੋਟ ਸ਼ਿਫਟ ਕਰਵਾਉਣ ਲਈ) ਬੀ.ਐਲ.ਓਜ਼ ਕੋਲ ਫਾਰਮ ਭਰ ਸਕਦੇ ਹਨ। ਇਹ ਸਾਰੇ ਫਾਰਮ ਆਨਲਾਈਨ .www.voters.eci.gov.in ਸਾਈਟ 'ਤੇ ਵੀ ਭਰੇ ਜਾ ਸਕਦੇ ਹਨ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਲੋਕਾਂ ਨੂੰ ਇਨ੍ਹਾਂ ਕੈਂਪਾਂ ਦਾ ਲਾਭ ਉਠਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਹਰੇਕ ਯੋਗ ਆਪਣੀ ਵੋਟ ਜ਼ਰੂਰੀ ਬਣਵਾਏ।

# ਏ ਐੱਸ ਆਈ ਸਲਿੰਦਰ ਸਿੰਘ ਨੂੰ ਸਦਮਾ, ਪਿਤਾ ਦਾ ਦਿਹਾਂਤ

**ਗੁਰਦਾਸਪੁਰ, (ਜਨਕ ਮਹਾਜਨ)**-ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਵਿਖੇ ਤਾਇਨਾਤ ਏਐੱਸਆਈ ਸਲਿੰਦਰ ਸਿੰਘ ਨੂੰ ਅੱਜ ਉਸ ਸਮੇਂ ਗ਼ਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਬਖਸ਼ੀਸ਼ ਸਿੰਘ (72) ਅਚਾਨਕ ਸਵਾਸਾਂ ਦੀ ਪੂੰਜੀ ਪੂਰੀ ਕਰਦੇ ਹੋਏ ਗੁਰੂ ਚਰਨਾਂ ਜਾ ਬਿਰਾਜੇ। ਏ. ਐੱਸ. ਆਈ. ਸਲਿੰਦਰ ਸਿੰਘ ਨਾਲ ਡੀ. ਐੱਸ. ਪੀ. ਦੀਨਾਨਗਰ, ਐੱਸ. ਐੱਚ. ਓ. ਪੁਰਾਣਾ ਸ਼ਾਲਾ ਕ੍ਰਿਸ਼ਮਾ ਤੋਂ ਇਲਾਵਾ ਹੋਰ ਪੁਲਸ ਮੁਲਾਜ਼ਮਾਂ ਨੇ ਉਨ੍ਹਾਂ ਨਾਲ ਗ਼ਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਸ ਤੋਂ ਇਲਾਵਾ ਇਲਾਕੇ ਦੇ ਪੰਚਾਂ, ਸਰਪੰਚਾਂ ਨੇ ਸਲਿੰਦਰ ਸਿੰਘ ਨਾਲ ਅਫਸੋਸ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਪਿਤਾ ਬਹੁਤ ਮਿਹਨਤੀ ਅਤੇ ਇਮਾਨਦਾਰ ਸਨ ਅਤੇ ਉਨ੍ਹਾਂ ਨੇ ਆਪਣੇ ਪਰਿਵਾਰ ਨੂੰ ਚੰਗੇ ਸੰਸਕਾਰ ਦੇ ਕੇ ਉੱਚ ਅਹੁਦਿਆਂ 'ਤੇ ਪਹੁੰਚਾਇਆ ਹੈ।

# ਵਿਸ਼ਵ ਏਡਜ਼ ਦਿਵਸ ਮੌਕੇ ਨਸ਼ਾ ਮੁਕਤੀ ਮੁੜ ਵਸੇਬਾ ਕੇਂਦਰ ਵਿਖੇ ਕਰਵਾਇਆ ਸੈਮੀਨਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਸਿਹਤ ਤੇ ਪਰਵਾਰ ਭਲਾਈ ਵਿਭਾਗ ਅਤੇ ਡਿਪਟੀ ਮੈਡੀਕਲ ਕਮਿਸ਼ਨਰ ਕਮ ਮੈਂਬਰ ਸਕੱਤਰ ਡਾ. ਹਰਬੰਸ ਕੌਰ ਦੇ ਨਿਰਦੇਸ਼ਾਂ ਅਨੁਸਾਰ ਵਿਸ਼ਵ ਏਡਜ਼ ਦਿਵਸ ਮੌਕੇ ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਵਿਖੇ ਹੰਸ ਫਾਉਂਡੇਸ਼ਨ ਦੇ ਸਹਿਯੋਗ ਨਾਲ ਡਾ. ਸਾਹਿਲਦੀਪ ਸਲਣ ਮੈਡੀਕਲ ਅਫਸਰ ਦੀ ਪ੍ਰਧਾਨਗੀ ਹੇਠ ਅਤੇ ਪ੍ਰਸ਼ਾਂਤ ਆਦਿਆ ਕਾਊਂਸਲਰ ਦੀ ਹਾਜ਼ਰੀ ਵਿੱਚ ਇਕ ਸੈਮੀਨਾਰ ਕਰਵਾਇਆ ਗਿਆ। ਹੰਸ ਫਾਉਂਡੇਸ਼ਨ ਤੋਂ ਡਾ. ਕੁਲਜੀਤ ਕੌਰ, ਐਲ.ਟੀ. ਵਿਨੋਦ ਕੁਮਾਰ, ਹਰਜੀਤ ਸਿੰਘ ਸੋਸ਼ਲ ਪ੍ਰੋਟੈਕਸ਼ਨ ਅਫ਼ਸਰ ਹਾਜ਼ਰ ਸਨ। ਹਰਜੀਤ ਸਿੰਘ ਅਤੇ ਡਾ. ਕੁਲਜੀਤ ਕੌਰ ਨੇ ਐਚ.ਆਈ.ਵੀ/ਏਡਜ਼ ਫੈਲਣ ਦੇ ਕਾਰਨ, ਕਿਵੇਂ ਫੈਲਦਾ, ਇਸ ਦੀ ਰੋਕਥਾਮ ਕਿਵੇਂ ਕਰੀਏ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ? ਉਨ੍ਹਾਂ ਨੇ ਹੰਸ ਫਾਉਂਡੇਸ਼ਨ ਐਨ.ਜੀ.ਓ. ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਪ੍ਰਸ਼ਾਂਤ ਆਦਿਆ ਵਲੋਂ ਕੇਂਦਰ ਦੇ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਸੰਸਥਾ 2015 ਤੋਂ ਸੇਵਾਵਾਂ ਦੇ ਰਹੀ ਹੈਂ। ਜਿਸ ਨੂੰ ਪੰਜਾਬ ਵਿੱਚ ਸੈਂਟਰ ਆਫ਼ ਐਕਸੀਲੈਂਸ ਦਾ ਖਿਤਾਬ ਹਾਸਿਲ ਹੈ। ਹੰਸ ਫਾਉਂਡੇਸ਼ਨ ਟੀਮ ਨੇ ਇਲਾਜ਼ ਅਧੀਨ ਮਰੀਜ਼ਾਂ ਨੂੰ ਵੱਡਮੁੱਲੀ ਜਾਣਕਾਰੀ ਦੇਣ ਲਈ ਧੰਨਵਾਦ ਕੀਤਾ। ਇਸ ਮੌਕੇ ਹਰਦੀਪ ਕੌਰ ਸਟਾਫ਼ ਨਰਸ, ਅਮਨਦੀਪ ਕੌਰ, ਹਰੀਸ਼ ਕੁਮਾਰੀ, ਰਮਨਦੀਪ ਕੌਰ ਵਿਨੋਦ ਜਸਵਾਲ, ਮਨਦੀਪ ਸਿੰਘ ਆਦਿ ਹਾਜ਼ਰ ਸਨ।




# ਡਾ. ਅੰਜਲੀ ਤੇ ਅਲੰਕਾਰ ਨੇ ਸਾਂਝੀ ਰਸੋਈ 'ਚ ਪਾਇਆ 5100 ਰੁਪਏ ਦਾ ਯੋਗਦਾਨ



**ਹੁਸ਼ਿਆਰਪੁਰ, (ਓ ਪੀ ਰਾਣਾ)**

ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਮੁਹੱਲਾ ਈਸ਼ ਨਗਰ ਹੁਸ਼ਿਆਰਪੁਰ ਵਿਖੇ ਚਲਾਇਆ ਜਾ ਰਿਹਾ ਸਾਂਝੀ ਰਸੋਈ ਪ੍ਰੋਜੈਕਟ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਅਗਵਾਈ ਹੇਠ ਬਹੁਤ ਹੀ ਸਫਲਤਾ ਪੂਰਵਕ ਚੱਲ ਰਿਹਾ ਹੈ। ਇਸ ਵਿਚ ਰੋਜ਼ਾਨਾ 400 ਤੋਂ ਵੱਧ ਗਰੀਬ ਅਤੇ ਲੋੜਵੰਦ ਵਿਅਕਤੀ ਦੁਪਹਿਰ ਦਾ ਖਾਣਾ ਖਾਂਦੇ ਹਨ। ਸਕੱਤਰ ਜਿਲ੍ਹਾ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਇਸ ਪ੍ਰੋਜੈਕਟ ਵਿਚ ਡਾ. ਅੰਜਲੀ ਆਹਲੂਵਾਲੀਆ ਫਿਜਿਓਥੈਰੇਪਿਸਟ, ਕਾਇਨੇਸਿਸ ਫਿਜੀਓਥੈਰੇਪੀ ਕਲੀਨਿਕ ਮਾਡਲ ਟਾਊਨ ਹੁਸ਼ਿਆਰਪੁਰ ਅਤੇ ਅਲੰਕਾਰ ਆਹਲੂਵਾਲੀਆ ਵਲੋਂ ਆਪਣੇ ਸਪੁੱਤਰ ਮਾਸਟਰ ਆਦਵਿਕ ਆਹਲੂਵਾਲੀਆ ਦੇ ਜਮਨਦਿਨ ਦੇ ਮੌਕੇ 'ਤੇ 5100 ਰੁਪਏ ਦੀ ਰਾਸ਼ੀ ਦਾਨ ਵਜੋਂ ਸਾਂਝੀ ਰਸੋਈ ਨੂੰ ਮੁਹੱਈਆ ਕਰਵਾਈ। ਇਸ ਮੌਕੇ ਮਾਸਟਰ ਆਦਵਿਕ ਆਹਲੂਵਾਲਿਆ ਦੇ ਦਾਦਾ ਸੰਜੀਵ ਵਾਲੀਆ ਅਤੇ ਦਾਦੀ ਬੇਲਾ ਦੇਵੀ ਜੀ ਮੌਜੂਦ ਸਨ। ਸਕੱਤਰ ਨੇ ਇਹ ਵੀ ਦੱਸਿਆ ਕਿ ਜਿਲ੍ਹਾ ਰੈੱਡ ਕਰਾਸ ਵੱਲੋਂ ਚਲਾਇਆ ਜਾ ਰਿਹਾ ਇਹ ਪ੍ਰੋਜੈਕਟ ਜ਼ਿਲ੍ਹੇ ਦੇ ਦਾਨੀ ਸੱਜਣਾਂ ਅਤੇ ਸਮਾਜ ਸੇਵਕਾਂ ਵਲੋਂ ਦਾਨ ਵਜੋਂ ਮੁਹੱਈਆ ਕੀਤੇ ਜਾ ਰਹੇ ਫੰਡਾਂ ਦੁਆਰਾ ਹੀ ਚਲਾਇਆ ਜਾ ਰਿਹਾ ਹੈ, ਜਿਨ੍ਹਾਂ ਵੱਲੋਂ ਜਿਥੇ ਬੁੱਕ-ਏ-ਡੇਅ ਸਕੀਮ ਅਧੀਨ ਆਪਣੇ ਪਰਿਵਾਰਿਕ ਮੈਂਬਰਾਂ ਦੇ ਜਨਮ ਦਿਨ, ਵਿਆਹ ਦੀ ਵਰ੍ਹੇਗੰਢ ਅਤੇ ਯਾਦਾਂ ਨਾਲ ਸਬੰਧਤ ਦਿਨ ਸਾਂਝੀ ਰਸੋਈ, ਵਿੱਮਚ ਮਨਾਉਣ ਸਬੰਧੀ ਲਗਾਤਾਰ ਵਿੱਤੀ ਸਹਾਇਤਾ ਮੁਹੱਈਆ ਕਰਨ ਦੇ ਨਾਲ ਰਾਸ਼ਨ ਸਮੱਗਰੀ ਵੀ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਨੇ ਦੱਸਿਆ ਕਿ ਸਾਂਝੀ ਰਸੋਈ ਲੋੜਵੰਦ ਅਤੇ ਗਰੀਬ ਵਿਅਕਤੀਆਂ ਦੀ ਸਹਾਇਤਾ ਲਈ ਇਹ ਬਹੁਤ ਹੀ ਲਾਭਦਾਇਕ ਪ੍ਰੋਜੈਕਟ ਹੈ।

# ਰੋਜ਼ਾ ਸ਼ਰੀਫ ਮੰਢਾਲੀ ਵਿਖੇ ਸਾਲਾਨਾ ਮੇਲਾ 12 ਤੋਂ

**ਬਹਿਰਾਮ (ਅਵਤਾਰ ਕਲੇਰ)**

ਦਰਬਾਰ ਸੱਯਦ ਉੱਲ ਸ਼ੇਖ ਬਾਬਾ ਅਬਦੁੱਲੇ ਸ਼ਾਹ ਕਾਦਰੀ ਜੀ ਰੌਜਾ ਸ਼ਰੀਫ ਮੰਢਾਲੀ ਵਿਖੇ, ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦਾ ਸਾਲਾਨਾ ਮੇਲਾ 12 ਤੋਂ 14 ਦਸੰਬਰ ਤੱਕ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੱਦੀਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਨੇ ਦੱਸਿਆ ਕਿ 12 ਦਸੰਬਰ ਨੂੰ ਨਿਸ਼ਾਨ ਸਾਹਿਬ ਦੀ ਰਸਮ ਅਤੇ ਚਿਰਾਗ ਰੋਸ਼ਨ ਕੀਤੇ ਗਾਣਗੇ। 13 ਦਸੰਬਰ ਨੂੰ ਪੰਜਾਬ ਦੇ ਮਸ਼ਹੂਰ ਕਲਾਕਾਰ ਆਪਣੀਆਂ ਹਾਜ਼ਰੀਆਂ ਭਰਨਗੇ। 14 ਦਸੰਬਰ ਨੂੰ ਚਾਦਰ ਦੀ ਰਸਮ ਹੋਵੇਗੀ। ਰੋਜ਼ਾਨਾ ਹੀ ਰਾਤ ਦੀ ਮਹਿਫਿਲ 'ਚ ਨਾਮਵਰ ਕਵਾਲ ਆਪਣੇ ਫਨ ਦਾ ਮੁਜਾਹਰਾ ਕਰਨਗੇ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ ਸ਼ਿਰਕਤ ਕਰਨਗੇ। ਦਾਤਾ ਜੀ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਸਾਈਂ ਉਮਰੇ ਸ਼ਾਹ ਕਾਦਰੀ, ਮੁਹੰਮਦ ਆਸ਼ਿਕ ਨੀਲਾ, ਡਾ. ਸਤਨਾਮ ਪਰਸੋਵਾਲ, ਗੋਰਾ ਚੱਕ ਪ੍ਰੇਮਾ, ਚਰਨਜੀਤ ਸਿੰਘ, ਸੋਨੂੰ ਜੱਸੋਮਜਾਰਾ, ਨੂਰ ਮੁਹੰਮਦ, ਜੈ ਪਾਲ, ਪੱਪੀ ਅਨੀਹਰ, ਮਨੀ, ਗੱਗੀ, ਹਨੀ, ਜੀਤਾ, ਹਰਪ੍ਰੀਤ ਜੱਖੂ, ਚੰਨੀ ਖੋਥੜਾਂ, ਹਰਬੰਸ ਕੁਲਥਮ, ਮੀਰਾ ਸ਼ਰਮਾ ਸਰਪੰਚ ਮੰਢਾਲੀ, ਬਲਜੀਤ ਸਿੰਘ ਸਰਪੰਚ ਕੁਲਥਮ, ਕਮਲਜੀਤ ਕੌਰ ਸਾਬਕਾ ਸਰਪੰਚ ਮੰਢਾਲੀ, ਧਰਮਿੰਦਰ ਸਿੰਘ ਨੰਬਰਦਾਰ ਮੰਢਾਲੀ, ਮਲਕੀਤ ਮੰਢਾਲੀ ਆਦਿ ਹਾਜਰ ਸਨ।



# ਭਾਈ ਨੰਦ ਲਾਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਦਾ ਸਾਇੰਸ ਮਾਡਲ ਰਾਸ਼ਟਰ ਪੱਧਰੀ ਪ੍ਰਦਰਸ਼ਨੀ ਲਈ ਚੁਣਿਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 52 ਕਵੀਆਂ ਵਿੱਚੋਂ ਵਿਸ਼ੇਸ਼ ਅਤੇ ਉਘੇ ਕਵੀ ਭਾਈ ਨੰਦ ਲਾਲ ਜੀ ਦੇ ਨਾਂਅ 'ਤੇ ਚੱਲ ਰਹੀ ਸੰਸਥਾ ਜੋ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਿਰਮੌਰ ਅਤੇ ਸੀ.ਬੀ.ਐਸ.ਈ ਤੋ ਮਾਨਤਾ ਪ੍ਰਾਪਤ ਇਲਾਕੇ ਦੀ ਮੋਹਰੀ ਇੰਗਲਿਸ਼ ਮੀਡੀਅਮ ਵਿੱਦਿਅਕ ਸੰਸਥਾ ਭਾਈ ਨੰਦ ਲਾਲ ਪਬਲਿਕ ਸਕੂਲ ਲਈ ਇੱਕ ਵਿਸ਼ੇਸ਼ ਅਤੇ ਅਹਿਮ ਦਿਨ ਹੋ ਨਿਬੜਿਆ ਜਦੋਂ ਸੀ.ਬੀ.ਐਸ.ਈ ਵੱਲੋਂ ਸੇਂਟ ਜੋਨਸ ਹਾਈ ਸਕੂਲ ਚੰਡੀਗੜ੍ਹ ਵਿਖੇ ਕਰਵਾਈ ਗਈ 2 ਰੋਜਾਂ ਸਾਇੰਸ ਪ੍ਰਦਰਸ਼ਨੀ ਵਿੱਚ 100 ਤੋਂ ਵੱਧ ਸਕੂਲਾਂ ਵਿੱਚੋਂ "ਐਗਰੀਕਲਚਰ ਐਂਡ ਆਰਗੈਨਿਕ ਫਾਰਮਿੰਗ" ਥੀਮ ਦੇ ਤਹਿਤ ਸੀਨੀਅਰ ਗਰੁੱਪ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਜਿਕਰਯੋਗ ਹੈ ਕਿ ਰਾਸ਼ਟਰੀ ਪੱਧਰ ਲਈ ਜਿਹੜੇ 10 ਮਾਡਲ ਚੁਣੇ ਗਏ ਹਨ,ਉਹਨਾਂ ਵਿੱਚੋਂ ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਇਲਾਕੇ ਦਾ ਇਕੋ ਇਕ ਸਕੂਲ ਹੈ। ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ, ਸੁਖਮਿੰਦਰ ਸਿੰਘ ਸਕੱਤਰ ਵਿਦਿਆ, ਬੀਬੀ ਸਤਵੰਤ ਕੌਰ ਅਸਿਸਟੈਂਟ ਡਾਇਰੈਕਟਰ ਦੀ ਯੋਗ ਅਗਵਾਈ ਹੇਠ ਚਲਾਈਆਂ ਜਾ ਰਹੀਆਂ ਸੰਸਥਾਵਾਂ ਲਈ ਬੜੀ ਮਾਣ ਵਾਲੀ ਗੱਲ ਹੈ ਕਿ ਭਾਈ ਨੰਦ ਲਾਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਦਾ ਸਾਇੰਸ ਮਾਡਲ ਰਾਸ਼ਟਰੀ ਪੱਧਰ ਦੀ ਪ੍ਰਦਰਸ਼ਨੀ ਲਈ ਚੁਣਿਆ ਗਿਆ ਹੈ। ਇੱਥੇ ਇਹ ਦੱਸਣਾ ਵੀ ਬਣਦਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਸਕੂਲੀ ਸੰਸਥਾਵਾਂ ਵਿੱਚ ਭਾਈ ਨੰਦ ਲਾਲ ਪਬਲਿਕ ਸਕੂਲ ਗੁਣਾਤਮਕ ਅਤੇ ਗਿਣਾਤਮਕ ਪੱਖੋਂ ਸੱਭ ਤੋਂ ਵੱਡਾ ਤੇ ਸਫਲ ਵਿਦਿਅਕ ਸੰਸਥਾ ਹੈ। ਪ੍ਰਿੰਸੀਪਲ ਸਤਨਾਮ ਸਿੰਘ ਨੇ ਦੱਸਿਆ ਸਕੂਲ ਵੱਲੋਂ 2 ਮਾਡਲ ਇਸ ਪ੍ਰਦਰਸ਼ਨੀ ਲਈ ਭੇਜੇ ਗਏ ਸਨ। ਜਿਹਨਾਂ ਵਿੱਚੋਂ ਉਕਤ ਸਕੂਲ਼ ਦੇ ਬਾਰਵੀਂ ਜਮਾਤ ਦੀਆਂ ਵਿਦਿਆਰਥਣਾਂ ਇਸ਼ਪ੍ਰੀਤ ਕੌਰ ਅਤੇ ਸਤਵਿੰਦਰ ਕੌਰ ਨੇ ਭਾਗ ਲੈ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਨੇ ਦੱਸਿਆ ਕਿ ਇਹ ਪ੍ਰਾਪਤੀ ਸਟਾਫ ਦੀ ਕਰਵਾਈ ਗਈ ਮਿਹਨਤ ਸਦਕਾ ਹੈ। ਉਹਨਾਂ ਨੇ ਸਕੂਲ ਦੇ ਸਾਇੰਸ ਅਧਿਆਪਕਾਂ ਅਤੇ ਮਾਪਿਆਂ ਨੂੰ ਵਧਾਈ ਦਿੰਦਿਆ ਹੋਇਆਂ ਭਵਿੱਖ ਵਿੱਚ ਵੀ ਅਜਿਹੀਆਂ ਹੋਰ ਪ੍ਰਾਪਤੀਆਂ ਦਾ ਭਰੋਸਾ ਦਿਵਾਇਆ।




# ਅੰਤਰ-ਯੂਨੀਵਰਸਿਟੀ ਯੂਥ ਫੈਸਟ 'ਚ ਐਲ ਪੀ ਯੂ ਓਵਰਆਲ ਫਸਟ ਰਨਰ-ਅੱਪ ਵਜੋਂ ਉਭਰੀ

**ਜਲੰਧਰ (ਸ਼ੈਲੀ ਐਲਬਰਟ)**

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਨੇ ਆਪਣੀ ਬੇਮਿਸਾਲ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਅਤੇ ਅੰਮ੍ਰਿਤਸਰ ਦੇ ਜੀਐਨਡੀਯੂ ਕੈਂਪਸ ਵਿੱਚ ਆਯੋਜਿਤ ਅੰਤਰ-ਯੂਨੀਵਰਸਿਟੀ ਯੁਵਕ ਮੇਲੇ ਵਿੱਚ ਓਵਰਆਲ ਫਸਟ ਰਨਰ-ਅੱਪ ਵਜੋਂ ਉਭਰਿਆ। ਆਪਣੀ ਬਹੁਮੁਖੀ ਦਲ ਦੁਆਰਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਦੇ ਨਾਲ, ਐਲਪੀਯੂ ਨੇ ਕੁੱਲ 29 ਚੋਟੀ ਦੀਆਂ ਪੁਜ਼ੀਸ਼ਨਾਂ ਹਾਸਲ ਕੀਤੀਆਂ, ਜਿਸ ਵਿੱਚ 8 ਪਹਿਲੀਆਂ ਪੁਜ਼ੀਸ਼ਨਾਂ, 13 ਦੂਜੀਆਂ ਪੁਜ਼ੀਸ਼ਨਾਂ, ਅਤੇ 8 ਤੀਜੇ ਸਥਾਨ ਸ਼ਾਮਲ ਹਨ। ਇਹ ਪ੍ਰਾਪਤੀ ਨਾ ਸਿਰਫ਼ ਅਕਾਦਮਿਕ, ਸਗੋਂ ਸੱਭਿਆਚਾਰਕ ਗਤੀਵਿਧੀਆਂ ਵਿੱਚ ਵੀ ਰਾਜ ਵਿੱਚ ਮੋਹਰੀ ਯੂਨੀਵਰਸਿਟੀ ਵਜੋਂ ਐਲਪੀਯੂ ਦੀ ਸਥਿਤੀ ਨੂੰ ਮਜ਼ਬੂਤ ਕਰਦੀ ਹੈ। ਐਲਪੀਯੂ ਦੇ ਸੰਸਥਾਪਕ ਚਾਂਸਲਰ ਅਤੇ ਸੰਸਦ (ਰਾਜ ਸਭਾ) ਦੇ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਯੂਨੀਵਰਸਿਟੀ ਦੇ ਮਿਹਨਤੀ ਅਤੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਹਾਰਦਿਕ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਆਪਣੀ ਜਿੱਤ ਦੀ ਭਾਵਨਾ ਨੂੰ ਬਰਕਰਾਰ ਰੱਖਣ ਅਤੇ ਸੱਚੇ ਆਲਰਾਊਂਡਰ ਵਜੋਂ ਆਪਣੇ ਸਾਰੇ ਯਤਨਾਂ ਵਿੱਚ ਉੱਤਮਤਾ ਲਈ ਯਤਨ ਕਰਨ ਲਈ ਉਤਸ਼ਾਹਿਤ ਕੀਤਾ। ਐਲਪੀਯੂ ਦਲ 'ਚ ਵੱਖ-ਵੱਖ ਪੇਸ਼ੇਵਰ ਪ੍ਰੋਗਰਾਮਾਂ ਅਤੇ ਵਿਭਿੰਨ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪਿਛੋਕੜ ਵਾਲੇ ਵਿਦਿਆਰਥੀ ਸ਼ਾਮਲ ਸਨ ਅਤੇ ਇਨਾਂ ਨੇ ਆਪਣੇ ਪ੍ਰਦਰਸ਼ਨਾਂ ਰਾਹੀਂ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਪ੍ਰਦਰਸ਼ਿਤ ਕੀਤਾ, ਦਰਸ਼ਕਾਂ ਨੂੰ ਆਕਰਸ਼ਿਤ ਕੀਤਾ ਅਤੇ ਫੈਸਟ ਵਿੱਚ ਇੱਕ ਪ੍ਰਸਿੱਧ ਸਥਾਨ ਪ੍ਰਾਪਤ ਕੀਤਾ। ਚਾਰ ਦਿਨਾਂ ਦੇ ਇਸ ਸਮਾਗਮ ਵਿੱਚ ਖੇਤਰ ਭਰ ਦੀਆਂ 17 ਯੂਨੀਵਰਸਿਟੀਆਂ ਨੇ ਭਾਗ ਲਿਆ ਗਿਆ, ਅਤੇ ਹਜ਼ਾਰਾਂ ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਵਿੱਚ ਮੁਕਾਬਲਾ ਕੀਤਾ। ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਦੂਸਰਾ ਰਨਰਅੱਪ ਸਥਾਨ ਹਾਸਲ ਕੀਤਾ, ਜਦਕਿ ਪੀਯੂ ਚੰਡੀਗੜ੍ਹ ਓਵਰਆਲ ਜੇਤੂ ਰਿਹਾ। ਖਾਸ ਤੌਰ ਤੇ, ਐਲਪੀਯੂ ਦੇ ਨਿਰੰਤਰ ਪ੍ਰਦਰਸ਼ਨ ਨੇ ਉਨ੍ਹਾਂ ਨੂੰ ਲਗਾਤਾਰ ਦੂਜੇ ਸਾਲ ਹਿੱਸਾ ਲੈਣ ਵਾਲੀਆਂ ਹੋਰ ਸਰਕਾਰੀ ਅਤੇ ਪ੍ਰਾਈਵੇਟ ਯੂਨੀਵਰਸਿਟੀਆਂ ਤੋਂ ਅੱਗੇ ਰੱਖਿਆ ਹੈ। ਐਲਪੀਯੂ ਨੇ ਭੰਡ, ਸਕਿੱਟ, ਕਲਾਸੀਕਲ ਵੋਕਲ ਸੋਲੋ, ਫੋਕ ਗਰੁੱਪ ਸਾਂਗ, ਇੰਸਟਾਲੇਸ਼ਨ, ਕਲਾਸੀਕਲ ਇੰਸਟਰੂਮੈਂਟਲ ਪਰਕਸ਼ਨ, ਗ਼ਜ਼ਲ, ਅਤੇ ਡਿਬੇਟ ਸਮੇਤ ਅੱਠ ਸ਼੍ਰੇਣੀਆਂ ਵਿੱਚ ਪਹਿਲੀਆਂ ਪੁਜ਼ੀਸ਼ਨਾਂ ਹਾਸਲ ਕਰਦੇ ਹੋਏ ਕਈ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਤੋਂ ਇਲਾਵਾ, ਐਲਪੀਯੂ ਨੇ ਟੋਕਰੀ, ਇਨੂ, ਕਰੋਸ਼ੀਆ, ਪਰਾਂਦਾ, ਛਿੱਕੂ, ਗੁੱਡੀਆਂ ਪਟੋਲਾ, ਮਾਈਮ, ਸਮੂਹ ਸ਼ਬਦ, ਮਿਮਿਕਰੀ, ਕਲੇ ਮਾਡਲਿੰਗ, ਕੋਲਾਜ ਮੇਕਿੰਗ, ਆਨ ਦਾ ਸਪਾਟ ਪੇਂਟਿੰਗ, ਅਤੇ ਕਲਾਸੀਕਲ ਇੰਸਟਰੂਮੈਂਟਲ ਨਾਨ ਪਰਕਸ਼ਨ ਵਰਗੀਆਂ ਵਿਭਿੰਨ ਈਵੈਂਟਾਂ ਵਿੱਚ ਤੇਰ੍ਹਾਂ ਦੂਜੇ ਸਥਾਨ ਹਾਸਲ ਕੀਤੇ। ਯੂਨੀਵਰਸਿਟੀ ਨੇ ਰੱਸੀ ਮੇਕਿੰਗ, ਮਿੱਟੀ ਦੇ ਖਿਡੌਨੇ, ਰੇਵਯਾਤੀ ਪਹਿਰਾਵਾ, ਹੈਰੀਟੇਜ ਕੁਇਜ਼, ਪੋਸਟਰ ਮੇਕਿੰਗ, ਕਲਾਸੀਕਲ ਡਾਂਸ, ਫੋਕ ਆਰਕੈਸਟਰਾ ਅਤੇ ਲੰਬੀ ਹੇਕ ਵਾਲੇ ਗੀਤ ਵਿੱਚ ਵੀ ਅੱਠ ਤੀਜੇ ਸਥਾਨ ਹਾਸਲ ਕੀਤੇ।। ਅੰਤਰ-ਯੂਨੀਵਰਸਿਟੀ ਯੂਥ ਫੈਸਟ ਵਿੱਚ ਐਲਪੀਯੂ ਦਾ ਸ਼ਾਨਦਾਰ ਪ੍ਰਦਰਸ਼ਨ ਪ੍ਰਤਿਭਾ ਨੂੰ ਪਾਲਣ ਅਤੇ ਸੱਭਿਆਚਾਰਕ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਐਲਪੀਯੂ ਦੀ ਵਚਨਬੱਧਤਾ ਨੂੰ ਉਜਾਗਰ ਕਰਦਾ ਹੈ।। ਯੂਨੀਵਰਸਿਟੀ ਆਪਣੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਤੇ ਮਾਣ ਮਹਿਸੂਸ ਕਰਦੀ ਹੈ ਅਤੇ ਅਜਿਹੇ ਮਾਹੌਲ ਨੂੰ ਉਤਸ਼ਾਹਿਤ ਕਰਨਾ ਜਾਰੀ ਰੱਖਦੀ ਹੈ ਜੋ ਉੱਤਮਤਾ ਅਤੇ ਸੰਪੂਰਨ ਵਿਕਾਸ ਨੂੰ ਉਤਸ਼ਾਹਿਤ ਕਰਦਾ ਹੈ।

